15-OCT-PAGE-1.qxd 10/14/2024 10:44 PM Page 1

ਮੰਗਲਵਾਰ, 15 ਅਕਤੂਬਰ, 2024
30 ਅੱਸੂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 135

# ਨਵਾਂ ਜ਼ਮਾਨਾ

DAILY NAWAN ZAMANA • TUESDAY, 15 OCTOBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਕੇਂਦਰ ਨੇ ਮਿੱਲ ਮਾਲਕਾਂ ਤੇ ਆੜ੍ਹਤੀਆਂ ਦੀਆਂ ਮੁੱਖ ਮੰਗਾਂ ਮੰਨੀਆਂ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਪੰਜਾਬ ਦੇ ਆੜ੍ਹਤੀਆਂ ਤੇ ਚੌਲ ਮਿੱਲ ਮਾਲਕਾਂ ਨੂੰ ਵੱਡੀ ਰਾਹਤ ਦਿੰਦਿਆਂ ਕੇਂਦਰ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੇਂਦਰੀ ਖਪਤਕਾਰ ਮਾਮਲੇ, ਖ਼ੁਰਾਕ ਤੇ ਜਨਤਕ ਵੰਡ ਮੰਤਰੀ ਪ੍ਰਹਲਾਦ ਜੋਸ਼ੀ ਨਾਲ ਦਿੱਲੀ 'ਚ ਸੋਮਵਾਰ ਮੀਟਿੰਗ ਦੌਰਾਨ ਚੁੱਕੀਆਂ ਮੁੱਖ ਮੰਗਾਂ ਨੂੰ ਮੰਨ ਲਿਆ ।ਮੁੱਖ ਮੰਤਰੀ ਨੇ ਜੋਸ਼ੀ ਨੂੰ ਅਪੀਲ ਕੀਤੀ ਕਿ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਬਣਾਈ ਰੱਖਣ ਲਈ 31 ਮਾਰਚ 2025 ਤੱਕ ਸੂਬੇ ਤੋਂ ਘੱਟੋ-ਘੱਟ 20 ਫੀਸਦੀ ਅਨਾਜ ਦੀ ਚੁਕਾਈ ਯਕੀਨੀ ਬਣਾਈ ਜਾਵੇ। ਇਸ ਲਈ ਓ.ਐੱਮ.ਐੱਸ.ਐੱਸ./ਇਥਾਨੋਲ ਲਈ ਨਿਰਧਾਰਨ/ਬਰਾਮਦ/ਭਲਾਈ ਸਕੀਮਾਂ ਤੇ ਹੋਰ ਸ਼੍ਰੇਣੀਆਂ ਅਧੀਨ ਚੌਲ ਦੀ ਚੁਕਾਈ ਵਧਾਈ ਜਾਵੇ।

ਜੋਸ਼ੀ ਨੇ ਮਾਰਚ 2025 ਤੱਕ ਸੂਬੇ ਵਿੱਚੋਂ 120 ਲੱਖ ਮੀਟਰਕ ਟਨ ਝੋਨੇ ਦੀ ਚੁਕਾਈ ਕਰਵਾਉਣ ਦੀ ਸਹਿਮਤੀ ਦਿੱਤੀ।

ਮਾਨ ਨੇ ਕੇਂਦਰੀ ਮੰਤਰੀ ਨੂੰ ਅਪੀਲ ਕੀਤੀ ਕਿ ਮਿੱਲ ਮਾਲਕਾਂ ਦੀਆਂ ਮੰਗਾਂ ਉਤੇ ਹਮਦਰਦੀ ਨਾਲ ਵਿਚਾਰ ਕਰਨ ਅਤੇ ਉਨ੍ਹਾਂ ਨੂੰ ਉਤਸ਼ਾਹਤ ਕਰਨ ਦੀ ਲੋੜ ਹੈ। ਉਨ੍ਹਾ ਕਿਹਾ ਕਿ ਟਰਾਂਸਪੋਰਟੇਸ਼ਨ ਦੇ ਖ਼ਰਚੇ ਦੀ ਅਦਾਇਗੀ ਚੌਲ ਦੀ ਡਲੀਵਰੀ ਲਈ ਬਣਦੀ ਅਸਲ ਦੂਰੀ ਦੇ ਹਿਸਾਬ ਨਾਲ ਕੀਤੀ ਜਾਵੇ ਅਤੇ ਇਸ ਵਿੱਚ ਬੈਕਵਰਡ ਚਾਰਜਿਜ ਤੇ ਹੋਰ ਖ਼ਰਚਿਆਂ ਦੀ ਕਟੌਤੀ ਨਾ ਹੋਵੇ। ਇਸ ਮੁੱਦੇ ਦੇ ਜਵਾਬ ਵਿੱਚ ਕੇਂਦਰੀ ਮੰਤਰੀ ਨੇ ਭਗਵੰਤ ਸਿੰਘ ਮਾਨ ਨੂੰ ਭਰੋਸਾ ਦਿੱਤਾ ਕਿ ਇਸ ਸੰਬੰਧੀ ਮਿੱਲ ਮਾਲਕਾਂ ਨੂੰ ਆਉਂਦਾ ਟਰਾਂਸਪੋਰਟੇਸ਼ਨ ਖ਼ਰਚਾ ਕੇਂਦਰ ਸਰਕਾਰ ਚੁੱਕੇਗੀ।

ਮਾਨ ਨੇ ਕਿਹਾ ਕਿ ਸਾਉਣੀ ਸੀਜ਼ਨ 2023-24 ਤੋਂ ਪਹਿਲਾਂ ਵਾਂਗ ਡਰਾਈਏਜ਼ ਨੂੰ ਐੱਮ.ਐੱਸ.ਪੀ. ਦੇ ਇਕ ਫੀਸਦੀ ਤੱਕ ਬਹਾਲ ਕੀਤਾ ਜਾ ਸਕਦਾ ਹੈ ਅਤੇ ਜਿੱਥੇ ਐੱਫ.ਸੀ.ਆਈ ਨੂੰ ਦਿੱਤੇ ਗਏ ਸੀ.ਐੱਮ.ਆਰ/ਐੱਫ.ਆਰ. ਵਿੱਚ ਨਮੀ ਦੀ ਮਾਤਰਾ 14 ਫੀਸਦੀ ਤੋਂ ਘੱਟ ਸੀ, ਉਥੇ 31 ਮਾਰਚ ਤੋਂ ਬਾਅਦ ਡਲੀਵਰੀ ਲਈ ਮਿੱਲਰਾਂ ਨੂੰ ਹੋਰ ਢੁਕਵਾਂ ਮੁਆਵਜ਼ਾ ਦਿੱਤਾ ਜਾ ਸਕਦਾ ਹੈ।

ਡਰਾਈਏਜ਼ ਦੇ ਮੁੱਦੇ ਉਤੇ ਕੇਂਦਰ ਸਰਕਾਰ ਨੇ ਕਿਹਾ ਕਿ ਇਸ ਸੰਬੰਧੀ ਕੇਂਦਰ ਸਰਕਾਰ ਨੇ ਆਈ.ਆਈ.ਟੀ. ਖੜਗਪੁਰ ਰਾਹੀਂ ਪਹਿਲਾਂ ਹੀ ਇਕ ਸਰਵੇਖਣ ਕਰਵਾਇਆ ਸੀ। ਉਨ੍ਹਾ ਕਿਹਾ ਕਿ ਇਸ ਸਰਵੇਖਣ ਵਿੱਚ ਪੰਜਾਬ ਦੇ ਨਜ਼ਰੀਏ ਨੂੰ ਵੀ ਸ਼ਾਮਲ ਕੀਤਾ ਜਾਵੇਗਾ।ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਦੇ ਆਊਟ-ਟਰਨ ਅਨੁਪਾਤ ਦਾ ● ਬਾਕੀ ਸਫ਼ਾ 2 'ਤੇ

## ਪੰਚਾਇਤੀ ਚੋਣਾਂ ਦਾ ਰਾਹ ਪੱਧਰਾ, ਸਾਰੀਆਂ ਪਟੀਸ਼ਨਾਂ ਰੱਦ

**ਚੰਡੀਗੜ੍ਹ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਚਾਇਤੀ ਚੋਣਾਂ ਨਾਲ ਸੰਬੰਧਤ ਸਾਰੀਆਂ ਹੀ ਚੋਣ ਪਟੀਸ਼ਨਾਂ ਨੂੰ ਸੋਮਵਾਰ ਰੱਦ ਕਰ ਦਿੱਤਾ। ਇਸ ਤਰ੍ਹਾਂ 15 ਅਕਤੂਬਰ ਨੂੰ ਹੋਣ ਵਾਲੀਆਂ ਪੰਚਾਇਤੀ ਚੋਣਾਂ ਲਈ ਰਾਹ ਪੂਰੀ ਤਰ੍ਹਾਂ ਪੱਧਰਾ ਹੋ ਗਿਆ। ਦੂਜੇ ਪਾਸੇ ਸ਼੍ਰੋਮਣੀ ਅਕਾਲੀ ਦਲ ਨੇ ਇਸ ਮਾਮਲੇ ਨੂੰ ਲੈ ਕੇ ਸੁਪਰੀਮ ਕੋਰਟ ਦਾ ਰੁਖ ਕਰਨ ਦਾ ਫੈਸਲਾ ਕੀਤਾ ਹੈ। ਅਦਾਲਤ ਨੇ ਦਿਨ ਭਰ ਦੀ ਸੁਣਵਾਈ ਤੋਂ ਬਾਅਦ ਸ਼ਾਮ ਚਾਰ ਵਜੇ ਸਾਰੀਆਂ ਪਟੀਸ਼ਨਾਂ ਨੂੰ ਰੱਦ ਕਰਨ ਦਾ ਫੈਸਲਾ ਸੁਣਾਇਆ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਚਾਇਤ ਚੋਣਾਂ ਦਾ ਰਾਹ ਸਾਫ ਕਰਨ ਲਈ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਧੰਨਵਾਦ ਕੀਤਾ ਹੈ। ਉਨ੍ਹਾ 'ਐੱਕਸ' ਉਤੇ ਪਾਈ ਪੋਸਟ ਵਿਚ ਪੰਜਾਬੀਆਂ ਨੂੰ ਅਮਨ-ਅਮਾਨ ਨਾਲ ਆਪਸੀ ਭਾਈਚਾਰਾ ਕਾਇਮ ਰੱਖਦੇ ਹੋਏ ਵੋਟਾਂ ਪਾਉਣ ਦੀ ਅਪੀਲ ਕੀਤੀ ਹੈ।

ਉਨ੍ਹਾ ਕਿਹਾ—ਮੇਰੀ ਸਾਰੇ ਪੰਜਾਬੀਆਂ ਨੂੰ ਬੇਨਤੀ ਹੈ ਕਿ 15 ਅਕਤੂਬਰ ਨੂੰ ਵੋਟਾਂ ਪਾਓ ਤੇ ਆਪਣੇ-ਆਪਣੇ ਪਿੰਡਾਂ ਦੇ ਚੰਗੇ ਨੁਮਾਇੰਦੇ ਚੁਣੋ, ਜੋ ਪਿੰਡਾਂ ਦੇ ਵਿਕਾਸ 'ਚ ਯੋਗਦਾਨ ਪਾਉਣ। ਜਿੰਨੇ ਵੀ ਉਮੀਦਵਾਰ ਪੰਚੀ ਜਾਂ ਸਰਪੰਚੀ ਦੀਆਂ ਚੋਣਾਂ ਲੜ ਰਹੇ ਨੇ, ਸਭ ਨੂੰ ਮੇਰੀਆਂ ਬਹੁਤ-ਬਹੁਤ ਸ਼ੁਭਕਾਮਨਾਵਾਂ।

## ਅੱਜ ਨਹੀਂ ਮਿਲਣੀ !

**ਚੰਡੀਗੜ੍ਹ** : ਪੰਚਾਇਤੀ ਚੋਣਾਂ ਕਾਰਨ ਮੰਗਲਵਾਰ ਪੰਜਾਬ ਵਿਚ ਸ਼ਰਾਬ ਦੇ ਠੇਕੇ ਬੰਦ ਰਹਿਣਗੇ। ਬੁੱਧਵਾਰ ਸਵੇਰੇ 10 ਵਜੇ ਖੁੱਲ੍ਹਣਗੇ।

## ਕੈਨੇਡਾ ਦੀ ਨਵੀਂ ਹਰਕਤ ਨਾਲ ਸੰਬੰਧ ਹੋਰ ਵਿਗੜੇ

**ਨਵੀਂ ਦਿੱਲੀ** : ਭਾਰਤੀ ਹਾਈ ਕਮਿਸ਼ਨਰ ਤੇ ਹੋਰ ਡਿਪਲੋਮੈਟਾਂ ਨੂੰ ਖਾਲਿਸਤਾਨੀ ਦਹਿਸ਼ਤਗਰਦ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਜਾਂਚ ਵਿਚ ਘੜੀਸਣ 'ਤੇ ਭਾਰਤ ਨੇ ਸੋਮਵਾਰ ਕੈਨੇਡਾ ਕੋਲ ਸਖਤ ਪ੍ਰੋਟੈੱਸਟ ਕੀਤਾ। ਵਿਦੇਸ਼ ਮੰਤਰਾਲੇ ਨੇ ਕੈਨੇਡਾ ਦੇ ਚਾਰਜ'ਡੀ ਅਫੇਅਰਜ਼ ਨੂੰ ਸੱਦ ਕੇ ਸਖਤ ਇਤਰਾਜ਼ ਦਰਜ ਕਰਾਇਆ। ਜਸਟਿਨ ਟਰੂਡੋ ਦੀ ਸਰਕਾਰ ਵੱਲੋਂ ਨਿੱਝਰ ਕਤਲ ਕੇਸ ਦੀ ਜਾਂਚ ਵਿਚ ਭਾਰਤੀ ਹਾਈ ਕਮਿਸ਼ਨਰ ਨੂੰ ਜੋੜਨ 'ਤੇ ਦੋਹਾਂ ਦੇਸ਼ਾਂ ਵਿਚਾਲੇ ਸੰਬੰਧ ਹੋਰ ਤਣਾਅਪੂਰਨ ਹੋ ਗਏ ਹਨ। ਭਾਰਤ ਨੇ ਕਿਹਾ ਹੈ ਕਿ ਟਰੂਡੋ ਸਰਕਾਰ ਵੋਟ ਬੈਂਕ ਖਾਤਰ ਬਹੁਤ ਇਤਰਾਜ਼ਯੋਗ ਦੋਸ਼ ਲਾ ਰਹੀ ਹੈ।

ਵਿਦੇਸ਼ ਮੰਤਰਾਲੇ ਨੂੰ ਐਤਵਾਰ ਕੈਨੇਡਾ ਤੋਂ ਇਕ ਡਿਪਲੋਮੈਟਿਕ ਸੂਚਨਾ ਮਿਲੀ ਸੀ ਕਿ ਭਾਰਤੀ ਹਾਈ ਕਮਿਸ਼ਨਰ ਸੰਜੇ ਕੁਮਾਰ ਵਰਮਾ ਤੇ ਹੋਰ ਡਿਪਲੋਮੈਟ ਨਿੱਝਰ ਕਤਲ ਕਾਂਡ ਦੀ ਜਾਂਚ ਨਾਲ ਸੰਬੰਧਤ ਮਾਮਲੇ 'ਚ 'ਨਿਗਰਾਨੀ ਵਾਲੇ ਵਿਅਕਤੀ' ਹਨ।

## ਬਹਿਰਾਈਚ 'ਚ ਫਿਰਕੂ ਹਿੰਸਾ, ਸ਼ੋਅ ਰੂਮਾਂ ਨੂੰ ਅੱਗਾਂ

**ਬਹਿਰਾਈਚ** : ਯੂ ਪੀ ਦੇ ਬਹਿਰਾਈਚ ਜ਼ਿਲ੍ਹੇ ਵਿਚ ਦੁਰਗਾ ਦੀ ਮੂਰਤੀ ਦੇ ਐਤਵਾਰ ਵਿਸਰਜਨ ਦੌਰਾਨ ਹੋਈ ਪੱਥਰਬਾਜ਼ੀ ਤੇ ਗੋਲੀਬਾਰੀ 'ਚ ਨੌਜਵਾਨ ਰਾਮ ਗੋਪਾਲ ਮਿਸ਼ਰਾ ਦੀ ਗੋਲੀ ਨਾਲ ਮੌਤ ਦੇ ਬਾਅਦ ਸੋਮਵਾਰ ਵੀ ਹਿੰਸਾ ਜਾਰੀ ਰਹੀ। ਭੀੜ ਨੇ ਬਹਿਰਾਈਚ 'ਚ ਇਕ ਹਸਪਤਾਲ ਨੂੰ ਅੱਗ ਲਾ ਦਿੱਤੀ। ਟੀ ਵੀ ਐੱਸ ਤੇ ਹੀਰੋ ਏਜੰਸੀ ਦੇ ਸ਼ੋਅਰੂਮਾਂ ਸਣੇ ਕਈ ਹੋਰ ਸ਼ੋਅਰੂਮਾਂ ਨੂੰ ਵੀ ਅੱਗ ਦੇ ਹਵਾਲੇ ਕਰ ਦਿੱਤਾ। ਵਾਹਨ ਵੀ ਸਾੜ ਦਿੱਤੇ ਗਏ। ਹਰਦੀ, ਸਾਧੂਵਾ ਪੁਰ, ਭਗਵਾਨਪੁਰ ਤੇ ਰਾਜੀ ਚੌਰਾਹੇ 'ਤੇ ਅਗਜ਼ਨੀ ਕੀਤੀ ਤੇ ਇਕ ਧਰਮ ਸਥਾਨ ਨੂੰ ਵੀ ਤਬਾਹ ਕਰ ਦਿੱਤਾ। ਹਿੰਸਾ ਨੂੰ ਕਾਬੂ ਕਰਨ ਲਈ ਛੇ ਜ਼ਿਲ੍ਹਿਆਂ ਤੋਂ ਫੋਰਸ ਮੰਗਾਉਣੀ ਪਈ। ਇੰਟਰਨੈੱਟ ਸੇਵਾ ਬੰਦ ਕਰਨੀ ਪਈ। ਲੋਕ ਲਾਠੀਆਂ ਤੇ ਤਲਵਾਰਾਂ ਲੈ ਕੇ ਸੜਕਾਂ 'ਤੇ ਘੁੰਮ ਰਹੇ ਸਨ। ਪੁਲਸ ਨੇ ਮੁੱਖ ਮੁਲਜ਼ਮ ਸਲਮਾਨ ਸਣੇ 25 ਲੋਕਾਂ ਨੂੰ ਗ੍ਰਿਫਤਾਰ ਕਰਨ ਦੀ ਗੱਲ ਕਹੀ ਹੈ। ਬਹਿਰਾਈਚ ਦੀ ਮਹਸੀ ਤਹਿਸੀਲ 'ਚ ਪੈਂਦੇ ਮਹਾਰਾਜਗੰਜ ਕਸਬੇ ਵਿਚ ਗਾਣੇ ਨੂੰ ਲੈ ਕੇ ਵਿਵਾਦ ਤੋਂ ਬਾਅਦ ਦੂਜੇ ਫਿਰਕੇ ਦੇ ਨੌਜਵਾਨਾਂ ਨੇ ਪਥਰਾਅ ਕਰ ਦਿੱਤਾ। ਇਸ ● ਬਾਕੀ ਸਫ਼ਾ 2 'ਤੇ






## ਟਰੰਪ ਦੀ ਰੈਲੀ ਕੋਲ ਹਥਿਆਰਾਂ ਸਣੇ ਗ੍ਰਿਫਤਾਰ



**ਲਾਸ ਏਂਜਲਸ** : ਅਮਰੀਕਾ ਦੇ ਦੱਖਣੀ ਕੈਲੀਫੋਰਨੀਆ ਵਿਚ ਸ਼ਨੀਵਾਰ ਰਾਤ ਡੋਨਾਲਡ ਟਰੰਪ ਦੀ ਰੈਲੀ ਸਥਾਨ ਨੇੜੇ ਇਕ ਜਾਂਚ ਚੌਕੀ 'ਤੇ ਨੇਵੇਦਾ ਵਾਸੀ ਇਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ, ਜਿਸ ਦੇ ਵਾਹਨ ਵਿੱਚੋਂ ਹਥਿਆਰ ਅਤੇ ਗੋਲਾ-ਬਾਰੂਦ, ਕਈ ਫਰਜ਼ੀ ਪਾਸਪੋਰਟ ਬਰਾਮਦ ਕੀਤੇ ਗਏ ਹਨ। ਅਧਿਕਾਰੀਆਂ ਨੇ ਦੱਸਿਆ ਕਿ ਵਿਅਕਤੀ ਨੂੰ ਉਸੇ ਦਿਨ 5000 ਅਮਰੀਕੀ ਡਾਲਰ ਦੀ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ। ਰਿਵਰਸਾਈਡ ਕਾਊਂਟੀ ਦੇ ਅਧਿਕਾਰੀ ਚਾਡ ਬਿਯਾਂਕੋ ਨੇ ਪੱਤਰਕਾਰਾਂ ਨੂੰ ਦੱਸਿਆ ਕਿ 49 ਸਾਲਾ ਲਾਸ ਵੇਗਾਸ ਵਾਸੀ ਇਕ ਗੈਰ-ਰਜਿਸਟਰਡ ਐੱਸ ਯੂ ਵੀ ਚਲਾ ਰਿਹਾ ਸੀ, ਜਿਸ ਤੇ ਅਵੈਧ ਲਾਇਸੈਂਸ ਪਲੇਟ ਲੱਗੀ ਸੀ ਅਤੇ ਵਿਅਕਤੀ ਪੱਤਰਕਾਰ ਹੋਣ ਦਾ ਦਾਅਵਾ ਕਰ ਰਿਹਾ ਹੀ, ਪਰ ਉਸ ਕੋਲ ਅਧਿਕਾਰਤ ਪ੍ਰਮਾਣ ਪੱਤਰ ਨਹੀਂ ਸੀ। ਉਸ ਨੂੰ 2 ਜਨਵਰੀ, 2025 ਨੂੰ ਅਦਾਲਤ ਵਿਚ ਪੇਸ਼ ਹੋਣਾ ਪਵੇਗਾ।

## ਸਬਜ਼ੀਆਂ ਕਾਰਨ ਮਹਿੰਗਾਈ ਵਧੀ

**ਨਵੀਂ ਦਿੱਲੀ** : ਖੁਰਾਕੀ ਵਸਤਾਂ, ਖਾਸਕਰ ਸਬਜ਼ੀਆਂ ਦੀਆਂ ਕੀਮਤਾਂ ਵਧਣ ਕਰ ਕੇ ਸਤੰਬਰ ਮਹੀਨੇ ਦੌਰਾਨ ਖੁਰਾਕੀ ਵਸਤਾਂ ਦੀ ਮਹਿੰਗਾਈ ਦਰ ਵਿਚ ਜ਼ੋਰਦਾਰ ਵਾਧਾ ਹੋਇਆ, ਜਿਹੜੀ ਅਗਸਤ ਦੇ ਮੁਕਾਬਲੇ 8.42 ਫੀਸਦੀ ਵਧ ਕੇ 11.53 ਫੀਸਦੀ ਹੋ ਗਈ, ਜਦੋਂਕਿ ਥੋਕ ਮੁੱਲ ਮਹਿੰਗਾਈ ਦਰ ਸਤੰਬਰ ਮਹੀਨੇ ਦੌਰਾਨ ਵਧ ਕੇ 1.84 ਫੀਸਦੀ ਹੋ ਗਈ। ਇਹ ਜਾਣਕਾਰੀ ਸੋਮਵਾਰ ਜਾਰੀ ਸਰਕਾਰੀ ਵੇਰਵਿਆਂ ਵਿਚ ਦਿੱਤੀ ਗਈ ਹੈ। ਅਗਸਤ ਦੌਰਾਨ ਥੋਕ ਮੁੱਲ ਸੂਚਕ ਅੰਕ ਆਧਾਰਤ ਮਹਿੰਗਾਈ ਦਰ 1.31 ਫੀਸਦੀ ਸੀ, ਜਿਹੜੀ ਸਤੰਬਰ ਦੌਰਾਨ 0.53 ਫੀਸਦੀ ਵਧ ਕੇ 1.84 ਫੀਸਦੀ ਹੋ ਗਈ। ਜੁਲਾਈ ਦੌਰਾਨ ਇਹ ਦਰ 2.04 ਫੀਸਦੀ ਸੀ, ਜਦੋਂਕਿ ਬੀਤੇ ਸਾਲ ਸਤੰਬਰ ਵਿਚ ਇਹ 0.07 ਫੀਸਦੀ ਘਟੀ ਸੀ। ਖੁਰਾਕੀ ਵਸਤਾਂ ਦੀ ਮਹਿੰਗਾਈ ਦਰ ਵਿਚ ਭਾਰੀ ਵਾਧਾ ਸਬਜ਼ੀਆਂ ਦੀਆਂ ਕੀਮਤਾਂ ਵਿਚ ਜ਼ੋਰਦਾਰ ਉਛਾਲ ਕਾਰਨ ਹੋਇਆ, ਕਿਉਂਕਿ ਸਬਜ਼ੀਆਂ ਦੀ ਮਹਿੰਗਾਈ ਦਰ ਸਤੰਬਰ ਦੌਰਾਨ 48.73 ਫੀਸਦੀ ਵਧੀ ਸੀ। ਅਗਸਤ ਮਹੀਨੇ ਦੌਰਾਨ ਇਹ 10.01 ਫੀਸਦੀ ਘਟ ਗਈ ਸੀ।

# ਮੁੱਖ ਮੰਤਰੀ ਦੀ ਕੋਠੀ ਅੱਗੇ ਪੱਕਾ ਮੋਰਚਾ ਲਾਉਣ ਦਾ ਐਲਾਨ



**ਚੰਡੀਗੜ੍ਹ** : ਪੰਜਾਬ ਦੀਆਂ ਮੰਡੀਆਂ 'ਚ ਝੋਨੇ ਦੀ ਖਰੀਦ ਨਾ ਹੋਣ ਖਿਲਾਫ ਸੋਮਵਾਰ ਸੰਯੁਕਤ ਕਿਸਾਨ ਮੋਰਚਾ ਪੰਜਾਬ, ਆੜ੍ਹਤੀ ਐਸੋਸੀਏਸਨ ਤੇ ਸ਼ੈਲਰ ਮਾਲਕਾਂ ਨੇ ਚੰਡੀਗੜ੍ਹ ਦੇ ਕਿਸਾਨ ਭਵਨ 'ਚ ਮੀਟਿੰਗ ਕੀਤੀ। ਇਸ ਦੌਰਾਨ ਕਿਸਾਨਾਂ, ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਦੇ ਵੱਖ-ਵੱਖ ਮੁੱਦਿਆਂ ਨੂੰ ਵਿਚਾਰਿਆ ਗਿਆ। ਇਸ ਦੇ ਨਾਲ ਹੀ ਕਿਸਾਨਾਂ, ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਨੇ 18 ਅਕਤੂਬਰ ਤੋਂ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਮੂਹਰੇ ਪੱਕਾ ਧਰਨਾ ਦੇਣ ਦਾ ਐਲਾਨ ਕੀਤਾ ਹੈ।

ਇਸ ਤੋਂ ਇਲਾਵਾ ਪੰਜਾਬ ਦੀਆਂ ਮੰਡੀਆਂ 'ਚ ਆਮ ਆਦਮੀ ਪਾਰਟੀ ਦੇ ਮੰਤਰੀਆਂ ਤੇ ਵਿਧਾਇਕਾਂ ਅਤੇ ਭਾਜਪਾ ਆਗੂ ਤੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਘਿਰਾਓ ਕੀਤਾ ਜਾਵੇਗਾ ਤੇ ਕਾਲੇ ਝੰਡੇ ਦਿਖਾਏ ਜਾਣਗੇ। ਮੰਡੀਆਂ 'ਚ ਆੜ੍ਹਤੀਆਂ ਵੱਲੋਂ ਕਾਲੇ ਝੰਡੇ ਲਗਾਏ ਜਾਣਗੇ। ਕਿਸਾਨਾਂ, ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਨੇ ਕਿਹਾ ਕਿ ਜਦੋਂ ਤੱਕ ਪੰਜਾਬ ਦੀਆਂ ਮੰਡੀਆਂ 'ਚ ਝੋਨੇ ਦੀ ਸਹੀ ਢੰਗ ਨਾਲ ਖਰੀਦ ਸ਼ੁਰੂ ਨਹੀਂ ਕੀਤੀ ਜਾਂਦੀ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।

## ਰੇਲ ਗੱਡੀ ਤੇ ਤਿੰਨ ਜਹਾਜ਼ ਉਡਾਉਣ ਦੀ ਧਮਕੀ

**ਮੁੰਬਈ** : ਮੱਧ ਰੇਲਵੇ ਦੇ ਕੰਟਰੋਲ ਰੂਮ ਨੂੰ ਸੋਮਵਾਰ ਸਵੇਰੇ 4 ਵਜੇ ਦੇ ਕਰੀਬ ਮੇਲ ਗੱਡੀ ਨੂੰ ਟਾਈਮਰ ਬੰਬ ਨਾਲ ਉਡਾਉਣ ਦੀ ਧਮਕੀ ਵਾਲਾ ਸੁਨੇਹਾ ਮਿਲਿਆ, ਜਿਸ ਤੋਂ ਬਾਅਦ ਮੁੰਬਈ-ਹਾਵੜਾ ਮੇਲ (12809) ਨੂੰ ਜਲਗਾਓਂ ਸਟੇਸ਼ਨ 'ਤੇ ਰੋਕ ਕੇ ਜਾਂਚ ਕੀਤੀ ਗਈ। ਕੋਈ ਸ਼ੱਕੀ ਵਸਤੂ ਨਾ ਮਿਲਣ 'ਤੇ ਗੱਡੀ ਨੂੰ ਰਵਾਨਾ ਕਰ ਦਿੱਤਾ ਗਿਆ। ਮੁੰਬਈ ਤੋਂ 239 ਯਾਤਰੀਆਂ ਨੂੰ ਲੈ ਕੇ ਨਿਊ ਯਾਰਕ ਜਾ ਰਹੇ ਏਅਰ ਇੰਡੀਆ ਦੇ ਜਹਾਜ਼ ਵਿਚ ਬੰਬ ਹੋਣ ਦੀ ਧਮਕੀ ਮਿਲਣ ਤੋਂ ਬਾਅਦ ਉਸ ਨੂੰ ਮੋੜ ਕੇ ਦਿੱਲੀ ਹਵਾਈ ਅੱਡੇ 'ਤੇ ਉਤਾਰਿਆ ਗਿਆ।

ਬੰਬ ਦੀ ਧਮਕੀ ਟਵੀਟ ਰਾਹੀਂ ਮਿਲੀ। ਇੰਡੀਗੋ ਏਅਰਲਾਈਨਜ਼ ਦੀਆਂ ਦੋ ਕੌਮਾਂਤਰੀ ਉਡਾਣਾਂ ਨੂੰ ਵੀ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਮੁੰਬਈ ਤੋਂ ਮਸਕਟ ਜਾ ਰਹੀ ਇੰਡੀਗੋ ਦੀ ਫਲਾਈਟ 6 1275 ਅਤੇ ਮੁੰਬਈ ਤੋਂ ਜੱਦ੍ਹਾ ਜਾ ਰਹੀ ਇੰਡੀਗੋ ਦੀ ਫਲਾਈਟ 6 56 ਨੂੰ ਬੰਬ ਨਾਲ ਉਡਾਉਣ ਦੀ ਵੀ ਧਮਕੀ ਦਿੱਤੀ ਗਈ। ਦੋਹਾਂ ਉਡਾਣਾਂ 'ਚ 258 ਯਾਤਰੀ ਸਵਾਰ ਸਨ। ਜਾਂਚ ਤੋਂ ਬਾਅਦ ਜਹਾਜ਼ਾਂ ਨੂੰ ਮੰਜ਼ਲ ਵੱਲ ਰਵਾਨਾ ਕਰ ਦਿੱਤਾ ਗਿਆ। ਇੰਡੀਗੋ ਦੇ ਬੁਲਾਰੇ ਅਨੁਸਾਰ ਜਿਵੇਂ ਹੀ ਧਮਕੀ ਮਿਲੀ, ਦੋਹਾਂ ਜਹਾਜ਼ਾਂ ਨੂੰ ਤੁਰੰਤ ਹਵਾਈ ਅੱਡੇ ਤੋਂ ਪਾਸੇ ਲਿਜਾ ਕੇ ਜਾਂਚ ਕੀਤੀ ਗਈ। ਸਵੇਰੇ ਫਜ਼ਲੂਦੀਨ ਨਾਂਅ ਦੇ ਅਕਾਊਂਟ ਰਾਹੀਂ ਰੇਲ ਗੱਡੀਆਂ ਅਤੇ ਜਹਾਜ਼ਾਂ ਨੂੰ ਉਡਾਉਣ ਦੀ ਧਮਕੀ ਦਿੱਤੀ ਗਈ ਸੀ। ਪੋਸਟ 'ਚ ਲਿਖਿਆ ਸੀ—ਅੱਜ ਸਵੇਰੇ ਖ਼ੂਨ ਦੇ ਹੰਝੂ ਰੋਵੇਗੀ ਹਿੰਦੁਸਤਾਨੀ ਰੇਲਵੇ? ਅੱਜ ਫਲਾਈਟ ਅਤੇ ਟਰੇਨ 12809 'ਚ ਬੰਬ ਲਗਾਇਆ ਹੈ, ਨਾਸਿਕ ਪਹੁੰਚਣ ਤੋਂ ਪਹਿਲਾਂ ਵੱਡਾ ਧਮਾਕਾ ਹੋਵੇਗਾ।






## ਪ੍ਰੋ. ਸਾਈ ਬਾਬਾ ਦੇ ਵਿਛੋੜੇ 'ਤੇ ਦੇਸ਼ ਭਗਤਾਂ ਵੱਲੋਂ ਦੁੱਖ ਦਾ ਪ੍ਰਗਟਾਵਾ

### ਕਾਲ਼ੇ ਕਾਨੂੰਨ ਰੱਦ ਕਰਨ ਤੇ ਬੁੱਧੀਜੀਵੀ ਰਿਹਾਅ ਕਰਨ ਦੀ ਮੰਗ



**ਜਲੰਧਰ** : ਲੋਕ ਹੱਕਾਂ ਦੇ ਨਿਧੜਕ ਪਹਿਰੇਦਾਰ, ਲੇਖਕ, ਜਮਹੂਰੀ ਕਾਰਕੁਨ, ਦੱਬੇ-ਕੁਚਲੇ ਲੋਕਾਂ ਨੂੰ ਹਰ ਵੰਨਗੀ ਦੀ ਗ਼ੁਲਾਮੀ ਦੀਆਂ ਜ਼ੰਜੀਰਾਂ ਤੋਂ ਮੁਕਤ ਕਰਕੇ ਗ਼ਦਰੀ ਦੇਸ਼ ਭਗਤਾਂ ਦੇ ਉਦੇਸ਼ਾਂ ਨੂੰ ਪ੍ਰਨਾਏ ਖ਼ੂਬਸੂਰਤ ਨਿਜ਼ਾਮ ਦੀ ਸਿਰਜਣਾ ਲਈ ਜੂਝਣ ਵਾਲੇ ਬੁੱਧੀਮਾਨ ਪ੍ਰੋਫੈਸਰ ਜੀ ਐੱਨ ਸਾਈ ਬਾਬਾ ਦੇ ਦਰਦਨਾਕ ਸਦੀਵੀ ਵਿਛੋੜੇ 'ਤੇ ਸੋਮਵਾਰ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਉਹਨਾ ਦੇ ਪਰਵਾਰ, ਸਾਕ-ਸੰਬੰਧੀਆਂ ਅਤੇ ਸੰਗੀ ਸਾਥੀਆਂ ਨਾਲ ਦੁੱਖ 'ਚ ਸ਼ਰੀਕ ਹੁੰਦਿਆਂ ਉਹਨਾ ਦੀ ਮੌਤ ਨੂੰ ਸੰਸਥਾਗਤ ਹੱਤਿਆ ਦਾ ਨਾਂਅ ਦਿੱਤਾ ਗਿਆ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਸਾਂਝੇ ਬਿਆਨ 'ਚ ਕਿਹਾ ਕਿ ਲੰਮਾ ਅਰਸਾ ਮੌਤ ਦੀ ਗੋਦ ਵਿੱਚ ਜਕੜਨ ਵਰਗੀਆਂ ਸ਼ਰਮਨਾਕ ਹਾਲਤਾਂ ਵਿੱਚ ਜੇ ਲ੍ਹ ● ਬਾਕੀ ਸਫ਼ਾ 2 'ਤੇ

## ਕੋਵਿਡ ਵੈਕਸੀਨ ਵਿਰੁੱਧ ਦਾਇਰ ਪਟੀਸ਼ਨ ਰੱਦ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਪ੍ਰਿਆ ਮਿਸ਼ਰਾ ਅਤੇ ਹੋਰਨਾਂ ਵੱਲੋਂ ਦਾਖਲ ਉਸ ਪਟੀਸ਼ਨ ਨੂੰ ਖਾਰਜ ਕਰ ਦਿੱਤਾ, ਜਿਸ 'ਚ ਕੋਵਿਡ-19 ਵੈਕਸੀਨ ਦੇ ਕਾਰਨ ਖ਼ੂਨ ਦੇ ਜੰਮਣ ਵਰਗੇ ਮਾੜੇ ਪ੍ਰਭਾਵਾਂ ਦਾ ਦੋਸ਼ ਲਗਾਇਆ ਗਿਆ ਸੀ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਅਤੇ ਮਨੋਜ ਮਿਸ਼ਰਾ ਦੀ ਬੈਂਚ ਨੇ ਕਿਹਾ ਕਿ ਜਨਹਿੱਤ ਪਟੀਸ਼ਨ ਸਿਰਫ ਸਨਸਨੀ ਪੈਦਾ ਕਰਨ ਲਈ ਦਾਇਰ ਕੀਤੀ ਗਈ ਸੀ। ਬੈਂਚ ਨੇ ਕਿਹਾ—ਕਲਾਸ ਐਕਸ਼ਨ ਸੂਟ ਦਾਇਰ ਕਰੋ! ਇਸ ਦਾ ਕੀ ਫਾਇਦਾ ਹੈ? ਕਿਰਪਾ ਕਰਕੇ ਇਹ ਵੀ ਸਮਝੋ ਕਿ ਜੇ ਤੁਸੀਂ ਟੀਕਾ ਨਹੀਂ ਲਗਵਾਇਆ ਤਾਂ ਇਸ ਦਾ ਕੀ ਮਾੜਾ ਪ੍ਰਭਾਵ ਹੋਵੇਗਾ।

## ਅੱਜ-ਨਾਮਾ

ਡਰੱਗ ਫੜੀ ਗਈ ਫੇਰ ਗੁਜਰਾਤ ਦੇ ਵਿੱਚ,
ਚੋਖਾ ਕਰੋੜਾਂ ਦਾ ਕਹਿੰਦੇ ਆ ਮਾਲ ਮੀਆਂ।
ਚੋਖਾ ਦਿੱਲੀ ਤੋਂ ਗਿਆ ਜਦ ਮਾਲ ਫੜਿਆ,
ਓਦੋਂ ਸੀ ਫੜੀ ਗਈ ਪੈੜ ਜਾਂ ਚਾਲ ਮੀਆਂ।
ਦਿੱਲੀ-ਗੁਜਰਾਤ ਦੇ ਗਏ ਨੇ ਫੜੇ ਤਸਕਰ,
ਜੁੜ ਗਈ ਤਾਰ ਆ ਤਾਰਾਂ ਦੇ ਨਾਲ ਮੀਆਂ।
ਪੜਤਾਲ ਪੁੱਜੀ ਫਿਰ ਆਣ ਪੰਜਾਬ ਤੀਕਰ,
ਹੁੰਦੀ ਕਈਆਂ ਦੀ ਪਈ ਫਿਰ ਭਾਲ ਮੀਆਂ।
ਜਿਹੜੇ ਰਾਜਾਂ ਦੇ ਵਿੱਚੋਂ ਦੀ ਮਾਲ ਆਉਂਦਾ,
ਕਾਹਤੋਂ ਰੱਖੇ ਇਹ ਜਾਂਚ ਤੋਂ ਬਾਹਰ ਮੀਆਂ।
ਕਿੱਥੇ-ਕਿੱਥੇ ਸਪਲਾਈ ਲਈ ਤਾਰ ਜੁੜਦੀ,
ਹੋਣੀ ਚਾਹੀਦੀ ਸਾਜ਼ਿਸ਼ ਆ ਜ਼ਾਹਰ ਮੀਆਂ।

-ਤੀਸ ਮਾਰ ਖਾਂ

## ਹਿਜ਼ਬੁੱਲ੍ਹਾ ਦਾ ਇਜ਼ਰਾਈਲ 'ਤੇ ਡਰੋਨ ਹਮਲਾ, 4 ਫੌਜੀ ਮਾਰਨ ਦਾ ਦਾਅਵਾ

**ਦੀਰ ਅਲ-ਬਲਾਹ** : ਹਿਜ਼ਬੁੱਲ੍ਹਾ ਦੇ ਲੜਾਕਿਆਂ ਵੱਲੋਂ ਇਜ਼ਰਾਈਲ ਦੇ ਕੇਂਦਰੀ ਖੇਤਰ 'ਚ ਇਕ ਫੌਜੀ ਟਿਕਾਣੇ ਉਤੇ ਕੀਤੇ ਗਏ ਡਰੋਨ ਹਮਲੇ ਵਿਚ ਇਜ਼ਰਾਈਲ ਦੇ ਚਾਰ ਫੌਜੀ ਜਵਾਨਾਂ ਦੀ ਮੌਤ ਹੋ ਗਈ ਹੈ। ਇਜ਼ਰਾਈਲ ਨੇ ਮੰਨਿਆ ਹੈ ਕਿ ਹਮਲੇ ਵਿਚ 7 ਜਵਾਨਾਂ ਸਣੇ 61 ਵਿਅਕਤੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਏ ਹਨ।

ਇਜ਼ਰਾਈਲ ਨੇ ਇਸ ਨੂੰ ਆਪਣੀ ਫੌਜ ਵੱਲੋਂ ਲਿਬਨਾਨ ਵਿਚ ਕਰੀਬ ਦੋ ਹਫਤੇ ਪਹਿਲਾਂ ਸ਼ੁਰੂ ਕੀਤੀ ਗਈ ਜ਼ਮੀਨੀ ਜੰਗ ਤੋਂ ਬਾਅਦ ਹਿਜ਼ਬੁੱਲ੍ਹਾ ਦਾ ਇਜ਼ਰਾਈਲ ਉਤੇ ਹੁਣ ਤੱਕ ਦਾ ਸਭ ਤੋਂ ਭਿਆਨਕ ਹਮਲਾ ਕਰਾਰ ਦਿੱਤਾ ਹੈ। ਲਿਬਨਾਨ ਆਧਾਰਤ ਹਿਜ਼ਬੁੱਲ੍ਹਾ ਨੇ ਇਜ਼ਰਾਈਲ ਦੇ ਬਿਨਯਾਮਿਨਾ ਸ਼ਹਿਰ ਵਿਚ ਐਤਵਾਰ ਰਾਤ ਕੀਤੇ ਗਏ ਇਸ ਹਮਲੇ ਨੂੰ ਇਜ਼ਰਾਈਲ ਵੱਲੋਂ ਬੈਰੂਤ ਉਤੇ ਬੀਤੇ ਵੀਰਵਾਰ ਕੀਤੇ ਗਏ ਹਵਾਈ ਹਮਲੇ ਦਾ ਬਦਲਾ ਕਰਾਰ ਦਿੱਤਾ ਹੈ, ਜਿਸ ਵਿਚ 22 ਵਿਅਕਤੀ ਮਾਰੇ ਗਏ ਸਨ। ਹਿਜ਼ਬੁੱਲ੍ਹਾ ਨੇ ਨਾਲ ਹੀ ਕਿਹਾ ਕਿ ਉਸ ਨੇ ਆਪਣੇ ਵੱਡੀ ਗਿਣਤੀ 'ਚ ਡਰੋਨਾਂ ਰਾਹੀਂ ਇਜ਼ਰਾਈਲ ਉਤੇ ਹਮਲਾ ਕਰਨ ਲਈ ਉਸ ਦੇ ਹਵਾਈ ਸੁਰੱਖਿਆ ਸਿਸਟਮ ਨੂੰ ਝਕਾਨੀ ਦੇਣ ਵਾਸਤੇ ਇਜ਼ਰਾਈਲ ਦੀ ਅਤਿ-ਆਧੁਨਿਕ ਗੋਲਾਨੀ ਬ੍ਰਿਗੇਡ ਨੂੰ ਵੀ ਦਰਜਨਾਂ ਮਿਜ਼ਾਈਲਾਂ ਰਾਹੀਂ ਨਿਸ਼ਾਨਾ ਬਣਾਇਆ। ਇਜ਼ਰਾਈਲ ਦੀ ਕੌਮੀ ਬਚਾਅ ਸਰਵਿਸ ਨੇ ਕਿਹਾ ਕਿ ਹਮਲੇ ਵਿਚ 61 ਵਿਅਕਤੀ ਜ਼ਖ਼ਮੀ ਹੋਏ ਹਨ। ਇਜ਼ਰਾਈਲ ਦੀ ਆਧੁਨਿਕ ਹਵਾਈ ਸੁਰੱਖਿਆ ਪ੍ਰਣਾਲੀ ਦੇ ਚਲਦਿਆਂ ਹਮਲਾਵਰ ਡਰੋਨਾਂ ਤੇ ਮਿਜ਼ਾਈਲਾਂ ਰਾਹੀਂ ਫੌਜੀਆਂ ਜਾਂ ਆਮ ਲੋਕਾਂ ਦੇ ਮਾਰੇ ਜਾਣ ਜਾਂ ਜ਼ਖ਼ਮੀ ਹੋਣ ਦੀ ਇਹ ਘਟਨਾ ਬਹੁਤ ਹੈਰਾਨ ਕਰਨ ਵਾਲੀ ਹੈ। ਇਸੇ ਦੌਰਾਨ ਗਾਜ਼ਾ ਵਿਚ ● ਬਾਕੀ ਸਫ਼ਾ 2 'ਤੇ

## 'ਬਿੱਲ ਲਿਆਓ, ਇਨਾਮ ਪਾਓ' ਸਕੀਮ ਦਾ ਜ਼ਿਲ੍ਹਾ ਨਿਵਾਸੀ ਲਾਭ ਉਠਾਉਣ : ਡੀ ਸੀ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਕਰ ਵਿਭਾਗ ਵੱਲੋਂ 'ਮੇਰਾ ਬਿਲ' ਐਪ ਰਾਹੀਂ ਚਲਾਈ ਜਾ ਰਹੀ 'ਬਿੱਲ ਲਿਆਓ, ਇਨਾਮ ਪਾਓ' ਸਕੀਮ ਦਾ ਲਾਭ ਉਠਾਉਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਨਾਗਰਿਕ ਖਰੀਦੀਆਂ ਵਸਤਾਂ ਤੇ ਸੇਵਾਵਾਂ ਦਾ ਬਿਲ ਜ਼ਰੂਰ ਹਾਸਲ ਕਰਕੇ ਇਸ ਨੂੰ 'ਬਿਲ ਲਿਆਓ, ਇਨਾਮ ਪਾਓ' ਸਕੀਮ ਤਹਿਤ ਹਰ ਮਹੀਨੇ 29 ਲੱਖ ਰੁਪਏ ਤੱਕ ਦੇ 290 ਇਨਾਮ ਜਿੱਤ ਸਕਦੇ ਹਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਕੀਮ ਦਾ ਮੁੱਖ ਉਦੇਸ਼ ਨਾਗਰਿਕਾਂ ਵਿੱਚ ਟੈਕਸ ਕਾਨੂੰਨਾਂ ਬਾਰੇ ਜਾਗਰੂਕਤਾ ਫੈਲਾਉਣਾ, ਟੈਕਸ ਨਿਯਮਾਂ ਦੀ ਪਾਲਣਾ ਕਰਨਾ, ਖਪਤਕਾਰਾਂ ਨੂੰ ਡੀਲਰਾਂ ਤੋਂ ਬਿੱਲ ਪ੍ਰਾਪਤ ਕਰਨ ਲਈ ਪ੍ਰੇਰਤ ਕਰਨਾ ਤੇ ਡੀਲਰਾਂ ਨੂੰ ਖਪਤਕਾਰਾਂ ਨੂੰ ਬਿੱਲ ਜਾਰੀ ਕਰਨ ਲਈ ਉਤਸ਼ਾਹਤ ਕਰਨਾ ਹੈ।ਉਨ੍ਹਾਂ ਦੱਸਿਆ ਕਿ ਪੈਟਰੋਲ, ਡੀਜ਼ਲ, ਕੱਚਾ ਤੇਲ, ਹਵਾਬਾਜ਼ੀ, ਟਰਬਾਈਨ ਤੇਲ ਅਤੇ ਸ਼ਰਾਬ ਦੇ ਵਿਕਰੀ ਬਿਲਾਂ ਨੂੰ ਇਸ ਮੇਰਾ ਬਿਲ ਐਪ ਉਪਰ ਅਪਲੋਡ ਨਹੀਂ ਕੀਤਾ ਜਾ ਸਕੇਗਾ, ਜਦੋਂਕਿ ਖਪਤਕਾਰ ਹੋਰ ਕਿਸੇ ਵੀ ਵਸਤੂ ਦੇ 200 ਰੁਪਏ ਦੇ ਮੁੱਲ ਤੋਂ ਉਪਰਲੇ ਬਿੱਲਾਂ ਨੂੰ ਅਪਲੋਡ ਕਰ ਸਕਣਗੇ।ਉਨ੍ਹਾਂ ਕਿਹਾ ਕਿ ਹਰ ਮਹੀਨੇ ਰਾਜ ਪੱਧਰ ਉਤੇ 290 ਇਨਾਮ ਕੱਢੇ ਜਾਣਗੇ ਤੇ ਹਰ ਜ਼ਿਲ੍ਹੇ ਵਿੱਚ 10 ਇਨਾਮ ਦਿੱਤੇ ਜਾਣਗੇ ਤੇ ਇਹ ਇਨਾਮ ਜ਼ਿਲ੍ਹਾ ਪੱਧਰ 'ਤੇ ਦਿੱਤੇ ਜਾਣਗੇ।

## ਪੀ ਜੀ ਆਈ ਚੰਡੀਗੜ੍ਹ ਵੱਲੋਂ ਬ੍ਰੈਸਟ ਕੈਂਸਰ ਜਾਗਰੂਕਤਾ ਪ੍ਰੋਗਰਾਮ



**ਸਮਰਾਲਾ (ਸੁਰਜੀਤ ਸਿੰਘ)**-ਅਕਤੂਬਰ ਮਹੀਨਾ ਬ੍ਰੈਸਟ ਕੈਂਸਰ ਜਾਗਰੂਕਤਾ ਮਹੀਨੇ ਵਜੋਂ ਮਨਾਇਆ ਜਾਂਦਾ ਹੈ।ਇਸ ਦੌਰਾਨ ਬ੍ਰੈਸਟ ਕੈਂਸਰ ਬਾਰੇ ਸਿੱਖਿਆ, ਜਲਦੀ ਪਛਾਣ ਤੇ ਤਕਨੀਕੀ ਇਲਾਜ ਦੇ ਵਿਕਲਪਾਂ ਰਾਹੀਂ ਜਾਗਰੂਕਤਾ ਫੈਲਾਈ ਜਾਂਦੀ ਹੈ।ਇਸ ਸਾਲ ਦੀ ਬ੍ਰੈਸਟ ਕੈਂਸਰ ਜਾਗਰੂਕਤਾ ਥੀਮ ਕੋਈ ਵੀ ਬ੍ਰੈਸਟ ਕੈਂਸਰ ਦਾ ਸਾਹਮਣਾ ਇਕੱਲੇ ਨਾ ਕਰੇ ਨੂੰ ਧਿਆਨ ਵਿੱਚ ਰੱਖਦਿਆਂ, ਪੀਜੀਆਈਐਮਈਆਰ, ਚੰਡੀਗੜ੍ਹ ਦੇ ਨੈਸ਼ਨਲ ਇੰਸਟੀਟਿਊਟ ਆਫ ਨਰਸਿੰਗ ਐਜੂਕੇਸ਼ਨ ਵੱਲੋਂ ਨਿਵੇਦਿਤਾ ਚੈਰੀਟੇਬਲ ਟਰੱਸਟ ਦੇ ਸਹਿਯੋਗ ਨਾਲ ਬ੍ਰੈਸਟ ਕੈਂਸਰ ਬਾਰੇ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ, ਤਾਂ ਜੁ ਬ੍ਰੈਸਟ ਕੈਂਸਰ ਦੀ ਜਲਦੀ ਪਛਾਣ ਤੇ ਇਲਾਜ ਰਾਹੀਂ ਇੱਕ ਸੁਨੇਹਾ ਫੈਲਾਇਆ ਜਾ ਸਕੇ ਕਿ ਆਸ ਤੇ ਹੌਂਸਲੇ ਨਾਲ ਕੈਂਸਰ ਦਾ ਸਾਹਮਣਾ ਕੀਤਾ ਜਾ ਸਕਦਾ ਹੈ।ਡਾ. ਸੁਸ਼ਮੀਤਾ ਘੋਸ਼ਾਲ, ਹੈਡ, ਡਿਪਾਰਟਮੈਂਟ ਆਫ਼ ਰੇਡੀਏਸ਼ਨ ਓਨਕੋਲੋਜੀ, ਡਾ. ਐਸ.ਐਮ. ਬੋਸ, ਸਾਬਕਾ ਹੈਡ, ਡਿਪਾਰਟਮੈਂਟ ਆਫ ਜਨਰਲ ਸਰਜਰੀ ਤੇ ਡਾ. ਦਿਵਿਆ ਦਹੀਆ, ਪ੍ਰੋਫੈਸਰ, ਡਿਪਾਰਟਮੈਂਟ ਆਫ ਜਨਰਲ ਸਰਜਰੀ, ਪੀਜੀਆਈਐਮਈਆਰ, ਚੰਡੀਗੜ੍ਹ ਨੇ ਸਮਾਗਮ ਦੀ ਸ਼ੋਭਾ ਵਧਾਈ।ਕਰੀਬ 200 ਵਿਦਿਆਰਥੀਆਂ ਅਤੇ ਫੈਕਲਟੀ ਨੇ ਇਸ ਪ੍ਰੋਗਰਾਮ ਵਿੱਚ ਭਾਗ ਲਿਆ।ਬ੍ਰੈਸਟ ਕੈਂਸਰ ਦੇ ਖਤਰੇ ਦੇ ਕਾਰਕਾਂ, ਜਲਦੀ ਪਛਾਣ, ਮਹੀਨਾਵਾਰ ਸਵੈ-ਜਾਂਚ, ਇਲਾਜ ਦੇ ਵੱਖ-ਵੱਖ ਢੰਗਾਂ, ਸਟਰੈਸ ਬਿਨਾਂ ਜੀਵਨ-ਯਾਤਰਾ ਤੇ ਇਲਾਜ ਦੇ ਨਤੀਜੇ ਦੇ ਅਸਰ 'ਤੇ ਚਰਚਾ ਕੀਤੀ।ਉਨ੍ਹਾਂ ਜ਼ੋਰ ਦਿੱਤਾ ਕਿ ਰੋਗੀਆਂ ਨੂੰ ਨਿਦਾਨ ਹੋਣ ਤੋਂ ਬਾਅਦ ਨਾ ਸਿਰਫ ਮਰੀਜ਼ਾਂ ਦੀ ਸੰਭਾਲ ਹੋਵੇ, ਸਗੋਂ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਦੀ ਵੀ ਕੌਂਸਲਿੰਗ ਕੀਤੀ ਜਾਵੇ ਤਾਂ ਜੁ ਮਰੀਜ਼ਾਂ ਨੂੰ ਸਾਰੀ ਇਲਾਜੀ ਯਾਤਰਾ ਵਿੱਚ ਮਜ਼ਬੂਤ ਸਹਾਰਾ ਮਿਲੇ।

## ਕੋਠਾਗੁਰੂ ਖੁਰਦ ਦੇ ਕਈ ਪਰਵਾਰ ਕਾਂਗਰਸ 'ਚ ਸ਼ਾਮਲ



**ਬਠਿੰਡਾ (ਰਾਜੀਵ ਗੋਇਲ)**-ਪੰਚਾਇਤੀ ਚੋਣਾਂ ਨੂੰ ਲੈ ਕੇ ਪਿੰਡਾਂ ਅੰਦਰ ਮਾਹੌਲ ਪੂਰਾ ਗਰਮਜੋਸ਼ੀ ਵਾਲਾ ਦੇਖਣ ਨੂੰ ਮਿਲ ਰਿਹਾ ਹੈ ਤੇ ਆਏ ਦਿਨ ਲੋਕ ਵੱਖ-ਵੱਖ ਸਿਆਸੀ ਪਾਰਟੀਆਂ ਨੂੰ ਅਲਵਿਦਾ ਆਖ ਸਾਬਕਾ ਵਜ਼ੀਰ ਗੁਰਪ੍ਰੀਤ ਸਿੰਘ ਕਾਂਗੜ ਦੀ ਅਗਵਾਈ ਹੇਠ ਕਾਂਗਰਸ ਦਾ ਪੱਲਾ ਫੜਦੇ ਨਜ਼ਰ ਆ ਰਹੇ ਹਨ। ਦੂਜੇ ਪਾਸੇ ਕਾਂਗੜ ਵੱਲੋਂ ਵੀ ਪਿੰਡਾਂ ਅੰਦਰ ਪਾਰਟੀ ਦਾ ਪ੍ਰਚਾਰ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਸਾਬਕਾ ਵਜ਼ੀਰ ਕਾਂਗੜ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੇ ਨੇੜਲੇ ਪਿੰਡ ਕੋਠਾਗੁਰੂ ਖੁਰਦ ਦੇ ਕਈ ਪਰਵਾਰ ਵੱਖ-ਵੱਖ ਸਿਆਸੀ ਪਾਰਟੀਆਂ ਨੂੰ ਅਲਵਿਦਾ ਆਖ ਕਾਂਗਰਸ ਵਿੱਚ ਸ਼ਾਮਲ ਹੋ ਗਏ, ਜਿਨ੍ਹਾਂ ਨੂੰ ਕਾਂਗੜ ਵੱਲੋਂ ਸਿਰੋਪਾਓ ਭੇਟ ਕੀਤੇ ਗਏ ਅਤੇ ਕਿਹਾ ਗਿਆ ਕਿ ਉਹਨਾਂ ਨੂੰ ਪਾਰਟੀ ਅੰਦਰ ਬਣਦਾ ਮਾਨ-ਸਨਮਾਨ ਦੇਣ ਦੇ ਨਾਲ-ਨਾਲ ਉਹ ਕਾਂਗਰਸ ਪਾਰਟੀ ਦੀ ਤਰਫੋਂ ਬੀਬੀ ਗੁਰਮੀਤ ਕੌਰ ਰਾਏ ਨੂੰ ਸਰਪੰਚ ਚੁਣਨ ਤੇ ਸਮਾਂ ਆਉਣ 'ਤੇ ਇਸੇ ਪਿੰਡ ਨੂੰ ਗ੍ਰਾਂਟਾ ਦੇ ਗੱਫੇ ਦਿੱਤੇ ਜਾਣਗੇ।

## ਜ਼ਰੂਰਤਮੰਦਾਂ ਦੀ ਸੇਵਾ ਹੀ ਮਨੁੱਖਤਾ ਦੀ ਸੱਚੀ ਸੇਵਾ : ਪ੍ਰਜਾਪਤੀ



**ਕੋਟਕਪੂਰਾ (ਰਛਪਾਲ ਭੁੱਲਰ)**-ਸਮਾਜ ਵਿੱਚ ਕਈ ਵਿਅਕਤੀ ਅਜਿਹੇ ਹੁੰਦੇ ਹਨ, ਜਿਨ੍ਹਾਂ ਨੂੰ ਆਪਣੀ ਲੋੜ ਲਈ ਦੂਜਿਆਂ 'ਤੇ ਨਿਰਭਰ ਰਹਿਣਾ ਪੈਂਦਾ ਹੈ, ਕਿਉਂਕਿ ਉਨ੍ਹਾਂ ਕੋਲ ਕਿਸੇ ਕਾਰਨ ਕਰਕੇ ਕਮਾਈ ਜਾਂ ਜੀਵਨ ਨੂੰ ਚਲਾਉਣ ਦਾ ਕੋਈ ਜ਼ਰੀਆ ਨਹੀਂ ਹੁੰਦਾ।ਇਸ ਲਈ ਲੋੜਵੰਦਾਂ ਦੀ ਹਮੇਸ਼ਾ ਸੇਵਾ ਕਰੋ, ਜ਼ਰੂਰਤਮੰਦਾਂ ਦੀ ਸੇਵਾ ਹੀ ਮਨੁੱਖਤਾ ਦੀ ਸੱਚੀ ਸੇਵਾ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸਮਾਜ ਸੇਵੀ ਹੰਸ ਰਾਜ ਪ੍ਰਜਾਪਤੀ ਨੇ ਆਖਿਆ ਕਿ ਸਮਾਜਸੇਵਾ ਕਰਨੀ ਹੋਵੇ ਤਾਂ ਕਿਤੇ ਦੂਰ ਜਾਣ ਦੀ ਲੋੜ ਨਹੀਂ, ਆਪਣੇ ਆਸ-ਪਾਸ ਹੀ ਕੋਈ ਅਜਿਹਾ ਲੋੜਵੰਦ ਦੇਖੋ, ਜਿਸ ਨੂੰ ਸਹੀ ਮਾਇਨੇ ਵਿੱਚ ਤੁਹਾਡੀ ਲੋੜ ਹੈ, ਲੋੜ ਮੁਤਾਬਿਕ ਉਸ ਦੀ ਸੇਵਾ ਕਰੋ ਤਾਂ ਦੇਖੋਗੇ ਕਿ ਤੁਹਾਡੇ ਮਨ ਨੂੰ ਕਿੰਨਾ ਸਕੂਨ ਮਿਲਦਾ ਹੈ।

## ਸ਼ਰਧਾ ਨਾਲ ਮਨਾਇਆ ਜਾਵੇਗਾ ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਦਿਵਸ



**ਸੰਗਰੂਰ (ਪ੍ਰਵੀਨ ਸਿੰਘ)**-ਸੁੰਦਰ ਬਸਤੀ ਵਿਖੇ ਸ੍ਰਿਸ਼ਟੀ ਕਰਤਾ ਭਗਵਾਨ ਵਾਲਮੀਕਿ ਜੀ ਦਾ ਪਾਵਨ ਪ੍ਰਗਟ ਦਿਵਸ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ, ਜਿਸ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਸ੍ਰੀ ਸਾਜਨ ਕਾਂਗੜਾ ਪ੍ਰਧਾਨ ਭਗਵਾਨ ਵਾਲਮੀਕਿ ਸਭਾ, ਮੰਦਰ ਕਮੇਟੀ ਸੁੰਦਰ ਬਸਤੀ ਸੰਗਰੂਰ ਨੇ ਦੱਸਿਆ ਕਿ ਪ੍ਰਗਟ ਦਿਵਸ ਸੰਬੰਧੀ ਭਗਵਾਨ ਵਾਲਮੀਕਿ ਦੇ ਮੰਦਰ ਸੁੰਦਰ ਬਸਤੀ ਵਿਖੇ 13 ਅਕਤੂਬਰ ਤੋਂ ਰਾਮਾਇਣ ਦੇ ਪਾਠ ਆਰੰਭ ਕੀਤੇ ਗਏ ਹਨ, ਜਿਨ੍ਹਾਂ ਦੇ 17 ਅਕਤੂਬਰ ਨੂੰ ਭੋਗ ਪਾਏ ਜਾਣਗੇ। ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਸਬੰਧੀ 16 ਅਕਤੂਬਰ ਨੂੰ ਸਮੂਹ ਸੁੰਦਰ ਬਸਤੀ ਵੱਲੋਂ ਸ਼ੋਭਾ ਯਾਤਰਾ ਦਾ ਭਰਪੂਰ ਸਵਾਗਤ ਕੀਤਾ ਜਾਵੇਗਾ ਤੇ ਖੁਸ਼ੀ ਵਿੱਚ 16 ਅਕਤੂਬਰ ਨੂੰ ਹੀ ਡੀ ਸੀ ਕੋਠੀ ਦੇ ਨੇੜੇ ਭਗਵਾਨ ਵਾਲਮੀਕਿ ਸਭਾ ਮੰਦਰ ਕਮੇਟੀ ਸੁੰਦਰ ਬਸਤੀ ਵੱਲੋਂ ਲੱਡੂ ਤੇ ਪੌਦਿਆਂ ਦੀ ਛਬੀਲ ਵੀ ਲਾਈ ਜਾਵੇਗੀ। ਪ੍ਰਧਾਨ ਸਾਜਨਾ ਕਾਂਗੜਾ ਨੇ ਕਿਹਾ ਕਿ ਉਹ ਭਗਵਾਨ ਵਾਲਮੀਕਿ ਦੇ ਪ੍ਰਗਟ ਦਿਵਸ ਸਬੰਧੀ ਰੱਖੇ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਸਭਨਾਂ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ।

## ਸਿਆਸੀ ਆਗੂਆਂ ਵੱਲੋਂ ਰਾਣਾ ਬਲਜੀਤ ਸਿੰਘ ਚਹਿਲ ਨਾਲ ਕੀਤਾ ਦੁੱਖ ਸਾਂਝਾ



**ਮਲੋਟ (ਗੁਰਮੀਤ ਸਿੰਘ ਮੱਕੜ)**-ਪੰਜਾਬ ਕਾਂਗਰਸ ਦੇ ਬੁਲਾਰੇ ਤੇ ਆਲ ਇੰਡੀਆ ਕਾਂਗਰਸ ਦੇ ਮੀਡੀਆ ਕੋਆਡੀਨੇਟਰ ਰਾਣਾ ਬਲਜੀਤ ਸਿੰਘ ਚਹਿਲ ਦੇ ਭੂਆ, ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੀ ਅੰਤਮ ਅਰਦਾਸ 'ਤੇ ਵੱਖ-ਵੱਖ ਸਿਆਸੀ ਆਗੂਆਂ ਵੱਲੋਂ ਸ਼ਰਧਾਂਜਲੀ ਦਿੱਤੀ ਗਈ, ਜਿਨ੍ਹਾਂ ਵਿਚ ਆਲ ਇੰਡੀਆ ਕਾਂਗਰਸ ਦੇ ਸਕੱਤਰ ਤੇ ਪੰਜਾਬ ਕਾਂਗਰਸ ਇੰਚਾਰਜ ਅਲੋਕ ਸ਼ਰਮਾ, ਰਵਿੰਦਰ ਰਾਓ ਡਾਲਵੀ ਸਹਿ ਇੰਚਾਰਜ ਪੰਜਾਬ ਕਾਂਗਰਸ, ਗੁਰਮੀਤ ਸਿੰਘ ਖੁੱਡੀਆਂ ਖੇਤੀਬਾੜੀ ਮੰਤਰੀ ਪੰਜਾਬ ਸਰਕਾਰ, ਅੰਮ੍ਰਿਤ ਕੌਰ ਗਿੱਲ ਬੁਲਾਰਾ ਪੰਜਾਬ ਕਾਂਗਰਸ, ਆਲ ਇੰਡੀਆ ਕਾਂਗਰਸ ਦੇ ਮੈਂਬਰ ਅਤੇ ਆਲ ਇੰਡੀਆ ਕਾਂਗਰਸ ਮੀਡੀਆ ਤੇ ਪਬਲੀਸਿਟੀ ਵਿਭਾਗ ਦੇ ਚੇਅਰਮੈਨ ਸ੍ਰੀ ਪਵਨ ਖੇੜਾ, ਮੈਂਬਰ ਰਾਜ ਸਭਾ ਜੈ ਰਾਮ ਰਮੇਸ਼, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਸ਼ੋਕ ਸੰਦੇਸ਼ ਭੇਜ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਅੰਤ ਰਾਹੁਲ ਗਾਂਧੀ ਤੇ ਕਾਂਗਰਸ ਪ੍ਰਧਾਨ ਮਲੀਕ ਅਰਜੁਨ ਖੜਗੇ ਵੱਲੋਂ ਭੇਜੇ ਸ਼ੋਕ ਸੰਦੇਸ਼ ਨੂੰ ਇੰਚਾਰਜ ਪੰਜਾਬ ਕਾਂਗਰਸ ਅਲੋਕ ਸ਼ਰਮਾ ਵੱਲੋਂ ਪੜ੍ਹ ਕੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਕਿਹਾ ਕੀ ਇਸ ਦੁੱਖ ਦੇ ਸਮੇਂ ਵਿੱਚ ਪਰਵਾਰ ਨਾਲ ਖੜੀ ਹੈ।

## ਕਿਸਾਨਾਂ ਨੇ ਦਿੱਤਾ ਐੱਸ ਡੀ ਐੱਮ ਕਾਲਾਂਵਾਲੀ ਨੂੰ ਮੰਗ ਪੱਤਰ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਪੱਗੜੀ ਸੰਭਾਲ ਜੱਟਾ ਕਿਸਾਨ ਸੰਘਰਸ਼ ਸਮਿਤੀ ਹਰਿਆਣਾ ਵੱਲੋਂ ਮਾਰਕਿਟ ਕਮੇਟੀ ਵਿਖੇ ਐਸ ਡੀ ਐਮ ਕਾਲਾਂਵਾਲੀ ਨਾਲ ਮੀਟਿੰਗ ਦੌਰਾਨ ਕਿਸਾਨਾਂ ਨੂੰ ਦਰਪੇਸ਼ ਮੁੱਦਿਆਂ ਤੇ ਮੀਟਿੰਗ ਦੌਰਾਨ ਮੰਗ ਪੱਤਰ ਦਿੱਤਾ ਗਿਆ। ਮੀਟਿੰਗ ਦੌਰਾਨ ਸਿਰਸਾ ਦੇ ਪ੍ਰਧਾਨ ਕੁਲਦੀਪ ਸਿੰਘ, ਸੱਤਾ ਸਿੰਘ ਚਹਿਲ, ਜਸਵੰਤ ਸਿੰਘ ਔਲਖ ਤੇ ਗੁਰਵਿੰਦਰ ਸਿੰਘ ਚਹਿਲ ਦਾ ਕਹਿਣਾ ਸੀ ਕਿ ਮੰਡੀ ਵਿਚ ਸ਼ਰੇਆਮ ਡੀ ਏ ਪੀ ਖਾਦ ਦੀ ਕਾਲਾਬਾਜ਼ਾਰੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਡੀਲਰ ਕਿਸਾਨਾਂ ਨੂੰ ਡੀ ਏ ਪੀ ਨਾਲ ਜ਼ਿੰਕ, ਸਲਫ਼ਰ, ਨੈਨੋ ਯੂਰੀਆ ਜਿਹਾ ਸਮਾਨ ਧੱਕੇ ਨਾਲ ਕਿਸਾਨਾਂ ਨੂੰ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਖਾਦਾਂ ਦੀ ਕਾਲਾਬਜ਼ਾਰੀ 'ਤੇ ਤੁਰੰਤ ਰੋਕ ਲਾਈ ਜਾਵੇ।ਉਨ੍ਹਾਂ ਡੀ ਏ ਪੀ ਦੀ ਕਿੱਲਤ ਨੂੰ ਦੇਖਦੇ ਹੋਏ ਡੀ ਏ ਪੀ ਖਾਦ ਦੇ ਰੇਲਵੇ ਰੈਕ ਦੀ ਮੰਗ ਰੱਖੀ ਹੈ।ਕਿਸਾਨਾਂ ਨੇ ਝੋਨੇ ਦੀ ਖ਼ਰੀਦ ਵੇਲੇ ਹਾਈਬ੍ਰਿਡ ਕਿਸਮਾਂ ਦੇ ਨਾਂਅ 'ਤੇ 3 ਕਿੱਲੋ ਕਾਟ ਉਪਰ ਰੋਕ ਲਾਉਣ ਸਮੇਤ ਕਈ ਮੰਗਾਂ ਰੱਖੀਆਂ। ਇਸ ਮੌਕੇ ਕਿਸਾਨ ਗਗਨਦੀਪ ਸਿੰਘ, ਅਮਰੀਕ ਸਿੰਘ ਮਾਖਾ ਅਤੇ ਉਨ੍ਹਾਂ ਦੇ ਸਾਥੀ ਵੀ ਮੌਜੂਦ ਸਨ।

## ਆਰੋਗਿਆ ਭਾਰਤੀ ਵੱਲੋਂ ਬੰਦਾ ਬਹਾਦਰ ਨਰਸਿੰਗ ਕਾਲਜ ਵਿਖੇ ਪ੍ਰੈਕਟਿਸ ਕਲਾਸ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਥਾਨਕ ਬੰਦਾ ਬਹਾਦਰ ਨਰਸਿੰਗ ਕਾਲਜ ਦੇ ਮੇਨ ਹਾਲ ਵਿੱਚ ਅਰੋਗਿਆ ਭਾਰਤੀ ਦੀ ਸੂਬਾਈ ਅਭਿਆਸ ਕਲਾਸ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਸੂਬੇ ਦੇ ਸਾਰੇ ਜ਼ਿਲ੍ਹਿਆਂ ਦੇ ਨੁਮਾਇੰਦਿਆਂ ਨੇ ਭਾਗ ਲਿਆ।ਸਮਾਗਮ ਦੀ ਸ਼ੁਰੂਆਤ ਵਿੱਚ ਮਹਿਮਾਨਾਂ ਵੱਲੋਂ ਦੀਪ ਜਗਾ ਕੇ ਭਗਵਾਨ ਧਨਵੰਤਰੀ ਦੀ ਪੂਜਾ ਕੀਤੀ ਗਈ।ਧਨਵੰਤਰੀ ਸਤੁਨ ਦਾ ਸ਼ਬਦੀ ਪਾਠ ਡਾ: ਹਰਪ੍ਰੀਤ ਸਿੰਘ ਨੇ ਕੀਤਾ।ਇਸ ਅਭਿਆਸ ਕਲਾਸ ਦਾ ਮਾਰਗਦਰਸ਼ਨ ਡਾ: ਅਸ਼ੋਕ ਵਾਸ਼ਨੇਆ, ਰਾਸ਼ਟਰੀ ਸੰਗਠਨ ਸਕੱਤਰ ਤੇ ਉੱਤਰੀ ਖੇਤਰ ਅਤੇ ਰਾਜਸਥਾਨ ਦੇ ਸੰਜੀਵਨ ਕਨਵੀਨਰ, ਡਾ: ਅਰੁਣਾ, ਦਿੱਲੀ, ਪੰਜਾਬ ਪ੍ਰਾਂਤ ਦੇ ਮੁਖੀ, ਡਾ: ਚੰਦਰਸ਼ੇਖਰ ਕੱਕੜ, ਡਾ: ਅਨੀਤਾ ਕੱਕੜ ਤੇ ਡਾ: ਰੋਕੇਸ਼ ਨੇ ਕੀਤਾ।

ਡਾ: ਅਸ਼ੋਕ ਵਰਸ਼ਨੇ ਨੇ ਇਕੱਠ ਵਿੱਚ ਦੱਸਿਆ ਕਿ ਇਹ ਸੰਸਥਾ 2 ਨਵੰਬਰ 2002 ਨੂੰ ਕੋਚੀ, ਕੇਰਲਾ ਵਿੱਚ ਬਣੀ ਸੀ, ਜਿਸ ਦਾ ਮੂਲ ਉਦੇਸ਼ ਸੀ-ਮੇਰੀ ਸਿਹਤ ਮੇਰੀ ਜ਼ਿੰਮੇਵਾਰੀ ਹੈ।ਮੈਂ ਤੰਦਰੁਸਤ ਰਹਾਂਗਾ, ਮੇਰੇ ਪਾਲਣ ਨਾਲ ਮੇਰਾ ਪਰਵਾਰ ਤੰਦਰੁਸਤ ਰਹੇਗਾ, ਮੇਰਾ ਸਮਾਜ ਤੇ ਮੇਰੀ ਕੌਮ ਤੰਦਰੁਸਤ ਰਹੇਗੀ।ਇਸ ਵਿਚਾਰ ਨੂੰ ਅਪਣਾ ਕੇ, ਅਰੋਗਿਆ ਭਾਰਤੀ ਨਿਯਮਤ ਯੋਗ ਅਭਿਆਸ, ਧਨਵੰਤਰੀ ਪੂਜਾ, ਸਕੂਲ ਸਿਹਤ ਪ੍ਰੋਗਰਾਮ, ਕਿਸ਼ੋਰ ਵਿਕਾਸ, ਗਰਭ ਸੰਸਕਾਰ, ਅਧਿਆਤਮਕ ਸਿਹਤ, ਸਹੀ ਪੋਸ਼ਣ, ਵਾਤਾਵਰਣ ਸੁਰੱਖਿਆ, ਜੰਗਲੀ ਦਵਾਈ ਦਾ ਪ੍ਰਸਾਰ, ਘਰੇਲੂ ਉਪਚਾਰ, ਮੁੱਢਲੀ ਸਹਾਇਤਾ ਆਦਿ ਵਰਗੇ ਲਗਭਗ 24 ਪ੍ਰੋਗਰਾਮਾਂ ਨੂੰ ਲਾਗੂ ਕਰ ਰਹੀ ਹੈ।

ਇਸ ਮੌਕੇ ਸੰਜੀਵਨ ਕਨਵੀਨਰ ਉੱਤਰੀ ਜ਼ੋਨ ਤੇ ਰਾਜਸਥਾਨ ਨੇ ਕਿਹਾ ਕਿ ਸਿਹਤਮੰਦ ਸਮਾਜ ਦੀ ਉਸਾਰੀ ਲਈ ਸਾਰਿਆਂ ਦਾ ਸਹਿਯੋਗ ਜ਼ਰੂਰੀ ਹੈ, ਜਦੋਂ ਤੱਕ ਹਰ ਕੋਈ ਇਹ ਨਹੀਂ ਜਾਣ ਲੈਂਦਾ ਕਿ ਸਾਨੂੰ ਕੀ ਖਾਣਾ ਚਾਹੀਦਾ ਹੈ ਤੇ ਕੀ ਨਹੀਂ? ਅਰੋਗਿਆ ਭਾਰਤੀ ਦੇ ਪੰਜਾਬ ਪ੍ਰਾਂਤ ਮੁਖੀ ਡਾ: ਚੰਦਰਸ਼ੇਖਰ ਕੱਕੜ ਨੇ ਮਹਿਮਾਨਾਂ ਦਾ ਸਵਾਗਤ ਕੀਤਾ।ਕਾਨਫਰੰਸ ਦਾ ਸੰਚਾਲਨ ਡਾ: ਪ੍ਰਮੋਦ ਕੁਮਾਰ ਨੇ ਕੀਤਾ।ਡਾ: ਚੰਦਰਸ਼ੇਖਰ ਕੱਕੜ ਨੇ ਨਸ਼ਾ ਛੁਡਾਊ ਵਿਸ਼ੇ 'ਤੇ ਆਪਣੇ ਵਿਚਾਰ ਪੇਸ਼ ਕੀਤੇ।ਡਾ: ਅਰੁਣਾ ਨੇ ਵੀ ਅਭਿਆਸ ਕਲਾਸ ਵਿੱਚ ਆਪਣੇ ਵਿਚਾਰ ਪ੍ਰਗਟ ਕੀਤੇ।ਪ੍ਰੈਕਟਿਸ ਕਲਾਸ ਵਿੱਚ ਆਯੁਰਵੇਦ ਤੇ ਵਾਤਾਵਰਨ ਨੂੰ ਉਤਸ਼ਾਹਤ ਕਰਨ ਲਈ ਡਾ: ਜਿੰਦਲ ਦੀ ਦੇਖ-ਰੇਖ ਹੇਠ ਇੱਕ ਪ੍ਰਦਰਸ਼ਨੀ ਵੀ ਲਗਾਈ ਗਈ।ਪ੍ਰੈਕਟਿਸ ਕਲਾਸ ਸੈਸ਼ਨ ਦੀ ਪ੍ਰਧਾਨਗੀ ਕਾਲਜ ਦੇ ਐੱਮ ਡੀ ਡਾ. ਪੁਨੀਤ ਬਾਵਾ ਨੇ ਕੀਤੀ।

## ਪੰਜਾਬੀ ਸਾਹਿਤ ਸਭਾ ਵੱਲੋਂ ਭਾਸ਼ਾ ਵਿਭਾਗ ਵਿਖੇ ਸਾਹਿਤਕ ਸਮਾਗਮ



**ਪਟਿਆਲਾ (ਪੱਤਰ ਪ੍ਰੇਰਕ)**
ਪੰਜਾਬੀ ਸਾਹਿਤ ਸਭਾ (ਰਜਿ.) ਵੱਲੋਂ ਭਾਸ਼ਾ ਵਿਭਾਗ, ਪੰਜਾਬ ਵਿਖੇ ਯਾਦਗਾਰੀ ਸਾਹਿਤਕ ਸਮਾਗਮ ਕਰਾਇਆ ਗਿਆ। ਸਮਾਗਮ ਦੇ ਪ੍ਰਧਾਨਗੀ ਮੰਡਲ ਵਿਚ ਸਭਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ ਆਸ਼ਟ ਤੋਂ ਇਲਾਵਾ ਉੱਘੇ ਸਮਾਜ ਸੇਵੀ, ਸਾਹਿਤ ਤੇ ਵਾਤਾਵਰਣ ਪ੍ਰੇਮੀ ਤੇ ਅਨੇਕ ਸੰਸਥਾਵਾਂ ਦੇ ਮਹੱਤਵਪੂਰਨ ਅਹੁਦੇਦਾਰ ਸ੍ਰੀ ਭਗਵਾਨ ਦਾਸ ਗੁਪਤਾ ਨੇ ਪ੍ਰਧਾਨਗੀ ਕੀਤੀ ਤੇ 16 ਐਮ.ਏ. ਡਿਗਰੀ ਪ੍ਰਾਪਤਕਰਤਾ ਉੱਘੇ ਸਿੱਖਿਆ ਸ਼ਾਸਤਰੀ ਸ੍ਰੀ ਰਾਜ ਕੁਮਾਰ ਸਿੰਗਲਾ ਮੁੱਖ ਮਹਿਮਾਨ ਵਜੋਂ ਹੋਏ। ਵਿਸ਼ੇਸ਼ ਮਹਿਮਾਨ ਡਾ. ਗੁਰਬਚਨ ਸਿੰਘ ਰਾਹੀ, ਭਾਸ਼ਾ ਵਿਗਿਆਨੀ ਡਾ. ਦਵਿੰਦਰ ਸਿੰਘ, ਸਾਹਿਤਕ ਪਾਠਕ ਸੁਰਿੰਦਰ ਕੌਰ ਸੰਗਰੂਰ ਤੇ ਬਹੁਪੱਖੀ ਲੇਖਕ ਹੇਮਰਿਸ਼ੀ ਸਨ।

ਇਸ ਦੌਰਾਨ ਮਨਜਿੰਦਰ ਸਿੰਘ ਸਰਾਂ ਚੰਗੇਰੀ (ਬੁਢਲਾਡਾ) ਰਚਿਤ ਕਹਾਣੀ ਸੰਗ੍ਰਹਿ 'ਚੰਗੇਰੀ ਜੀਵਨ ਨਿਰਬਾਹ ਸਿਖਲਾਈ' ਭਾਗ ਦੂਜਾ ਤੇ ਸਾਧੂ ਰਾਮ ਲੰਗੇਆਣਾ ਦੇ ਬਾਲ ਨਾਵਲ 'ਭੂਤਾਂ ਦੇ ਸਿਰਨਾਵੇਂ' ਦਾ ਲੋਕ ਅਰਪਣ ਕੀਤਾ ਗਿਆ। ਸਮਾਗਮ ਦੇ ਆਰੰਭ 'ਚ ਸਭਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ 'ਆਸ਼ਟ' ਨੇ ਲੇਖਕਾਂ ਨੂੰ ਜੀ ਆਇਆਂ ਕਹਿੰਦਿਆਂ ਇਸ ਕੇਂਦਰੀ ਨੁਕਤੇ ਨੂੰ ਉਭਾਰਿਆ ਕਿ ਨੌਜਵਾਨ ਕਲਮਕਾਰਾਂ ਕੋਲ ਸਮਾਜਕ ਮਸਲੇ ਬਾਖ਼ੂਬੀ ਬਿਆਨਣ ਦੀ ਜਾਚ ਹੈ।ਸ੍ਰੀ ਭਗਵਾਨ ਦਾਸ ਗੁਪਤਾ ਨੇ ਕਿਹਾ ਕਿ ਸਮਾਜ ਸੇਵਾ ਰਾਹੀਂ ਕਲਾਵਾਂ ਨੂੰ ਪ੍ਰਫੁੱਲਤ ਕਰਨਾ ਅਜੋਕੇ ਸਮੇਂ ਦੀ ਵੱਡੀ ਲੋੜ ਹੈ। ਸਾਹਿਤ ਤੇ ਸਮਾਜ ਦਾ ਆਪਸ 'ਚ ਡੂੰਘਾ ਸੰਬੰਧ ਹੈ। ਸਾਹਿਤ ਦੇ ਜ਼ਰੀਏ ਲਿਖਾਰੀ ਜਿੰਨੇ ਮੁੱਲਵਾਨ ਸੁਨੇਹੇ ਦੇਣਗੇ, ਸਮਾਜ ਓਨਾ ਹੀ ਖ਼ੁਸ਼ਹਾਲ ਅਤੇ ਪ੍ਰਫੁੱਲਤ ਹੋਵੇਗਾ।

ਸ੍ਰੀ ਰਾਜਕੁਮਾਰ ਸਿੰਗਲਾ ਨੇ ਜ਼ੋਰ ਦਿੱਤਾ ਕਿ ਮਨੁੱਖ ਆਪਣੀ ਲਗਨ, ਮਿਹਨਤ ਤੇ ਦ੍ਰਿੜ੍ਹ ਨਿਸ਼ਚੇ ਨਾਲ ਸਿੱਖਿਆ ਅਤੇ ਸਾਹਿਤ ਦੇ ਖੇਤਰਾਂ ਦੀਆਂ ਬੁਲੰਦੀਆਂ ਨੂੰ ਛੂਹ ਸਕਦਾ ਹੈ। ਡਾ. ਗੁਰਬਚਨ ਸਿੰਘ ਰਾਹੀ ਦਾ ਮਤ ਸੀ ਕਿ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨੂੰ ਗਾਈਡਾਂ ਆਦਿ ਦੀ ਥਾਂ ਮੂਲ ਸ੍ਰੋਤਾਂ ਦਾ ਨਿੱਠ ਕੇ ਅਧਿਐਨ ਕਰਨਾ ਚਾਹੀਦਾ ਹੈ।

ਸੁਰਿੰਦਰ ਕੌਰ ਦਾ ਕਹਿਣਾ ਸੀ ਕਿ ਚੰਗਾ ਸਾਹਿਤ ਪਾਠਕ ਦਾ ਸੁਚੱਜਾ ਮਾਰਗ ਦਰਸ਼ਨ ਕਰਦਾ ਹੈ। ਆਪਣੀ ਪੁਸਤਕ ਲੋਕ ਅਰਪਣ ਹੋਣ ਉਪਰੰਤ ਮਨਜਿੰਦਰ ਸਿੰਘ ਸਰਾਂ ਚੰਗੇਰੀ ਨੇ ਕਹਾਣੀਆਂ ਦੀ ਰਚਨਾ ਪ੍ਰਕਿਰਿਆ ਬਾਰੇ ਤਫ਼ਸੀਲ ਵਿਚ ਚਾਨਣਾ ਪਾਇਆ।

## 3 ਕੁਇੰਟਲ 75 ਕਿੱਲੋ ਭੁੱਕੀ ਬਰਾਮਦਗੀ ਮਾਮਲੇ 'ਚ ਪਿਓ-ਪੁੱਤ ਨੂੰ ਅਦਾਲਤ ਨੇ ਸੁਣਾਈ 10-10 ਸਾਲ ਦੀ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
3 ਕੁਇੰਟਲ 75 ਕਿੱਲੋ ਭੁੱਕੀ ਬਰਾਮਦਗੀ ਮਾਮਲੇ 'ਚ ਅਮਲੋਹ ਪੁਲਸ ਵੱਲੋਂ ਗ੍ਰਿਫਤਾਰ ਕੀਤੇ ਗਏ ਪਿਓ-ਪੁੱਤਰ ਨੂੰ ਅਦਾਲਤ ਵੱਲੋਂ 10-10 ਸਾਲ ਦੀ ਕੈਦ ਅਤੇ 1-1 ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।

ਜਾਣਕਾਰੀ ਅਨੁਸਾਰ 21/9/22 ਨੂੰ ਥਾਣਾ ਅਮਲੋਹ ਵਿਖੇ ਅ/ਧ 15ਸੀ/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਪਰਵਿੰਦਰ ਸਿੰਘ ਉਰਫ ਰਾਜਾ ਤੇ ਉਸਦੇ ਪਿਤਾ ਤੇਜ ਬਹਾਦਰ ਸਿੰਘ ਉਰਫ ਰਾਜੂ ਵਾਸੀ ਅਮਲੋਹ ਨੂੰ ਗ੍ਰਿਫਤਾਰ ਕੀਤਾ ਗਿਆ ਸੀ।ਮਾਮਲੇ 'ਚ ਪੁਲਸ ਵੱਲੋਂ ਦਾਅਵਾ ਕੀਤਾ ਗਿਆ ਸੀ ਕਿ 20/9/22 ਤੇ 21/9/22 ਦੀ ਦਰਮਿਆਨੀ ਰਾਤ ਨੂੰ ਅਮਲੋਹ ਦੀ ਅੰਨੀਆਂ ਰੋਡ 'ਤੇ ਗਸ਼ਤ ਕਰ ਰਹੀ ਪੁਲਿਸ ਪਾਰਟੀ ਨੇ ਪਿੰਡ ਅੰਨੀਆਂ ਵੱਲੋਂ ਆ ਰਹੀਆਂ ਇੱਕ ਆਲਟੋ ਕਾਰ ਤੇ ਇੱਕ ਮਾਰੂਤੀ ਕਾਰ ਨੂੰ ਸ਼ੱਕ ਦੇ ਆਧਾਰ 'ਤੇ ਚੈਕਿੰਗ ਲਈ ਰੋਕਿਆ ਤਾਂ ਮਾਰੂਤੀ ਕਾਰ ਚਲਾ ਰਿਹਾ ਪਰਵਿੰਦਰ ਸਿੰਘ ਉਰਫ ਰਾਜਾ ਤਾਂ ਪੁਲਸ ਪਾਰਟੀ ਦੇ ਕਾਬੂ ਆ ਗਿਆ, ਜਦੋਂਕਿ ਆਲਟੋ ਕਾਰ ਚਲਾ ਰਿਹਾ ਪਰਵਿੰਦਰ ਸਿੰਘ ਉਰਫ ਰਾਜਾ ਦਾ ਪਿਤਾ ਤੇਜ ਬਹਾਦਰ ਸਿੰਘ ਉਰਫ਼ ਰਾਜੂ ਹਨੇਰੇ ਦਾ ਫਾਇਦਾ ਚੁੱਕਦਾ ਹੋਇਆ ਕਾਰ ਛੱਡ ਕੇ ਭੱਜ ਗਿਆ।ਡੀ.ਐਸ.ਪੀ. ਜੰਗਜੀਤ ਸਿੰਘ ਦੀ ਹਾਜ਼ਰੀ 'ਚ ਲਈ ਗਈ ਤਲਾਸ਼ੀ ਦੌਰਾਨ ਪੁਲਸ ਨੂੰ ਮਾਰੂਤੀ ਕਾਰ 'ਚੋਂ ਛੇ ਥੈਲਿਆਂ 'ਚ ਰੱਖੀ ਇੱਕ ਕੁਇੰਟਲ ਪੰਜਾਹ ਕਿੱਲੋ ਭੁੱਕੀ (150 ਕਿੱਲੋ) ਬਰਾਮਦ ਹੋਈ, ਜਦੋਂਕਿ ਆਲਟੋ ਕਾਰ 'ਚੋਂ ਚਾਰ ਥੈਲਿਆਂ 'ਚ ਰੱਖੀ ਇੱਕ ਕੁਇੰਟਲ (100 ਕਿੱਲੋ) ਭੁੱਕੀ ਬਰਾਮਦ ਹੋਈ।ਪੁਲਸ ਪਾਰਟੀ ਵੱਲੋਂ ਬਾਅਦ 'ਚ ਗ੍ਰਿਫ਼ਤਾਰ ਕੀਤੇ ਗਏ ਤੇਜ ਬਹਾਦਰ ਸਿੰਘ ਉਰਫ ਰਾਜੂ ਦੀ ਨਿਸ਼ਾਨਦੇਹੀ 'ਤੇ ਇੱਕ ਸੁੰਨਸਾਨ ਇਮਾਰਤ 'ਚ ਲੁਕਾ ਕੇ ਰੱਖੀ ਇੱਕ ਕੁਇੰਟਲ ਪੱਚੀ ਕਿੱਲੋ (125 ਕਿੱਲੋ) ਭੁੱਕੀ ਵੀ ਪੁਲਸ ਨੇ ਬਰਾਮਦ ਕੀਤੀ।ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਪਰਵਿੰਦਰ ਸਿੰਘ ਉਰਫ ਰਾਜਾ ਤੇ ਤੇਜ ਬਹਾਦਰ ਸਿੰਘ ਉਰਫ ਰਾਜੂ ਨੂੰ ਮਾਮਲੇ 'ਚ 15ਸੀ ਐਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ 10-10 ਸਾਲ ਕੈਦ ਬਾਮੁਸ਼ੱਕਤ ਅਤੇ 1-1 ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।ਅਦਾਲਤ ਨੇ ਆਪਣੇ ਹੁਕਮਾਂ 'ਚ ਦੱਸਿਆ ਕਿ ਜੁਰਮਾਨਾ ਨਾ ਭਰਨ ਦੀ ਸੂਰਤ ਵਿੱਚ ਉਕਤ ਵਿਅਕਤੀਆਂ ਨੂੰ 8-8 ਮਹੀਨੇ ਦੀ ਕੈਦ ਹੋਰ ਭੁਗਤਣੀ ਪਵੇਗੀ।

## ਅੱਜ ਤੇ ਭਲਕੇ ਡਰਾਈ ਡੇਅ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਜ਼ਿਲ੍ਹਾ ਮੈਜਿਸਟਰੇਟ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਵਿਨੀਤ ਕੁਮਾਰ ਆਈ.ਏ.ਐਸ. ਨੇ 11 ਅਕਤੂਬਰ ਨੂੰ ਜਾਰੀ ਹੁਕਮਾਂ, ਜਿਸ ਵਿੱਚ 14 ਤੇ 15 ਅਕਤੂਬਰ ਨੂੰ ਪਿੰਡਾਂ ਅੰਦਰ ਆਉਂਦੇ ਸ਼ਰਾਬ ਦੇ ਠੇਕਿਆਂ ਨੂੰ ਬੰਦ ਕਰਨ ਦੇ ਹੁਕਮ ਦਿੱਤੇ ਗਏ ਸਨ।ਹੁਣ ਇਨ੍ਹਾਂ ਹੁਕਮਾਂ ਵਿੱਚ ਸੋਧ ਕਰਦੇ ਹੋਏ ਜ਼ਿਲ੍ਹਾ ਮੈਜਿਸਟ੍ਰੇਟ-ਕਮ-ਜ਼ਿਲ੍ਹਾ ਚੋਣ ਅਫ਼ਸਰ ਫ਼ਰੀਦਕੋਟ ਸ੍ਰੀ ਵਿਨੀਤ ਕੁਮਾਰ ਨੇ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਤੇ ਲੋਕ ਪ੍ਰਤੀਨਿਧਤਾ ਐਕਟ 1951 ਦੇ ਸੈਕਸ਼ਨ 135 ਸੀ ਦੇ ਤਹਿਤ ਮਿਲੀ ਸ਼ਕਤੀ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫ਼ਰੀਦਕੋਟ ਦੇ ਜਿਨ੍ਹਾਂ ਪਿੰਡਾਂ ਵਿੱਚ ਗ੍ਰਾਮ ਪੰਚਾਇਤ ਚੋਣਾਂ ਕਰਾਈਆਂ ਜਾਣੀਆਂ ਹਨ, ਉਨ੍ਹਾਂ ਪਿੰਡਾਂ ਅੰਦਰ 15 ਅਕਤੂਬਰ (14 ਅਕੂਤਬਰ ਰਾਤ 12 ਵਜੇ) ਤੋਂ ਲੈ ਕੇ 16 ਅਕਤੂਬਰ ਨੂੰ ਸਵੇਰੇ 10 ਵਜੇ ਤੱਕ ਡਰਾਈ ਡੇਅ ਘੋਸ਼ਿਤ ਕਰਦੇ ਹੋਏ ਸ਼ਰਾਬ ਦੇ ਠੇਕੇ ਬੰਦ ਕਰਨ ਤੇ ਵਿਅਕਤੀਆਂ ਦੁਆਰਾ ਸ਼ਰਾਬ ਸਟੋਰ ਕਰਨ ਦੇ ਪੂਰਨ ਤੌਰ 'ਤੇ ਰੋਕ ਲਾਉਣ ਦੇ ਆਦੇਸ਼ ਜਾਰੀ ਕੀਤੇ ਹਨ।ਉਨ੍ਹਾਂ ਕਿਹਾ ਕਿ ਇਹ ਹੁਕਮ ਰੈਸਟੋਰੈਂਟਾਂ, ਕਲੱਬਾਂ ਤੇ ਸ਼ਰਾਬ ਦੇ ਅਹਾਤਿਆਂ ਜਿੱਥੇ ਸ਼ਰਾਬ ਵੇਚਣ ਅਤੇ ਪੀਣ ਦੀ ਕਾਨੂੰਨ ਇਜਾਜ਼ਤ ਹੈ 'ਤੇ ਵੀ ਪੂਰਨ ਤੌਰ 'ਤੇ ਲਾਗੂ ਹੋਣਗੇ।

## ਪੰਚਾਇਤ ਚੋਣਾਂ ਦੇ ਮੱਦੇਨਜ਼ਰ ਫਲੈਗ ਮਾਰਚ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਪੁਲਸ ਵੱਲੋਂ ਅੱਜ ਪੰਚਾਇਤ ਚੋਣਾਂ ਲਈ ਮੱਤਦਾਨ ਤੋਂ ਪਹਿਲਾਂ ਜ਼ਿਲ੍ਹੇ ਦੀਆਂ ਸਾਰੀਆਂ ਸਬ ਡਵੀਜ਼ਨਾਂ ਵਿੱਚ ਫਲੈਗ ਮਾਰਚ ਕੀਤੇ ਗਏ।ਸਬ ਡਵੀਜ਼ਨ ਫਾਜ਼ਿਲਕਾ ਵਿੱਚ ਫਲੈਗ ਮਾਰਚ ਦੀ ਅਗਵਾਈ ਮਾਨਯੋਗ ਡਿਪਟੀ ਕਮਿਸ਼ਨਰ ਫਾਜ਼ਿਲਕਾ ਅਮਰਪ੍ਰੀਤ ਕੌਰ ਸੰਧੂ ਤੇ ਜ਼ਿਲ੍ਹਾ ਪੁਲਸ ਮੁਖੀ ਵਰਿੰਦਰ ਸਿੰਘ ਬਰਾੜ ਨੇ ਕੀਤੀ।ਇਸ ਮਾਰਚ ਵਿੱਚ ਫਾਜ਼ਿਲਕਾ ਪੁਲਸ ਦੇ ਹੋਰ ਕਈ ਅਫਸਰਾਂ ਤੇ ਵੱਡੇ ਪੁਲਸ ਦਸਤਿਆਂ ਨੇ ਹਿੱਸਾ ਲਿਆ।ਡਿਪਟੀ ਕਮਿਸ਼ਨਰ ਅਮਨਪ੍ਰੀਤ ਕੌਰ ਸੰਧੂ ਨੇ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਪੰਚਾਇਤ ਚੋਣਾਂ ਦਾ ਮਤਦਾਨ 15 ਅਕਤੂਬਰ ਨੂੰ ਹੋਣ ਜਾ ਰਿਹਾ ਹੈ ਤੇ ਚੋਣਾਂ ਨੂੰ ਅਮਨ, ਅਮਾਨ ਤੇ ਨਿਰਪੱਖ ਢੰਗ ਨਾਲ ਕਰਵਾਉਣ ਲਈ ਸਾਰੇ ਪ੍ਰਬੰਧ ਪੂਰੇ ਕਰ ਲਏ ਗਏ ਹਨ।ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੇ ਮੁਤਾਬਕ ਸੁਰੱਖਿਆ ਪ੍ਰਬੰਧਾਂ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇਗਾ ਤੇ ਕਿਸੇ ਵੀ ਤਰ੍ਹਾਂ ਦੀ ਗ਼ਲਤ ਹਰਕਤ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਡਿਪਟੀ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਚੋਣਾਂ ਦੌਰਾਨ ਸਾਰੇ ਸ਼ਰਾਰਤੀ ਅਨਸਰਾਂ 'ਤੇ ਕੜੀ ਨਿਗਰਾਨੀ ਰੱਖਣ ਲਈ ਪੁਲਸ ਤੇ ਪ੍ਰਸ਼ਾਸਨ ਨੂੰ ਕਈ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ।ਜ਼ਿਲ੍ਹੇ ਦੇ ਸਾਰੇ ਹਲਕਿਆਂ ਵਿੱਚ ਪੁਲਸ ਫਲੈਗ ਮਾਰਚ ਕੀਤੇ ਜਾ ਰਹੇ ਹਨ ਤਾਂਕਿ ਲੋਕਾਂ ਵਿੱਚ ਵਿਸ਼ਵਾਸ ਪੈਦਾ ਹੋਵੇ ਅਤੇ ਉਹ ਆਪਣੇ ਮਤਦਾਨ ਹੱਕ ਦਾ ਇਸਤੇਮਾਲ ਬਿਨਾਂ ਕਿਸੇ ਡਰ ਜਾਂ ਦਬਾਅ ਦੇ ਕਰ ਸਕਣ।ਉਨ੍ਹਾ ਅਪੀਲ ਕੀਤੀ ਕਿ ਜਨਤਾ ਨੂੰ ਚੋਣਾਂ ਦੌਰਾਨ ਆਪਣੇ ਹੱਕਾਂ ਦੀ ਵਰਤੋਂ ਨਿਰਭੈਅ ਹੋ ਕੇ ਕਰਨੀ ਚਾਹੀਦੀ ਹੈ। ਇਸ ਮੌਕੇ ਐੱਸ ਐੱਸ ਪੀ ਵਰਿੰਦਰ ਸਿੰਘ ਬਰਾੜ ਨੇ ਕਿਹਾ ਕਿ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਚਾਇਤ ਚੋਣਾਂ ਨੂੰ ਪੂਰੀ ਤਰ੍ਹਾਂ ਅਮਨ ਤੇ ਨਿਰਪੱਖ ਤਰੀਕੇ ਨਾਲ ਕਰਵਾਉਣ ਲਈ ਸਾਰੇ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ।ਉਨ੍ਹਾ ਦੱਸਿਆ ਕਿ ਕਿਸੇ ਵੀ ਸ਼ਰਾਰਤੀ ਤੱਤ ਨੂੰ ਕਾਨੂੰਨ ਵਿਵਸਥਾ ਭੰਗ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ।ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ, ਭੈਅ ਜਾਂ ਦਬਾਅ ਦੇ ਆਪਣੇ ਮਤਦਾਨ ਦਾ ਇਸਤੇਮਾਲ ਕਰਨ।ਇਸੇ ਤਰ੍ਹਾਂ ਸਬ ਡਵੀਜ਼ਨ ਜਲਾਲਾਬਾਦ ਵਿੱਚ ਫਲੈਗ ਮਾਰਚ ਦੀ ਅਗਵਾਈ ਐੱਸ ਪੀ ਕਰਨਵੀਰ ਸਿੰਘ ਤੇ ਡੀ.ਐੱਸ.ਪੀ. ਸ੍ਰੀ ਜਤਿੰਦਰ ਸਿੰਘ ਵੱਲੋਂ ਅਤੇ ਸਬ ਡਵੀਜ਼ਨ ਅਬੋਹਰ ਵਿੱਚ ਡੀ.ਐੱਸ.ਪੀ. ਸ੍ਰੀ ਤੇਜਿੰਦਰਪਾਲ ਸਿੰਘ ਤੇ ਡੀ.ਐੱਸ.ਪੀ. ਸੁਖਵਿੰਦਰ ਸਿੰਘ ਦੀ ਅਗਵਾਈ ਵਿੱਚ ਫਲੈਗ ਮਾਰਚ ਕੱਢੇ ਗਏ।

## ਭਗਵਾਨ ਸ੍ਰੀ ਰਾਮ ਦਾ ਰਾਜ ਤਿਲਕ ਸਮਾਗਮ ਬਣਿਆ ਯਾਦਗਾਰ



**ਜਗਰਾਉਂ (ਅਮਿਤ ਖੰਨਾ)**-ਸ੍ਰੀ ਵੈਸ਼ਨੋ ਡਰਾਮੈਟਿਕ ਕਲੱਬ ਰਜਿਸਟਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਰਾਮ ਨਾਟਕ ਦਾ ਆਯੋਜਨ ਭੰਗੜ ਗੇਟ ਦੇ ਨਜ਼ਦੀਕ ਸਥਿਤ ਚੰਡੀਗੜ੍ਹ ਕਲੋਨੀ ਵਿਖੇ ਕੀਤਾ ਗਿਆ ਤੇ ਰਾਮ ਨਾਟਕ ਦਾ ਸਮਾਪਨ ਭਗਵਾਨ ਸ੍ਰੀ ਰਾਮ ਚੰਦਰ ਜੀ ਮਹਾਰਾਜ ਦੇ ਰਾਜ ਤਿਲਕ ਸਮਾਗਮ ਦੌਰਾਨ ਹੋਇਆ।ਰਾਜ ਤਿਲਕ ਸਮਾਗਮ ਦੌਰਾਨ ਰਾਜ ਤਿਲਕ ਦੀ ਰਸਮ ਹਲਕਾ ਜਗਰਾਉਂ ਦੀ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂਕੇ ਵੱਲੋਂ ਨਿਭਾਈ ਗਈ।ਸਮਾਗਮ ਦੌਰਾਨ ਹਲਕਾ ਵਿਧਾਇਕ ਬੀਬੀ ਮਾਣੂੰਕੇ ਨੇ ਰਾਮ ਨਾਟਕ ਵਿੱਚ ਭਾਗ ਲੈਣ ਵਾਲੇ ਕਲਾਕਾਰਾਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕਲੱਬ ਦੇ ਪ੍ਰਧਾਨ ਰਵਿੰਦਰ ਕੁਮਾਰ ਸਭੱਰਵਾਲ ਨੀਟਾ ਨੇ ਸ੍ਰੀ ਵੈਸ਼ਨੋ ਡਰਾਮੈਟਿਕ ਕਲੱਬ ਰਜਿਸਟਰ ਵੱਲੋਂ ਰਾਮ ਨਾਟਕ ਕਰਾਉਣ ਵਿੱਚ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ।

## ਹਰਸ਼ ਬਲੱਡ ਡੋਨਰ ਸੁਸਾਇਟੀ ਨੂੰ ਤੀਜੀ ਵਾਰ ਕੀਤਾ ਸਨਮਾਨਤ

**ਨਾਭਾ (ਵਰਿੰਦਰ ਵਰਮਾ)**-ਹਰਸ਼ ਬਲੱਡ ਡੋਨਰ ਸੁਸਾਇਟੀ ਰਜਿ. 1069 ਨਾਭਾ ਜ਼ਿਲ੍ਹਾ ਪਟਿਆਲਾ ਦੇ ਲਈ ਇਹ ਵੱਡੇ ਮਾਣ ਦੀ ਗੱਲ ਹੈ ਕਿ ਰਾਜ ਪੱਧਰੀ ਸਮਾਗਮ ਦੌਰਾਨ ਡਾਕਟਰ ਬਲਬੀਰ ਸਿੰਘ ਸਿਹਤ ਵਿਭਾਗ ਮੰਤਰੀ ਪੰਜਾਬ ਨੇ ਹਰਸ਼ ਬਲੱਡ ਡੋਨਰ ਸੋਸਾਇਟੀ ਦੇ ਕਾਰਜਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਰਾਜ ਪੱਧਰੀ ਲੈਵਲ 'ਤੇ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਭੁਵੇਸ਼ ਬਾਂਸਲ ਭਾਸ਼ੀ ਨੇ ਇਹ ਐਵਾਰਡ ਪ੍ਰਾਪਤ ਕਰਨ ਤੋਂ ਬਾਅਦ ਗੱਲਬਾਤ ਕਰਦੇ ਹੋਏ ਕਿਹਾ ਕਿ ਸਾਡੀ ਸੋਸਾਇਟੀ ਹਮੇਸ਼ਾ ਲੋੜਵੰਦਾਂ ਲਈ ਖ਼ੂਨ ਦਾ ਇੰਤਜ਼ਾਮ ਕਰਾਉਂਦੀ ਹੈ ਅਤੇ ਕਿਸੇ ਨੂੰ ਐਮਰਜੈਂਸੀ ਵਿੱਚ ਵੀਲ੍ਹ ਚੇਅਰ ਦੀ ਕੁੱਝ ਦਿਨ ਲੋੜ ਪੈਣ 'ਤੇ ਵਰਤਣ ਲਈ ਚਾਹੀਦੀ ਹੋਏ ਤਾਂ ਉਹ ਵੀ ਇੰਤਜ਼ਾਮ ਕਰਾ ਕੇ ਦਿੰਦੀ ਹੈ। ਸਾਡੀ ਸੁਸਾਇਟੀ ਖ਼ੂਨਦਾਨ ਦੇ ਲਈ ਹਮੇਸ਼ਾ ਮੋਹਰੀ ਹੋ ਕੇ ਕਾਰਜ ਕਰਦੀ ਰਹੇਗੀ, ਨਾਲ ਹੀ ਅਸੀਂ ਧੰਨਵਾਦੀ ਹਾਂ ਸਾਰੇ ਖ਼ੂਨਦਾਨੀਆਂ ਦੇ ਜਿਨ੍ਹਾਂ ਕਰਕੇ ਤੀਜੀ ਵਾਰ ਇਹ ਸਨਮਾਨ ਮਿਲਿਆ ਹੈ ਅਤੇ ਸਾਰੀ ਸੁਸਾਇਟੀ ਟੀਮ ਦਾ ਧੰਨਵਾਦ ਕਰਦਾ ਹਾਂ, ਜੋ ਹਮੇਸ਼ਾ ਹਰੇਕ ਕਾਰਜ ਵਿੱਚ ਸਹਿਯੋਗ ਦਿੰਦੇ ਰਹਿੰਦੇ ਹਨ।

## ਲੋੜਵੰਦ ਪਰਵਾਰ ਦੀ ਲੜਕੀ ਦਾ ਕੀਤਾ ਵਿਆਹ



**ਨਾਭਾ (ਵਰਿੰਦਰ ਵਰਮਾ)**-ਸ੍ਰੀ ਗੁਰੂ ਰਵਿਦਾਸ ਸੇਵਾ ਸੁਸਾਇਟੀ (ਰਜਿ) ਵੱਲੋਂ ਗੁਰਦੁਆਰਾ ਡੇਰਾ ਸ੍ਰੀ ਗੁਰੂ ਰਵਿਦਾਸ ਬੌੜਾਂ ਗੇਟ ਵਿਖੇ 13 ਅਕਤੂਬਰ ਨੂੰ ਲੋੜਵੰਦ ਪਰਿਵਾਰ ਦੀ ਲੜਕੀ ਦੇ ਆਨੰਦ ਕਾਰਜ ਗੁਰਮਰਿਆਦਾ ਅਨੁਸਾਰ ਕਰਾਏ ਗਏ, ਜਿਸ ਵਿੱਚ ਉਘੇ ਸਮਾਜ ਸੇਵਕ ਅਤੇ ਰਵਿਦਾਸ ਸੁਸਾਇਟੀ ਦੇ ਸਰਪ੍ਰਸਤ ਪ੍ਰੋ: ਰਵਿੰਦਰ ਸਿੰਘ ਬੀਰ ਵੱਲੋਂ ਵਿਸ਼ੇਸ਼ ਸਹਿਯੋਗ ਕੀਤਾ ਗਿਆ।ਇਸ ਮੌਕੇ ਸੁਸਾਇਟੀ ਮੈਂਬਰਾਂ ਤੇ ਸੰਗਤਾਂ ਵੱਲੋਂ ਵੀ ਸਹਿਯੋਗ ਕੀਤਾ ਗਿਆ, ਜਿਸ ਵਿੱਚ ਲੜਕੀ ਨੂੰ ਪੇਟੀ, ਬੈੱਡ, ਗੱਦੇ, ਫਰਿੱਜ, ਅਲਮਾਰੀ, ਪੱਖਾ, ਸੋਨੇ ਦੇ ਟੌਪਸ, ਲੜਕੀ ਲਈ 15 ਸੂਟ, 10 ਸੂਟ ਲੈਣ ਦੇਣ ਵਾਲੇ, ਲੜਕੇ ਲਈ ਘੜੀ, ਦੋ ਪੁਸ਼ਾਕਾਂ, ਡਿਨਰ ਸੈੱਟ ਪਲਾਸਟਿਕ ਅਤੇ ਸਟੀਲ ਦਾ, 7 ਬਿਸਤਰੇ, ਝਾਜਰਾਂ ਚਾਂਦੀ ਦੀਆਂ, 21 ਭਾਂਡੇ, ਡਬਲ ਬੈੱਡ ਚਾਦਰਾਂ 6 ਦਿੱਤੇ ਗਏ।ਹਲਵਾਈ ਦੀ ਡਿਊਟੀ ਕਰਮ ਸਿੰਘ ਵੱਲੋਂ ਨਿਭਾਈ ਗਏ। ਪ੍ਰੋ. ਰਵਿੰਦਰ ਸਿੰਘ ਬੀਰ ਦੇ ਵਿਸ਼ੇਸ਼ ਸਹਿਯੋਗ ਤੋਂ ਇਲਾਵਾ ਸੁਸਾਇਟੀ ਮੈਂਬਰਾਂ ਗੁਰਮੁੱਖ ਸਿੰਘ ਤੂੰਗਾਂ, ਰਵਿੰਦਰ ਸਿੰਘ, ਅਮਰ ਸਿੰਘ, ਰਾਮਧਨ ਸਿੰਘ ਰਾਮਗੜ੍ਹ, ਦਲਵੀਰ ਸਿੰਘ ਛੀਟਾਂਵਾਲਾ, ਹੰਸ ਰਾਜ ਮਹਿਮੀ, ਰਾਮ ਸਿੰਘ ਮਹਿਮੀ ਆਦਿ ਵੱਲੋਂ ਵੀ ਸਹਿਯੋਗ ਕੀਤਾ ਗਿਆ।ਇਸ ਮੌਕੇ ਮਾਸਟਰ ਅਮਰ ਸਿੰਘ ਟੋਡਰਵਾਲ ਨੇ ਦੱਸਿਆ ਕਿ ਸਮਾਜ ਸੇਵੀ ਪ੍ਰੋਫੈਸਰ ਰਵਿੰਦਰ ਵੀਰ ਸਿੰਘ ਵੱਲੋਂ ਲੋਕ ਭਲਾਈ ਦੇ ਕਾਰਜ ਵਧ-ਚੜ੍ਹ ਕੇ ਕੀਤੇ ਜਾਂਦੇ ਹਨ।

## ...ਸ.ਫ਼ਾ 1 ਦੇ ਬਾਕੀ

### ਕੇਂਦਰ ਨੇ ਮਿੱਲ ਮਾਲਕਾਂ...

ਮੁੱਦਾ ਉਠਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਗ੍ਰੇਡ-ਏ ਝੋਨੇ ਲਈ ਆਊਟ-ਟਰਨ ਅਨੁਪਾਤ 67 ਫੀਸਦੀ ਤੈਅ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਗ੍ਰੇਡ-ਏ ਝੋਨੇ ਦੀਆਂ ਰਵਾਇਤੀ ਕਿਸਮਾਂ ਲਈ ਪਾਣੀ ਦੀ ਜ਼ਿਆਦਾ ਖਪਤ ਨੂੰ ਧਿਆਨ ਵਿੱਚ ਰੱਖਦਿਆਂ ਸੂਬਾ ਸਰਕਾਰ ਨੇ ਰਾਜ ਵਿੱਚ ਕੁਝ ਹਾਈਬ੍ਰਿਡ ਕਿਸਮਾਂ ਦੀ ਕਾਸ਼ਤ ਨੂੰ ਉਤਸ਼ਾਹਿਤ ਕੀਤਾ ਹੈ। ਮਾਨ ਨੇ ਕੇਂਦਰੀ ਮੰਤਰੀ ਨੂੰ ਜਾਣੂੰ ਕਰਵਾਇਆ ਕਿ ਘੱਟ ਸਮੇਂ ਵਿੱਚ ਤਿਆਰ ਹੋਣ ਵਾਲੀਆਂ ਇਹ ਕਿਸਮਾਂ ਪਾਣੀ ਦੀ ਘੱਟ ਖਪਤ ਕਰਦੀਆਂ ਹਨ ਅਤੇ ਵੱਧ ਝਾੜ ਦਿੰਦੀਆਂ ਹਨ, ਜਿਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਸੁਭਾਵਿਕ ਹੈ।

ਮੁੱਖ ਮੰਤਰੀ ਨੇ ਦੱਸਿਆ ਕਿ ਮਿੱਲ ਮਾਲਕਾਂ ਨੇ ਜਾਣੂ ਕਰਵਾਇਆ ਹੈ ਕਿ ਇਨ੍ਹਾਂ ਕਿਸਮਾਂ ਦਾ ਆਊਟ-ਟਰਨ ਅਨੁਪਾਤ 67 ਫੀਸਦੀ ਤੋਂ ਘੱਟ ਹੈ, ਜਿਸ ਦਾ ਮੁੜ ਮੁਲਾਂਕਣ ਕੀਤੇ ਜਾਣ ਦੀ ਲੋੜ ਹੈ। ਉਨ੍ਹਾਂ ਕੇਂਦਰੀ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀਆਂ ਇਨ੍ਹਾਂ ਕਿਸਮਾਂ ਦੇ ਆਊਟ-ਟਰਨ ਅਨੁਪਾਤ ਦਾ ਅਧਿਐਨ ਕਰਨ ਲਈ ਕੇਂਦਰੀ ਟੀਮਾਂ ਨੂੰ ਤਾਇਨਾਤ ਕਰਨ। ਇਸ ਦੌਰਾਨ ਕੇਂਦਰੀ ਮੰਤਰੀ ਨੇ ਝੋਨੇ ਦੀਆਂ ਘੱਟ ਪਾਣੀ ਦੀ ਖਪਤ ਵਾਲੀਆਂ ਕਿਸਮਾਂ ਲਿਆਉਣ ਦੀ ਲੀਕ ਤੋਂ ਹਟਵੀਂ ਪਹਿਲਕਦਮੀ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ। ਉਨ੍ਹਾ ਅਜਿਹੀਆਂ ਹੋਰ ਕਿਸਮਾਂ ਨੂੰ ਉਤਸ਼ਾਹਤ ਕਰਨ ਲਈ ਸੂਬਾ ਸਰਕਾਰ ਦੀ ਪੂਰੀ ਹਮਾਇਤ ਕਰਨ ਤੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਮਾਨ ਨੇ ਕਿਹਾ ਕਿ ਪਿਛਲੇ ਪੰਜ ਸਾਲਾਂ/2019-20 ਤੋਂ ਆੜ੍ਹਤੀਆਂ ਨੂੰ ਦਿੱਤੇ ਜਾ ਰਹੇ ਕਮਿਸ਼ਨ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ, ਜਦਕਿ ਇਨ੍ਹਾਂ ਸਾਲਾਂ ਦੌਰਾਨ ਉਨ੍ਹਾਂ ਦੇ ਖ਼ਰਚੇ ਕਈ ਗੁਣਾ ਵਧ ਗਏ ਹਨ। ਉਨ੍ਹਾ ਕਿਹਾ ਕਿ ਭਾਰਤ ਸਰਕਾਰ ਵੱਲੋਂ ਫ਼ਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ ਹਰ ਸਾਲ ਵਧਾਇਆ ਜਾਂਦਾ ਹੈ, ਜਦਕਿ 2019-20 ਤੋਂ ਹੀ ਆੜ੍ਹਤੀਆਂ ਨੂੰ 45.38 ਤੋਂ 46 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਕਮਿਸ਼ਨ ਦਿੱਤਾ ਜਾ ਰਿਹਾ ਹੈ। ਹਾਲਾਂਕਿ ਪੰਜਾਬ ਰਾਜ ਖੇਤੀਬਾੜੀ ਉਤਪਾਦਨ ਮਾਰਕੀਟ ਕਮੇਟੀ ਐਕਟ ਦੇ ਨਿਯਮ ਅਤੇ ਉਪ-ਨਿਯਮਾਂ ਤਹਿਤ ਆੜ੍ਹਤੀਆਂ ਨੂੰ ਘੱਟੋ-ਘੱਟ ਸਮਰਥਨ ਮੁੱਲ 'ਤੇ 2.5% ਕਮਿਸ਼ਨ ਦੇਣ ਦੀ ਵਿਵਸਥਾ ਹੈ, ਜੋ ਮੌਜੂਦਾ ਸਾਉਣੀ ਸੀਜ਼ਨ ਵਿੱਚ 58 ਰੁਪਏ ਪ੍ਰਤੀ ਕੁਇੰਟਲ ਬਣਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਖਰੀਦ ਵਿੱਚ ਕੋਵਿਡ-19 ਮਹਾਂਮਾਰੀ ਆਦਿ ਜਿਹੀਆਂ ਚੁਣੌਤੀਆਂ ਦੇ ਬਾਵਜੂਦ ਲੇਬਰ ਦੀ ਘਾਟ, ਸੀਜ਼ਨ ਦੌਰਾਨ ਮੌਸਮ ਵਿੱਚ ਗੜਬੜੀ ਅਤੇ ਮਸ਼ੀਨੀ ਕਟਾਈ ਕਾਰਨ ਮੰਡੀਆਂ ਵਿੱਚ ਤੇਜ਼ੀ ਨਾਲ ਆਮਦ ਨੂੰ ਯਕੀਨੀ ਬਣਾਉਣ ਦੇ ਬਾਵਜੂਦ ਆੜ੍ਹਤੀਆਂ ਨੇ ਕੇਂਦਰੀ ਪੂਲ ਅਧੀਨ ਅਨਾਜ ਦੀ ਨਿਰਵਿਘਨ ਖ਼ਰੀਦ ਨੂੰ ਯਕੀਨੀ ਬਣਾਇਆ। ਮਾਨ ਨੇ ਕਿਹਾ ਕਿ ਸੂਬੇ ਵੱਲੋਂ ਪਿਛਲੇ ਤਿੰਨ ਸਾਲਾਂ ਤੋਂ ਹਰ ਸਾਲ ਕੇਂਦਰੀ ਪੂਲ ਵਿੱਚ 45-50 ਫੀਸਦੀ ਕਣਕ ਦਾ ਯੋਗਦਾਨ ਪਾ ਕੇ ਦੇਸ਼ ਦੀ ਖੁਰਾਕ ਸੁਰੱਖਿਆ ਵਿੱਚ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾ ਕਿਹਾ ਕਿ ਇਸ ਨਾਲ ਕਣਕ ਦੇ ਬਫ਼ਰ ਸਟਾਕ ਨੂੰ ਬਰਕਰਾਰ ਰੱਖਣ, ਖੁੱਲ੍ਹੀ ਮੰਡੀ ਵਿੱਚ ਕਣਕ ਅਤੇ ਆਟੇ ਦੀਆਂ ਕੀਮਤਾਂ ਨੂੰ ਕੰਟਰੋਲ ਕਰਨ ਅਤੇ ਮਹਿੰਗਾਈ ਨੂੰ ਰੋਕਣ ਵਿੱਚ ਮਦਦ ਮਿਲੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਆੜ੍ਹਤੀਆਂ ਦੇ ਕਮਿਸ਼ਨ ਵਿੱਚ ਕੋਈ ਵਾਧਾ ਨਾ ਹੋਣ ਕਾਰਨ ਜ਼ਮੀਨੀ ਪੱਧਰ 'ਤੇ ਆੜ੍ਹਤੀਆਂ ਵਿੱਚ ਭਾਰੀ ਰੋਸ ਹੈ। ਭਗਵੰਤ ਸਿੰਘ ਮਾਨ ਨੇ ਕੇਂਦਰੀ ਮੰਤਰੀ ਨੂੰ ਇਹ ਯਕੀਨੀ ਬਣਾਉਣ ਦੀ ਅਪੀਲ ਕੀਤੀ ਕਿ ਆੜ੍ਹਤੀਆਂ ਦੇ ਕਮਿਸ਼ਨ ਨੂੰ ਘੱਟੋ-ਘੱਟ ਸਮਰਥਨ ਮੁੱਲ ਦੇ 2.5 ਫੀਸਦੀ ਕਰਨ ਦੀ ਇਜਾਜ਼ਤ ਦਿੱਤੀ ਜਾਵੇ। ਕੇਂਦਰੀ ਮੰਤਰੀ ਨੇ ਭਗਵੰਤ ਸਿੰਘ ਮਾਨ ਨੂੰ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਤੇ ਆੜ੍ਹਤੀਆਂ ਦੀ ਇਸ ਮੰਗ ਨੂੰ ਅਗਲੀ ਮੀਟਿੰਗ ਵਿੱਚ ਹਮਦਰਦੀ ਨਾਲ ਵਿਚਾਰਿਆ ਜਾਵੇਗਾ।

### ਬਹਿਰਾਈਚ 'ਚ...

ਨਾਲ ਦੁਰਗਾ ਦੀ ਮੂਰਤੀ ਖੰਡਤ ਹੋਣ 'ਤੇ ਪੂਜਾ ਕਮੇਟੀ ਦੇ ਮੈਂਬਰਾਂ ਨੇ ਮੁਜ਼ਾਹਰਾ ਸ਼ੁਰੂ ਕਰ ਦਿੱਤਾ। ਦੂਜੇ ਫਿਰਕੇ ਦੇ ਲੋਕ 24 ਸਾਲਾ ਰਾਮ ਗੋਪਾਲ ਮਿਸ਼ਰਾ ਨੂੰ ਖਿੱਚ ਕੇ ਘਰ ਦੇ ਅੰਦਰ ਲੈ ਗਏ ਤੇ ਗੋਲੀ ਮਾਰ ਦਿੱਤੀ। ਪੂਰੇ ਬਹਿਰਾਈਚ ਜ਼ਿਲ੍ਹੇ ਵਿਚ ਹਿੰਸਾ ਦੀਆਂ ਖਬਰਾਂ ਸਨ। ਬਹਿਰਾਈਚ-ਲਖਨਊ ਤੇ ਬਹਿਰਾਈਚ-ਸੀਤਾਪੁਰ ਹਾਈਵੇ ਵੀ ਜਾਮ ਕਰ ਦਿੱਤੇ ਗਏ ਸਨ। ਇਹ ਫਿਰਕੂ ਫਸਾਦ ਉਦੋਂ ਹੋਏ ਹਨ, ਜਦੋਂ ਅਗਲੇ ਮਹੀਨੇ ਯੂ ਪੀ ਦੀਆਂ 10 ਅਸੰਬਲੀ ਸੀਟਾਂ ਲਈ ਜ਼ਿਮਨੀ ਚੋਣਾਂ ਹੋਣੀਆਂ ਹਨ।

### ਪ੍ਰੋ. ਸਾਈ ਬਾਬਾ ਦੇ ...

ਅੰਦਰ ਤਿਲ-ਤਿਲ ਕਰਕੇ ਮੌਤ ਦੇ ਮੂੰਹ ਧੱਕਣ ਬਾਰੇ ਆਪਣੇ ਹਲਫ਼ੀਆ ਬਿਆਨ ਵਿੱਚ ਜੇਲ੍ਹ ਤੋਂ ਬਾਹਰ ਆ ਕੇ ਸਾਈ ਬਾਬਾ ਨੇ ਕਿਹਾ ਸੀ, 'ਨਾਗਪੁਰ ਜੇਲ੍ਹ 'ਚੋਂ ਬਾਹਰ ਆਇਆ ਮੇਰਾ ਹੱਡੀਆਂ ਦੀ ਮੁੱਠ ਬਣਿਆ ਸਰੀਰ ਹੀ ਦਿਖਾਈ ਦਿੰਦਾ ਹੈ, ਅਣਮਨੁੱਖੀ ਹਾਲਤਾਂ, ਸਰੀਰਕ ਅਤੇ ਮਾਨਸਕ ਤਸ਼ੱਦਦ ਸਦਕਾ ਮੇਰੇ ਕਈ ਅੰਗ ਲੱਗਭੱਗ ਮਰ ਚੁੱਕੇ ਹਨ।'

ਦੇਸ਼ ਭਗਤ ਯਾਦਗਾਰ ਕਮੇਟੀ ਨੇ ਦੋਸ਼ ਲਾਇਆ ਹੈ ਕਿ ਜੇਲ੍ਹ ਦੇ ਮਾਨਵ ਵਿਰੋਧੀ ਹਾਲਾਤ, ਯੂ ਏ ਪੀ ਏ ਵਰਗੇ ਕਾਲ਼ੇ ਕਾਨੂੰਨ ਪ੍ਰੋ. ਸਾਈ ਬਾਬਾ ਨੂੰ ਸਾਡੇ ਕੋਲੋਂ ਖੋਹਣ ਦੇ ਜ਼ਿੰਮੇਵਾਰ ਹਨ। ਉਹਨਾਂ ਕਿਹਾ ਕਿ ਸਮਾਜਕ ਅਤੇ ਜਮਹੂਰੀ ਲਹਿਰ ਦੀ ਬੁਲੰਦ ਆਵਾਜ਼ ਸਟੇਨ ਸੁਆਮੀ ਅਤੇ ਭਰ ਜਵਾਨ ਆਦਿਵਾਸੀ ਕਾਰਕੁਨ ਪਾਂਡੂ ਨਰੋਟੇ ਵੀ ਏਸੇ ਤਰ੍ਹਾਂ ਜਮਹੂਰੀ ਲਹਿਰ ਕੋਲੋਂ ਖੋਹੇ ਗਏ ਹਨ। ਕਮੇਟੀ ਦਾ ਕਹਿਣਾ ਹੈ ਕਿ ਜਿਵੇਂ ਚੜ੍ਹਦੇ ਸੂਰਜ ਕਾਲ਼ੇ ਕਾਨੂੰਨਾਂ ਦਾ ਮੱਕੜ ਜਾਲ ਵਿਛਾਇਆ ਜਾ ਰਿਹਾ ਹੈ, ਜਿਵੇਂ ਜੇਲ੍ਹਾਂ ਅੰਦਰ ਕਲਮ, ਕਲਾ, ਜਮਹੂਰੀ, ਸਮਾਜਕ ਖੇਤਰ ਦੇ ਬੁੱਧੀਜੀਵੀਆਂ ਨਾਲ ਜਾਨ ਲੇਵਾ ਵਰਤਾਅ ਕੀਤਾ ਜਾ ਰਿਹਾ ਹੈ, ਭਵਿੱਖ ਵਿੱਚ ਸਾਈ ਬਾਬਾ ਦੇ ਵਿਛੋੜੇ ਵਰਗੀਆਂ ਹੋਰ ਵੀ ਦੁਖ਼ਦਾਈ ਖ਼ਬਰਾਂ ਸੁਣਨ ਨੂੰ ਮਿਲਣਗੀਆਂ।

ਕਮੇਟੀ ਨੇ ਜ਼ੋਰਦਾਰ ਮੰਗ ਕੀਤੀ ਕਿ ਸਭਨਾਂ ਬੁੱਧੀਜੀਵੀਆਂ, ਸਮਾਜਕ, ਜਮਹੂਰੀ ਕਾਮਿਆਂ ਨੂੰ ਬਿਨਾਂ ਸ਼ਰਤ ਤੁਰੰਤ ਰਿਹਾਅ ਕੀਤਾ ਜਾਏ। ਯੂ ਏ ਪੀ ਏ ਵਰਗੇ ਕਾਲ਼ੇ ਕਾਨੂੰਨ ਰੱਦ ਕੀਤੇ ਜਾਣ ਅਤੇ ਜਮਹੂਰੀ ਆਵਾਜ਼ ਦਾ ਗਲਾ ਘੁਟਣਾ ਬੰਦ ਕੀਤਾ ਜਾਏ। ਸੋਗ ਬੈਠਕ ਵਿੱਚ ਬਰਮਿੰਘਮ (ਯੂ ਕੇ) ਤੋਂ ਆਏ ਪਿਆਰਾ ਸਿੰਘ ਪੁਰੇਵਾਲ ਤੋਂ ਇਲਾਵਾ ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ ਅਤੇ ਸੁਰਿੰਦਰ ਕੁਮਾਰੀ ਕੋਛੜ ਨੇ ਵੀ ਪ੍ਰੋ. ਸਾਈ ਬਾਬਾ ਨੂੰ ਸ਼ਰਧਾਂਜਲੀ ਭੇਟ ਕੀਤੀ।

### ਹਿਜ਼ਬੁੱਲ੍ਹਾ ਦਾ ਇਜ਼ਰਾਈਲ...

ਇਜ਼ਰਾਈਲ ਵੱਲੋਂ ਐਤਵਾਰ ਰਾਤ ਕੀਤੇ ਗਏ ਹਵਾਈ ਹਮਲਿਆਂ ਵਿਚ 20 ਵਿਅਕਤੀਆਂ ਦੇ ਮਾਰੇ ਜਾਣ ਦੀ ਖਬਰ ਹੈ, ਜਿਨ੍ਹਾਂ ਵਿਚ ਇਕ ਸਕੂਲ 'ਚ ਸ਼ਰਨ ਲੈ ਰਹੇ ਕੁਝ ਬੱਚੇ ਵੀ ਸ਼ਾਮਲ ਹਨ। ਨੁਸੀਰਤ ਵਿਚ ਸਥਿਤ ਇਸ ਸਕੂਲ ਵਿਚ ਜੰਗ ਕਾਰਨ ਬੇਘਰ ਹੋਏ ਕੁਝ ਲੋਕ ਰੁਕੇ ਹੋਏ ਸਨ, ਜਿਹੜੇ ਹਮਲੇ ਦਾ ਸ਼ਿਕਾਰ ਹੋ ਗਏ।

## ਪੰਜਾਬੀ ਸਾਹਿਤ ਅਕਾਡਮੀ ਵੱਲੋਂ ਪ੍ਰੋ. ਜੀ ਐਨ ਸਾਈ ਬਾਬਾ ਦੇ ਦੇਹਾਂਤ 'ਤੇ ਦੁੱਖ ਪ੍ਰਗਟ

**ਲੁਧਿਆਣਾ (ਪੱਤਰ ਪ੍ਰੇਰਕ)**-ਪੰਜਾਬੀ ਸਾਹਿਤ ਅਕਾਡਮੀ ਦੇ ਅਹੁਦੇਦਾਰ, ਪ੍ਰਬੰਧਕੀ ਬੋਰਡ ਦੇ ਮੈਂਬਰ ਅਤੇ ਸਮੂਹ ਮੈਂਬਰਾਂ ਵਲੋਂ ਪ੍ਰੋ. ਜੀ.ਐਨ. ਸਾਈਬਾਬਾ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।ਪੰਜਾਬੀ ਸਾਹਿਤ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਕਿਹਾ ਕਿ ਉੱਘੇ ਮਨੁੱਖੀ ਅਧਿਕਾਰ ਕਾਰਕੁੰਨ ਤੇ ਦਿੱਲੀ, ਯੂਨੀਵਰਸਿਟੀ ਦੇ ਸਾਬਕਾ ਪ੍ਰੋ. ਜੀ. ਐਨ. ਸਾਈਬਾਬਾ ਨੇ ਇਕ ਮਨੁੱਖੀ ਅਧਿਕਾਰ ਕਾਰਕੁੰਨ ਦੇ ਰੂਪ ਵਿਚ ਆਪਣੀ ਪੂਰੀ ਜ਼ਿੰਦਗੀ ਲੋਕ ਘੋਲਾਂ ਵਿਚ ਸਰਗਰਮ ਭੂਮਿਕਾ ਨਿਭਾਈ ਸੀ।ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਤੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪ੍ਰੋ. ਜੀ. ਐਨ. ਸਾਈਬਾਬਾ ਗ਼ੈਰ ਕਾਨੂੰਨੀ ਕਾਰਵਾਈਆਂ ਰੋਕੂ ਕਾਨੂੰਨ (ਯੁਏਪੀਏ) ਤਹਿਤ ਲਗਪਗ 10 ਸਾਲ ਤੱਕ ਗ਼ੈਰ ਕਾਨੂੰਨੀ ਢੰਗ ਨਾਲ ਜੇਲ੍ਹ ਵਿਚ ਬੰਦ ਰਹੇ।ਉਨ੍ਹਾਂ ਦੀ ਬੇਵਕਤੀ ਮੌਤ ਇਕ ਸੰਸਥਾਗਤ ਕਤਲ, ਸਾਡੇ ਸਾਹਮਣੇ ਮਿਸਾਲ ਪੇਸ਼ ਕਰਦਾ ਹੈ ਕਿ ਮਨੁੱਖੀ ਅਧਿਕਾਰ, ਨਾਗਰਿਕ ਅਧਿਕਾਰ, ਜਮਹੂਰੀ ਅਧਿਕਾਰ ਭਾਰਤ ਵਿਚ ਸਿਰਫ਼ ਕਾਨੂੰਨੀ ਪਾਠ-ਪੁਸਤਕਾਂ ਵਿਚ ਲਿਖੇ ਸ਼ਬਦ ਮਾਤਰ ਹਨ।ਅਫ਼ਸੋਸ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਹੋਰਨਾਂ ਤੋਂ ਇਲਾਵਾ ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਗੁਰਭਜਨ ਸਿੰਘ ਗਿੱਲ, ਪ੍ਰੋ. ਰਵਿੰਦਰ ਭੱਠਲ, ਡਾ. ਲਖਵਿੰਦਰ ਜੌਹਲ, ਡਾ. ਅਨੂਪ ਸਿੰਘ, ਸੁਰਿੰਦਰ ਕੈਲੇ, ਡਾ. ਜੋਗਿੰਦਰ ਸਿੰਘ ਨਿਰਾਲਾ, ਬਲਬੀਰ ਮਾਧੋਪੁਰੀ, ਡਾ. ਗੁਰਇਕਬਾਲ ਸਿੰਘ, ਡਾ. ਅਰਵਿੰਦਰ ਕੌਰ ਕਾਕੜਾ, ਡਾ ਗੁਰਚਰਨ ਕੌਰ ਕੋਚਰ, ਜਨਮੇਜਾ ਸਿੰਘ ਜੌਹਲ, ਡਾ. ਹਰਵਿੰਦਰ ਸਿੰਘ, ਤ੍ਰੈਲੋਚਨ ਲੋਚੀ, ਜਸਪਾਲ ਮਾਨਖੇੜਾ, ਜਸਵੀਰ ਝੱਜ, ਡਾ. ਹਰੀ ਸਿੰਘ ਜਾਚਕ, ਸਹਿਜਪ੍ਰੀਤ ਸਿੰਘ ਮਾਂਗਟ, ਸ਼ਬਦੀਸ਼, ਸੰਜੀਵਨ ਸਿੰਘ, ਨਰਿੰਦਰਪਾਲ ਕੌਰ, ਵਾਹਿਦ (ਸਤਿਨਾਮ ਸਿੰਘ), ਸੰਤੋਖ ਸਿੰਘ ਸੁੱਖੀ, ਡਾ. ਹਰਜਿੰਦਰ ਸਿੰਘ, ਕੰਵਰਜੀਤ ਭੱਠਲ, ਵਰਗਿਸ ਸਲਾਮਤ, ਪ੍ਰੋ. ਸਰਘੀ, ਪ੍ਰੇਮ ਸਾਹਿਲ, ਪ੍ਰੋ. ਬਲਵਿੰਦਰ ਸਿੰਘ ਚਹਿਲ ਤੇ ਕਰਮਜੀਤ ਸਿੰਘ ਗਰੇਵਾਲ ਸਮੇਤ ਸਮੂਹ ਮੈਂਬਰ ਸ਼ਾਮਲ ਹਨ।

## ਪੈਨਸ਼ਨਰਜ਼ ਐਸੋਸੀਏਸ਼ਨ ਮੰਡਲ ਜ਼ੀਰਾ ਦੀ ਚੋਣ ਹੋਈ



**ਮੱਖੂ (ਰਛਪਾਲ ਸਿੰਘ ਸੰਧੂ)**-ਪੈਨਸ਼ਨਰਜ਼ ਐਸੋਸੀਏਸ਼ਨ ਜ਼ੀਰਾ ਦੀ ਸਾਥੀ ਰਛਪਾਲ ਸਿੰਘ ਸੰਧੂ ਸਰਕਲ ਸਕੱਤਰ ਫਿਰੋਜ਼ਪੁਰ ਦੀ ਅਗਵਾਈ ਵਿੱਚ ਹੋਈ ਚੋਣ ਬਾਰੇ ਸਾਥੀ ਗੁਰਜੰਟ ਸਿੰਘ ਔਲਖ ਪ੍ਰੈਸ ਸਕੱਤਰ ਮੰਡਲ ਜ਼ੀਰਾ ਨੇ ਦੱਸਿਆ ਕਿ ਇਸ ਚੋਣ ਵਿੱਚ ਸਰਬਸੰਮਤੀ ਨਾਲ ਜ਼ੀਰਾ ਮੰਡਲ ਦੇ ਪੈਟਰਨ ਮੁਖਤਿਆਰ ਸਿੰਘ ਬਰਾੜ ਜ਼ੀਰਾ, ਪ੍ਰਧਾਨ ਜੈ ਸ਼੍ਰੀ ਦੱਤ ਸ਼ਰਮਾ ਜ਼ੀਰਾ ਨੇ, ਸੀਨੀਅਰ ਮੀਤ ਪ੍ਰਧਾਨ ਬਖਸ਼ੀਸ਼ ਸਿੰਘ ਮੱਲਾਂਵਾਲਾ, ਮੀਤ ਪ੍ਰਧਾਨ ਸੁਖਵਿੰਦਰ ਸਿੰਘ ਘੁੱਦੂਵਾਲਾ, ਸਕੱਤਰ ਗੁਰਜੰਟ ਸਿੰਘ ਔਲਖ ਮੱਲਾਂਵਾਲਾ, ਮੀਤ ਸਕੱਤਰ ਇਕਬਾਲ ਸਿੰਘ ਤਲਵੰਡੀ ਭਾਈ, ਖਜਾਨਚੀ ਸਾਧੂ ਸਿੰਘ ਮੱਖੂ, ਐਡੀਟਰ ਦਲੀਪ ਸਿੰਘ ਤਲਵੰਡੀ ਭਾਈ, ਪ੍ਰਚਾਰ ਸਕੱਤਰ ਮੋਹਨ ਲਾਲ ਮੱਲਾਂਵਾਲਾ ਤੇ ਜਗੀਰ ਸਿੰਘ ਚੁਣੇ ਗਏ।

## ਵਿਦਿਆਰਥਣਾਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਪਿਛਲੇ ਦਿਨੀਂ 68ਵੀਆਂ ਰਾਜ ਪੱਧਰੀ ਪੰਜਾਬ ਸਕੂਲ ਖੇਡਾਂ, ਜੋ ਹੁਸ਼ਿਆਰਪੁਰ ਵਿਖੇ 6 ਤੋਂ 10 ਅਕਤੂਬਰ ਤੱਕ ਹੋਈਆਂ ਸਨ, ਇਨ੍ਹਾਂ ਖੇਡਾਂ ਵਿੱਚ ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਦੀਆਂ ਵਿਦਿਆਰਥਣਾਂ ਸੁਮਨਦੀਪ ਕੌਰ ਤੇ ਹਰਰੂਪ ਕੌਰ ਨੇ ਫੁੱਟਬਾਲ ਅੰਡਰ-14 ਵਿੱਚ ਸੰਗਰੂਰ ਜ਼ਿਲ੍ਹੇ ਵੱਲੋਂ ਖੇਡਦੇ ਹੋਏ ਭਾਗ ਲਿਆ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਪਹੁੰਚਣ ਤੇ ਸਕੂਲ ਮੁਖੀ ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ ਤੇ ਵਾਈਸ ਪ੍ਰਿੰਸੀਪਲ ਸੀਮਾ ਠਾਕੁਰ ਨੇ ਖਿਡਾਰਨਾਂ ਦਾ ਸਵਾਗਤ ਕੀਤਾ ਤੇ ਕਿਹਾ ਕਿ ਇਸ ਜਿੱਤ ਨਾਲ ਹੋਰ ਖਿਡਾਰੀਆਂ ਨੂੰ ਵੀ ਖੇਡ ਖੇਤਰ ਨਾਲ ਜੁੜਣ ਦੀ ਪ੍ਰੇਰਣਾ ਮਿਲੀ ਹੈ।ਇਸ ਮੌਕੇ ਡੀ.ਪੀ.ਈ. ਹਰਪ੍ਰੀਤ ਸਿੰਘ, ਕੁਲਵਿੰਦਰ ਕੌਰ ਤੇ ਭੁਪਿੰਦਰ ਕੌਰ ਵੀ ਹਾਜ਼ਰ ਸਨ।

## ਕਿਸਾਨਾਂ ਨੂੰ ਮੰਡੀਆਂ 'ਚ ਪ੍ਰੇਸ਼ਾਨ ਨਹੀਂ ਹੋਣ ਦਿੱਤਾ ਜਾਵੇਗਾ : ਚੇਅਰਮੈਨ ਗੀਤੀਮਾਨ



**ਚੀਮਾ ਮੰਡੀ (ਰਵਿੰਦਰ ਚੀਮਾ)**
ਝੋਨੇ ਦੀ ਫ਼ਸਲ ਤਕਰੀਬਨ ਸਾਰੇ ਪੰਜਾਬ ਵਿੱਚ ਆਉਣੀ ਸ਼ੁਰੂ ਹੋ ਗਈ ਹੈ।ਇਸੇ ਤਰ੍ਹਾਂ ਅਨਾਜ ਮੰਡੀ ਚੀਮਾ ਵਿਖੇ ਵੀ ਕਿਸਾਨ ਝੋਨਾ ਲੈ ਕੇ ਆ ਰਹੇ ਹਨ। ਸੀਜ਼ਨ ਦੀ ਪਹਿਲੀ ਬੋਲੀ ਸ਼ੁਰੂ ਹੋਈ, ਜਿਸ ਵਿੱਚ ਕਿਸਾਨਾਂ ਦੀਆਂ ਕਾਫੀ ਢੇਰੀਆਂ ਦੀ ਬੋਲੀ ਲਾਈ ਗਈ ਤੇ ਜਿਨਾਂ ਵਿੱਚ ਥੋੜੀ ਮੋਟੀ ਨਵੀਂ ਸੀ ਉਹਨਾਂ ਨੂੰ ਖਲਾਰ ਕੇ ਦੁਬਾਰਾ ਬੋਲੀ ਕਰਾਉਣ ਲਈ ਵੀ ਕਿਹਾ ਗਿਆ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਦਰਸ਼ਨ ਸਿੰਘ ਗੀਤੀਮਾਨ ਨੇ ਕਿਹਾ ਕਿ ਕਿਸਾਨਾਂ ਨੂੰ ਅਨਾਜ ਮੰਡੀਆਂ ਦੇ ਵਿੱਚ ਸਰਕਾਰ ਭਗਵੰਤ ਮਾਨ ਦੀ ਸਰਕਾਰ ਦੇ ਹਦਾਇਤਾਂ ਅਨੁਸਾਰ ਕਿਸੇ ਕਿਸਮ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ ਤੇ ਦਾਣਾ-ਦਾਣਾ ਮੰਡੀਆਂ ਵਿੱਚੋਂ ਚੁੱਕਿਆ ਜਾਵੇਗਾ।ਇਸ ਮੌਕੇ ਆੜ੍ਹਤੀਆ ਯੂਨੀਅਨ ਦੇ ਪ੍ਰਧਾਨ ਹਕੂਮਤ ਰਾਏ ਨੇ ਵੀ ਬੋਲੀ ਕਰਾਈ। ਉਨ੍ਹਾਂ ਤਸੱਲੀ ਪ੍ਰਗਟ ਕੀਤੀ ਤੇ ਕਿਹਾ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਜੋ ਕਿਸਾਨ ਮੰਡੀ ਵਿੱਚ ਸੁੱਕਾ ਝੋਨਾ ਲੈ ਕੇ ਆ ਰਹੇ ਹਨ, ਉਹਦੀ ਬੋਲੀ ਤੁਰੰਤ ਲੱਗ ਰਹੀ ਹੈ, ਸੋ ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਦੇ ਵਿੱਚ ਝੋਨਾ ਸੁੱਕਾ ਲੈ ਕੇ ਹੀ ਆਉਣ, ਜੇਕਰ ਉਹ ਗਿੱਲਾ ਝੋਨਾ ਲੈ ਕੇ ਆਉਂਦੇ ਹਨ ਤੇ ਉਸ ਦੇ ਨਾਲ ਕਿਸਾਨ ਆੜ੍ਹਤੀਆ ਅਤੇ ਸੈਲਰ ਵਾਲੇ ਸਾਰੇ ਹੀ ਪ੍ਰੇਸ਼ਾਨ ਹੁੰਦੇ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

15-Oct-PAGE-3.qxd 10/14/2024 10:52 PM Page 1



# ਗੁਰਦਾਸਪੁਰ-ਬਹਿਰਾਮਪੁਰ ਸੜਕ ਵਿਚਕਾਰ ਪਏ ਟੋਇਆਂ ਕਾਰਨ ਰਾਹਗੀਰਾਂ ਦਾ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ



**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ ਵਿਚਕਾਰ ਪਿੰਡ ਮਿਆਨੀ ਝਮੇਲਾ ਨਜ਼ਦੀਕ ਅਤੇ ਕਈ ਹੋਰਨਾਂ ਥਾਵਾਂ 'ਤੇ ਵੱਡੇ-ਵੱਡੇ ਟੋਇਆਂ ਦੀ ਮੁਰੰਮਤ ਨਾ ਕਰਕੇ ਪ੍ਰਸ਼ਾਸਨ ਕਿਸੇ ਵੱਡੇ ਹਾਦਸੇ ਦੀ ਉਡੀਕ ਵਿਚ ਦਿਖਾਈ ਦੇ ਰਿਹਾ ਹੈ। ਇਥੋਂ ਗੁਜ਼ਰਨ ਵਾਲੇ ਰਾਹਗੀਰਾਂ ਦਾ ਸੜਕ ਦੀ ਮੁਰੰਮਤ ਨਾ ਹੋਣ ਕਰਕੇ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਸੜਕ ਵਿਚਕਾਰ ਪਏ ਟੋਇਆਂ ਵਿਚ ਵਰਖਾ ਦਾ ਪਾਣੀ ਖੜ੍ਹਾ ਹੋਣ ਕਾਰਨ ਕਈ ਵਾਰ ਦੋ ਪਹੀਆ ਵਾਹਨ ਚਾਲਕ ਇਨ੍ਹਾਂ ਟੋਇਆਂ 'ਚ ਡਿਗ ਕੇ ਸੱਟਾਂ ਵੀ ਲਗਵਾ ਚੁੱਕੇ ਹਨ। ਉਨ੍ਹਾਂ ਕਿਹਾ ਇਸ ਸੜਕ ਰਾਹੀਂ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿਚ ਲੋਕ ਆਉਂਦੇ-ਜਾਂਦੇ ਹਨ ਅਤੇ ਸਾਰਾ ਦਿਨ ਇਸ ਆਵਜਾਈ ਚਲਦੀ ਰਹਿੰਦੀ ਹੈ। ਇਸ ਸੜਕ ਰਾਹੀਂ ਬਾਰਡਰ ਏਰੀਏ ਦੇ ਲੋਕ ਅਤੇ ਬਾਕੀ ਪਿੰਡਾਂ ਦੇ ਲੋਕ ਸ਼ਹਿਰ ਗੁਰਦਾਸਪੁਰ ਤੋਂ ਇਲਾਵਾ ਹੋਰਨਾਂ ਸ਼ਹਿਰਾਂ ਨੂੰ ਜਾਂਦੇ ਹਨ। ਬਾਰਡਰ ਏਰੀਆ ਹੋਣ ਕਰਕੇ ਇਹ ਸੜਕ ਆਪਣੇ ਆਪ ਵਿਚ ਇਹ ਅਹਿਮ ਭੂਮਿਕਾ ਰੱਖਦੀ ਹੈ। ਉਨ੍ਹਾਂ ਕਿਹਾ ਹੁਣ ਝੋਨੇ ਦਾ ਸੀਜ਼ਨ ਸ਼ੁਰੂ ਹੋ ਚੁੱਕਾ ਹੈ ਕਿ ਕਿਸਾਨਾਂ ਨੂੰ ਝੋਨੇ ਨਾਲ ਭਰੀਆਂ ਟਰਾਲੀਆਂ ਮੰਡੀਆਂ 'ਚ ਲਿਜਾਂਦੇ ਸਮੇਂ ਕਾਫ਼ੀ ਮੁਸ਼ਕਿਲ ਆਵੇਗੀ ਅਤੇ ਜੇਕਰ ਟੋਇਆਂ ਵਿਚ ਝੋਨੇ ਨਾਲ ਭਰੀ ਟਰਾਲੀ ਪਲਟ ਜਾਂਦੀ ਹੈ ਤਾਂ ਕਿਸਾਨਾਂ ਦਾ ਭਾਰੀ ਨੁਕਸਾਨ ਹੋ ਸਕਦਾ ਹੈ। ਲੋਕਾਂ ਦਾ ਕਹਿਣਾ ਹੈ ਕਿ ਅਕਸਰ ਹੀ ਦੇਖਣ ਆਉਂਦਾ ਹੈ ਕਿ ਜਦੋਂ ਕੋਈ ਵੱਡਾ ਸੜਕੀ ਹਾਦਸਾ ਵਾਪਰਦਾ ਹੈ ਤਾਂ ਪ੍ਰਸ਼ਾਸਨ ਹਰਕਤ ਵਿਚ ਆਉਂਦਾ ਹੈ ਜਦੋਂਕਿ ਸਮਾਂ ਰਹਿੰਦੇ ਸੜਕਾਂ ਦੀ ਮੁਰੰਮਤ ਨਹੀਂ ਕੀਤੀ ਜਾਂਦੀ। ਉਨ੍ਹਾਂ ਕਿਹਾ ਸਿੰਗਲ ਲਾਈਨ ਵਾਲੀ ਸੜਕ ਹੋਣ ਕਾਰਨ ਇਸ ਸੜਕ 'ਤੇ ਵੱਡੇ ਵਾਹਨਾਂ ਦਾ ਗੁਜ਼ਰਨਾ ਜਿੱਥੇ ਪਹਿਲਾਂ ਹੀ ਮੁਸ਼ਕਿਲ ਹੋਇਆ ਪਿਆ ਹੈ ਉਥੇ ਹੀ ਹੁਣ ਸੜਕ ਵਿਚਕਾਰ ਪਏ ਟੋਇਆਂ ਨੇ ਰਾਹਗੀਰਾਂ ਲਈ ਇਕ ਹੋਰ ਵੱਡੀ ਮੁਸੀਬਤ ਖੜ੍ਹੀ ਕਰ ਦਿੱਤੀ ਹੈ। ਇਲਾਕਾ ਵਾਸੀਆਂ ਨੇ ਪੰਜਾਬ ਸਰਕਾਰ ਤੇ ਸਬੰਧਤ ਵਿਭਾਗ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ ਵਿਚਕਾਰ ਪਿੰਡ ਮਿਆਨੀ ਝਮੇਲਾ ਨਜ਼ਦੀਕ ਤੇ ਹੋਰਨਾਂ ਕਈਆਂ ਥਾਵਾਂ 'ਤੇ ਪਏ ਟੋਇਆਂ ਦੀ ਮੁਰੰਮਤ ਪਹਿਲ ਦੇ ਆਧਾਰ 'ਤੇ ਕਾਰਵਾਈ ਜਾਵੇ।

# ਪਰਾਲੀ ਨਾ ਸਾੜਨ ਸੰਬੰਧੀ ਮਨਸੂਰ ਕੇ ਤੇ ਹੋਰ ਪਿੰਡਾਂ ਦੇ ਲੋਕਾਂ ਨੂੰ ਕੀਤਾ ਜਾਗਰੂਕ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਡਿਪਟੀ ਕਮਿਸ਼ਨਰ ਗੁਰਦਾਸਪੁਰ ਉਮਾ ਸ਼ੰਕਰ ਗੁਪਤਾ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਰਾਲੀ ਨਾ ਸਾੜਨ ਅਤੇ ਪਰਾਲੀ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਨ ਦੇ ਮੰਤਵ ਨਾਲ ਜਾਗਰੂਕਤਾ ਵੈਨਾਂ ਚਲਾਈਆਂ ਗਈਆਂ ਹਨ, ਜੋ ਅੱਜ ਬਲਾਕ ਕਾਦੀਆਂ ਦੇ ਪਿੰਡਾਂ ਮਨਸੂਰ ਕੇ, ਨਾਥਪੁਰ , ਰਾਮਪੁਰ, ਚੀਮਾ, ਭਿੱਟੇਵੱਡ, ਬਿੰਦ, ਧਾਰੀਵਾਲ, ਦੁਨੀਆ ਸੰਧੂ ਅਤੇ ਗਰੰਥਗੜ੍ਹ ਪਹੁੰਚੀਆਂ ਤੇ ਲੋਕਾਂ/ਕਿਸਾਨਾਂ ਨੂੰ ਜਾਗਰੂਕ ਕੀਤਾ।

ਇਸ ਸਬੰਧੀ ਜਾਣਕਾਰੀ ਐਸ ਡੀ ਐਮ ਬਟਾਲਾ ਵਿਕਰਮਜੀਤ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਤਿੰਨ ਪ੍ਰਚਾਰ ਵੈਨਾਂ ਰਵਾਨਾ ਚੱਲ ਰਹੀਆਂ ਹਨ ਅਤੇ ਜਾਗਰੂਕਤਾ ਵੈਨਾਂ ਰਾਹੀਂ ਝੋਨੇ ਦੀ ਪਰਾਲੀ ਨਾ ਸਾੜਨ ਦੇ ਨਾਲ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਵੈਨਾਂ ਲੋਕਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰ ਰਹੀਆਂ ਹਨ, ਜਿਨ੍ਹਾਂ ਵਿੱਚ ਆਡੀਓ ਸੰਦੇਸ਼ ਚਲਾਏ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਖੇਤਾਂ 'ਚ ਪਰਾਲੀ ਨੂੰ ਅੱਗ ਲਾਉਣ ਨੂੰ ਸਖ਼ਤੀ ਨਾਲ ਨਜਿੱਠਿਆ ਜਾਵੇਗਾ, ਕਿਉਂਕਿ ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਲਈ ਅਤਿ-ਆਧੁਨਿਕ ਮਸ਼ੀਨਰੀ ਦੇ ਪੂਰੇ ਪੁਖ਼ਤਾ ਇੰਤਜ਼ਾਮ ਹਨ, ਇਸ ਦੇ ਬਾਵਜੂਦ ਜੇਕਰ ਕਿਸੇ ਕਿਸਾਨ ਨੇ ਖੇਤਾਂ ਵਿੱਚ ਅੱਗ ਲਗਾਈ ਤਾਂ ਉਸ ਵਿਰੁੱਧ ਮਾਣਯੋਗ ਸੁਪਰੀਮ ਕੋਰਟ ਅਤੇ ਮਾਣਯੋਗ ਨੈਸ਼ਨਲ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਅਨੁਸਾਰ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਉਨ੍ਹਾਂ ਕਿਸਾਨਾਂ ਨੂੰ ਆਪਣੇ ਜੀਵਨ, ਵਾਤਾਵਰਣ ਤੇ ਧਰਤੀ ਨੂੰ ਸੰਭਾਲਣ ਲਈ ਪਰਾਲੀ ਨੂੰ ਬਿਨਾਂ ਅੱਗ ਲਗਾਏ ਸੰਭਾਲਣ ਜਾਂ ਜ਼ਮੀਨ ਵਿੱਚ ਹੀ ਵਾਹੁਣ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਦੋਵੇਂ ਤਕਨੀਕਾਂ ਨਾਲ ਪਰਾਲੀ ਦਾ ਨਿਪਟਾਰਾ ਕਰਨ ਨੂੰ ਯਕੀਨੀ ਬਣਾਉਣ ਲਈ ਉਪਲੱਬਧ ਮਸ਼ੀਨਰੀ ਦੀ ਪੂਰੀ ਸਮਰੱਥਾ ਨਾਲ ਵਰਤੋਂ ਕੀਤੀ ਜਾਵੇ।

# ਆਰ ਡੀ ਖੋਸਲਾ ਸਕੂਲ 'ਚ ਡਰਾਮਾ ਫੈਸਟੀਵਲ




**ਬਟਾਲਾ (ਤਰਲੋਕ ਬੱਗਾ)**- ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਗੁਰਦਾਸਪੁਰ ਵੱਲੋਂ ਇੰਡੀਅਨ ਇੰਟਰਨੈਸ਼ਨਲ ਰੂਰਲ ਕਲਚਰਲ ਸੈਂਟਰ, ਨਵੀਂ ਦਿੱਲੀ ਦੇ ਸਹਿਯੋਗ ਨਾਲ ਡਾਂਸ ਫੈਸਟੀਵਲ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ 'ਚ ਮਸ਼ਹੂਰ ਕੱਥਕ ਡਾਂਸਰ ਪ੍ਰਿਅੰਕਾ ਕਪਿਲ ਨੇ ਆਪਣੇ ਡਾਂਸ ਨਾਲ ਸਭ ਨੂੰ ਮੰਤਰ ਮੁਗਧ ਕਰ ਦਿੱਤਾ। ਇਸ ਦੌਰਾਨ ਮੰਚ 'ਤੇ ਤਬਲਾ ਵਾਦਕ ਨਿਸ਼ਿਤ ਗੰਗਾਨੀ ਅਤੇ ਗਾਇਕ ਹਰਸ਼ ਸੰਘੇਰਾ ਨੇ ਉਨ੍ਹਾਂ ਦਾ ਸਾਥ ਦਿੱਤਾ। ਹੈਰੀਟੇਜ ਕਮੇਟੀ ਦੇ ਚੇਅਰਮੈਨ ਰਾਜਕੁਮਾਰ ਸ਼ਰਮਾ ਨੇ ਕੱਥਕ ਨਾਚ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਭਾਰਤ ਇੱਕ ਵਿਭਿੰਨਤਾ ਵਾਲਾ ਦੇਸ਼ ਹੈ ਅਤੇ ਇੱਥੇ ਵੱਖ-ਵੱਖ ਤਰ੍ਹਾਂ ਦੇ ਨਾਚ ਹੁੰਦੇ ਹਨ, ਕੱਥਕ ਨਾਚ ਇੱਕ ਕਲਾਸੀਕਲ ਡਾਂਸ ਹੈ। ਇਸ ਥੀਏਟਰ ਫੈਸਟੀਵਲ ਵਿੱਚ ਉਨ੍ਹਾਂ ਨੇ ਭਾਰਤ ਦੇ ਲੋਕਾਂ ਨੂੰ ਭਾਰਤੀ ਸੱਭਿਅਤਾ ਅਤੇ ਸੱਭਿਆਚਾਰ ਪ੍ਰਤੀ ਜਾਗਰੂਕ ਕਰਦਿਆਂ ਕਿਹਾ ਕਿ ਪੰਜਾਬ ਦੀ ਧਰਤੀ ਦੀ ਉਪਜਾਊ ਸ਼ਕਤੀ ਦਿਨੋ-ਦਿਨ ਘਟਦੀ ਜਾ ਰਹੀ ਹੈ। ਸਾਨੂੰ ਸਾਰਿਆਂ ਨੂੰ ਮਿਲ ਕੇ ਉਪਰਾਲੇ ਕਰਨੇ ਪੈਣਗੇ ਤਾਂ ਜੋ ਵਾਤਾਵਰਣ ਅਤੇ ਜ਼ਮੀਨ 'ਤੇ ਪੈ ਰਹੇ ਮਾੜੇ ਪ੍ਰਭਾਵਾਂ ਨੂੰ ਦੂਰ ਕੀਤਾ ਜਾ ਸਕੇ। ਉਨ੍ਹਾਂ ਸਾਰਿਆਂ ਨੂੰ ਸਹੁੰ ਚੁਕਾਉਂਦੇ ਹੋਏ ਕਿਹਾ ਕਿ ਹਰੇਕ ਵਿਅਕਤੀ ਨੂੰ ਇਹ ਪ੍ਰਣ ਲੈਣਾ ਚਾਹੀਦਾ ਹੈ ਕਿ ਉਹ ਝੋਨੇ ਦੀ ਪਰਾਲੀ ਅਤੇ ਹੋਰ ਚੀਜ਼ਾਂ ਨੂੰ ਅੱਗ ਨਹੀਂ ਲਗਾਉਣਗੇ ਅਤੇ ਇਸ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਕਦਮਾਂ ਵਿੱਚ ਸਹਿਯੋਗ ਕਰਨਗੇ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਪ੍ਰੋਗਰਾਮ ਦੇ ਅੰਤ ਵਿੱਚ ਕਲਾਕਾਰਾਂ ਅਤੇ ਕਮੇਟੀ ਮੈਂਬਰਾਂ ਨੂੰ ਸਨਮਾਨਤ ਕੀਤਾ।

## ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ 'ਚ ਦੁਸਹਿਰੇ ਦਾ ਤਿਉਹਾਰ ਮਨਾਇਆ




**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ ਵਿਖੇ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਤਰਸੇਮ ਸਿੰਘ ਅਤੇ ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਦੁਸਹਿਰੇ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਬਰਿੰਦਰ ਜੋਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰੋਗਰਾਮ ਦੌਰਾਨ ਬੱਚਿਆਂ ਨੇ ਸ੍ਰੀ ਰਾਮ ਚੰਦਰ, ਮਾਤਾ ਸੀਤਾ, ਲਛਮਣ ਅਤੇ ਹਨੂੰਮਾਨ ਦੀਆਂ ਝਲਕੀਆਂ, ਨਾਟਕ ਅਤੇ ਗੀਤ ਪੇਸ਼ ਕੀਤੇ। ਉਨ੍ਹਾਂ ਨੇ ਦੁਸਹਿਰੇ ਬਾਰੇ ਬੱਚਿਆਂ ਨੂੰ ਜਾਣਕਾਰੀ ਦਿੰਦਿਆਂ ਕਿ ਇਹ ਤਿਉਹਾਰ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦੇ ਪ੍ਰਤੀਕ ਵਜੋਂ ਮਨਾਇਆ ਜਾਂਦਾ ਹੈ। ਉਨ੍ਹਾਂ ਨੇ ਬੱਚਿਆਂ ਨੂੰ ਹਮੇਸ਼ਾ ਸਚਾਈ ਤੇ ਚੰਗੇ ਰਸਤੇ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਸਕੂਲ ਦੇ ਸਾਰੇ ਸਭ ਬੱਚਿਆਂ ਤੇ ਸਟਾਫ ਨੂੰ ਦੁਸਹਿਰੇ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

## ਪ੍ਰੋਫੈਸਰ ਸੁਬੀਰ ਰਘਬੋਤਰਾ ਸ਼ਹੀਦ ਭਗਤ ਸਿੰਘ ਵੈਲਫੇਅਰ ਸੁਸਾਇਟੀ ਦੀਨਾਨਗਰ ਦੇ ਮੈਂਬਰ ਬਣੇ



**ਦੀਨਾਨਗਰ (ਸੰਜੀਵ)**- ਸ਼ਹੀਦ ਭਗਤ ਸਿੰਘ ਵੈਲਫੇਅਰ ਸੋਸਾਇਟੀ ਦੀਨਾਨਗਰ ਰਜਿ: ਦੇ ਪ੍ਰਧਾਨ ਰਮੇਸ਼ਪਾਲ ਦੀ ਪ੍ਰਧਾਨਗੀ ਹੇਠ ਅੱਜ ਇੱਕ ਵਿਸ਼ੇਸ਼ ਮੀਟਿੰਗ ਹੋਈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਪ੍ਰੋਫੈਸਰ ਸੁਬੀਰ ਰੱਗਗੋਤਰਾ ਨੂੰ ਸ਼ਹੀਦ ਭਗਤ ਸਿੰਘ ਵੈਲਫੇਅਰ ਸੋਸਾਇਟੀ ਦੀਨਾਨਗਰ ਦਾ ਮੈਂਬਰ ਨਿਯੁਕਤ ਕੀਤਾ ਗਿਆ। ਸੋਸਾਇਟੀ ਦੇ ਆਗੂਆਂ ਵੱਲੋਂ ਨਵ ਨਿਯੁਕਤ ਮੈਂਬਰ ਨੂੰ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਨਵ ਨਿਯੁਕਤ ਮੈਂਬਰ ਪ੍ਰੋਫੈਸਰ ਸੁਬੀਰ ਰੱਗਬੋਤਰਾ ਨੇ ਆਪਣੇ ਸੰਬੋਧਨ ਵਿੱਚ ਆਖਿਆ ਕਿ ਉਹ ਪੂਰੀ ਮਿਹਨਤ, ਲਗਨ ਤੇ ਇਮਾਨਦਾਰੀ ਨਾਲ ਸੁਸਾਇਟੀ ਲਈ ਕੰਮ ਕਰਨਗੇ, ਸ਼ਹੀਦਾਂ ਦੀ ਸੋਚ ਉੱਪਰ ਪਹਿਰਾ ਦਿੰਦੇ ਹੋਏ, ਸੋਸਾਇਟੀ ਦੁਆਰਾ ਉਲੀਕੇ ਗਏ ਪ੍ਰੋਗਰਾਮਾਂ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਉਣਗੇ। ਇਸ ਮੌਕੇ ਸੋਸਾਇਟੀ ਦੇ ਸੀਨੀਅਰ ਵਾਈਸ ਪ੍ਰਧਾਨ ਮਾਸਟਰ ਭਗਵਾਨ ਦਾਸ, ਕਿਰਪਾਲ ਸਿੰਘ, ਡਿੰਪਲ ਕੁਮਾਰ, ਦਰਸ਼ਨ ਕੁਮਾਰ, ਹਰਜਿੰਦਰ ਕੁਮਾਰ, ਬਲਵਿੰਦਰ ਸਿੰਘ, ਪਰਮਜੀਤ, ਸੁਨੀਲ ਕੁਮਾਰ, ਰਮੇਸ਼ ਚੰਦ, ਦਲਬੀਰ ਚੰਦ, ਦੀਪਕ ਸਿੰਗਲਾ, ਮੁਨੀਸ਼ ਕੁਮਾਰ, ਘਸੀਟਾ ਰਾਮ, ਰਾਜੇਸ਼ ਕੁਮਾਰ, ਸੁਖਦੇਵ ਸਿੰਘ, ਆਦਿ ਮੈਂਬਰ ਹਾਜ਼ਰ ਸਨ।

## ਹਵਾਲਾਤੀ ਪਾਸੋਂ ਮੋਬਾਇਲ ਬਰਾਮਦ

ਗੁਰਦਾਸਪੁਰ, 14 ਅਕਤੂਬਰ (ਜਨਕ ਮਹਾਜਨ)- ਕੇਂਦਰੀ ਜੇਲ੍ਹ ਗੁਰਦਾਸਪੁਰ ਵਿਚ ਬੰਦ ਹਵਾਲਾਤੀ ਪਾਸੋਂ ਇਕ ਮੋਬਾਈਲ ਫ਼ੋਨ ਬਰਾਮਦ ਕੀਤਾ ਗਿਆ। ਥਾਣਾ ਸਿਟੀ ਗੁਰਦਾਸਪੁਰ ਪੁਲਸ ਨੂੰ ਸੁਪਰਡੈਂਟ ਕੇਂਦਰੀ ਜੇਲ੍ਹ ਗੁਰਦਾਸਪੁਰ ਦਫ਼ਤਰ ਦੇ ਪੱਤਰ ਨੰਬਰ 8045 ਵਿਚ ਦੱਸਿਆ ਗਿਆ ਕਿ 13 ਅਕਤੂਬਰ ਨੂੰ ਹਵਾਲਾਤੀ ਅਪ੍ਰੈਲ ਸਿੰਘ ਉਰਫ ਸ਼ੇਰਾ ਪੁੱਤਰ ਕਰਮ ਸਿੰਘ ਫੋਨ 'ਤੇ ਗੱਲ ਕਰ ਰਿਹਾ ਸੀ ਜਿਸ ਪਾਸੋਂ ਇੱਕ ਮੋਬਾਇਲ ਫੋਨ ਬਰਾਮਦ ਹੋਇਆ ਹੈ। ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਉਕਤ ਹਵਾਲਾਤੀ ਖ਼ਿਲਾਫ਼ ਜ਼ੇਰੇ ਧਾਰਾ 52 ਏ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਖਰੀਦੇ ਝੋਨੇ ਦੀ ਕਿਸਾਨਾਂ ਨੂੰ 4.02 ਕਰੋੜ ਰੁਪਏ ਦੀ ਅਦਾਇਗੀ

**ਗੁਰਦਾਸਪੁਰ (ਜਨਕ ਮਹਾਜਨ)**- ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਆਮਦ ਦਿਨੋ ਦਿਨ ਵਧ ਰਹੀ ਹੈ ਅਤੇ ਖਰੀਦ ਏਜੰਸੀਆਂ ਵਲੋਂ ਫਸਲ ਦੀ ਖਰੀਦ ਕਰਨ ਦੇ ਨਾਲ ਮਿੱਥੇ ਸਮੇਂ ਅੰਦਰ ਫਸਲ ਦੀ ਅਦਾਇਗੀ ਵੀ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਪਨਗਰੇਨ ਵਲੋਂ 2568 ਮੀਟਰਕ ਟਨ, ਮਾਰਕਫੈੱਡ ਵਲੋਂ 1840 ਮੀਟਰਕ ਟਨ, ਪਨਸਪ ਵਲੋਂ 1533 ਮੀਟਰਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵਲੋਂ 674 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਗਈ। ਜ਼ਿਲ੍ਹੇ ਭਰ ਦੀਆਂ ਮੰਡੀਆਂ 'ਚ ਬੀਤੀ ਦੇਰ ਸ਼ਾਮ ਤੱਕ ਸਰਕਾਰੀ ਖਰੀਦ ਏਜੰਸੀਆਂ ਵਲੋਂ 6615 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖਰੀਦੇ ਗਏ ਝੋਨੇ ਬਦਲੇ ਕਿਸਾਨਾਂ ਨੂੰ ਅਦਾਇਗੀ ਵੀ ਨਾਲੋਂ-ਨਾਲ ਯਕੀਨੀ ਬਣਾਈ ਜਾ ਰਹੀ ਹੈ ਜਿਸ ਤਹਿਤ 4.02 ਕਰੋੜ ਰੁਪਏ ਦੀ ਅਦਾਇਗੀ ਹੋ ਚੁੱਕੀ ਹੈ ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੁੱਕਾ ਝੋਨਾ ਹੀ ਮੰਡੀਆਂ ਵਿਚ ਲੈ ਕੇ ਆਉਣ।

## ਪੰਚਾਇਤੀ ਚੋਣਾਂ ਦੇ ਮੱਦੇਨਜ਼ਰ ਫਲੈਗ ਮਾਰਚ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਮੰਗਲਵਾਰ ਨੂੰ ਹੋ ਰਹੀਆਂ ਪੰਚਾਇਤੀ ਚੋਣਾਂ ਦੌਰਾਨ ਕਿਸੇ ਵੀ ਅਣਸਖਾਵੀਂ ਘਟਨਾ ਨੂੰ ਰੋਕਣ ਲਈ ਪੰਜਾਬ ਪੁਲਿਸ ਪੂਰੀ ਤਰ੍ਹਾਂ ਸਤਰਕ ਹੈ। ਪੰਜਾਬ ਪੁਲਸ ਵੱਲੋਂ ਜ਼ਿਲ੍ਹੇ ਅੰਦਰ ਜਿੱਥੇ ਆਪਣੀ ਗਸ਼ਤ ਵਧਾ ਦਿੱਤੀ ਗਈ ਹੈ, ਉਥੇ ਪੁਲਸ ਵੱਲੋਂ ਲੋਕਾਂ ਦੇ ਅੰਦਰ ਕਿਸੇ ਵੀ ਡਰ ਅਤੇ ਭੈ ਨੂੰ ਖਤਮ ਕਰਨ ਲਈ ਜ਼ਿਲ੍ਹੇ ਭਰ ਦੇ ਅੰਦਰ ਫਲੈਗ ਮਾਰਚ ਕੀਤਾ ਜਾ ਰਿਹਾ ਹੈ। ਇਸੇ ਲੜੀ ਦੇ ਤਹਿਤ ਡੀ ਐਸ ਪੀ ਦਿਹਾਤੀ ਕੁਲਵੰਤ ਸਿੰਘ ਮਾਨ ਦੀ ਅਗਵਾਈ ਹੇਠ ਥਾਣਾ ਕਾਹਨੂੰਵਾਨ ਅਤੇ ਭੈਣੀ ਮੀਆਂ ਖਾਂ ਦੀ ਪੁਲਸ ਵੱਲੋਂ ਇਲਾਕੇ ਅੰਦਰ ਫਲੈਗ ਮਾਰਚ ਕੀਤਾ ਗਿਆ। ਇਸ ਫਲੈਗ ਮਾਰਚ ਦੀ ਅਗਵਾਈ ਕਰਦਿਆਂ ਹੋਇਆਂ ਡੀ ਐਸ ਪੀ ਕੁਲਵੰਤ ਸਿੰਘ ਮਾਨ ਨੇ ਦੱਸਿਆ ਕਿ ਪੰਚਾਇਤੀ ਚੋਣਾਂ ਦੌਰਾਨ ਕਿਸੇ ਵੀ ਅਣਖਾਵੀਂ ਘਟਨਾ ਰੋਕਣ ਲਈ ਪੁਲਸ ਪੂਰੀ ਤਰ੍ਹਾਂ ਮੁਸਤੈਦ ਰਹੇਗੀ। ਇਸ ਲਈ ਲੋਕ ਬਿਨਾਂ ਕਿਸੇ ਡਰ ਅਤੇ ਭੈ ਦੇ ਆਪਣੇ ਮੌਲਿਕ ਅਧਿਕਾਰ ਦੀ ਵਰਤੋਂ ਖੁੱਲ ਕੇ ਕਰਨ। ਡੀ ਐਸ ਪੀ ਮਾਨ ਨੇ ਦੱਸਿਆ ਕਿ ਹਲਕੇ ਅੰਦਰ ਕਾਨੂੰਨ ਵਿਵਸਥਾ ਨੂੰ ਬਹਾਰ ਰੱਖਣ ਲਈ ਪੁਲਸ ਵਚਨਬੱਧ ਹੈ ਅਤੇ ਇਸ ਦੌਰਾਨ ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥਾਂ ਦੇ ਵਿੱਚ ਲੈਣ ਦੀ ਪੁਲਸ ਇਜਾਜ਼ਤ ਨਹੀਂ ਦੇਵੇਗੀ। ਇਸ ਫਲੈਗ ਮਾਰਚ ਦੇ ਦੌਰਾਨ ਡੀ ਐਸ ਪੀ ਮਾਨ ਤੋਂ ਇਲਾਵਾ ਐਸ ਐਚ ਓ ਕੁਲਵਿੰਦਰ ਸਿੰਘ, ਏ ਐਸ ਆਈ ਦੇਸਰਾਜ, ਏ ਐਸ ਆਈ ਰਸ਼ਪਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪੁਲਸ ਮੁਲਾਜ਼ਮ ਮੌਜੂਦ ਰਹੇ।

# ਭਵਨਜ਼ ਐੱਸ ਐੱਲ 'ਚ 'ਕਲਾ ਸ਼ਤਕ ਉਤਸਵ' ਮਨਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਭਵਨਜ਼ ਐੱਸ.ਐੱਲ. ਪਬਲਿਕ ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਭਵਨਜ਼ ਸਕੂਲ ਦੇ ਵਿਹੜੇ ਵਿੱਚ 100ਵੇਂ ਮਾਸਿਕ ਸੱਭਿਆਚਾਰਕ ਪ੍ਰੋਗਰਾਮ 'ਕਲਾ ਸ਼ਤਕ ਉਤਸਵ' ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਸਕੂਲ ਪ੍ਰਬੰਧਕ ਕਮੇਟੀ ਦੀ ਤਰਫੋਂ ਭਵਨਜ਼ ਕਲਾ ਕੇਂਦਰ ਦੇ ਕੋਆਰਡੀਨੇਟਰ ਵਿਨੋਦ ਸ਼ਰਮਾ ਨੇ ਹਾਜ਼ਰੀਨ ਦਾ ਰਸਮੀ ਸਵਾਗਤ ਕੀਤਾ। ਮੁੱਖ ਮਹਿਮਾਨ ਗੁਰਜੀਤ ਸਿੰਘ ਔਜਲਾ (ਐੱਮ. ਪੀ.) ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ ਗਿਆ ਅਤੇ ਸਾਰੇ ਪ੍ਰਤਿਭਾਸ਼ਾਲੀ ਗਾਇਕਾਂ ਨੇ ਆਪਣੀ ਸੁਰੀਲੀ ਗਾਇਕੀ ਨਾਲ ਸਰੋਤਿਆਂ ਦਾ ਮਨ ਮੋਹ ਲਿਆ।ਉਪਰੰਤ ਸ੍ਰੀ ਬਾਲੀ, ਅਨੁਪਮਾ, ਇੰਦੂ ਬਾਲਾ ਸਹਿਗਲ, ਰਮੇਸ਼ ਭਗਤ, ਰਿਚਾ ਜੁਨੇਜਾ, ਹਰਿੰਦਰ ਧਵਨ, ਡਾ. ਏ.ਕੇ. ਭੰਡਾਰੀ, ਡਾ. ਮ੍ਰਿਦੂ, ਵਿਨੈ, ਮਹਿਕ ਮਲਹੋਤਰਾ, ਵਿਨੋਦ ਸ਼ਰਮਾ, ਅਸ਼ੋਕ ਸੇਠੀ, ਵਿਕਰਮ, ਅਜੇ ਸਹਿਗਲ, ਤਜਿੰਦਰ, ਦੀਪਕ, ਸ੍ਰੀਮਤੀ ਭਾਨੂ, ਸਿੰਮੀ, ਮੁੱਖ ਮਹਿਮਾਨ ਵੱਲੋਂ ਪਿੰਕੀ, ਦਵਿੰਦਰ, ਸੁਮਨ ਠਾਕੁਰ ਅਤੇ ਬਿਪਿਨ ਨੂੰ ਤੋਹਫੇ ਭੇਟ ਕੀਤੇ ਗਏ। ਭਵਨਜ਼ ਐੱਸ.ਐੱਲ. ਪਬਲਿਕ ਸਕੂਲ ਦੇ ਡਾਂਸ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਡਾਂਸ ਫਿਊਜ਼ਨ ਦੀ ਵਿਸ਼ੇਸ਼ ਪੇਸ਼ਕਾਰੀ ਵੀ ਕੀਤੀ ਗਈ। ਮੁੱਖ ਮਹਿਮਾਨ ਗੁਰਜੀਤ ਸਿੰਘ ਔਜਲਾ ਨੇ ਗਾਇਕਾਂ ਦੀ ਸ਼ਲਾਘਾ ਕੀਤੀ ਅਤੇ ਸਕੂਲ ਵਿੱਚ ਅਜਿਹੇ ਸਮਾਗਮ ਕਰਵਾਉਣ ਲਈ ਚੇਅਰਮੈਨ ਅਵਿਨਾਸ਼ ਮਹਿੰਦਰੂ ਅਤੇ ਡਾਇਰੈਕਟਰ ਡਾ. ਅਨੀਤਾ ਭੱਲਾ ਅਤੇ ਹੋਰ ਮੈਂਬਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਇਸ ਸ਼ਹਿਰ ਦੇ ਵਿਕਾਸ ਲਈ ਹਮੇਸ਼ਾ ਕੰਮ ਕਰਨਗੇ। ਚੇਅਰਮੈਨ ਅਵਿਨਾਸ਼ ਮਹਿੰਦਰੂ ਨੇ ਔਜਲਾ ਦੀ ਹਾਜ਼ਰੀ ਦੀ ਸ਼ਲਾਘਾ ਕੀਤੀ।

ਉਨ੍ਹਾਂ ਨੇ ਆਉਣ ਵਾਲੇ 101ਵੇਂ ਆਰਟਸ ਸੈਂਟਰ ਸਮਾਗਮ ਬਾਰੇ ਵੀ ਹਾਜ਼ਰੀਨ ਨੂੰ ਜਾਣਕਾਰੀ ਦਿੱਤੀ। ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ।

# ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦਾ ਵਫਦ ਵਧੀਕ ਨਿਗਰਾਨ ਇੰਜੀਨੀਅਰ ਨੂੰ ਮਿਲਿਆ

### ਬਿਜਲੀ ਕਾਮਿਆਂ ਦੀਆਂ ਪਰਾਲੀ ਸਾੜਨ ਤੋਂ ਰੋਕਣ ਲਈ ਲਾਈਆਂ ਡਿਊਟੀਆਂ ਰੱਦ ਕਰਨ ਦੀ ਕੀਤੀ ਮੰਗ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪੀ ਐੱਸ ਈ ਬੀ ਇਪਲਾਈਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਦੇ ਸੂਬਾ ਪੱਧਰੀ ਸੱਦੇ ਤੇ ਪਰਾਲੀ ਸਾੜਨ ਤੋਂ ਰੋਕਣ ਲਈ ਬਿਜਲੀ ਕਾਮਿਆਂ ਦੀਆਂ ਲਾਈਆਂ ਡਿਊਟੀਆਂ ਨੂੰ ਰੱਦ ਕਰਾਉਣ ਲਈ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦਾ ਵਫਦ ਮੰਡਲ ਪ੍ਰਧਾਨ ਸਾਥੀ ਸਾਹਿਬ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਵਧੀਕ ਨਿਗਰਾਨ ਇੰਜੀਨੀਅਰ ਮੰਡਲ ਗੁਰਦਾਸਪੁਰ ਨੂੰ ਮਿਲਿਆ ਅਤੇ ਮੰਗ ਪੱਤਰ ਦਿੱਤਾ। ਜਿਸ ਵਿੱਚ ਮੰਗ ਕੀਤੀ ਗਈ ਕਿ ਫੀਲਡ ਵਿਚ ਪਹਿਲਾਂ ਹੀ ਕਰਮਚਾਰੀਆਂ ਦੀ ਗਿਣਤੀ ਨਾਂ ਮਾਤਰ ਹੈ, ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਬਹਾਲ ਰੱਖਣ ਲਈ ਬਿਜਲੀ ਮੁਲਾਜ਼ਮ ਡਿਊਟੀ ਤੋਂ ਵੱਧ ਕੰਮ ਕਰ ਰਹੇ ਹਨ। ਦੂਸਰੇ ਪਾਸੇ ਪਾਵਰਕੌਮ ਦੀ ਮੈਨੇਜਮੈਂਟ ਵੱਲੋਂ ਬਿਜਲੀ ਕਾਮਿਆਂ ਦੀਆਂ ਡਿਊਟੀਆਂ ਪਰਾਲੀ ਸਾੜਨ ਤੋਂ ਰੋਕਣ ਲਈ ਲਾਈਆਂ ਗਈਆਂ ਹਨ। ਜਿਸ ਕਾਰਨ ਬਿਜਲੀ ਕਾਮਿਆਂ ਦਾਂ ਕਿਸਾਨਾਂ ਨਾਲ ਵੀ ਟਕਰਾਅ ਕਰਨ ਦੀ ਸਰਕਾਰ ਕੋਸ਼ਿਸ਼ ਕਰ ਰਹੀ ਹੈ, ਜਿਸ ਨੂੰ ਬਿਜਲੀ ਮੁਲਾਜ਼ਮ ਕਦੇ ਵੀ ਬਰਦਾਸਤ ਨਹੀਂ ਕਰਨਗੇ। ਵਫਦ ਵੱਲੋਂ ਪਾਵਰਕੌਮ ਦੀ ਮੈਨੇਜਮੈਂਟ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਬਿਜਲੀ ਕਾਮਿਆਂ ਦੀਆਂ ਲਾਈਆਂ ਡਿਊਟੀਆਂ ਰੱਦ ਨਾ ਕੀਤੀਆਂ ਤਾਂ ਜਥੇਬੰਦੀ ਸੰਘਰਸ਼ ਕਰਨ ਨੂੰ ਮਜਬੂਰ ਹੋਵੇਗੀ। ਵਧੀਕ ਨਿਗਰਾਨ ਇੰਜੀਨੀਅਰ ਮੰਡਲ ਗੁਰਦਾਸਪੁਰ ਵਲੋਂ ਜਥੇਬੰਦੀ ਨੂੰ ਵਿਸ਼ਵਾਸ ਦਿਵਾਇਆ ਹੈ ਕਿ ਇਸ ਸਬੰਧੀ ਜਿਹੜੇ ਕਰਮਚਾਰੀਆਂ ਡਿਊਟੀਆਂ ਲਗਾਈਆਂ ਗਈਆਂ ਹਨ, ਦੇ ਨਾਂ ਲਿਖ ਕੇ ਦਿਓ ਉਨ੍ਹਾਂ ਦੀਆਂ ਡਿਊਟੀਆਂ ਰੱਦ ਕਰਵਾ ਦਿੱਤੀਆਂ ਜਾਣਗੀਆਂ। ਵਫਦ ਵਿੱਚ ਬਲਵਿੰਦਰ ਉਦੀਪੁਰ, ਅਨਿਲ ਕੁਮਾਰ ਸ਼ਰਮਾ, ਬਲਵਿੰਦਰ ਸਿੰਘ ਸੋਹਲ, ਮਲਕੀਤ ਸਿੰਘ ਤਿੱਬਤ, ਸਤੀਸ਼ ਕੁਮਾਰ ਸੈਣੀ, ਬਲਕਾਰ ਸਿੰਘ, ਗੁਰਪਿੰਦਰ ਸਿੰਘ ਆਦਿ ਆਗੂ ਸ਼ਾਮਲ ਸਨ।

# ਫਰਾਂਸ 'ਚ ਦਸ ਪੰਜਾਬੀ ਨੌਜਵਾਨ ਭੱਟੀ ਦੀ ਪ੍ਰੇਰਨਾ ਸਦਕਾ ਅਕਾਲੀ ਦਲ 'ਚ ਹੋਏ ਸ਼ਾਮਲ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸ਼੍ਰੋਮਣੀ ਅਕਾਲੀ ਦਲ ਯੂਰਪ ਦੇ ਮੁਖੀ ਇਕਬਾਲ ਸਿੰਘ ਭੱਟੀ ਨੇ ਕਿਹਾ ਕਿ ਯੂਰਪ ਵੱਸਦੇ ਪੰਜਾਬੀਆਂ ਦਾ ਹੌਲੀ ਹੌਲੀ ਆਮ ਪਾਰਟੀ ਦੀ ਪੰਜਾਬ ਸਰਕਾਰ ਤੋਂ ਮੋਹ ਭੰਗ ਹੁੰਦਾ ਜਾ ਰਿਹਾ ਹੈ। ਜਿਹੜੇ ਵਾਅਦੇ ਕਰਕੇ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਸੀ, ਉਹ ਵਾਅਦੇ ਪੂਰੇ ਕਰਨ ਵਿੱਚ ਅਸਫਲ ਸਾਬਤ ਹੋਈ ਹੈ। ਪੰਜਾਬ ਵਿੱਚ ਨਸ਼ਿਆਂ ਦਾ ਬੰਦ ਨਾ ਹੋਣਾ, ਬੇਅਦਬੀਆਂ ਦੇ ਦੋਸ਼ੀਆਂ ਦਾ ਅਜੇ ਤੱਕ ਫੜਿਆ ਨਾ ਜਾਣਾ, ਔਰਤਾਂ ਨੂੰ ਹਜ਼ਾਰ ਹਜ਼ਾਰ ਰੁਪਿਆ ਪ੍ਰਤੀ ਮਹੀਨਾ ਨਾ ਦੇਣਾ ਆਦਿ ਕਰਕੇ ਐੱਨ.ਆਰ. ਆਈਜ਼ ਆਪਣੀ ਸੋਚ ਬਦਲ ਕੇ ਪੰਜਾਬ ਦੀ ਖੇਤਰੀ ਅਤੇ ਸਭ ਤੋਂ ਪੁਰਾਣੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਦੁਬਾਰਾ ਤਾਕਤ ਵਿੱਚ ਲਿਆਉਣ ਦਾ ਸੋਚ ਰਹੇ ਹਨ। ਐੱਨ.ਆਰ.ਆਈਜ਼ ਦੀ ਇਸੇ ਸੋਚ ਦਾ ਨਤੀਜੇ ਵਜੋਂ ਫਰਾਂਸ ਵੱਸਦੇ ਵੱਖੋ ਵੱਖ ਪਿੰਡਾਂ ਦੇ ਦਸ ਨੌਜਵਾਨਾਂ ਨੇ ਉਨ੍ਹਾਂ ਦੀ (ਸ਼੍ਰੋ.ਅ.ਦ. ਯੂਰਪ ਦੇ ਮੁਖੀ ਇਕਬਾਲ ਸਿੰਘ ਭੱਟੀ) ਦੀ ਪ੍ਰੇਰਨਾ ਸਦਕਾ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜ ਲਿਆ ਹੈ। ਭੱਟੀ ਨੇ ਅਕਾਲੀ ਪਾਰਟੀ 'ਚ ਸ਼ਾਮਲ ਹੋਣ ਵਾਲਿਆਂ ਸਾਹਿਬ ਸਿੰਘ ਬਾਦਲ, ਬੱਬੂ ਕਰਨੈਲ ਗੰਜ, ਸਾਗਰ ਕਰਨੈਲ ਗੰਜ, ਵੱਡਾ ਬੱਬੂ ਕਾਲੇ ਬਾਗੜੀਆਂ, ਮੌਂਟੀ ਕਰਨੈਲ ਗੰਜ, ਟਿੰਡਾ ਸੋਨੀ ਕਰਨੈਲਗੰਜ, ਟਿੰਕੂ ਕਰਨੈਲ ਗੰਜ, ਜੈਂਟੀ ਬੇਗੋਵਾਲ , ਕਾਕਾ ਲੁਬਾਣਾ ਕੁਮਰਾਵਾਂ, ਗੁਰਨਾਮ ਸਿੰਘ ਨੰਗਲ ਲੁਬਾਣਾ, ਸੁਰਜੀਤ ਸਿੰਘ ਮਾਣਾ ਆਦਿ ਦਾ ਪਾਰਟੀ ਵਿੱਚ ਆਉਣ 'ਤੇ ਸਵਾਗਤ ਕਰਦਿਆਂ ਸਾਰਿਆਂ ਦਾ ਸਿਰਪਾਓ ਪਾ ਕੇ ਸਨਮਾਨ ਕੀਤਾ। ਭੱਟੀ ਨੇ ਕਿਹਾ ਕਿ ਪਾਰਟੀ 'ਚ ਸ਼ਾਮਲ ਹੋਣ ਵਾਲਿਆਂ ਦਾ ਪੂਰਾ ਮਾਣ ਸਨਮਾਨ ਬਰਕਾਰ ਰੱਖਿਆ ਜਾਵੇਗਾ। ਪਾਰਟੀ 'ਚ ਸ਼ਾਮਲ ਹੋਣ ਵਾਲਿਆਂ ਨੇ ਭਰੋਸਾ ਦਿਵਾਇਆ ਕਿ ਉਹ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਮਜ਼ਬੂਤ ਕਰਨ ਲਈ ਯਤਨਸ਼ੀਲ ਉਪਰਾਲੇ ਕਰਨਗੇ।

# ਐੱਸ ਐੱਸ ਐੱਮ ਕਾਲਜ 'ਚ ਡੇਂਗੂ ਜਾਗਰੂਕਤਾ ਮੁਹਿੰਮ



**ਦੀਨਾਨਗਰ (ਸੰਜੀਵ)**-ਐੱਸ.ਐੱਸ.ਐੱਮ.ਕਾਲਜ ਦੀਨਾਨਗਰ ਵਿਖੇ ਪ੍ਰਿੰਸੀਪਲ ਡਾ. ਆਰ. ਕੇ. ਤੁਲੀ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਸ਼ਾਸਨ ਦੇ ਸਿਹਤ ਵਿਭਾਗ ਅਤੇ ਡੇਂਗੂ ਐਰੀਡੀਕੇਸ਼ਨ ਟੀਮ ਵੱਲੋਂ ਵੈੱਲਬਿੰਗ ਵਿਭਾਗ ਦੇ ਸਹਿਯੋਗ ਨਾਲ ਡੇਂਗੂ ਦੀ ਰੋਕਥਾਮ ਅਤੇ ਚੌਕਸੀ ਸਬੰਧੀ ਇੱਕ ਵਿਸ਼ੇਸ਼ ਮੁਹਿੰਮ ਚਲਾਈ ਗਈ, ਜਿਸ ਵਿੱਚ ਡੀਨ ਯੁਵਕ ਭਲਾਈ ਵਿਭਾਗ ਪ੍ਰੋ. ਪ੍ਰਬੋਧ ਗਰੋਵਰ ਨੇ ਸਿਹਤ ਵਿਭਾਗ ਦੇ ਮਲਟੀਪਰਪਜ਼ ਹੈਲਥ ਵਰਕਰਾਂ ਅਤੇ ਡੇਂਗੂ ਦੇ ਖਾਤਮੇ ਲਈ ਸੇਵਾਦਾਰ ਸ਼ਨਵਦੀਪ ਸਿੰਘ ਅਤੇ ਸੁਖਦੇਵ ਸਿੰਘ ਦਾ ਸਵਾਗਤ ਕੀਤਾ ਅਤੇ ਡੇਂਗੂ ਦੇ ਕਾਰਨਾਂ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਸਿਹਤ ਅਧਿਕਾਰੀਆਂ ਨੇ ਦੱਸਿਆ ਕਿ ਡੇਂਗੂ ਮੱਛਰ ਦਿਨ ਵੇਲੇ ਖੜ੍ਹੇ ਅਤੇ ਸਾਫ਼ ਪਾਣੀ ਵਿੱਚ ਡੰਗ ਮਾਰਦਾ ਹੈ, ਇਸ ਲਈ ਆਪਣੇ ਆਲੇ-ਦੁਆਲੇ ਅਤੇ ਘਰਾਂ ਵਿੱਚ ਕਿਤੇ ਵੀ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਇਸ ਦਾ ਇਲਾਜ ਹਰ ਸਿਹਤ ਕੇਂਦਰ ਵਿੱਚ ਮੁਫ਼ਤ ਉਪਲਬਧ ਹੈ। ਇਸ ਬਾਰੇ ਸੂਚਨਾ ਅਤੇ ਚੌਕਸੀ ਹੀ ਸੁਰੱਖਿਆ ਹੈ। ਸਿਹਤ ਵਿਭਾਗ ਦੀ ਟੀਮ ਨੇ ਕਾਲਜ ਕੈਂਪਸ ਦੇ ਵੱਖ-ਵੱਖ ਗਾਰਡਨ ਅਤੇ ਕੰਟੀਨ ਏਰੀਏ ਤੋਂ ਡੇਂਗੂ ਦੇ ਬੈਕਟੀਰੀਆ ਦੇ ਸੈਂਪਲ ਲਏ ਅਤੇ ਉਨ੍ਹਾਂ ਨੂੰ ਨਸ਼ਟ ਕਰ ਦਿੱਤਾ। ਉਨ੍ਹਾਂ ਇਸ ਸਬੰਧੀ ਅਧਿਆਪਕਾਂ ਨੂੰ ਵੀ ਡਿਜੀਟਲ ਐਪ ਰਾਹੀਂ ਜਾਣੂ ਕਰਵਾਇਆ ਅਤੇ ਹਰ ਸ਼ੁੱਕਰਵਾਰ ਡੇਂਗੂ ਜਾਗਰੂਕਤਾ ਪ੍ਰੋਗਰਾਮ ਕਰਵਾਉਣ ਲਈ ਕਿਹਾ।ਇਸ ਮੌਕੇ ਪ੍ਰੋ. ਅਮਰਪ੍ਰੀਤ ਕੌਰ, ਪ੍ਰੋ. ਰੇਣੂ, ਪ੍ਰੋ: ਸਾਜਨ ਬੇਦੀ, ਪ੍ਰੋ. ਯਸ਼ਪਾਲ, ਪ੍ਰੋ. ਅਮਿਤ, ਪ੍ਰੋ. ਰਜਤ ਮਹਾਜਨ, ਪ੍ਰੋ. ਰਜਨੀ, ਪ੍ਰੋ. ਕਾਜਲ, ਪ੍ਰੋ. ਹਰਪ੍ਰੀਤ ਸਿੰਘ ਹਾਜ਼ਰ ਸਨ।

# ਸਮੁੱਚੀਆਂ ਨਿਹੰਗ ਸਿੰਘ ਜਥੇਬੰਦੀਆਂ ਨੇ ਹਜ਼ੂਰ ਸਾਹਿਬ ਵਿਖੇ ਮਹੱਲਾ ਖੇਡਿਆ



**ਅੰਮ੍ਰਿਤਸਰ/ਹਜ਼ੂਰ ਸਾਹਿਬ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਾਵਨ ਪਵਿੱਤਰ ਅਸਥਾਨ, ਇਤਿਹਾਸਕ ਗੁਰਦੁਆਰਾ ਨਗੀਨਾ ਘਾਟ ਤੋਂ ਗੁ: ਬਾਉਲੀ ਸਾਹਿਬ ਦੀ ਗਰਾਊਂਡ ਤੱਕ ਦਸਮ ਪਾਤਸ਼ਾਹ ਦੀਆਂ ਲਾਡਲੀਆਂ ਫੌਜਾਂ ਨਿਹੰਗ ਸਿੰਘ ਦਲਾਂ ਵਲੋਂ ਸਾਂਝੇ ਤੌਰ ਤੇ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਵਲੋਂ ਬਖਸ਼ਿਸ਼ ਨਿਸ਼ਾਨ ਸਾਹਿਬ ਤੇ ਨਗਾਰਿਆਂ ਦੀ ਛਤਰ ਛਾਇਆ ਹੇਠ ਮਹੱਲਾ ਸਜਾਇਆ ਗਿਆ। ਪੁਰਾਤਨ ਰਵਾਇਤ ਮੁਤਾਬਕ ਮਹੱਲਾ ਦੀ ਅਗਵਾਈ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਵੰਤ ਸਿੰਘ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਚੱਕ੍ਰਵਰਤੀ ਨਿਹੰਗ ਸਿੰਘਾਂ ਦੇ 14ਵੇਂ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਬਾਬਾ ਜੱਸਾ ਸਿੰਘ ਦੀ ਅਗਵਾਈ ਵਿੱਚ ਭੇਜਿਆ ਬੁੱਢਾ ਦਲ ਦਾ ਨਿਹੰਗ ਸਿੰਘਾਂ ਦਾ ਜਥਾ ਸ਼ਾਮਲ ਹੋਇਆ ਅਤੇ ਤਰਨਾ ਦਲ ਸ਼ਹੀਦ ਮਿਸਲ ਬਾਬਾ ਦੀਪ ਸਿੰਘ ਬਾਬਾ ਬਕਾਲਾ ਦੇ ਮੁਖੀ ਬਾਬਾ ਜੋਗਾ ਸਿੰਘ, ਬਾਬਾ ਬਿਧੀਚੰਦ ਤਰਨਾ ਦਲ ਸੁਰਸਿੰਘ ਵੱਲੋਂ ਬਾਬਾ ਗੁਰਦੇਵ ਸਿੰਘ, ਬਾਬਾ ਬਿਧੀਚੰਦ ਤਰਨਾ ਦਲ ਸੁਰਸਿੰਘ ਦੇ ਮੁਖੀ ਬਾਬਾ ਅਵਤਾਰ ਸਿੰਘ, ਬਾਬਾ ਨਰਿੰਦਰ ਸਿੰਘ ਗੁ: ਲੰਗਰ ਸਾਹਿਬ ਕਾਰਸੇਵਾ ਵਾਲੇ, ਦਸ਼ਮੇਸ਼ ਤਰਨਾ ਦਲ ਬਾਬਾ ਮੇਜਰ ਸਿੰਘ, ਤਰਨਾ ਦਲ ਬਾਬਾ ਜੀਵਨ ਵੱਲਾ ਦੇ ਮੁਖੀ ਬਾਬਾ ਬਲਦੇਵ ਸਿੰਘ ਵਿਸ਼ੇਸ਼ ਤੌਰ ਤੇ ਨਿਹੰਗ ਦਲਾਂ ਨੇ ਸ਼ਮੂਲੀਅਤ ਕੀਤੀ। ਗੁਰਦੁਆਰਾ ਨਗੀਨਾ ਘਾਟ ਤੋਂ ਮਹੱਲੇ 'ਚ ਅਰੰਭਤਾ ਉਪਰੰਤ ਸਮੁੱਚੀਆਂ ਨਿਹੰਗ ਸਿੰਘਾਂ ਫੌਜਾਂ ਸੱਚਖੰਡ ਤਖ਼ਤ ਸ੍ਰੀ ਹਜ਼ੂਰ ਸਾਹਿਬ ਨਤਮਸਤਕ ਹੋਈਆਂ। ਸੁੰਦਰ ਦੁਮਾਲਿਆਂ ਤੇ ਚੱਕ੍ਰ, ਖੰਡੇ, ਚੰਦ, ਗੁਰਜ, ਸ਼ਿੰਗਾਰ, ਬਾਗਨਖਾ ਸਜਾਈ, ਛੋਟੀਆਂ ਵੱਡੀਆਂ ਕਿਰਪਾਨਾਂ ਪਹਿਨੀ, ਲੱਕ ਤੇ ਢਾਲਾਂ ਖੰਡੇ ਸਜਾਏ ਹੱਥਾਂ ਵਿੱਚ ਨੇਜੇ ਫੜੀ, ਨੀਲਿਆਂ, ਕੇਸਰੀ ਬਾਣਿਆਂ ਵਿੱਚ ਖਾਲਸਾਈ ਜੰਗੀ ਮਾਹੌਲ ਦਾ ਦ੍ਰਿਸ਼ ਪੇਸ਼ ਕਰ ਰਹੇ ਸਨ।

ਇਹ ਖਾਲਸਾਈ ਮਹੱਲਾ ਗੁਰਦੁਆਰਾ ਬਾਉਲੀ ਸਾਹਿਬ ਦੇ ਖੁੱਲ੍ਹੇ ਮੈਦਾਨ ਵਿਖੇ ਪੁੱਜਣ ਉਪਰੰਤ ਸੰਪੂਰਨ ਹੋਇਆ। ਨਿਹੰਗ ਸਿੰਘਾਂ ਨੇ ਇੱਕ ਤੋਂ ਦੋ, ਦੋ ਤੋਂ ਚਾਰ ਅਤੇ ਚਾਰ ਤੋਂ ਛੇ, ਛੇ ਘੋੜਿਆਂ ਤੇ ਖਲੋ ਕੇ ਘੋੜੇ ਦੌੜਾਏ ਅਤੇ ਵੱਧ ਤੋਂ ਵੱਧ ਕਿੱਲੇ ਪੁੱਟ ਕੇ ਇਨਾਮ ਪ੍ਰਾਪਤ ਕੀਤੇ। ਗਤਕੇ ਦੇ ਖੁੱਲ੍ਹੇ ਪ੍ਰਦਰਸ਼ਨ ਰਾਹੀਂ ਨਿਹੰਗ ਸਿੰਘਾਂ ਨੇ ਗਤਕੇ ਦੇ ਖੂਬ ਜੌਹਰ ਵਿਖਾਏ। ਇਸ ਉਪਰੰਤ ਬਾਬਾ ਬਲਬੀਰ ਸਿੰਘ 96 ਕਰੋੜੀ ਵਲੋਂ ਹੋਏ ਦਿਸ਼ਾ ਨਿਰਦੇਸ਼ਾਂ ਅਨੁਸਾਰ ਬਾਬਾ ਜੱਸਾ ਸਿੰਘ ਬੁੱਢਾ ਦਲ ਨੇ ਪੰਥਕ, ਧਾਰਮਿਕ ਸ਼ਖ਼ਸੀਅਤਾਂ ਨਾਲ ਵਿਸ਼ੇਸ਼ ਤੌਰ 'ਤੇ ਵਿਚਾਰ ਵਟਾਂਦਰਾ ਕੀਤਾ।

ਉਨ੍ਹਾਂ ਅਕਾਲੀ ਬੁੱਢਾ ਦਲ ਦੀਆਂ ਨਿਹੰਗ ਸਿੰਘ ਫੌਜਾਂ ਨਾਲ ਗੁਰਦੁਆਰਾ ਮਾਲ ਟੇਕਰੀ ਸਾਹਿਬ, ਗੁਰਦੁਆਰਾ ਸੰਗਤ ਸਾਹਿਬ, ਗੁਰਦੁਆਰਾ ਬਾਬਾ ਬੰਦਾ ਘਾਟ ਸਾਹਿਬ, ਗੁਰਦੁਆਰਾ ਨਗੀਨਾ ਘਾਟ ਸਾਹਿਬ, ਗੁਰਦੁਆਰਾ ਬਉਲੀ ਸਾਹਿਬ, ਗੁਰਦੁਆਰਾ ਲੰਗਰ ਸਾਹਿਬ ਆਦਿ ਅਸਥਾਨਾਂ ਤੇ ਨਤਮਸਤਕ ਹੋਏ।

## ਜੂਏ ਤੇ ਸੱਟੇ ਦਾ ਕਾਰੋਬਾਰ ਸ਼ਰੇਆਮ ਚੱਲ ਰਿਹਾ : ਨਈਅਰ



**ਬਟਾਲਾ (ਤਰਲੋਕ ਬੱਗਾ)**-ਸ਼ਿਵ ਸੈਨਾ ਬਾਲ ਠਾਕਰੇ ਦੀ ਇਕ ਹੰਗਾਮੀ ਮੀਟਿੰਗ ਪਾਰਟੀ ਦੇ ਪੰਜਾਬ ਦੇ ਉਪ ਪ੍ਰਧਾਨ ਰਮੇਸ਼ ਨਈਅਰ ਦੇ ਘਰ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਰਮੇਸ਼ ਨਈਅਰ ਨੇ ਕਿਹਾ ਕਿ ਬਟਾਲਾ ਵਿੱਚ ਜੂਏ ਅਤੇ ਸੱਟੇ ਦਾ ਕਾਰੋਬਾਰ ਸ਼ਰੇਆਮ ਚੱਲ ਰਿਹਾ ਹੈ, ਜਿਸ ਨਾਲ ਗਰੀਬ ਲੋਕਾਂ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ। ਲੋਕਾਂ ਨੂੰ ਵਿਆਜ ਵੀ ਦਿੱਤਾ ਜਾਂਦਾ ਹੈ। ਗਰੀਬਾਂ ਨੂੰ ਲੁੱਟਿਆ ਜਾ ਰਿਹਾ ਹੈ ਅਤੇ ਉਨ੍ਹਾਂ ਦੇ ਘਰ ਤਬਾਹ ਕੀਤੇ ਜਾ ਰਹੇ ਹਨ। ਬਟਾਲਾ ਦੇ ਐਸ.ਐਸ.ਪੀ ਸੁਹੇਲ ਕਾਸਿਮ ਮੀਰ ਤੋਂ ਮੰਗ ਕੀਤੀ ਗਈ ਹੈ ਕਿ ਨਜਾਇਜ਼ ਧੰਦੇ ਨੂੰ ਨੱਥ ਪਾਈ ਜਾਵੇ। ਰਮੇਸ਼ ਨਈਅਰ ਨੇ ਕਿਹਾ ਕਿ ਬਟਾਲਾ ਵਿੱਚ ਸ਼ਰੇਆਮ ਜੂਏ ਅਤੇ ਸੱਟੇ ਦਾ ਧੰਦਾ ਚੱਲ ਰਿਹਾ ਹੈ ਜੋ ਕਿ ਸ਼ਹਿਰ ਦੀ ਹਰ ਗਲੀ ਅਤੇ ਮੁਹੱਲੇ ਵਿੱਚ ਜੂਏ ਦੇ ਕਾਰੋਬਾਰੀ ਬਿਨਾਂ ਕਿਸੇ ਡਰ ਤੋਂ ਜੂਆ ਖੇਡ ਰਹੇ ਹਨ। ਰਮੇਸ਼ ਨਈਅਰ ਨੇ ਕਿਹਾ ਕਿ ਜੂਏ ਕਾਰਨ ਨੌਜਵਾਨ ਆਪਣੀ ਜ਼ਿੰਦਗੀ ਬਰਬਾਦ ਕਰ ਰਹੇ ਹਨ ਅਤੇ ਅਜਿਹੇ ਲੋਕਾਂ ਦੇ ਘਰ ਤਬਾਹ ਕਰ ਰਹੇ ਹਨ। ਨਈਅਰ ਨੇ ਕਿਹਾ ਕਿ ਜੂਏ ਵਿੱਚ ਫਸਣ ਕਾਰਨ ਕਈ ਪਰਵਾਰ ਬਰਬਾਦ ਹੋ ਚੁੱਕੇ ਹਨ। ਜੋ ਲੋਕ ਜੂਏ ਵਿੱਚ ਪੈਸੇ ਦੀ ਬਰਬਾਦੀ ਕਰਦੇ ਹਨ, ਉਹ ਇਸ ਗੈਰ-ਕਾਨੂੰਨੀ ਧੰਦੇ ਨੂੰ ਬੰਦ ਕਰਨ ਦੀ ਮੰਗ ਕਰਦੇ ਹਨ। ਨਈਅਰ ਨੇ ਪੁਲਸ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਪੁਲਸ ਪ੍ਰਸ਼ਾਸਨ ਜੂਏ ਅਤੇ ਸੱਟੇ ਦੇ ਕਾਰੋਬਾਰੀਆਂ ਨੂੰ ਰੋਕਣ ਵਿੱਚ ਅਸਫ਼ਲ ਰਿਹਾ ਤਾਂ ਗਾਂਧੀ ਚੌਕ ਜਾਮ ਕਰਕੇ ਪ੍ਰਦਰਸ਼ਨ ਕੀਤਾ ਜਾਵੇਗਾ।

# ਜੀ ਆਰ ਡੀ ਕਾਨਵੈਂਟ ਸਕੂਲ ਦੇ ਵਿਦਿਆਰਥੀ ਆਕਾਸ਼ਦੀਪ ਸਿੰਘ ਨੂੰ ਖੇਡਾਂ 'ਚ ਦੂਜਾ ਸਥਾਨ ਹਾਸਲ



ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)- ਜੀ ਆਰ ਡੀ ਕੌਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਆਕਾਸ਼ਦੀਪ ਸਿੰਘ ਨੇ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਵਿੱਚ ਦੂਜਾ ਸਥਾਨ ਕੀਤਾ ਹਾਸਲ ਕੀਤਾ। ਜੀ ਆਰ ਡੀ ਕੌਨਵੈਂਟ ਸੀਨੀਅਰ ਸੈਕੰਡਰੀ ਸਕੂਲ ਅਜਨਾਲਾ ਦੇ ਦਸਵੀਂ ਜਮਾਤ ਦੇ ਵਿਦਿਆਰਥੀ ਆਕਾਸ਼ਦੀਪ ਸਿੰਘ ਨੇ ਸਕੂਲ ਸਿੱਖਿਆ ਵਿਭਾਗ ਵੱਲੋਂ ਹੋਈਆਂ 68ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਮੋਹਾਲੀ ਵਿਖੇ ਅੰਡਰ 17 ਦੀ ਕਬੱਡੀ ਨੈਸ਼ਨਲ ਸਟਾਈਲ ਵਿੱਚ ਦੂਜਾ ਸਥਾਨ ਹਾਸਲ ਕੀਤਾ ਹੈ। ਸਕੂਲ ਦੇ ਪ੍ਰਿੰਸੀਪਲ ਗੁਰਦਰਸ਼ਨ ਬਜਾਜ ਅਤੇ ਐਮ ਡੀ ਸੰਤੋਸ਼ ਬਜਾਜ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਸਾਡੇ ਸਕੂਲ ਲਈ ਬੜੇ ਮਾਣ ਦੀ ਗੱਲ ਹੈ ਕਿ ਸਾਡੇ ਸਕੂਲ ਦੇ ਹੋਣਹਾਰ ਵਿਦਿਆਰਥੀ ਹਰ ਸਾਲ ਜ਼ਿਲ੍ਹਾ ਪੱਧਰ ਅਤੇ ਨੈਸ਼ਨਲ ਪੱਧਰ 'ਤੇ ਖੇਡਾਂ ਵਿੱਚ ਵੱਖ ਵੱਖ ਤਰ੍ਹਾਂ ਦੇ ਇਨਾਮ ਹਾਸਲ ਕਰਦੇ ਹਨ। ਇਸ ਵਾਰ ਸਕੂਲ ਦੇ 51 ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰ 'ਤੇ ਹੋਈਆਂ ਖੇਡਾਂ ਵਿੱਚ ਮੈਡਲ ਵੀ ਹਾਸਲ ਕੀਤੇ। ਸਕੂਲ ਪ੍ਰਿੰਸੀਪਲ ਗੁਰਦਰਸ਼ਨ ਬਾਜਾਜ ਨੇ ਆਕਾਸ਼ਦੀਪ ਸਿੰਘ ਨੂੰ ਅਤੇ ਉਨਾਂ ਦੇ ਪਰਵਾਰ ਨੂੰ ਬਹੁਤ ਬਹੁਤ ਵਧਾਈ ਦਿੱਤੀ ਤੇ ਮੂੰਹ ਵੀ ਮਿੱਠਾ ਕਰਵਾਇਆ। ਸਕੂਲ ਦੇ ਪ੍ਰਿੰਸੀਪਲ ਵੱਲੋਂ ਵਿਦਿਆਰਥੀ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਗੁਰਦਰਸ਼ਨ ਬਜਾਜ, ਐਮ ਡੀ ਸੰਤੋਸ਼ ਬਜਾਜ, ਸਕੂਲ ਦੇ ਅਧਿਆਪਕ ਦਿਲਪ੍ਰੀਤ ਕੌਰ, ਰਣਜੀਤ ਸਿੰਘ ਕੋਚ, ਰਜਿੰਦਰ ਕੌਰ ਗੰਥਗੜ੍ਹ, ਰੇਨੂੰ, ਜਸਦੀਪ ਕੌਰ, ਰਜਿੰਦਰ ਕੌਰ ਧੂਰੀਆਂ, ਮਨਪ੍ਰੀਤ ਕੌਰ, ਬਲਜਿੰਦਰ ਕੌਰ, ਪ੍ਰਭਜੋਤ ਕੌਰ, ਭਾਵਨਾ ਸਾਕਸ਼ੀ, ਕਵਿਤਾ, ਗੁਰਜਿੰਦਰ, ਸੁਮਿਤ, ਰਾਜਕੁਮਾਰ ਆਦਿ ਅਧਿਆਪਕ ਸ਼ਾਮਲ ਸਨ।

# ਬੱਚਿਆਂ ਨੂੰ ਟ੍ਰੈਫ਼ਿਕ ਨਿਯਮਾਂ ਤੋਂ ਕਰਵਾਇਆ ਜਾਣੂੰ

**ਗੁਰਦਾਸਪੁਰ (ਜਨਕ ਮਹਾਜਨ)**- ਟ੍ਰੈਫ਼ਿਕ ਪੁਲਿਸ ਐਜੂਕੇਸ਼ਨ ਸੈਲ ਵਲੋਂ ਟ੍ਰੈਫ਼ਿਕ ਜਾਗਰੂਕਤਾ ਸੈਮੀਨਾਰ ਟਰੈਟੀ ਪਬਲਿਕ ਸਕੂਲ ਵਿਖੇ ਲਗਾਇਆ ਗਿਆ ਜਿਸ ਵਿੱਚ ਵਿਦਿਆਰਥੀਆਂ ਤੇ ਸਮੂਹ ਸਟਾਫ ਨੂੰ ਟ੍ਰੈਫ਼ਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਨਾਬਾਲਗ ਬੱਚਿਆਂ ਦੇ ਡਰਾਈਵਿੰਗ ਕਰਨ 'ਤੇ ਹੋਣ ਵਾਲੀ ਕਨੂੰਨੀ ਕਾਰਵਾਈ ਬਾਰੇ, 16 ਸਾਲ ਤੋਂ 18 ਸਾਲ ਤੱਕ ਦੇ ਵਿਦਿਆਰਥੀਆਂ ਦੇ ਬਣਨ ਵਾਲੇ ਡਰਾਈਵਿੰਗ ਲਾਇਸੰਸ ਬਾਰੇ, ਟਰੈਫਿਕ ਚਲਾਨਾਂ ਤੇ ਜੁਰਮਾਨਾ ਬਾਰੇ ਅਤੇ ਡਰਾਈਵਿੰਗ ਲਾਇਸੈਂਸ ਦੀ ਅਹਿਮੀਅਤ ਬਾਰੇ ਜਾਣਕਾਰੀ ਦਿੱਤੀ ਗਈ। ਐਕਸੀਡੈਂਟਾਂ ਦੀ ਦਰ ਨੂੰ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਕੇ ਘੱਟ ਕੀਤਾ ਜਾ ਸਕਦਾ ਹੈ, ਸਾਊਂਡ ਪਿਲਾਊਸ਼ਨ ਬਾਰੇ, ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਫ਼ਰਿਸ਼ਤੇ ਸਕੀਮ ਬਾਰੇ ਐਕਸੀਡੈਂਟ ਪੀੜਤ ਦੀ ਮਦਦ ਕਰਕੇ ਗੁੱਡਸਮਾਟੀਨ ਬਣਨ ਲਈ ਪ੍ਰੇਰਿਤ ਕੀਤਾ ਗਿਆ। ਹੈਲਪ ਲਾਈਨ ਨੰਬਰ 112, 1033, 1930 ਬਾਰੇ ਜਾਗਰੂਕ ਕੀਤਾ ਗਿਆ। ਸੈਮੀਨਾਰ ਵਿੱਚ ਇੰਚਾਰਜ ਟਰੈਫਿਕ ਐਜੂਕੇਸ਼ਨ ਸੈਲ ਏ. ਐਸ. ਆਈ. ਜਸਵਿੰਦਰ ਸਿੰਘ, ਏ. ਐਸ. ਆਈ. ਸੁਭਾਸ਼ ਚੰਦਰ ਤੇ ਅਮਨਦੀਪ ਸਿੰਘ, ਪ੍ਰਿੰਸੀਪਲ ਅਨੀਤਾ ਮਹਾਜਨ, ਚੇਅਰਮੈਨ ਰਾਜ ਕੁਮਾਰ ਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਟੋਰਾਂਟੋ ਤੋਂ ਪੰਜਾਬ ਦਾ ਹਵਾਈ ਸਫਰ ਹੋਵੇਗਾ ਸੁਖਾਲਾ, ਕਤਰ ਏਅਰਵੇਜ਼ 'ਚ ਦੋਹਾ ਰਾਹੀਂ ਆਓ ਸਿੱਧਾ ਅੰਮ੍ਰਿਤਸਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਨੇ ਕਤਰ ਏਅਰਵੇਜ਼ ਦੀ ਟੋਰਾਂਟੋ ਤੋਂ ਦੋਹਾ ਵਾਸਤੇ 11 ਦਸੰਬਰ ਤੋਂ ਸ਼ੁਰੂ ਹੋਣ ਵਾਲੀ ਸਿੱਧੀ ਉਡਾਣ ਸੇਵਾ ਦੇ ਐਲਾਨ ਦਾ ਸਵਾਗਤ ਕੀਤਾ ਹੈ। ਕੈਨੇਡਾ ਤੋਂ ਪ੍ਰੈਸ ਨੂੰ ਜਾਰੀ ਇੱਕ ਸਾਂਝੇ ਬਿਆਨ ਵਿੱਚ ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਉੱਤਰੀ ਅਮਰੀਕਾ ਵਿੱਚ ਕਨਵੀਨਰ ਅਨੰਤਦੀਪ ਸਿੰਘ ਢਿੱਲੋਂ ਅਤੇ ਗਲੋਬਲ ਕਨਵੀਨਰ ਸਮੀਪ ਸਿੰਘ ਗੁਮਟਾਲਾ ਨੇ ਦੱਸਿਆ ਕਿ ਕਤਰ ਏਅਰਵੇਜ਼ ਦੀ ਇਹ ਨਵੀਂ ਉਡਾਣ ਟੋਰਾਂਟੋ ਨੂੰ ਦੋਹਾ ਰਾਹੀਂ ਸਿੱਧਾ ਅੰਮ੍ਰਿਤਸਰ ਨਾਲ ਸਿੱਧਾ ਜੋੜੇਗੀ, ਇਸ ਨਾਲ ਪੰਜਾਬੀਆਂ ਦਾ ਹਵਾਈ ਸਫਰ ਸੁਖਾਲਾ ਹੋ ਜਾਵੇਗਾ। ਢਿੱਲੋਂ ਅਨੁਸਾਰ ਅੰਮ੍ਰਿਤਸਰ ਤੋਂ ਕਤਰ ਏਅਰਵੇਜ਼ ਦੀ ਉਡਾਣ ਰੋਜ਼ਾਨਾ ਸਵੇਰੇ 4:10 ਵਜੇ ਰਵਾਨਾ ਹੋ ਕੇ ਸਵੇਰੇ 6:05 ਵਜੇ ਦੋਹਾ ਪਹੁੰਚਦੀ ਹੈ। ਦੋਹਾ ਪਹੁੰਚ ਕੇ 3 ਘੰਟੇ 45 ਮਿੰਟ ਬਾਅਦ, ਯਾਤਰੀ ਹਫਤੇ 'ਚ ਤਿੰਨ ਦਿਨ ਬੁੱਧਵਾਰ, ਸ਼ੁੱਕਰਵਾਰ ਅਤੇ ਐਤਵਾਰ ਸਵੇਰੇ 9:50 ਵਜੇ ਦੋਹਾ ਤੋਂ ਉਡਾਣ ਲੈ ਕੇ ਉਸੇ ਦਿਨ ਦੁਪਹਿਰ ਨੂੰ 3:55 ਵਜੇ ਟੋਰਾਂਟੋ ਪੁੱਜਣਗੇ। ਟੋਰਾਂਟੋ ਤੋਂ ਇਹ ਉਡਾਣ ਉਸੇ ਦਿਨ ਸ਼ਾਮ ਨੂੰ 8:00 ਵਜੇ ਰਵਾਨਾ ਹੋ ਕੇ ਅਗਲੇ ਦਿਨ ਸ਼ਾਮ ਨੂੰ 4:30 ਵਜੇ ਦੋਹਾ ਪਹੁੰਚੇਗੀ। ਇਸ ਉਪਰੰਤ ਯਾਤਰੀ ਰਾਤ ਦੇ 8:40 ਵਜੇ ਉਡਾਣ ਲੈ ਕੇ ਅਗਲੇ ਦਿਨ ਦੀ ਸਵੇਰ ਨੂੰ 2:40 ਵਜੇ ਅੰਮ੍ਰਿਤਸਰ ਪਹੁੰਚ ਜਾਣਗੇ। ਇੰਜ ਅੰਮ੍ਰਿਤਸਰ-ਟੋਰਾਂਟੋ ਵਿਚਕਾਰ ਹਵਾਈ ਯਾਤਰਾ ਸਿਰਫ 20 ਘੰਟਿਆਂ 'ਚ ਪੂਰੀ ਹੋ ਜਾਏਗੀ, ਨਾਲ ਹੀ ਸਮਾਨ ਜਮ੍ਹਾ ਕਰਾਉਣਾ ਤੇ ਲੈਣਾ ਅਤੇ ਇਮੀਗਰੇਸ਼ਨ ਸਿਰਫ ਅੰਮ੍ਰਿਤਸਰ ਅਤੇ ਟੋਰਾਂਟੋ 'ਚ ਹੀ ਹੋਵੇਗੀ। ਉਹਨਾਂ ਅੱਗੇ ਦੱਸਿਆ, "ਕਤਰ ਏਅਰਵੇਜ਼ ਅੰਮ੍ਰਿਤਸਰ ਤੋਂ ਰੋਜ਼ਾਨਾ ਸਿੱਧੀਆਂ ਉਡਾਨਾਂ ਦਾ ਸੰਚਾਲਨ ਪਿਛਲੇ ਕਈ ਸਾਲਾਂ ਤੋਂ ਕਰ ਰਹੀ ਹੈ, ਜੋ ਕਿ ਦੋਹਾ ਰਾਹੀਂ ਅਮਰੀਕਾ ਦੇ 9 ਹਵਾਈ ਅੱਡਿਆਂ ਅਤੇ ਕੈਨੇਡਾ ਦੇ ਮਾਂਟਰੀਅਲ ਹਵਾਈ ਅੱਡੇ ਨਾਲ ਜੋੜਦੀਆਂ ਹਨ। ਇਸ ਨਵੀਂ ਉਡਾਣ ਦੇ ਸ਼ੁਰੂ ਹੋਣ ਨਾਲ ਅੰਮ੍ਰਿਤਸਰ ਤੋਂ ਹੁਣ ਦੋਹਾ ਰਾਹੀਂ ਕੈਨੇਡਾ ਵਿੱਚ ਮਾਂਟਰੀਅਲ ਅਤੇ ਟੋਰਾਂਟੋ ਲਈ ਹਫਤੇ 'ਚ 10 ਹੋ ਜਾਣਗੀਆਂ। ਕਤਰ ਏਅਰਵੇਜ਼ ਇੱਥੋਂ ਫਿਰ ਏਅਰ ਕੈਨੇਡਾ ਰਾਹੀਂ ਕੈਨੇਡਾ ਦੇ ਬਾਕੀ ਸ਼ਹਿਰਾਂ ਨਾਲ ਜੋੜਦੀ ਹੈ।"ਪੰਜਾਬੀਆਂ ਲਈ ਇਸ ਵੇਲੇ ਦਿੱਲੀ ਦੀ ਖੱਜਲ-ਖੁਆਰੀ ਤੋਂ ਬਚਣ ਲਈ ਇੱਕੋ-ਇੱਕ ਵਿਕਲਪ ਅੰਮ੍ਰਿਤਸਰ ਤੋਂ ਮਿਲਾਨ ਰਾਹੀਂ ਇਟਲੀ ਦੀ ਨਿਓਸ ਏਅਰ ਦੀ ਟੋਰਾਂਟੋ ਲਈ ਉਡਾਣ ਹੈ। ਗੁਮਟਾਲਾ ਨੇ ਇਸ ਸੰਬੰਧੀ ਦੱਸਿਆ ਕਿ ਨਿਓਸ ਏਅਰ ਨੇ ਵੀ ਸਰਦੀਆਂ ਦੀਆਂ ਛੁੱਟੀਆਂ ਨੂੰ ਧਿਆਨ 'ਚ ਰੱਖਦੇ ਹੋਏ ਦਸੰਬਰ ਮਹੀਨੇ ਵਾਸਤੇ ਟੋਰਾਂਟੋ ਲਈ ਆਪਣੀਆਂ ਉਡਾਨਾਂ ਦੀ ਗਿਣਤੀ ਨੂੰ ਹਫਤੇ 'ਚ ਦੋ ਤੋਂ ਵਧਾ ਕੇ ਚਾਰ ਕਰ ਦਿੱਤੀਆਂ ਹਨ। ਹੁਣ ਟੋਰਾਂਟੋ ਤੋਂ ਕਤਰ ਏਅਰਵੇਜ਼ ਦੀ ਉਡਾਣ ਸ਼ੁਰੂ ਹੋਣ ਨਾਲ ਪੰਜਾਬੀਆਂ ਲਈ ਟੋਰਾਂਟੋ ਵਾਸਤੇ ਇੱਕ ਹੋਰ ਵਿਕਲਪ ਜੁੜ ਗਿਆ ਹੈ।" ਗੁਮਟਾਲਾ ਨੇ ਕਿਹਾ, "ਗੌਰਤਲਬ ਹੈ ਕਿ ਏਅਰ ਇੰਡੀਆ ਪੰਜਾਬੀਆਂ ਦੀ ਲੰਮੇ ਸਮੇਂ ਤੋਂ ਕੈਨੇਡਾ ਲਈ ਸਿੱਧੀਆਂ ਉਡਾਨਾਂ ਦੀ ਮੰਗ ਨੂੰ ਨਜ਼ਰਅੰਦਾਜ਼ ਕਰ ਦਿੱਲੀ ਤੋਂ ਇਹਨਾਂ ਉਡਾਨਾਂ ਦੀ ਗਿਣਤੀ ਨੂੰ ਵਧਾ ਰਹੀ ਹੈ। ਪੰਜਾਬ ਆਉਣ ਜਾਣ ਵਾਲੇ ਯਾਤਰੀਆਂ ਨੂੰ ਦਿੱਲੀ ਦੇ ਰਸਤੇ ਯਾਤਰਾ ਕਰਨ ਵਿੱਚ ਬਹੁਤ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈਂਦਾ ਹੈ ਜਿਸ ਵਿੱਚ ਲੰਬੀਆਂ ਇਮੀਗ੍ਰੇਸ਼ਨ ਲਾਈਨਾਂ, ਸਮਾਨ ਲੈਣਾ ਤੇ ਮੁੜ ਜਮ੍ਹਾਂ ਕਰਾਉਣਾ ਅਤੇ ਲੰਮਾ ਸਮਾਂ ਅੰਮ੍ਰਿਤਸਰ ਲਈ ਉਡਾਣ ਦਾ ਇੰਤਜ਼ਾਰ ਜਾਂ ਦਿੱਲੀ ਤੋਂ ਪੰਜਾਬ ਤੱਕ ਸੜਕ ਯਾਂ ਰੇਲ ਰਾਹੀਂ 8 ਤੋਂ 12 ਘੰਟਿਆ ਦਾ ਲੰਮਾ ਸਮਾਂ ਲੱਗਦਾ ਹੈ।"

ਅਸੀਂ ਪੰਜਾਬੀ ਭਾਈਚਾਰੇ ਨੂੰ ਵੀ ਬੇਨਤੀ ਕਰਦੇ ਹਾਂ ਕਿ ਉਹ ਹਮੇਸ਼ਾ ਅੰਮ੍ਰਿਤਸਰ ਤੋਂ ਹੀ ਉਡਾਨਾਂ ਲੈਣ ਨੂੰ ਤਰਜੀਹ ਦੇਣ ਜਿਸ ਨਾਲ ਅਸੀਂ ਏਅਰਲਾਈਨ ਕੰਪਨੀਆਂ ਤੱਕ ਉਡਾਨਾਂ ਸ਼ੁਰੂ ਕਰਾਉਣ ਲਈ ਮਜ਼ਬੂਤ ਅੰਕੜੇ ਸਾਂਝੇ ਕਰਕੇ ਵਕਾਲਤ ਕਰ ਸਕੀਏ।"

ਨਵਾਂ ਜ਼ਮਾਨਾ
ਮੰਗਲਵਾਰ, 15 ਅਕਤੂਬਰ 2024

# ਲੰਕੇਸ਼ ਦੇ ਕਾਤਲਾਂ ਦਾ ਸਵਾਗਤ

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਪਿਛਲੇ ਦਿਨੀਂ ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਵੱਲੋਂ ਦਿੱਤੇ ਗਏ ਇੱਕ ਬਿਆਨ ਦੇ ਜਵਾਬ ਵਿੱਚ ਕਿਹਾ ਸੀ ਕਿ ਭਾਰਤੀ ਜਨਤਾ ਪਾਰਟੀ ਇੱਕ ਦਹਿਸ਼ਤਗਰਦ ਪਾਰਟੀ ਹੈ। ਕੁਝ ਲੋਕ ਖੜਗੇ ਦੇ ਬਿਆਨ ਨੂੰ ਲੋੜੋਂ ਵੱਧ ਤਿੱਖਾ ਕਹਿ ਕੇ ਇਸ ਦੀ ਨਿੰਦਾ ਕਰ ਰਹੇ ਹਨ, ਪਰ ਹੈ ਇਹ ਬਿਲਕੁਲ ਹਕੀਕਤ।

ਪ੍ਰਤੱਖ ਨੂੰ ਪ੍ਰਮਾਣ ਦੀ ਜ਼ਰੂਰਤ ਨਹੀਂ ਹੁੰਦੀ । ਖੜਗੇ ਦੇ ਬਿਆਨ ਤੋਂ ਅਗਲੇ ਦਿਨ ਹੀ ਇੱਕ ਘਟਨਾ ਨੇ ਉਸ ਦੇ ਕਹੇ ਨੂੰ ਸੱਚ ਸਾਬਤ ਕਰ ਦਿੱਤਾ। ਪੱਤਰਕਾਰ ਗੌਰੀ ਲੰਕੇਸ਼ ਦੀ ਹੱਤਿਆ ਦੇ ਦੋ ਮੁੱਖ ਮੁਲਜ਼ਮਾਂ ਨੂੰ 9 ਅਕਤੂਬਰ ਨੂੰ ਜ਼ਮਾਨਤ ਦੇ ਦਿੱਤੀ ਗਈ ਤੇ 11 ਅਕਤੂਬਰ ਨੂੰ ਉਹ ਜੇਲ੍ਹ ਤੋਂ ਬਾਹਰ ਆ ਗਏ। ਪਰਸੂਰਾਮ ਬਾਘਮੋਰੇ ਤੇ ਮਨੋਹਰ ਯਾਦਵ ਨਾਂਅ ਦੇ ਇਨ੍ਹਾਂ ਮੁਲਜ਼ਮਾਂ ਦੇ ਜੇਲ੍ਹ ਤੋਂ ਬਾਹਰ ਆਉਣ ’ਤੇ ਉਨ੍ਹਾਂ ਦਾ ਹਿੰਦੂਤਵੀ ਸਮੂਹਾਂ ਵੱਲੋਂ ਮਾਲਾ ਪਹਿਨਾ ਕੇ ਸਵਾਗਤ ਕੀਤਾ ਗਿਆ।

ਇਨ੍ਹਾਂ ਦੋਹਾਂ ਦੇ ਸਵਾਗਤ ਲਈ ਦੁਸਹਿਰੇ ਦੇ ਮੌਕੇ ’ਤੇ ਬੇਂਗਲੂਰੂ ਵਿੱਚ ਇੱਕ ਸਵਾਗਤ ਸਮਾਰੋਹ ਕੀਤਾ ਗਿਆ। ਲਾਈਵ ਲਾਅ ਦੀ ਰਿਪੋਰਟ ਅਨੁਸਾਰ ਉਕਤ ਦੋਹਾਂ ਦੇ ਨਾਲ ਬਾਕੀ 8 ਮੁਲਜ਼ਮਾਂ ਨੂੰ ਵੀ ਜ਼ਮਾਨਤ ਦੇ ਦਿੱਤੀ ਗਈ ਸੀ। ਹਿੰਦੂਤਵੀ ਵਿਚਾਰਧਾਰਾ ਦੀ ਕੱਟੜ ਵਿਰੋਧੀ ਪੱਤਰਕਾਰ ਗੌਰੀ ਲੰਕੇਸ਼ ਦੀ 5 ਸਤੰਬਰ 2017 ਨੂੰ ਬੇਂਗਲੂਰੂ ਵਿਖੇ ਉਨ੍ਹਾ ਦੇ ਘਰ ਦੇ ਬਾਹਰ ਮੋਟਰਸਾਈਕਲ ਸਵਾਰ ਲੋਕਾਂ ਨੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਸੀ। ਇਸ ਹੱਤਿਆ ਨੇ ਪੂਰੇ ਦੇਸ਼ ਨੂੰ ਸੁੰਨ ਕਰਕੇ ਰੱਖ ਦਿੱਤਾ ਸੀ। ਉਨ੍ਹਾ ਦੀ ਹੱਤਿਆ ਦੇ 14 ਮਹੀਨੇ ਬਾਅਦ ਪੁਲਸ ਨੇ 18 ਵਿਅਕਤੀਆਂ ਨੂੰ ਮੁਲਜ਼ਮ ਬਣਾਇਆ ਸੀ। ਪੇਸ਼ ਕੀਤੀ ਚਾਰਜਸ਼ੀਟ ਵਿੱਚ ਕਿਹਾ ਕਿ ਸੀ ਕਿ ਸਾਰੇ ਮੁਲਜ਼ਮ ਸਨਾਤਨ ਸੰਸਥਾ ਦੇ ਮੈਂਬਰ ਹਨ ਤੇ ਉਹ ਪੰਜ ਸਾਲ ਤੋਂ ਗੌਰੀ ਨੂੰ ਮਾਰਨ ਦੀ ਸਾਜਿਸ਼ ਬਣਾ ਰਹੇ ਸਨ। ਦਸੰਬਰ 2023 ਵਿੱਚ ਮੁੱਖ ਮੰਤਰੀ ਸਿਧਾਰਮੱਈਆ ਨੇ ਇਸ ਮਾਮਲੇ ਵਿੱਚ ਤੇਜ਼ੀ ਲਿਆਉਣ ਲਈ ਇੱਕ ਵਿਸ਼ੇਸ਼ ਅਦਾਲਤ ਦਾ ਗਠਨ ਕੀਤਾ ਸੀ।

ਪਿਛਲੇ ਹਫ਼ਤੇ ਬੇਂਗਲੂਰੂ ਦੀ ਸੈਸ਼ਨ ਅਦਾਲਤ ਨੇ ਇਨ੍ਹਾਂ ਮੁਲਜ਼ਮਾਂ—ਅਮੋਲ ਕਾਲੇ, ਰਾਜੇਸ਼, ਵਾਸੂਦੇਵ, ਰੁਸ਼ੀਕੇਸ਼, ਪਰਸੂਰਾਮ ਬਾਘਮੋਰੇ, ਗਣੇਸ਼, ਅਮਿਤ ਤੇ ਮਨੋਹਰ ਯਾਦਵ ਨੂੰ ਜ਼ਮਾਨਤ ਦੇ ਦਿੱਤੀ ਸੀ। ਇਸ ਤੋਂ ਪਹਿਲਾਂ ਕਰਨਾਟਕ ਹਾਈਕੋਰਟ ਨੇ ਵੀ 4 ਮੁਲਜ਼ਮਾਂ ਭਰਤ, ਸ਼੍ਰੀਕਾਂਤ, ਸਜੀਤ ਤੇ ਸੁੰਧਵਾ ਨੂੰ ਜ਼ਮਾਨਤ ਦੇ ਦਿੱਤੀ ਸੀ।

ਇੰਡੀਆ ਟੂਡੇ ਦੀ ਇੱਕ ਰਿਪੋਰਟ ਮੁਤਾਬਕ ਇੱਕ ਪ੍ਰਮੁੱਖ ਹਿੰਦੂ ਨੇਤਾ ਨੇ ਕਿਹਾ ਕਿ ‘ਅੱਜ ਵਿਜੇ ਦਸ਼ਮੀ ਦਾ ਦਿਨ ਸਾਡੇ ਲਈ ਮਹੱਤਵਪੂਰਨ ਹੈ। ਸਾਡੇ ਸਾਥੀਆਂ ਪਰਸੂਰਾਮ ਤੇ ਮਨੋਹਰ ਦਾ ਅਸੀਂ ਸਵਾਗਤ ਕਰ ਰਹੇ ਹਾਂ, ਜਿਨ੍ਹਾਂ ਨੂੰ ਗਲਤ ਤਰੀਕੇ ਨਾਲ ਗੌਰੀ ਲੰਕੇਸ਼ ਦੀ ਹੱਤਿਆ ਦੇ ਕੇਸ ਵਿੱਚ ਫਸਾਇਆ ਗਿਆ ਸੀ। ਬੇਂਗਲੂਰੂ ਵਿੱਚ ਹੋਏ ਸਵਾਗਤ ਸਮਾਰੋਹ ਵਿੱਚ ਹਿੰਦੂਤਵੀ ਨੇਤਾ ਉਮੇਸ਼ ਬੰਸਲ ਵੱਲੋਂ ਦੋਹਾਂ ਮੁਲਜ਼ਮਾਂ ਨੂੰ ਸ਼ਾਲ ਤੇ ਫੁੱਲਮਾਲਾ ਪਾ ਕੇ ਸਨਮਾਨਤ ਕੀਤਾ ਗਿਆ। ਇਹ ਸਮਾਰੋਹ ਸੰਘ ਨਾਲ ਜੁੜੀ ਸ਼੍ਰੀਰਾਮ ਸੈਨਾ ਵੱਲੋਂ ਕਰਾਇਆ ਗਿਆ ਸੀ। ਇਹ ਪਹਿਲੀ ਵਾਰ ਨਹੀਂ ਹੈ, ਇਸ ਤੋਂ ਪਹਿਲਾਂ ਅਜਿਹੀ ਘਿਨੌਣੀ ਘਟਨਾ ਜਦੋਂ ਵੀ ਵਾਪਰੀ, ਹਿੰਦੂਤਵੀ ਦੋਸ਼ੀਆਂ ਦਾ ਇਸੇ ਤਰ੍ਹਾਂ ਮਹਿਮਾ ਮੰਡਨ ਕਰਦੇ ਆ ਰਹੇ ਹਨ।

# ਪ੍ਰਦੂਸ਼ਣ ਘਟਾਓ, ਜੀਵਨ ਬਚਾਓ

**ਬੀ ਐਸ ਨਾਗਰਾ**

ਪੰਦਰ੍ਹਵੀਂ ਸਦੀ ਵਿੱਚ ਸ਼ਾਇਦ ਹੀ ਕਿਸੇ ਨੇ ਕਦੇ ਸੋਚਿਆ ਹੋਵੇ ਕਿ ਪ੍ਰਦੂਸ਼ਣ ਆਉਣ ਵਾਲੇ ਸਮੇਂ ਵਿੱਚ ਇੱਕ ਅਜਿਹੀ ਵੱਡੀ ਸਮੱਸਿਆ ਬਣ ਜਾਵੇਗੀ ਜੋ ਕਿ ਜੀਵਨ ਲਈ ਇੱਕ ਖ਼ਤਰਾ ਬਣ ਕੇ ਸਾਹਮਣੇ ਆਵੇਗੀ। ਜੇ ਥੋੜ੍ਹੀ ਜਿਹੀ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇ ਤਾਂ ਗੱਲ ਸਿਰਫ਼ ਮਨੁੱਖੀ ਜੀਵਨ ਦੀ ਹੀ ਨਹੀਂ, ਪਸ਼ੂ, ਪੰਛੀ ਅਤੇ ਕੁੱਲ ਬਨਸਪਤੀ ਇਸ ਦੇ ਘਾਤਕ ਪ੍ਰਭਾਵ ਤੋਂ ਵਾਂਝਿਆਂ ਨਹੀਂ ਰਹਿ ਸਕਦੀ ਹੈ। ਬਾਣੀ ਵਿੱਚ ਲਿਖਿਆ ਸੀ ਕਿ ‘ਪਵਨ ਗੁਰੂ ਪਾਣੀ ਪਿਤਾ ਮਾਤਾ ਧਰਤ ਮਹੱਤ’ ਪ੍ਰੰਤੂ ਇਸ ਦੇ ਬਾਵਜੂਦ ਮਨੁੱਖਾਂ ਨੇ ਵਾਤਾਵਰਣ ਨੂੰ ਅਜਿਹੀ ਸੀਮਾ ਤੱਕ ਪ੍ਰਦੂਸ਼ਤ ਕਰ ਦਿੱਤਾ ਹੈ ਕਿ ਕਈ ਸ਼ਹਿਰਾਂ ਵਿੱਚ ਸਾਹ ਲੈਣਾ ਹੀ ਔਖਾ ਹੋ ਜਾਂਦਾ ਹੈ। ਕਮਰਿਆਂ ਵਿੱਚ ਹਵਾ ਸ਼ੁੱਧ ਕਰਨ ਲਈ ਯੰਤਰਾਂ ਦਾ ਉਪਯੋਗ ਕਰਨਾ ਪੈਂਦਾ ਹੈ। ਹਵਾ ਬਗੈਰ ਜੀਵਨ ਚਾਰ ਪੰਜ ਮਿੰਟ ਹੀ ਵੱਧ ਤੋਂ ਵੱਧ ਸੰਭਵ ਹੈ।

ਪ੍ਰਦੂਸ਼ਣ ਦੇ ਕਾਰਨ ਲੱਭੀਏ ਤਾਂ ਪਹਿਲੇ ਨੰਬਰ ’ਤੇ ਉਦਯੋਗੀਕਰਨ ਆਉਂਦਾ ਹੈ ਜੋ ਕਿ ਵਾਤਾਵਰਣ ਵਿੱਚ ਜ਼ਹਿਰੀਲੀਆਂ ਗੈਸਾਂ ਰਲਾਉਂਦਾ ਹੈ, ਕਿਉਂਕਿ ਇਸ ਨੂੰ ਰੋਕਣ ਲਈ ਲੋੜੀਂਦੇ ਕਦਮ ਨਹੀਂ ਚੁੱਕੇ ਨਾ ਜਾਂਦੇ। ਧਰਤੀ ’ਤੇ ਹਰਿਆਲੀ ਦਾ ਘਟਨਾ ਵੀ ਇੱਕ ਮੁੱਖ ਕਾਰਨ ਹੈ। ਅਸੀਂ ਸ਼ਾਇਦ ਅਵੇਸਲੇ ਹਾਂ ਇਸ ਗੱਲ ਤੋਂ ਕਿ ਹਰਿਆਲੀ ਹੈ ਤਾਂ ਜੀਵਨ ਹੈ। ਬਹੁਤ ਸਾਰੇ ਜੰਗਲ ਕਿਸੇ ਲਾਲਚ-ਵੱਸ ਜਾਂ ਬਿਨਾਂ ਯੋਗ ਕਾਰਨ ਕੱਟੇ ਜਾਂਦੇ ਹਨ। ਇਸ ਕਾਰਨ ਤਾਜ਼ੀ ਸਿਹਤਮੰਦ ਹਵਾ ਤੋਂ ਤਾਂ ਸਾਰੇ ਵਾਂਝੇ ਹੋ ਹੀ ਜਾਂਦੇ ਹਨ, ਮੀਹਾਂ ਕਾਰਨ ਉਪਜਾਊ ਜ਼ਮੀਨੀ ਪਰਤ ਵੀ ਰੁੜ੍ਹ ਕੇ ਅਜਾਈਂ ਹੀ ਦਰਿਆਵਾਂ ਨਦੀਆਂ ਵਿੱਚ ਮਿਲ ਜਾਂਦੀ ਹੈ। ਪਹਿਲਾਂ ਤਾਂ ਇਹ ਕਿਹਾ ਜਾਂਦਾ ਸੀ ਕਿ ‘ਹਰ ਮਨੁੱਖ ਲਾਵੇ ਇੱਕ ਰੁਖ ਪਰ ਹੁਣ ਤਾਂ ਹਾਲਾਤ ਏਨੇ ਬਦਲ ਚੁੱਕੇ ਹਨ ਕਿ ਘੱਟੋ-ਘੱਟ ਇੱਕ ਦੀ ਜਗ੍ਹਾ ਪੰਜ ਰੁੱਖ ਲਾਉਣੇ ਪੈਣਗੇ। ਸਵੱਛ ਹਵਾ ਦੀ ਹੋਂਦ ਦਾ ਅਨੁਭਵ ਸੌਖਿਆ ਹੀ ਹੋ ਜਾਂਦਾ ਹੈ ਜਦੋਂ ਕਿਤੇ ਪਹਾੜਾਂ ਵਿੱਚ ਜੰਗਲਾਂ ਆਦਿ ਵਿੱਚ ਜਾਣ ਦਾ ਮੌਕਾ ਮਿਲੇ। ਉਂਜ ਤਾਂ ਇਹ ਕਹਿ ਦਿੱਤਾ ਜਾਂਦਾ ਹੈ ਕਿ ਅਜੇ ਡੁੱਲ੍ਹੇ ਬੇਰਾਂ ਦਾ ਕੁਝ ਨਹੀਂ ਵਿਗੜਿਆ ਪਰ ਅਸਲੀਅਤ ਤਾਂ ਇਹ ਹੈ ਕਿ ਬਹੁਤ ਕੁਝ ਵਿਗੜ ਚੁੱਕਾ ਹੈ।

ਹੁਣ ਜਦੋਂ ਕਿ ਅਕਤੂਬਰ ਮਹੀਨਾ ਸ਼ੁਰੂ ਹੋ ਗਿਆ ਹੈ, ਜ਼ਿਮੀਂਦਾਰਾਂ ਦੀ ਝੋਨੇ ਅਤੇ ਬਾਸਮਤੀ ਦੀ ਕਟਾਈ ਸ਼ੁਰੂ ਹੋ ਜਾਏਗੀ। ਖੇਤਾਂ ਨੂੰ ਅਗਲੀ ਫ਼ਸਲ ਲਈ ਤਿਆਰ ਕਰਨ ਲਈ ਪਰਾਲੀ ਆਦਿ ਨੂੰ ਅੱਗ ਲਾਉਣ ਨਾਲ ਵੀ ਧੂੰਆਂ ਹਵਾ ਵਿੱਚ ਕਾਫ਼ੀ ਮਾਤਰਾ ਵਿੱਚ ਸ਼ਾਮਲ ਹੋ ਜਾਂਦਾ ਹੈ। ਕਈ ਵਾਰ ਤਾਂ ਇੰਜ ਲਗਦਾ ਹੈ ਕਿ ਦਿਨੇ ਹੀ ਹਨੇਰਾ ਛਾ ਗਿਆ ਹੈ। ਇਹ ਕੰਮ ਵੀ ਸਰਾਸਰ ਗਲਤ ਹੈ ਅਤੇ ਰਹਿੰਦ ਖੂੰਹਦ ਨੂੰ ਬਿਲਕੁਲ ਅੱਗ ਨਹੀਂ ਲਗਾਉਣੀ ਚਾਹੀਦੀ। ਇਸ ਨਾਲ ਧਰਤੀ ਦੀ ਉਪਜਾਊ ਸ਼ਕਤੀ ਘਟਦੀ ਹੈ। ਇਸ ਦੀ ਬਾਇਉ ਕੰਪੋਸਟ ਖਾਦ ਵੀ ਬਣਾਈ ਜਾ ਸਕਦੀ ਹੈ ਜਾਂ ਸਿੱਧੇ ਤੌਰ ’ਤੇ ਖੇਤਾਂ ਨੂੰ ਵਾਹ ਕੇ ਖੇਤਾਂ ’ਚ ਰਲਾਇਆ ਜਾ ਸਕਦਾ ਹੈ। ਸੋ ਇੱਕ ਪੰਥ ਦੋ ਕਾਜ। ਇਸ ਦੇ ਨਾਲ ਖੇਤੀ ਵਿਗਿਆਨੀਆਂ ਨੂੰ ਅਜਿਹੀਆਂ ਕਿਸਮਾਂ ਵਿਕਸਿਤ ਕਰਨੀਆਂ ਚਾਹੀਦੀਆਂ ਹਨ ਜੋ ਘੱਟ ਸਮਾਂ ਲੈਂਦੀਆਂ ਹੋਣ ਤਾਂ ਕਿ ਜ਼ਿਮੀਂਦਾਰਾਂ ਨੂੰ ਅਗਲੀ ਫਸਲ ਲਈ ਕਾਫ਼ੀ ਸਮਾਂ ਮਿਲ ਸਕੇ। ਹੁਣੇ-ਹੁਣੇ ਪੂਸਾ 20-10 ਕਿਸਮ ਈਜਾਦ ਕੀਤੀ ਗਈ ਜੋ ਕਿ ਪੱਕਣ ਲਈ ਕੇਵਲ 12-25 ਦਿਨ ਲੈਂਦੀ ਹੈ ਅਤੇ ਪੂਸਾ 44 ਦੇ ਬਰਾਬਰ ਹੀ ਝਾੜ ਹੈ ਜੋ ਕਿ 155-160 ਦਿਨ ਲਿਆ ਕਰਦੀ ਹੈ।

ਟਰਾਂਸਪੋਰਟ ਦਾ ਵਧ ਜਾਣਾ ਵੀ ਹਵਾ ਦੇ ਪ੍ਰਦੂਸ਼ਣ ਦਾ ਮੁੱਖ ਕਾਰਨ ਹੈ ਕਿਉਂਕਿ ਡੀਜ਼ਲ ਅਤੇ ਪੈਟਰੋਲ ਦਾ ਗੱਡੀਆਂ ਵਿੱਚ ਬਲਣਾ ਕਾਰਬਨ ਮੋਨੋਕਸਾਈਡ ਆਦਿ ਜ਼ਹਿਰੀਲੀਆਂ ਗੈਸਾਂ ਨੂੰ ਉਤਪੰਨ ਕਰਦਾ ਹੈ। ਉਂਜ ਦਾ ਸਰਕਾਰ ਇਲੈਕਟ੍ਰਿਕ ਵਾਹਨਾਂ ’ਤੇ ਸਬਸਿਡੀ ਆਦਿ ਦੇ ਰਹੀ ਹੈ ਪਰ ਅਜੇ ਵੀ ਲੋੜੀਂਦੇ ਪੱਧਰ ’ਤੇ ਲੋਕਾਂ ਵੱਲੋਂ ਸਵੀਕਾਰ ਨਹੀਂ ਕੀਤਾ ਜਾ ਰਿਹਾ। ਲੋੜ ਹੈ ਸਬਸਿਡੀ ਨੂੰ ਹੋਰ ਵਧਾਇਆ ਜਾਵੇ ਅਤੇ ਚਾਰਜਿੰਗ ਸਟੇਸ਼ਨਾਂ ਦੀ ਉਚ ਗਿਣਤੀ ਵਧਾਈ ਜਾਵੇ।

ਵਾਤਾਵਰਣ ਨੂੰ ਗੈਰ ਪ੍ਰਦੂਸ਼ਿਤ ਕਰਨਾ ਹਰੇਕ ਦਾ ਪਹਿਲਾ ਫ਼ਰਜ਼ ਹੈ। ਜੇ ਹੁਣ ਵੀ ਨਾ ਰੱਖਿਆ ਆਲੇ ਦੁਆਲੇ ਦਾ ਧਿਆਨ ਤਾਂ ਜੀਵਨ ਨਹੀਂ ਬਣ ਸਕਦਾ ਮਹਾਨ।

**# ਸੰਪਰਕ : 94641-49119**

# ਪੰਜਾਬ ’ਚ ਵੱਸਦੇ ਪ੍ਰਵਾਸੀਆਂ ਦਾ ਮਸਲਾ

**ਸੁਖਪਾਲ ਸਿੰਘ ਹੁੰਦਲ**

ਇਨ੍ਹਾਂ ਦਿਨਾਂ ਵਿੱਚ ਪੰਜਾਬ ਦੀਆਂ ਪੰਚਾਇਤੀ ਚੋਣਾਂ ਵਿੱਚ ਪੰਜਾਬ ਵਿੱਚ ਵਸਦੇ ਪ੍ਰਵਾਸੀਆਂ ਅਰਥਾਤ ਦੂਜੇ ਰਾਜਾਂ ਤੋਂ ਆਏ ਲੋਕਾਂ (ਜਿਨ੍ਹਾਂ ਨੂੰ ਤ੍ਰਿਸਕਾਰ-ਪੂਰਨ ਢੰਗ ਨਾਲ ਭੱਈਏ ਦਾ ਨਾਮ ਦਿੱਤਾ ਗਿਆ ਹੈ) ਵੱਲੋਂ ਭਾਗ ਲਏ ਜਾਣ ਦਾ ਮਾਮਲਾ ਬੜੇ ਜ਼ੋਰ-ਸ਼ੋਰ ਨਾਲ ਉਠਾਇਆ ਜਾ ਰਿਹਾ ਹੈ ਅਤੇ ਮੰਗ ਉਠਾਈ ਜਾ ਰਹੀ ਹੈ ਕਿ ਇਨ੍ਹਾਂ ਨੂੰ ਪੰਜਾਬ ਵਿੱਚ ਜ਼ਮੀਨ-ਜਾਇਦਾਦ ਖ਼੍ਰੀਦਣ ਦਾ ਅਧਿਕਾਰ ਨਹੀਂ ਹੋਣਾ ਚਾਹੀਦਾ ਅਤੇ ਨਾ ਹੀ ਪੰਜਾਬ ਵਿੱਚ ਵੋਟ ਦਾ ਹੱਕ ਹੋਣਾ ਚਾਹੀਦਾ ਹੈ। ਇਹ ਮਾਮਲਾ ਕੁੱਝ ਸਿਆਸੀ ਨੇਤਾਵਾਂ ਵੱਲੋਂ ਵੀ ਛੇੜਿਆ ਗਿਆ ਹੈ ਅਤੇ ਸੋਸ਼ਲ ਮੀਡੀਆ ਅਰਥਾਤ ਯੂ-ਟਿਊਬ, ਫੇਸਬੁੱਕ, ਟਵਿੱਟਰ ਆਦਿ ਨੇ ਅੱਜ-ਕੱਲ੍ਹ ਹਰ ਬੱਚੇ-ਬੱਚੇ ਨੂੰ ਬੁੱਧੀਜੀਵੀ ਬਣਾ ਦਿੱਤਾ ਹੈ। ਇਸ ਵਿਸ਼ੇ ਨਾਲ ਜੁੜੇ ਪਹਿਲੂਆਂ ’ਤੇ ਵਿਚਾਰ ਕਰਦੇ ਹਾਂ।

ਸਭ ਤੋਂ ਪਹਿਲੀ ਗੱਲ ਜੋ ਦਿਮਾਗ ਵਿੱਚ ਰੱਖਣ ਵਾਲੀ ਹੈ ਕਿ ਭਾਰਤ 28 ਰਾਜਾਂ ਅਤੇ 8 ਕੇਂਦਰ ਪ੍ਰਸ਼ਾਸਤ ਇਲਾਕਿਆਂ ’ਤੇ ਆਧਾਰਤ ਦੇਸ਼ ਹੈ, ਜਿਸ ਦਾ ਸੱਭਿਆਚਾਰ ਬਹੁ-ਪੱਖੀ ਹੈ, ਅਰਥਾਤ ਇੱਥੇ ਵੱਖ-ਵੱਖ ਜਾਤੀਆਂ, ਉਪਜਾਤੀਆਂ, ਕਬੀਲਿਆਂ, ਧਰਮਾਂ ਦੇ ਲੋਕ ਵੱਸਦੇ ਹਨ, ਜਿਹੜੇ ਵੱਖ-ਵੱਖ ਪ੍ਰਕਾਰ ਦੀਆਂ ਆਪਣੀਆਂ ਸਥਾਨਕ ਭਾਸ਼ਾਵਾਂ ਬੋਲਦੇ ਹਨ ਅਤੇ ਇਨ੍ਹਾਂ ਦੇ ਵੱਖ-ਵੱਖ ਪ੍ਰਕਾਰ ਦੇ ਧਾਰਮਿਕ ਅਤੇ ਸਮਾਜਿਕ ਰਸਮੋਂ ਰਿਵਾਜ ਹਨ। ਇਹ ਤੱਥ ਭਾਰਤ ਦੇ ਹਰ ਨਾਗਰਿਕ ਨੂੰ ਅਤੇ ਇੱਥੋਂ ਦੇ ਸਿਆਸੀ ਪ੍ਰਭੂਆਂ ਨੂੰ ਦ੍ਰਿੜ੍ਹਤਾ ਨਾਲ ਦਿਮਾਗ ਵਿੱਚ ਬਿਠਾ ਲੈਣਾ ਚਾਹੀਦਾ ਹੈ ਅਤੇ ਹਿੰਦੂ ਰਾਸ਼ਟਰ, ਖਾਲਿਸਤਾਨ, ਇਸਲਾਮਿਕ ਬੁਨਿਆਦ-ਪ੍ਰਸਤੀ ਦੇ ਵਿਚਾਰ ਦਿਮਾਗ ਵਿੱਚੋਂ ਕੱਢ ਕੇ ਕੂੜੇ ਦੇ ਢੇਰ ਵਿੱਚ ਸੁੱਟ ਦੇਣੇ ਚਾਹੀਦੇ ਹਨ। ਪਰ ਇਸ ਅਨੇਕਤਾ ਵਿੱਚ ਏਕਤਾ ਇਹ ਹੈ ਕਿ ਭਾਰਤ ਇਕਿਹਰੀ ਨਾਗਰਿਕਤਾ ਵਾਲਾ ਦੇਸ਼ ਹੈ ਅਤੇ ਕਸ਼ਮੀਰ ਤੋਂ ਕੰਨਿਆ ਕੁਮਾਰੀ ਤੱਕ ਭਾਰਤ ਇੱਕ ਹੈ।

ਜਿੱਥੋਂ ਤੱਕ ਪੰਜਾਬ ਵਿੱਚ ਵੱਸਦੇ ਪ੍ਰਵਾਸੀਆਂ (ਯੂ ਪੀ, ਬਿਹਾਰ ਆਦਿ ਤੋਂ) ਦਾ ਸਵਾਲ ਹੈ, ਆਬਾਦੀ ਦਾ ਪ੍ਰਵਾਸ ਇੱਕ ਆਮ, ਸਾਧਾਰਨ ਅਤੇ ਸਹਿਜ ਜਿਹਾ ਤੱਥ ਹੈ। ਕੰਮ-ਧੰਦੇ ਅਤੇ ਰੁਜ਼ਗਾਰ ਦੀ ਭਾਲ ਵਿੱਚ ਲੋਕਾਂ ਦਾ ਏਧਰ-ਓਧਰ ਆਉਣਾ-ਜਾਣਾ ਸਦੀਆਂ ਤੋਂ ਚਲਿਆ ਆ ਰਿਹਾ ਹੈ। ਇਹ ਇਤਿਹਾਸਕ ਤੱਥ ਹੈ ਕਿ ਉੱਤਰੀ ਭਾਰਤ ਦੀ ਜ਼ਿਆਦਾਤਰ ਆਬਾਦੀ ਅੱਜ ਤੋਂ ਹਜ਼ਾਰਾਂ ਸਾਲ ਪਹਿਲਾਂ ਮੱਧ ਏਸ਼ੀਆ ਤੋਂ ਆ ਕੇ ਹੌਲੀ-ਹੌਲੀ ਇੱਥੇ ਵਸੀ ਸੀ ਅਤੇ ਇਸ ਇਲਾਕੇ ਵਿੱਚ ਜੰਗਲ ਹੀ ਜੰਗਲ ਸਨ ਅਤੇ ਕੁੱਝ ਸੈਂਕੜਿਆਂ ਦੀ ਗਿਣਤੀ ਵਿੱਚ ਇੱਥੋਂ ਦੇ ਆਦਿਵਾਸੀ ਜੰਗਲਾਂ ਵਿੱਚ ਰਹਿੰਦੇ ਸਨ, ਜਿਨ੍ਹਾਂ ਨੂੰ ਦ੍ਰਾਵਿੜ ਅਤੇ ਕਿਰਾਤ ਆਦਿ ਜਾਤੀਆਂ ਦੇ ਤੌਰ ’ਤੇ ਜਾਣਿਆ ਜਾਂਦਾ ਹੈ। ਮੱਲ ਸਿੰਘ ਰਾਮਪੁਰੀ ਨੇ ਇੱਕ ਕਿਤਾਬ ਲਿਖੀ ਹੋਈ ਹੈ, ਜਿਸ ਦਾ ਨਾਂਅ ਹੈ ‘ਗਜ਼ਨੀ ਤੋਂ ਰਾਮਪੁਰ’ । ਉਸ ਨੇ ਇਸ ਕਿਤਾਬ ਵਿੱਚ ਇਤਿਹਾਸਕ ਤੱਥਾਂ ਦੇ ਆਧਾਰ ’ਤੇ ਸਿੱਧ ਕੀਤਾ ਹੈ ਕਿ ਦੋਰਾਹਾ, ਸਾਹਨੇਵਾਲ ਆਦਿ ਦੇ ਇਲਾਕੇ ਵਿੱਚ ਵੱਸਦੇ ਮਾਂਗਟ, ਸੇਖੋਂ ਆਦਿ ਜੱਟ ਕਿਸੇ ਸਮੇਂ ਗਜ਼ਨੀ ਤੋਂ ਆ ਕੇ ਇਸ ਇਲਾਕੇ ਵਿੱਚ ਵੱਸੇ ਸਨ, ਅਰਥਾਤ ਇਹ ਅਫਗਾਨ ਬੰਸਾਵਲੀ ਵਾਲੇ ਹਨ। ਮੈਂ ਜੱਟ ਜਾਤੀ ਨਾਲ ਸੰਬੰਧ ਰੱਖਦਾ ਹਾਂ ਅਤੇ ਹੁੰਦਲ ਗੋਤ ਦਾ ਹਾਂ । ਮੈਂ ਜੱਟਾਂ ਦੇ ਗੋਤਾਂ ਦਾ ਇਤਿਹਾਸ ਪੜ੍ਹ ਰਿਹਾ ਸੀ। ਉਸ ਵਿੱਚ ਲਿਖਿਆ ਹੋਇਆ ਮਿਲਿਆ ਕਿ ਹੁੰਦਲਾਂ ਦਾ ਸਭ ਤੋਂ ਪਹਿਲਾਂ ਵੱਡਾ ਵਡੇਰਾ, ਸਰਬਾ, ਸ੍ਰੀ ਰਾਮ ਚੰਦਰ ਜੀ ਦੇ ਅਸਮੇਧ ਯੁੱਧ ਸਮੇਂ ਅਯੁੱਧਿਆ ਤੋਂ ਉਨ੍ਹਾਂ ਦੀ ਸੈਨਾ ਵਿੱਚ ਆਇਆ ਸੀ ਅਤੇ ਬਾਅਦ ਵਿੱਚ ਬੁੰਡਾਲਾ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਵੱਸ ਗਿਆ। ਇਹ ਪਰਵਾਰ ਫਿਰ ਅੱਗੇ-ਅੱਗੇ ਫੈਲਦਾ ਗਿਆ ਅਤੇ ਬੁੰਡਾਲੇ ਦੇ ਨੇੜੇ-ਤੇੜੇ ਹੁੰਦਲਾਂ ਦੇ 20 ਪਿੰਡ ਹਨ। ਇਹ ਤੱਥ ਇਤਿਹਾਸਕ ਤੌਰ ’ਤੇ ਕਿੰਨਾ ਕੁ ਸੱਚ ਹੈ ਮੈਂ ਇਸ ਬਾਰੇ ਤਾਂ ਟਿੱਪਣੀ ਨਹੀਂ ਕਰ ਸਕਦਾ , ਪਰ ਮੈਂ ਇਹ ਪੜ੍ਹ ਕੇ ਹੈਰਾਨ ਜ਼ਰੂਰ ਹੋਇਆ ਕਿ ਇਹਦਾ ਮਤਲਬ ਹੈ ਅਸੀਂ ਅਯੁੱਧਿਆ ਤੋਂ ਆ ਕੇ ਵੱਸੇ ਹੋਏ ਪ੍ਰਵਾਸੀ ਹਾਂ। ਸਾਡੇ ਪੁਰਖੇ ਵੀ ਕਿਸੇ ਸਮੇਂ ਬੁੰਡਾਲੇ ਤੋਂ ਵੇਰਕੇ ਜਾ ਕੇ ਵੱਸੇ ਸਨ ਅਤੇ ਵੇਰਕੇ ਤੋਂ ਸਾਡਾ ਵਡਾਰੂ ਮਿਸਲਾਂ ਦੇ ਸਮੇਂ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਵਿੱਚ ਆ ਕੇ ਵੱਸਿਆ ਸੀ, ਜਦੋਂ ਸਰਹਿੰਦ ਦੇ ਉੱਤੇ ਨਵਾਬ ਕਪੂਰ ਸਿੰਘ ਦੀ ਅਗਵਾਈ ਵਿੱਚ ਦੂਜਾ ਹਮਲਾ ਹੋਇਆ, ਜਿਸ ਵਿੱਚ ਜ਼ੈਨ ਖਾਂ ਮਾਰਿਆ ਗਿਆ। ਪਹਿਲਾ ਹਮਲਾ ਬੰਦਾ ਬਹਾਦਰ ਨੇ ਕੀਤਾ ਸੀ, ਜਿਸ ਵਿੱਚ ਸੂਬੇਦਾਰ ਵਜ਼ੀਰ ਖਾਂ ਮਾਰਿਆ ਗਿਆ ਸੀ।

ਇਤਿਹਾਸ ਵਿੱਚ ਇਹ ਵੀ ਦਰਜ ਹੈ ਕਿ ਸ੍ਰੀ ਕ੍ਰਿਸ਼ਨ ਜੀ ਦਾ ਯਾਦਵ ਕੋੜਮਾ ਜਦੋਂ ਆਪੋ ਵਿੱਚ ਲੜ ਕੇ ਮਰ ਗਿਆ ਤਾਂ ਉਨ੍ਹਾਂ ਵਿੱਚੋਂ ਜਿਹੜੇ ਲੋਕ ਬਚੇ, ਉਹ ਦਰਿਆਵਾਂ ਦੇ ਕੰਢਿਆਂ ’ਤੇ ਆਬਾਦ ਹੋ ਕੇ ਸਬਜ਼ੀਆਂ ਭਾਜੀਆਂ ਦੀ ਖੇਤੀ ਕਰਨ ਲੱਗ ਪਏ ਅਤੇ ਅੱਗੇ ਤੋਂ ਅੱਗੇ ਫੈਲਦੇ ਗਏ। ਸ੍ਰੀ ਕ੍ਰਿਸ਼ਨ ਜੀ ਦੇ ਕਬੀਲੇ ਦਾ ਨਾਂਅ ਕਿਉਂਕਿ ਸੂਰਸੇਨੀ ਸੀ, ਇਸ ਲਈ ਇਹ ਲੋਕ ਸੈਨੀ/ਸੈਣੀ ਅਖਵਾਏ ਅਤੇ ਇਹ ਜ਼ਿਆਦਾਤਰ ਨੀਮ ਪਹਾੜੀ ਇਲਾਕਿਆਂ ਵਿੱਚ ਪਠਾਨਕੋਟ ਤੋਂ ਲੈ ਕੇ ਦੇਹਰਾਦੂਨ ਤੱਕ ਆਬਾਦ ਹਨ। ਇਨ੍ਹਾਂ ਨਾਲ ਮਿਲਦੀ-ਜੁਲਦੀ ਇੱਕ ਜਾਤੀ ਮਾਲੀ ਹੈ, ਜੋ ਯੂ.ਪੀ. ਵਿੱਚ ਪਾਈ ਜਾਂਦੀ ਹੈ।

ਮੈਂ ਕੁੱਝ ਸਾਲ ਪਹਿਲਾਂ ਲੁਧਿਆਣੇ ਇੱਕ ਮਾਲ ਵਿੱਚ ਖਰੀਦੋ-ਫਰੋਖਤ ਕਰ ਰਿਹਾ ਸੀ। ਉੱਥੇ ਜਿਹੜੇ ਸੇਲਜ਼ਮੈਨ ਸਨ, ਉਹ ਬਠਿੰਡਾ, ਸੰਗਰੂਰ ਆਦਿ ਦੇ ਅੱਗਰਵਾਲ ਬਰਾਦਰੀ ਦੇ ਲੜਕੇ ਜਾਪੇ ਅਤੇ ਲੁਧਿਆਣੇ ਦੀ ਸ਼ੁੱਧ ਪੰਜਾਬੀ ਬੋਲ ਰਹੇ ਸਨ। ਉਨ੍ਹਾਂ ਨਾਲ ਗੱਲ ਕਰਨ ’ਤੇ ਪਤਾ ਚੱਲਿਆ ਕਿ ਉਹ ਬਿਹਾਰੀ ਪਿਛੋਕੜ ਵਾਲੇ ਹਨ ਅਤੇ ਉਨ੍ਹਾਂ ਦੀ ਲੁਧਿਆਣੇ ਵਿੱਚ ਵਸਦਿਆਂ ਦੀ ਚੌਥੀ ਪੀੜ੍ਹੀ ਹੋ ਗਈ ਹੈ ਅਤੇ ਹੁਣ ਉਹ ਪੰਜਾਬੀ ਬਣ ਗਏ ਹਨ। ਅੱਗੇ ਪਤਾ ਚੱਲਿਆ ਕਿ ਲੁਧਿਆਣੇ ਵਿੱਚ ਇਸ ਤਰ੍ਹਾਂ ਦੇ ਪ੍ਰਵਾਸੀਆਂ ਦੀ ਆਬਾਦੀ 9 ਲੱਖ ਦੇ ਕਰੀਬ ਹੈ ਅਤੇ ਇਨ੍ਹਾਂ ਦੇ 20 ਦੇ ਕਰੀਬ ਐੱਮ. ਸੀ ਹਨ। ਕੀ ਆਪਾਂ ਇਨ੍ਹਾਂ ਪੀੜ੍ਹੀਆਂ ਤੋਂ ਵੱਸਦੇ ਪ੍ਰਵਾਸੀਆਂ ਨੂੰ ਨਫਰਤ ਭਰੇ ਢੰਗ ਨਾਲ ਨਕਾਰ ਸਕਦੇ ਹਾਂ? ਇੰਗਲੈਂਡ ਦੇ ਸ਼ਹਿਰ ਸਾਊਥਹਾਲ ਅਤੇ ਕੈਨੇਡਾ ਦੇ ਸ਼ਹਿਰ ਵੈਨਕੂਵਰ ਆਦਿ ਬਾਰੇ ਸੋਚੋ ਤਾਂ ਤੁਹਾਨੂੰ ਇਹ ਪੰਜਾਬ ਦੇ ਸ਼ਹਿਰ ਜਾਪਣਗੇ। ਕਹਿਣ ਦਾ ਭਾਵ ਹੈ ਕਿ ਲੇਬਰ ਦਾ ਪ੍ਰਵਾਸ ਅਤੇ ਰੁਜ਼ਗਾਰ ਅਤੇ ਕੰਮ ਧੰਦੇ ਦੀ ਭਾਲ ਵਿੱਚ ਇੱਕ ਕਿਸੇ ਜਾਤੀ/ਨਸਲ ਦਾ ਇੱਕ ਥਾਂ ਤੋਂ ਦੂਜੀ ਥਾਂ ’ਤੇ ਜਾ ਵੱਸਣਾ ਇੱਕ ਬੜੀ ਸੁਭਾਵਕ ਜਿਹੀ ਘਟਨਾ ਹੈ। ਜੇਕਰ ਅੰਗਰੇਜ਼ ਲੋਕ ਰੰਗ-ਭੇਦ ਦੀ ਨੀਤੀ ਕਾਰਨ ਸਾਡੇ ਲੋਕਾਂ ਨੂੰ ਆਪਣੇ ਮੁਲਕਾਂ ਵਿੱਚ ਸਥਾਈ ਵਾਸ ਜਾਂ ਨਾਗਰਿਕਤਾ ਨਹੀਂ ਦਿੰਦੇ ਜਾਂ ਸਾਡੇ ਲੋਕਾਂ ਨਾਲ ਨਫਰਤ ਕਰਦੇ ਹਨ ਜਾਂ ਖਾੜੀ ਦੇਸ਼ਾਂ ਦੇ ਲੋਕ ਸਾਡੇ ਲੋਕਾਂ ਨੂੰ ਤ੍ਰਿਸਕਾਰ ਭਰੇ ਢੰਗ ਨਾਲ ਮਸਕੀਨੀਆ ਕਹਿੰਦੇ ਹਨ ਤਾਂ ਇਸ ਦਾ ਮਤਲਬ ਇਹ ਨਹੀਂ ਕਿ ਅਸੀਂ ਵੀ ਆਪਣੇ ਮੁਲਕ ਵਿੱਚ ਉਸੇ ਤਰ੍ਹਾਂ ਦੀ ਨਫਰਤ ਫੈਲਾਈਏ। ਇੱਥੇ ਇੱਕ ਸੱਚੀ ਘਟਨਾ ਦਾ ਲਤੀਫੇ ਵਜੋਂ ਜ਼ਿਕਰ ਕੀਤਾ ਜਾ ਰਿਹਾ ਹੈ ਪਰ ਇਸ ਵਿਚਲੇ ਤੱਥ ਦਿਲ ਨੂੰ ਟੁੰਬਣ ਵਾਲੇ ਹਨ। ਬਾਬਾ ਬਕਾਲਾ ਵਿਖੇ ਇੱਕ ਗੁਰਦੁਆਰੇ ਵਿੱਚ ਪੰਜਾਬੀ ਸੇਵਾਦਾਰ ਨੇ ਇੱਕ-ਦੂਜੇ ਸੇਵਾਦਾਰ/ਗ੍ਰੰਥੀ ਨੂੰ ਜੋ ਕਿ ਬਿਹਾਰੀ ਸੀ ਅਤੇ ਕੇਸਧਾਰੀ ਹੋ ਕੇ ਸਿੱਖ ਬਣ ਗਿਆ ਸੀ, ਵਿਅੰਗ ਨਾਲ ਭੱਈਆ ਕਹਿ ਦਿੱਤਾ। ਉਸ ਨੇ ਅੱਗੋਂ ਜਵਾਬ ਦਿੱਤਾ, “ਭਾਈ ਸਾਹਿਬ ਚਾਹੇ ਤੁਸੀਂ ਕੁੱਝ ਵੀ ਕਹੋ, ਪਰ ਤੁਹਾਨੂੰ ਇਹ ਮੰਨਣਾ ਪਵੇਗਾ ਕਿ ਤੁਹਾਡੇ ਨਾਨਕੇ ਸਾਡੇ ਰਾਜ ਵਿੱਚ ਹਨ ਅਤੇ ਆਪਣੇ ਸ਼ਹਿਨਸ਼ਾਹ ਦਾ ਪ੍ਰਕਾਸ਼ ਪਟਨਾ ਸਾਹਿਬ ਵਿਖੇ ਹੋਇਆ ਸੀ।” ਆਬਾਦੀ ਦੇ ਪ੍ਰਵਾਸ ਦੀਆਂ ਇਹ ਕੁੱਝ ਉਦਾਹਰਣਾਂ ਵੰਨਗੀ ਮਾਤਰ ਦਿੱਤੀਆਂ ਜਾ ਰਹੀਆਂ ਹਨ, ਪਰ ਆਬਾਦੀ ਦੇ ਪ੍ਰਵਾਸ ਦੀ ਖੋਜ ਦੀ ਪ੍ਰਕਿਰਿਆ ਅਨੰਤ ਹੈ।

ਇਸ ਲਈ ਇਸ ਮਾਮਲੇ ਉਤੇ ਖੁੱਲ੍ਹੇ ਦਿਲ ਨਾਲ ਠੰਢੇ ਦਿਮਾਗ ਨਾਲ ਵਿਚਾਰ ਕਰਨ ਦੀ ਲੋੜ ਹੈ। ਜੇਕਰ ਕਿਸੇ ਖੇਤਰ ਵਿੱਚ ਪ੍ਰਵਾਸੀਆਂ ਯਾਨੀ ਕਥਿਤ ਭੱਈਆਂ ਦੀ ਬਹੁਗਿਣਤੀ ਹੈ ਤਾਂ ਉਨ੍ਹਾਂ ਦਾ ਨੁਮਾਇੰਦਾ ਚੁਣਿਆ ਜਾਣਾ ਲਾਜ਼ਮੀ ਹੈ। ਇੱਥੇ ਇੱਕ ਹੋਰ ਤੱਥ ਦਾ ਜ਼ਿਕਰ ਕੀਤਾ ਜਾ ਰਿਹਾ ਹੈ, ਉਹ ਇਹ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਜੇ ਪੰਜਾਬੀ ਪੜ੍ਹਦੇ ਹਨ ਤਾਂ ਇਹ ਭੱਈਆਂ ਦੇ ਬੱਚੇ ਜਾਂ ਪੰਜਾਬ ਦੇ ਸਥਾਨਕ ਦਲਿਤਾਂ ਦੇ ਬੱਚੇ ਹੀ ਪੰਜਾਬੀ ਪੜ੍ਹਦੇ ਹਨ ਅਤੇ ਇਹ ਕਥਿਤ ਪੰਜਾਬੀ ਸਰਦਾਰ ਤਾਂ ਆਪਣੇ ਬੱਚਿਆਂ ਨੂੰ ਘੋਲ-ਘੋਲ ਕੇ ਅੰਗਰੇਜ਼ੀ ਪਿਲਾ ਰਹੇ ਹਨ ਅਤੇ ਆਈਲੈਟਸ ਕਰਕੇ ਬਾਹਰਲੇ ਮੁਲਕਾਂ ਵਿੱਚ ਜਾ ਕੇ ਮਜ਼ਦੂਰੀ ਕਰਨੀ ਹੀ ਮੂਲ ਪੰਜਾਬੀਆਂ ਦਾ ਮੁੱਖ ਧੰਦਾ ਰਹਿ ਗਿਆ ਹੈ, ਕਿਉਂਕਿ ਪੰਜਾਬੀਆਂ ਨੂੰ ਦਿਹਾੜੀ ਰੁਪਈਆਂ ਵਿੱਚ ਨਹੀਂ, ਡਾਲਰਾਂ ਵਿੱਚ ਹੀ ਚੰਗੀ ਲੱਗਦੀ ਹੈ। ਇਸ ਲਈ ਇਹ ਮੰਗ ਕਰਨੀ ਕਿ ਪ੍ਰਵਾਸੀਆਂ ਨੂੰ ਪੰਜਾਬ ਵਿੱਚ ਜਾਇਦਾਦ ਆਦਿ ਖ਼੍ਰੀਦਣ ਦਾ ਅਧਿਕਾਰ ਨਹੀਂ ਹੋਣਾ ਚਾਹੀਦਾ, ਉਚਿਤ ਨਹੀਂ ਹੈ, ਸਗੋਂ ਮੰਗ ਇਹ ਕਰਨੀ ਚਾਹੀਦੀ ਹੈ ਕਿ ਕੋਈ ਵੀ ਵਿਅਕਤੀ ਕਿਸੇ ਰਾਜ ਵਿੱਚ ਜਾ ਕੇ ਵੱਸ ਸਕੇ, ਜ਼ਮੀਨ-ਜਾਇਦਾਦ ਖਰੀਦ ਸਕੇ, ਕੋਈ ਪਾਬੰਦੀ ਨਹੀਂ ਹੋਣੀ ਚਾਹੀਦੀ। ਇਸ ਤਰ੍ਹਾਂ ਦਾ ਮਤਾ ਪੰਜਾਬ ਵਿਧਾਨ ਸਭਾ ਵੱਲੋਂ ਪਾਸ ਕਰਕੇ ਕੇਂਦਰ ਸਰਕਾਰ/ਪਾਰਲੀਮੈਂਟ ਨੂੰ ਭੇਜਿਆ ਜਾਣਾ ਬਣਦਾ ਹੈ ਕਿ ਜਿਨ੍ਹਾਂ ਰਾਜਾਂ ਨੇ ਪਾਬੰਦੀ ਲਾਈ ਹੈ, ਉਹ ਹਟਣੀ ਚਾਹੀਦੀ ਹੈ। ਵਿਚਾਰਨ ਵਾਲੀ ਗੱਲ ਹੈ ਕਿ ਕੀ ਪੰਜਾਬੀ ਦੁਰਗਾਪੁਰ, ਇੰਦੌਰ, ਬੰਬਈ ਆਦਿ ਸ਼ਹਿਰਾਂ ਵਿੱਚ ਨਹੀਂ ਵੱਸਦੇ ਅਤੇ ਉਨ੍ਹਾਂ ਦੇ ਉਥੇ ਵੱਡੇ-ਵੱਡੇ ਟਰਾਂਸਪੋਰਟ, ਉਦਯੋਗ ਆਦਿ ਦੇ ਕਾਰੋਬਾਰ ਨਹੀਂ, ਕੀ ਉਨ੍ਹਾਂ ਦੇ ਉੱਥੇ ਘਰ ਅਤੇ ਹੋਰ ਸੰਪਤੀਆਂ ਨਹੀਂ ਹਨ। ਇਹ ਤੱਥ ਵਿਚਾਰਨਯੋਗ ਹਨ।

ਥੋੜ੍ਹਾ ਹੋਰ ਪਿੱਛੇ ਜਾਈਏ ਤਾਂ ਇੱਕ ਹੋਰ ਤੱਥ ਸਾਮ੍ਹਣੇ ਆਉਂਦਾ ਹੈ। ਮੁਲਕ ਦੇ ਬਟਵਾਰੇ ਦੀ ਗੋਟੀ ਅੰਗਰੇਜ਼ਾਂ ਵੱਲੋਂ ਸੁੱਟੀ ਗਈ ਸੀ। ਉਨ੍ਹਾਂ ਨੇ ਮੁਸਲਿਮ ਲੀਗ ਨੂੰ ਮੋਹਰਾ ਬਣਾ ਕੇ ਮੁਲਕ ਦੇ ਬਟਵਾਰੇ ਦੀ ਨੀਂਹ ਰੱਖ ਦਿੱਤੀ। ਮਾਸਟਰ ਤਾਰਾ ਸਿੰਘ ਅੰਦਰਖਾਤੇ ਕਾਂਗਰਸ ਨਾਲ ਮਿਲਿਆ ਹੋਇਆ ਸੀ। ਉਹਨੇ ਪਾਕਿਸਤਾਨ ਦਾ ਵਿਰੋਧ ਕੀਤਾ ਅਤੇ ਲਾਹੌਰ ਅਸੈਂਬਲੀ ਦੇ ਬਾਹਰ ਮੁਸਲਿਮ ਲੀਗ ਦਾ ਝੰਡਾ ਵੱਢ ਦਿੱਤਾ, ਜਿਸ ਨਾਲ ਪੰਜਾਬ ਵਿੱਚ ਫਿਰਕੂ ਦੰਗਿਆਂ ਦੀ ਬੁਨਿਆਦ ਰੱਖੀ ਗਈ ਅਤੇ ਦੰਗਾ-ਫਸਾਦ ਸ਼ੁਰੂ ਹੋ ਗਿਆ। ਪੰਜਾਬੀ ਕਿਸਾਨਾਂ ਨੇ ਬਹੁਤ ਮਿਹਨਤ ਨਾਲ ਬਾਰ ਵਸਾਈ ਸੀ ਅਤੇ ਪੱਛਮੀ ਪੰਜਾਬ (ਪਾਕਿਸਤਾਨ ਦਾ ਇਲਾਕਾ) ਵਿੱਚ ਹਿੰਦੂਆਂ ਅਤੇ ਸਿੱਖਾਂ ਦੀ ਗਿਣਤੀ ਲੱਗਭੱਗ ਮੁਸਲਮਾਨਾਂ ਜਿੰਨੀ ਹੀ ਸੀ, ਕਿਸੇ-ਕਿਸੇ ਇਲਾਕੇ ਵਿੱਚ ਅਪਵਾਦ ਹੋ ਸਕਦਾ ਹੈ, ਜਦੋਂ ਕਿ ਕਹਿਣਾ ਇਹ ਬਣਦਾ ਸੀ ਕਿ ਕੋਈ ਗੱਲ ਨਹੀਂ, ਜੇਕਰ ਪੰਜਾਬ ਦਾ ਬਟਵਾਰਾ ਹੋਵੇਗਾ ਤਾਂ ਅਸੀਂ ਸਰਹੱਦ ਦੇ ਦੋਵੇਂ ਪਾਸੇ ਖੁਸ਼ੀ ਨਾਲ ਰਹਿ ਲਵਾਂਗੇ। ਖ਼ੈਰ ਇਹ ਹੁਣ ਅਤੀਤ ਦੀ ਗੱਲ ਹੋ ਚੁੱਕੀ ਹੈ “ਇਤਿਹਾਸ ਕੇ ਔਰਾਕ ਨੇ ਐਸੇ ਦੌਰ ਭੀ ਦੇਖੇਂ ਹੈਂ, ਜਬ ਲਮਹੋਂ ਨੇ ਖ਼ਤਾ ਕੀ , ਸਦੀਓਂ ਨੇ ਸਜ਼ਾ ਪਾਈ।”

ਹੋ ਸਕਦਾ ਹੈ ਮੇਰੇ ਵੱਲੋਂ ਦੱਸੇ ਗਏ ਤੱਥ ਕਈ ਸੱਜਣਾਂ ਨੂੰ ਪਸੰਦ ਨਾ ਆਉਂਦਾ, ਪਰ ਲੋੜ ਹੈ ਕਿ ਇਨ੍ਹਾਂ ਪ੍ਰਵਾਸੀਆਂ ਨੂੰ ਪੰਜਾਬੀਅਤ/ਸਿੱਖੀ ਦੇ ਕਲਾਵੇ ਵਿੱਚ ਲਿਆਂਦਾ ਜਾਵੇ। ਜੇਕਰ ਫੁੱਟਪਾਊ ਅਤੇ ਵੱਖਵਾਦੀ ਸੋਚ ਸਹੀ ਹੁੰਦੀ ਤਾਂ ਗੁਰੂ ਨਾਨਕ ਦੇਵ ਜੀ ਸਮੁੱਚੇ ਏਸ਼ੀਆ ਦਾ ਰਟਨ ਨਾ ਕਰਦੇ ਅਤੇ ਗੁਰੂ ਗੋਬਿੰਦ ਸਿੰਘ ਜੀ ਆਪਣੇ ਅੰਤਲੇ ਦਿਨਾਂ ਵਿੱਚ ਨੰਦੇੜ ਵਿਖੇ ਨਿਵਾਸ ਨਾ ਕਰਦੇ।

**# ਸੰਪਰਕ : 98145-28282**

# ਰਲ-ਮਿਲ ਹੰਭਲਾ ਮਾਰੀਏ, ਫਿਰ ਤੋਂ ਖਿੜੇ ਗੁਲਜ਼ਾਰ


ਲਾਭ ਸਿੰਘ ਸ਼ੇਰਗਿੱਲ

ਮਿਹਨਤ-ਮੁਸ਼ੱਕਤਾਂ ਕਰਨ, ਖੁੱਲ੍ਹੇ ਜੁੱਸਿਆਂ ਦੇ ਮਾਲਕ, ਦਿਲ ਖੋਲ੍ਹ ਕੇ ਦਾਨੀ, ਦੁੱਖ-ਸੁੱਖ ਦੇ ਸਾਂਝੀ, ਮਿਲ-ਜੁਲ ਕੇ ਹਰ ਕਾਰਜ ਨੇਪਰੇ ਚਾੜ੍ਹਨ, ਪੰਜ ਦਰਿਆਵਾਂ ਦੇ ਵਾਸੀ, ਕੁਦਰਤ ਨਾਲ ਨੇੜਤਾ ਰੱਖਣ ਵਾਲੇ, ਰੁੱਖੀ-ਮਿੱਸੀ ਖਾ ਕੇ ਰੱਬ ਦਾ ਸ਼ੁਕਰ ਕਰਨ ਵਾਲੇ, ਨੂੰਹ-ਧੀ ਦੇ ਰਾਖੇ, ਸੱਚ ਲਈ ਕੁਰਬਾਨ ਹੋਣ ਵਾਲੇ, ਧਰਮ ’ਤੇ ਪਹਿਰਾ ਦੇਣ ਵਾਲੇ ਉਹ ਦਿਲਾਂ ਦੇ ਸੱਚੇ-ਸੁੱਚੇ ਅਤੇ ਸਾਦਗੀ ਦੇ ਧਾਰਨੀ ਲੋਕ ਕਿੱਧਰ ਗੁਆਚ ਗਏ ਹਨ । ਅੱਜ ਸਾਡਾ ਹੱਸਦਾ-ਵਸਦਾ ਪੰਜਾਬ ਕਿਹੜੀਆਂ ਭੈੜੀਆਂ ਨਜ਼ਰਾਂ ਦੀ ਪਕੜ ’ਚ ਆ ਗਿਆ ਹੈ। ਅੱਜ ਜਿਸ ਪਾਸੇ ਵੀ ਦੇਖਦੇ -ਸੁਣਦੇ ਹਾਂ। ਨਸ਼ਾ, ਲੁੱਟਾਂ-ਖੋਹਾਂ, ਮਾਰਧਾੜ, ਹਿੰਸਾ, ਗੈਂਗਸਟਰਾਂ ਦਾ ਸਾਇਆ ਆਦਿ ਇਹ ਕੁੱਝ ਹੀ ਵਾਪਰ ਰਿਹਾ ਹੈ। ਸ਼ਾਇਦ ਸਾਡੇ ਬਜ਼ੁਰਗਾਂ ਨੇ ਕਦੇ ਸੋਚਿਆ ਵੀ ਨਹੀਂ ਹੋਵੇਗਾ ਕਿ ਇਸ ਘੁੱਗ ਵਸਦੇ ਰੰਗਲੇ ਪੰਜਾਬ ਨੂੰ ਭੈੜੀਆਂ ਨਜ਼ਰਾਂ ਖਾ ਜਾਣਗੀਆਂ। ਸਾਡੇ ਗੁਰੂਆਂ-ਪੀਰਾਂ ਦੀ ਚਰਨ ਛੋਹ ਪ੍ਰਾਪਤ ਇਹ ਧਰਤੀ ਅੱਜ ਅਜਿਹੇ ਸੰਕਟ ਵਿੱਚੋਂ ਗੁਜ਼ਰ ਰਹੀ ਹੈ, ਜਿਸ ਦਾ ਕੋਈ ਹੱਲ ਨਹੀਂ ਦਿਸ ਰਿਹਾ। ਨਸ਼ੇ ਦੇ ਸੌਦਾਗਰ ਸਰੇਆਮ ਨਸ਼ੇ ਦੀ ਸਪਲਾਈ ਕਰ ਰਹੇ ਹਨ। ਸਰਕਾਰ, ਪ੍ਰਸ਼ਾਸਨ ਨੇ ਜਿਵੇਂ ਅੱਖਾਂ ’ਤੇ ਪੱਟੀ ਬੰਨ੍ਹ ਰੱਖੀ ਹੈ ਤੇ ਲੋਕਾਂ ਨੂੰ ਉਨ੍ਹਾਂ ਦੇ ਹਾਲ ’ਤੇ ਛੱਡ ਦਿੱਤਾ ਗਿਆ ਹੈ। ਕੋਈ ਜੋ ਮਰਜ਼ੀ ਤੇ ਜਿਵੇਂ ਮਰਜ਼ੀ ਕਰੇ, ਅਰਾਜਕਤਾ ਵਾਲੀ ਸਥਿਤੀ ਨਜ਼ਰ ਆ ਰਹੀ ਹੈ। ਕਿਸੇ ਦੀ ਕੋਈ ਸੁਣਵਾਈ ਨਹੀਂ। ਭ੍ਰਿਸ਼ਟਾਚਾਰ ਹੱਦਾਂ ਪਾਰ ਕਰਦਾ ਜਾ ਰਿਹਾ ਹੈ। ਉਤੋਂ ਆਮ ਆਦਮੀ ਦਾ ਮਹਿੰਗਾਈ ਨੇ ਕਚੂੰਮਰ ਕੱਢ ਰੱਖਿਆ ਹੈ। ਨੌਜਵਾਨ ਵਿਹਲੇ ਫਿਰਦੇ ਹਨ, ਉਨ੍ਹਾਂ ਨੂੰ ਰੁਜ਼ਗਾਰ ਨਹੀਂ ਮਿਲ ਰਿਹਾ। ਪੜ੍ਹਾਈ ’ਤੇ ਕੀਤੇ ਖਰਚ ਦੀ ਭਰਪਾਈ ਨਾ ਹੋਣ ਕਾਰਨ ਨੌਜਵਾਨ ਬੇਚੈਨੀ ਦੇ ਆਲਮ ਵਿੱਚ ਘਿਰਦੇ ਜਾ ਰਹੇ ਹਨ। ਨਿਰਾਸ਼, ਬੇਚੈਨ ਤੇ ਵਿਹਲੀ ਸਾਡੀ ਨੌਜਵਾਨ ਪੀੜ੍ਹੀ ਨੂੰ ਕੁੱਝ ਸ਼ੈਤਾਨੀ ਦਿਮਾਗ ਆਪਣੇ ਚੁੰਗਲ ਵਿੱਚ ਫਸਾ ਰਹੇ ਹਨ ਅਤੇ ਉਹ ਇਸ ਵਿੱਚ ਕਾਮਯਾਬ ਵੀ ਹੋ ਰਹੇ ਹਨ। ਛੋਟੇ ਤੇ ਨਾਸਮਝ ਬੱਚਿਆਂ ਨੂੰ ਮਸਤੀ-ਮਸਤੀ ’ਚ ਇਸ ਨਸ਼ਿਆਂ ਦੀ ਦਲਦਲ ਵਿੱਚ ਧਕੇਲਿਆ ਜਾ ਰਿਹਾ ਹੈ। ਡਰਦੇ ਮਾਪੇ ਆਪਣੀਆਂ ਜਾਇਦਾਦਾਂ ਵੇਚ ਕੇ ਆਪਣੇ ਜਿਗਰ ਦੇ ਟੁਕੜਿਆਂ ਨੂੰ ਬਾਹਰਲੇ ਮੁਲਕਾਂ ਵਿੱਚ ਭੇਜ ਰਹੇ ਹਨ। ਪੰਜਾਬ ਨੌਜਵਾਨੀ ਤੇ ਪ੍ਰਤਿਭਾਸ਼ਾਲੀ ਦਿਮਾਗਾਂ ਤੋਂ ਸੱਖਣਾ ਹੁੰਦਾ ਜਾ ਰਿਹਾ ਹੈ, ਜੋ ਭਵਿੱਖ ਲਈ ਖਤਰੇ ਦੀ ਨਿਸ਼ਾਨੀ ਹੈ। ਕੰਮ ਕਰਨ ਦਾ ਰੁਝਾਨ ਖਤਮ ਹੋ ਰਿਹਾ ਹੈ। ਵੱਡਿਆਂ ਦੀਆਂ ਸੇਧ ਦੇਣ ਵਾਲੀਆਂ ਗੱਲਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਕਿਤੇ ਇਹ ਨਾ ਹੋਵੇ ਕਿ ਜਿਹੜਾ ਮਾੜਾ-ਮੋਟਾ ਖੁਸ਼ਹਾਲ ਦਿਸ ਰਿਹਾ ਇਹ ਸੂਬਾ, ਵੀਰਾਨੇ ਦਾ ਸ਼ਿਕਾਰ ਨਾ ਹੋ ਜਾਵੇ।

ਅੱਜ ਛੋਟੇ ਵਪਾਰੀ, ਉਦਯੋਗਪਤੀ ਤੇ ਥੋੜ੍ਹੇ ਚੰਗੇ ਰੱਜਦੇ-ਪੁੱਜਦੇ ਡਰ ਦੇ ਸਾਏ ਹੇਠ ਜੀਅ ਰਹੇ ਹਨ। ਆਏ ਦਿਨ ਇਨ੍ਹਾਂ ਕਾਰੋਬਾਰੀਆਂ ਨੂੰ ਗੈਂਗਸਟਰਾਂ ਵੱਲੋਂ ਫਿਰੌਤੀ ਮੰਗਣ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਮਿਲ ਰਹੀਆਂ ਹਨ। ਸਰਕਾਰਾਂ ਤੇ ਪ੍ਰਸ਼ਾਸਨ ਵੱਲੋਂ ਸਖਤ ਕਦਮ ਨਾ ਉਠਾਉਣ ਕਰਕੇ ਇਨ੍ਹਾਂ ਮਾੜੇ ਅਨਸਰਾਂ ਦੇ ਹੌਸਲੇ ਹੋਰ ਬੁਲੰਦ ਹੋ ਰਹੇ ਹਨ। ਜੇ ਇਸੇ ਤਰ੍ਹਾਂ ਹੀ ਹੁੰਦਾ ਰਿਹਾ ਤਾਂ ਇੱਥੋਂ ਹੌਲੀ ਹੌਲੀ ਵਪਾਰੀਆਂ ਦਾ ਪਾਸਾ ਵੱਟ ਜਾਣਾ ਲੱਗਭੱਗ ਯਕੀਨਨ ਹੈ।

ਇਸ ਤੋਂ ਇਲਾਵਾ ਰਾਹ ਜਾਂਦਾ ਇਕੱਲਾ-ਦੁਕੱਲਾ ਆਦਮੀ ਵੀ ਸੁਰੱਖਿਅਤ ਨਹੀਂ ਹੈ, ਪਤਾ ਨਹੀਂ ਕਦੋਂ ਲੁਟੇਰੇ ਉਸ ਨੂੰ ਲੁੱਟ ਲੈਣ ਤੇ ਸੱਟ-ਫੇਟ ਮਾਰ ਜਾਣ। ਅਜਿਹੇ ਅਨਸਰਾਂ ’ਤੇ ਲਗਾਮ ਕੱਸਣੀ ਅਤਿ ਜ਼ਰੂਰੀ ਹੈ। ਮਰਹੂਮ ਸੁਰਜੀਤ ਪਾਤਰ ਨੇ ਕਦੇ ਪੰਜਾਬ ਦਾ ਫਿਕਰ ਕਰਦਿਆਂ ਇਹ ਸਤਰਾਂ ਰਚੀਆਂ ਸਨ:-

*ਲੱਗੀ ਨਜ਼ਰ ਪੰਜਾਬ ਨੂੰ,*
*ਏਦ੍ਹੀ ਨਜ਼ਰ ਉਤਾਰੋ।*
*ਲੈ ਕੇ ਮਿਰਚਾਂ ਕੌੜੀਆਂ*
*ਏਹਦੇ ਸਿਰ ਤੋਂ ਵਾਰੋ।*

ਪਰ ਹੁਣ ਇਸ ਨੂੰ ਨਜ਼ਰ ਨਹੀਂ ਲੱਗੀ, ਜੋ ਮਿਰਚਾਂ ਵਾਰਨ ਨਾਲ ਦੂਰ ਹੋ ਜਾਵੇ । ਹੁਣ ਤਾਂ ਲੱਗਦਾ ਹੈ ਕਿ ਪੰਜਾਬ ਸੋਚੀ-ਸਮਝੀ ਗਹਿਰੀ ਸਾਜ਼ਿਸ਼ ਦਾ ਸ਼ਿਕਾਰ ਹੋ ਰਿਹਾ ਹੈ, ਜਿਸ ਵਿੱਚ ਇਸ ਦੇ ਆਪਣੇ ਵੀ ਸ਼ਾਮਲ ਹਨ, ਫਿਰ ਕਿੱਥੋਂ ਤੇ ਕਿਹੜੇ ਭਲੇ ਦੀ ਗੱਲ ਕਰ ਸਕਦੇ ਹਾਂ ? ਹੁਣ ਤਾਂ ਸਾਰੇ ਪਾਸੇ ਪਿੰਡਾਂ, ਸ਼ਹਿਰਾਂ, ਕਸਬਿਆਂ ਆਦਿ ਵਿੱਚ ਜਿੱਥੇ ਵੀ ਚਾਰ ਲੋਕ ਜੁੜ ਕੇ ਬਹਿੰਦੇ ਹਨ, ਉਹ ਇਹ ਹੀ ਗੱਲਾਂ ਕਰਦੇ ਹਨ ਕਿ ਕੀ ਬਣੂੰ ਪੰਜਾਬ ਦਾ। ਜਿੱਥੋਂ ਤੱਕ ਮੇਰੀ ਨਿਮਾਣੀ ਜਿਹੀ ਸਮਝ ਹੈ, ਸ਼ਾਇਦ ਤੁਸੀਂ ਵੀ ਬਹੁਤ ਸਾਰੇ ਇਸ ਨਾਲ ਸਹਿਮਤ ਹੋਵੋਗੇ ਕਿ ਜੇਕਰ ਕੋਈ ਨਾ ਕੋਈ ਹੀਲਾ ਕਰਕੇ ਵਿਹਲੇ ਨੌਜਵਾਨਾਂ ਨੂੰ ਕਿਸੇ ਕੰਮ-ਧੰਦੇ ਲਾਇਆ ਜਾਵੇ, ਫਿਰ ਸ਼ਾਇਦ ਵਿਗੜੇ ਹਾਲਾਤ ’ਚ ਕੁੱਝ ਸੁਧਾਰ ਦੀ ਗੁੰਜਾਇਸ਼ ਹੈ। ਇਸ ਲਈ ਸਰਕਾਰਾਂ ਨੂੰ ਰੁਜ਼ਗਾਰ ਦੇ ਹੋਰ ਵਸੀਲੇ ਉਤਪੰਨ ਕਰਨੇ ਚਾਹੀਦੇ ਹਨ। ਪਿੰਡਾਂ ਵਿੱਚ ਛੋਟੇ-ਛੋਟੇ ਉਦਯੋਗਾਂ ਦਾ ਨਿਰਮਾਣ ਕਰਨ ਦੇ ਉੱਦਮ ਕਰਨ ਦੀ ਲੋੜ ਹੈ। ਇਸ ਤੋਂ ਇਲਾਵਾ ਸਾਨੂੰ ਆਪ ਵੀ ਆਪਣੀ ਯੋਗਤਾ, ਸਮਰੱਥਾ ਅਨੁਸਾਰ ਆਪਣਾ ਕੋਈ ਕੰਮ ਆਰੰਭ ਕਰ ਲੈਣਾ ਚਾਹੀਦਾ ਹੈ। ਇੱਕ ਜੋ ਗੱਲ ਇੱਥੇ ਕਹਿਣੀ ਬਣਦੀ ਹੈ ਕਿ ਅਸੀਂ ਆਪਣੇ ਬੱਚਿਆਂ ਨੂੰ ਰੁਪਇਆਂ ਦੀਆਂ ਪੰਡਾਂ ਲਾ ਕੇ, ਆਪਣੀਆਂ ਜਾਇਦਾਦਾਂ ਵੇਚ ਜਾਂ ਗਹਿਣੇ ਰੱਖ ਕੇ ਵਿਦੇਸ਼ਾਂ ਵਿੱਚ ਭੇਜਦੇ ਹਾਂ, ਜੇ ਉਸ ਰਕਮ ਨਾਲ ਇੱਥੇ ਹੀ ਕੋਈ ਕਾਰੋਬਾਰ ਆਰੰਭ ਕਰ ਲਿਆ ਜਾਵੇ ਤਾਂ ਸਾਡੇ ਧੀ-ਪੁੱਤ ਸਾਡੀਆਂ ਅੱਖਾਂ ਦੇ ਸਾਹਮਣੇ ਵੀ ਰਹਿਣਗੇ ਤੇ ਦੁੱਖ-ਸੁੱਖ ਵੇਲੇ ਸਾਨੂੰ ਸਹਾਰਾ ਵੀ ਰਹੇਗਾ। ਭਟਕੇ ਨੌਜਵਾਨਾਂ ਨੂੰ ਨਸ਼ਾ ਕੇਂਦਰਾਂ ਦੀ ਨਹੀਂ, ਕੌਂਸਲਿੰਗ ਕੇਂਦਰਾਂ ਦੀ ਜ਼ਿਆਦਾ ਜ਼ਰੂਰਤ ਹੈ।

ਸੋ ਇਕੱਲੀਆਂ ਸਰਕਾਰਾਂ ’ਤੇ ਛੱਡ ਕੇ ਆਪਣਾ ਪੱਲਾ ਝਾੜ ਲੈਣ ਨਾਲ ਗੱਲ ਨਹੀਂ ਬਣਨੀ। ਸਾਡੀਆਂ ਸਮਾਜ ਸੇਵੀ ਸੰਸਥਾਵਾਂ ਤੇ ਭਲਾ ਚਾਹੁੰਣ ਵਾਲੇ ਭੱਦਰਪੁਰਸ਼ਾਂ ਨੂੰ ਅੱਗੇ ਆਉਣਾ ਪਵੇਗਾ। ਸਾਰਿਆਂ ਨੂੰ ਰਲ ਕੇ ਹੰਭਲਾ ਮਾਰਨਾ ਪਵੇਗਾ ਤਾਂ ਹੀ ਅਸੀਂ ਬੇਰੰਗ ਹੋਏ ਪੰਜਾਬ ਨੂੰ ਫਿਰ ਤੋਂ ਰੰਗਲਾ ਬਣਾਉਣ ਵੱਲ ਤੋਰ ਸਕਾਂਗੇ। ਸੱਚ ਤੇ ਹਾਲਾਤ ਬਿਆਨ ਕਰਦੀਆਂ ਕੁੱਝ ਸਤਰਾਂ ਵੀ ਇਹ ਕਲਮ ਕਹਿਣ ਲਈ ਆਤੁਰ ਹੈ:-

*ਚੰਦਰੀ ਸਿਆਸਤ ਨੇ ਖਾ ਲਿਆ,*
*ਰੰਗਲਾ ਇਹ ਪੰਜਾਬ।*
*ਰਲ-ਮਿਲ ਹੰਭਲਾ ਮਾਰੀਏ,*
*ਫਿਰ ਤੋਂ ਖਿੜੇ ਗੁਲਜ਼ਾਰ।*

**# ਸੰਪਰਕ : 86995-35708**

# ਪੰਜਾਬੀ ਨੌਜਵਾਨਾਂ ਦੇ ਵਿਦੇਸ਼ੀ ਰੁਝਾਨ ਦਾ ਕਾਰਨ...

**ਡਾ. ਸੁਖਰਾਜ ਸਿੰਘ ਬਾਜਵਾ**

ਜਿਨ੍ਹਾਂ ਅੰਗਰੇਜ਼ਾਂ ਨੂੰ ਭਾਰਤ ਦੀ ਧਰਤੀ ਤੋਂ ਭਜਾਉਣ ਲਈ ਭਗਤ ਸਿੰਘ, ਰਾਜਗੁਰੂ, ਸੁਖਦੇਵ, ਊਧਮ ਸਿੰਘ, ਆਜ਼ਾਦ ਵਰਗੇ ਜਾਨਾਂ ਵਾਰ ਗਏ, ਅੱਜ ਉਨ੍ਹਾ ਹੀ ਗੋਰਿਆਂ ਦੀ ਧਰਤੀ ’ਤੇ ਜਾਣ ਲਈ ਕਈ ਤਰ੍ਹਾਂ ਦੇ ਹਥਕੰਡੇ ਅਪਣਾ ਰਹੇ ਹਨ ਸਾਡੇ ਪੰਜਾਬੀ ।ਆਖਿਰ ਕੀ ਕਾਰਨ ਹੈ ਇਸ ਦੇ ਪਿੱਛੇ ?

ਪਹਿਲਾ ਕਾਰਨ ਜੋ ਵੇਖਣ ਵਿਚ ਆਉਂਦਾ ਹੈ, ਉਹ ਤਾਂ ਵਿਦਿਆਰਥੀਆਂ ਤੇ ਮਾਪਿਆਂ ਦਾ ਅਜੋਕੀ ਸਿੱਖਿਆ ਪ੍ਰਣਾਲੀ ਵਿਚ ਵਿਸ਼ਵਾਸ ਨਾ ਹੋਣਾ । ਕੋਈ ਸ਼ੱਕ ਵੀ ਨਹੀਂ ਕਿ ਸਾਡੀ ਅੱਜ ਦੀ ਸਿੱਖਿਆ ਪ੍ਰਣਾਲੀ ਅੱਜ ਦੀਆਂ ਲੋੜਾਂ ਅਨੁਸਾਰ ਨਹੀਂ ਹੈ ਤੇ ਇਸ ਖੇਤਰ ਵਿਚ ਅਸੀਂ ਬਹੁਤ ਪੱਛੜੇ ਹੋਏ ਲੱਗਦੇ ਹਾਂ । ਸਰਕਾਰ ਜਾਂ ਲੀਡਰ ਕਿਸੇ ਵੀ ਪਾਰਟੀ ਨਾਲ ਸੰਬੰਧ ਰੱਖਦਾ ਹੋਵੇ, ਉਹ ਸਿੱਖਿਆ ਨੂੰ ਅੱਜ ਦੇ ਯੁੱਗ ਦੇ ਹਾਣ ਦਾ ਬਣਾਉਣ ਲਈ ਸੰਜੀਦਾ ਨਹੀਂ ਹਨ । ਸਰਕਾਰਾਂ ਸਿਰਫ ਸਸਤੀ ਲੇਬਰ ਪੈਦਾ ਕਰਕੇ ਆਪਣੇ ਆਕਾਵਾਂ ਨੂੰ ਖੁਸ਼ ਕਰਨ ਲਈ ਹੀ ਕੰਮ ਕਰ ਰਹੀਆਂ ਹਨ । ਇਸ ਗੱਲ ਨੇ ਅੱਜ ਦੇ ਨੌਜਵਾਨ ਨੂੰ ਨਿਰਾਸ਼ ਕੀਤਾ ਹੈ ।

ਕਿੱਤਾ-ਮੁਖੀ ਸਿੱਖਿਆ ਪ੍ਰਣਾਲੀ ਦੀ ਗੱਲ ਹਰ ਸਰਕਾਰ ਕਰਦੀ ਹੈ, ਪਰ ਕਿੰਨਾ ਕੁ ਸੰਜੀਦਾ ਤਰੀਕੇ ਨਾਲ ਕੰਮ ਹੋ ਰਿਹਾ, ਸਭ ਨੂੰ ਪਤਾ ਹੈ । ਸਿਰਫ ਕਿੱਤਾ-ਮੁਖੀ ਸਿੱਖਿਆ ਪ੍ਰਣਾਲੀ ਲੈ ਕੇ ਆਉਣ ਨਾਲ ਹੀ ਨੌਜਵਾਨਾਂ ਨੂੰ ਰੁਜ਼ਗਾਰ ਦੀ ਗਰੰਟੀ ਨਹੀਂ ਹੋ ਜਾਂਦੀ, ਉਸ ਦੇ ਲਈ ਆਪਣੇ ਕਿੱਤੇ ਨੂੰ ਅਸਲ ਵਿਚ ਰੁਜ਼ਗਾਰ ਵਿਚ ਤਬਦੀਲ ਕਰਨ ਲਈ ਲੋੜੀਂਦਾ ਵਾਤਾਵਰਣ ਵੀ ਦੇਣਾ ਪੈਣਾ, ਜੋ ਕੇ ਕਿਤੇ ਵੀ ਨਜ਼ਰ ਨਹੀਂ ਆਉਂਦਾ।

ਆਪਣਾ ਕਾਰੋਬਾਰ ਜੇਕਰ ਕੋਈ ਸ਼ੁਰੂ ਕਰਨਾ ਵੀ ਚਾਹੇ ਤਾਂ ਸਰਕਾਰ ਵੱਲੋਂ ਕੋਈ ਮਦਦ ਦੀ ਉਮੀਦ ਨਹੀਂ ਅਤੇ ਇਸ ਲਈ ਲੋੜੀਂਦੀ ਕਾਰਵਾਈ ਜਿਵੇਂ ਕਿ ਲਾਇਸੈਂਸ ਲੈਣਾ, ਐੱਨ ਓ ਸੀ ਲੈਣਾ ਸੌਖੀ ਖੇਡ ਨਹੀਂ, ਪੈਰ ਦੀ ਜੁੱਤੀ ਘਿਸ ਜਾਂਦੀ ਦਫਤਰਾਂ ਤੇ ਲੀਡਰਾਂ ਦੇ ਘਰਾਂ ਦੇ ਗੇੜੇ ਲਾਉਂਦੇ। ਸਰਕਾਰੀ ਅਫਸਰ ਤੋਂ ਲੈ ਕੇ ਲੀਡਰਾਂ ਤੱਕ ਨੂੰ ਖੁਸ਼ ਕਰਨਾ ਪੈਂਦਾ ਹੈ, ਇਹ ਸਭ ਗੱਲਾਂ ਨੌਜਵਾਨਾਂ ਨੂੰ ਨਿਰਾਸ਼ ਕਰਦੀਆਂ ।

ਸਰਕਾਰਾਂ ਵੱਲੋਂ ਲਾਏ ਜਾਂਦੇ ਕਈ ਤਰ੍ਹਾਂ ਦੇ ਗੁੰਝਲਦਾਰ ਟੈਕਸ ਵੀ ਕਈ ਵਾਰ ਕਾਰੋਬਾਰ ਕਰਨ ਲਈ ਸੁਖਾਲਾ ਮਾਹੌਲ ਨਹੀਂ ਬਣਨ ਦੇਂਦੇ ।

ਵਿਦੇਸ਼ਾਂ ਵੱਲ ਦੌੜ ਦਾ ਇਕ ਵੱਡਾ ਕਾਰਨ ਇਹ ਵੀ ਹੈ ਕਿ ਜਿੱਥੇ ਸਰਕਾਰਾਂ ਦਾ ਨੌਕਰੀਆਂ ਵੱਲ ਧਿਆਨ ਘੱਟ ਹੈ, ਉਥੇ ਹੀ ਪ੍ਰਾਈਵੇਟ ਅਦਾਰੇ ਨੌਜਵਾਨਾਂ ਦਾ ਸ਼ੋਸ਼ਣ ਵੱਧ ਕਰਦੇ ਹਨ, ਜਿਸ ਨਾਲ ਨੌਜਵਾਨ ਮਾਨਸਿਕ ਤੌਰ ’ਤੇ ਖੁਸ਼ ਨਹੀਂ ਰਹਿੰਦਾ। ਮਿਹਨਤ ਦਾ ਉਹ ਫਲ ਉਸ ਨੂੰ ਨਹੀਂ ਮਿਲਦਾ, ਜਿਸ ਦਾ ਉਹ ਹੱਕਦਾਰ ਹੈ ।

ਸਰਕਾਰੀ ਨੌਕਰੀਆਂ ਵਿਚ ਵੀ ਹੁਣ ਸ਼ੋਸ਼ਣ ਜ਼ਿਆਦਾ ਵਧ ਗਿਆ ਹੈ । ਸਰਕਾਰ ਵੀ ਨੌਕਰੀ ਠੇਕੇ ’ਤੇ ਦੇਂਦੀ, ਜਿਸ ਵਿਚ ਤਨਖਾਹ ਏਨੀ ਕੁ ਕਿ ਘਰ ਦਾ ਗੁਜ਼ਾਰਾ ਵੀ ਨਾ ਚੱਲੇ, ਜੇਕਰ ਵਿਭਾਗ ਵਿਚ ਰੱਖ ਵੀ ਲਵੇ ਤਾਂ ਪਹਿਲੇ ਤਿੰਨ ਸਾਲ ਨਿਗੂਣੀ ਤਨਖਾਹ, ਫੇਰ ਪੱਕੇ ਹੋਣ ਲਈ ਧਰਨੇ ਮੁਜ਼ਾਹਰੇ, ਇਹ ਸਭ ਨੌਜਵਾਨਾਂ ਪੱਲੇ ਨਿਰਾਸ਼ਾ ਜ਼ਿਆਦਾ ਪਾ ਰਹੇ ਹਨ ।

ਸਰਕਾਰੀ ਤੇ ਹੁਣ ਪ੍ਰਾਈਵੇਟ ਤੰਤਰ ਵਿਚ ਵੀ ਵਧ ਰਿਹਾ ਭ੍ਰਿਸਟਾਚਾਰ ਨੌਜਵਾਨ ਪੀੜ੍ਹੀ ਨੂੰ ਨਿਰਾਸ਼ਾ ਦੇ ਆਲਮ ਵਿਚ ਲੈ ਕੇ ਜਾ ਰਿਹਾ ਹੈ, ਜਿਸ ਕਰਕੇ ਨੌਜਵਾਨਾਂ ਨੂੰ ਆਪਣਾ ਭਵਿੱਖ ਹਨੇਰੇ ਵਿੱਚ ਵਿਖਾਈ ਦਿੰਦਾ ਹੈ।

ਵਰਤਮਾਨ ਸਰਕਾਰਾਂ ਨਹੀਂ ਚਾਹੁੰਦੀਆਂ ਕਿ ਕੋਈ ਉਹਨਾ ਦੀਆਂ ਗਲਤ ਨੀਤੀਆਂ ਖਿਲਾਫ ਆਵਾਜ਼ ਬੁਲੰਦ ਕਰੇ, ਜੇਕਰ ਕੋਈ ਨੌਜਵਾਨ ਅਜਿਹਾ ਕਰਨ ਦੀ ਹਿੰਮਤ ਕਰਦਾ ਤਾਂ ਸਰਕਾਰਾਂ ਇਸ ਨੂੰ ਦਬਾਉਣ ਦੀ ਖਾਤਰ ਕਿਸੇ ਵੀ ਹੱਦ ਤੱਕ ਚਲੇ ਜਾਂਦੀਆਂ ਹਨ, ਨੌਜਵਾਨਾਂ ਨੂੰ ਸਰੀਰਕ ਤੇ ਮਾਨਸਿਕ ਤੌਰ ’ਤੇ ਪ੍ਰੇਸ਼ਾਨ ਕਰਨ ਲਈ ਝੂਠੇ ਮੁਕੱਦਮੇ ਤੱਕ ਕਰਕੇ ਉਹਨਾ ਦਾ ਭਵਿੱਖ ਖਰਾਬ ਕਰਨ ਲੱਗੇ ਵੀ ਨਹੀਂ ਸੋਚਦੀਆਂ। ਸੱਤਾ ਦੀ ਭੁੱਖ ਕਰਕੇ ਝੂਠੇ ਲਾਰੇ ਲਾ ਕੇ ਸਰਕਾਰਾਂ ਤਾਂ ਲੀਡਰ ਬਣਾ ਲੈਂਦੇ ਹਨ, ਫੇਰ ਆਪਣੇ ਵਾਅਦਿਆਂ ਤੋਂ ਮੁੱਕਰ ਜਾਣਾ ਆਮ ਜਿਹੀ ਗੱਲ ਹੋਣ ਕਰਕੇ ਨੌਜਵਾਨਾਂ ਵਿਚ ਨਿਰਾਸ਼ਾ ਪੱਲੇ ਪੈਂਦੀ ਹੈ ਤੇ ਇਹ ਨਿਰਾਸ਼ਾ ਵੀ ਕਿਸੇ ਹੱਦ ਤੱਕ ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿਚ ਧਕੇਲਣ ਲਈ ਜ਼ਿੰਮੇਵਾਰ ਹੈ ।

ਖੇਤੀਬਾੜੀ ਜੋ ਮੁੱਖ ਧੰਦਾ ਰਿਹਾ ਪੰਜਾਬ ਵਾਸੀਆਂ ਦਾ, ਉਸ ਨੂੰ ਸਰਕਾਰਾਂ ਪਹਿਲਾਂ ਹੀ ਆਪਣੀਆਂ ਗਲਤ ਨੀਤੀਆਂ ਕਰਕੇ ਘਾਟੇ ਦਾ ਸੌਦਾ ਬਣਾ ਚੁੱਕੀਆਂ ਹਨ, ਇਸੇ ਕਰਕੇ ਨੌਜਵਾਨਾਂ ਲਈ ਇਹ ਰੁਜ਼ਗਾਰ ਦਾ ਸਾਧਨ ਨਹੀਂ ਰਿਹਾ ।

ਅਜਿਹੇ ਸਮੇਂ ਵਿਚ ਨੌਜਵਾਨਾਂ ਨੂੰ ਅਤੇ ਓਹਨਾ ਦੇ ਮਾਪਿਆਂ ਨੂੰ ਏਹੀ ਲਗਦਾ ਹੈ ਕਿ ਵਿਦੇਸ਼ ਵਿਚ ਜਾ ਕੇ ਪੜ੍ਹਾਈ ਕਰਨੀ ਤੇ ਫੇਰ ਉਥੇ ਹੀ ਸੈਟਲ ਹੋ ਜਾਣਾ ਭਵਿੱਖ ਲਈ ਜ਼ਿਆਦਾ ਵਧੀਆ ਹੈ।

ਲੋੜ ਹੈ ਕਿ ਸਰਕਾਰਾਂ ਆਪਣੀਆਂ ਨੀਤੀਆਂ ਵਿਚ ਬਦਲਾਅ ਲੈ ਕੇ ਆਉਣ , ਸਿੱਖਿਆ ਪ੍ਰਣਾਲੀ ਏਦਾਂ ਦੀ ਹੋਵੇ, ਜਿੱਥੇ ਕਿ ਪੜ੍ਹਾਈ ਤੋਂ ਬਾਅਦ ਰੁਜ਼ਗਾਰ ਦੇ ਸਾਧਨ ਲੱਭਣੇ ਸੌਖੇ ਹੋਣ, ਕਾਰੋਬਾਰ ਲਈ ਨੀਤੀਆਂ ਵਧੀਆ ਹੋਣ ਤੇ ਆਮ ਲੋਕਾਂ ਲਈ ਰੁਜ਼ਗਾਰ ਪੈਦਾ ਕਰਨ ਵਾਲੀਆਂ ਹੋਣ, ਲਾਇਸੈਂਸ ਲਈ ਤੇ ਹੋਰ ਕੰਮਾਂ ਲਈ ਦਫਤਰਾਂ ਦੇ ਗੇੜੇ ਨਾ ਲਾਉਣੇ ਪੈਣ ਤੇ ਲੀਡਰਾਂ ਦੀ ਦਖਲਅੰਦਾਜ਼ੀ ਬੰਦ ਹੋਵੇ। ਬਿਨਾਂ ਵਜ੍ਹਾ ਕਾਰੋਬਾਰੀ ਨੂੰ ਪ੍ਰੇਸ਼ਾਨ ਕਰਨਾ ਬੰਦ ਹੋਵੇ। ਟੈਕਸ ਪ੍ਰਣਾਲੀ ਸੁਖਾਲੀ ਬਣਾਉਣ ਦੇ ਨਾਲ ਲੋਕਾਂ ਦੇ ਹਿੱਤ ਵਿੱਚ ਹੋਵੇ, ਹਰ ਇਕ ਟੈਕਸ ਦਾਤਾ ਨੂੰ ਮੈਡੀਕਲ ਸਹੂਲਤਾਂ ਤੇ ਇਕ ਉਮਰ ਦੇ ਪੜਾਅ ਤੋਂ ਬਾਅਦ ਪੈਨਸ਼ਨ ਸਹੂਲਤਾਂ ਹੋਣ ।

ਭ੍ਰਿਸ਼ਟਾਚਾਰ ਨੂੰ ਨੱਥ ਪਾਉਣ ਨਾਲ, ਹਰ ਇਕ ਫਸਲ ਲਈ ਘੱਟੋ-ਘੱਟ ਖਰੀਦ ਮੁੱਲ ਤੈਅ ਕਰਨ ਨਾਲ , ਖੇਤੀਬਾੜੀ ਨੂੰ ਲਾਹੇਵੰਦ ਬਣਾਉਣ ਨਾਲ ਪੰਜਾਬੀ ਨੌਜਵਾਨ ਨੂੰ ਆਪਣੀ ਮਿੱਟੀ ਨਾਲ ਜੋੜ ਕੇ ਰੱਖਿਆ ਜਾ ਸਕਦਾ ਹੈ।

ਪੰਜਾਬ ਵਿੱਚ ਨਿੱਤ ਵਧ ਰਹੇ ਨਸ਼ਿਆਂ ਦੇ ਮਾਮਲੇ ਵੀ ਮਾਂ-ਬਾਪ ਨੂੰ ਆਪਣੇ ਜਿਗਰ ਦੇ ਟੁਕੜੇ ਨੂੰ ਵਿਦੇਸ਼ ਭੇਜਣ ਲਈ ਮਜਬੂਰ ਕਰਦੇ ਹਨ, ਲੋੜ ਹੈ ਸਖਤੀ ਕਰਨ ਦੀ, ਛੋਟੀਆਂ ਮੱਛੀਆਂ ਨਹੀਂ, ਵੱਡੇ ਮਗਰਮੱਛ ਫੜ ਕੇ ਜੇਲ੍ਹਾਂ ਵਿੱਚ ਡੱਕਣ ਦੀ । ਪੰਜਾਬੀ ਨੌਜਵਾਨਾਂ ਨੂੰ ਪੰਜਾਬ ਦੀ ਧਰਤੀ ਨਾਲ ਜੋੜੀ ਰੱਖਣ ਲਈ ਸਰਕਾਰਾਂ ਨੂੰ ਸੰਜੀਦਾ ਹੋ ਕੇ ਕੰਮ ਕਰਨ ਪੈਣਗੇ ।

**# ਸੰਪਰਕ : 78886-84597**

# ਪ੍ਰਾਪਰਟੀ ਡੀਲਰ, ਕਾਲੋਨਾਈਜ਼ਰ ਤੇ ਅਰਜ਼ੀ ਨਵੀਸਾਂ ਅੱਧ-ਨੰਗੇ ਹੋ ਕੇ ਮੰਗੀ ਭਿੱਖ



**ਮੁਕਤਸਰ (ਸ਼ਮਿੰਦਰ ਪਾਲ, ਪੂਜਾ)**

ਪੰਜਾਬ ਦੇ ਜ਼ਿਲ੍ਹਾ ਮੁਕਤਸਰ ਵਿੱਚ ਪ੍ਰਾਪਰਟੀ ਡੀਲਰ, ਕਾਲੋਨਾਈਜ਼ਰ ਤੇ ਅਰਜ਼ੀ ਨਵੀਸਾਂ ਵੱਲੋਂ ਅੱਧ-ਨੰਗੇ ਹੋ ਕੇ ਅਤੇ ਹੱਥ ਵਿੱਚ ਕਟੋਰੇ ਫੜ ਕੇ ਭੀਖ ਮੰਗੀ ਗਈ।ਦੱਸਿਆ ਜਾ ਰਿਹਾ ਹੈ ਕਿ ਇਸ ਤੋਂ ਪਹਿਲਾਂ ਵੀ ਯੂਨੀਅਨ ਵੱਲੋਂ ਮਟਕਾ ਫੋੜ ਪ੍ਰਦਰਸ਼ਨ, ਭੈਂਸ ਅੱਗੇ ਬੀਨ ਵਜਾਉਣ ਵਾਲੇ ਸਮੇਤ ਹੋਰ ਪ੍ਰਦਰਸ਼ਨ ਕੀਤੇ ਗਏ ਸਨ, ਪਰ ਇਸ ਦੇ ਬਾਵਜੂਦ ਨਾ ਤਾਂ ਸਰਕਾਰ ਤੇ ਨਾ ਹੀ ਪ੍ਰਸ਼ਾਸਨ ਨੇ ਕੋਈ ਧਿਆਨ ਦਿੱਤਾ।ਇਸੇ ਰੋਸ ਵਿੱਚ ਪ੍ਰਾਪਰਟੀ ਡੀਲਰਾਂ ਨੇ ਹੱਥ ਵਿੱਚ ਕਟੋਰਾ ਫੜ ਕੇ ਭੀਖ ਮੰਗ ਕੇ ਪ੍ਰਦਰਸ਼ਨ ਕੀਤਾ।

ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਅਸ਼ੋਕ ਚੁਘ ਨੇ ਕਿਹਾ ਕਿ ਜੇਕਰ ਅੱਜ ਦੇ ਪ੍ਰਦਰਸ਼ਨ ਤੋਂ ਬਾਅਦ ਵੀ ਪ੍ਰਸ਼ਾਸਨ ਨਾ ਜਾਗਿਆ ਤਾਂ ਉਹ ਹੋਰ ਵੀ ਤਿੱਖਾ ਸੰਘਰਸ਼ ਕਰਨਗੇ।ਪ੍ਰਧਾਨ ਅਸ਼ੋਕ ਚੁੱਘ ਤੇ ਹੋਰ ਆਗੂਆਂ ਨੇ ਦੱਸਿਆ ਕਿ ਉਹ ਪਿਛਲੇ ਕਈ ਦਿਨਾਂ ਤੋਂ ਸੰਘਰਸ਼ ਕਰ ਰਹੇ ਹਨ।ਮੁਕਤਸਰ ਵਿੱਚ ਪ੍ਰਾਪਰਟੀ ਦੇ ਕਲੈਕਟਰ ਰੇਟ ਪਿਛਲੇ 2 ਸਾਲਾਂ ਵਿੱਚ ਤਿੰਨ ਵਾਰ ਵਧਾਏ ਜਾ ਚੁੱਕੇ ਹਨ।ਇਨ੍ਹਾਂ ਰੇਟਾਂ ਵਿੱਚ ਬੇਹੱਦ ਵਾਧਾ ਕੀਤਾ ਗਿਆ ਹੈ, ਜਿਸ ਨਾਲ ਪ੍ਰਾਪਰਟੀ ਕਾਰੋਬਾਰੀਆਂ ਤੇ ਆਮ ਸ਼ਹਿਰਵਾਸੀਆਂ ਨੂੰ ਵੱਡਾ ਨੁਕਸਾਨ ਹੋ ਰਿਹਾ ਹੈ।ਉਹ ਪ੍ਰਸ਼ਾਸਨ ਨੂੰ ਇਹ ਰੇਟ ਵਾਪਸ ਲੈਣ ਦੀ ਬੇਨਤੀ ਕਰ ਚੁੱਕੇ ਹਨ, ਪਰ ਪ੍ਰਸ਼ਾਸਨਕ ਅਧਿਕਾਰੀ ਐਸਾ ਨਹੀਂ ਕਰ ਰਹੇ, ਜਿਸ ਕਾਰਨ ਉਨ੍ਹਾਂ ਨੂੰ ਸੰਘਰਸ਼ ਦਾ ਰਸਤਾ ਅਪਣਾਉਣਾ ਪੈ ਰਿਹਾ ਹੈ। ਜੇਕਰ ਇਹ ਰੇਟ ਵਾਪਸ ਨਾ ਲਏ ਗਏ, ਤਾਂ ਉਹ ਇਸ ਸਬੰਧੀ ਗਿੱਦੜਬਾਹਾ ਵਿੱਚ ਪਿੰਡ-ਪਿੰਡ ਜਾ ਕੇ ਆਉਣ ਵਾਲੇ ਦਿਨਾਂ ਵਿੱਚ ਸਰਕਾਰ ਵਿਰੁੱਧ ਪ੍ਰਦਰਸ਼ਨ ਕਰਨਗੇ।

ਇਸ ਮੌਕੇ ਐਡਵੋਕੇਟ ਵਰੁਣ ਬੱਤਰਾ (ਕਾਨੂੰਨੀ ਸਲਾਹਕਾਰ ਪ੍ਰਾਪਰਟੀ ਡੀਲਰ ਯੂਨੀਅਨ), ਰਾਮਗੜ੍ਹੀਆ ਸਿੱਖ ਫੈਡਰੇਸ਼ਨ ਦੇ ਪ੍ਰਧਾਨ ਸ਼ਮਿੰਦਰ ਸਿੰਘ, ਜਸਵਿੰਦਰ ਸਿੰਘ ਬਲਮਗੜ੍ਹ, ਪੂਰਬ ਐੱਮ ਸੀ ਪੱਪੀ, ਕਮਲ ਖੁੰਗਰ, ਵਰਿੰਦਰ ਗੋਲਡੀ, ਜੈ ਯਾਦਵ, ਰਾਕੇਸ਼ ਕੁਮਾਰ, ਕਾਲਾ ਸੋਨੀ, ਸਤੀਸ਼ ਪਠੇਲਾ, ਅਸ਼ੋਕ ਕੁਮਾਰ ਐੱਮ ਸੀ, ਗੁਰਪਾਲ ਸਿੰਘ ਪਾਲੀ, ਫੌਜੀ ਦੋਦੇ ਵਾਲੇ, ਯੋਗੇਸ਼ ਅਸੀਜਾ, ਵਿਕਾਸ ਸ਼ਰਮਾ, ਬਿੱਟੂ ਗਰਗ, ਵਾਸੂ ਗਰਗ, ਸਾਹਿਲ ਕੁਮਾਰ ਹੈਪੀ, ਬਲਜੀਤ ਸਿੰਘ ਬੁੱਧ, ਦਰਸ਼ਨ ਸਿੰਘ, ਰਿੰਕੂ ਗੁਪਤਾ, ਵਿੱਕੀ ਬਾਂਸਲ, ਰਾਜਨ ਚੁਘ, ਰਾਜੂ ਪੰਸੇਜਾ, ਸੁਨੀਲ ਪਠੇਲਾ, ਵਿਜੈ ਕੁਮਾਰ, ਸੰਦੀਪ ਕੁਮਾਰ ਕਾਲਾ ਸੋਨੀ, ਮੋਹਕਮ ਸੰਧੂ, ਮਿੱਥਾ ਸਿੰਘ, ਮਹਿੰਦਰਪਾਲ ਧਵਨ, ਅਸ਼ੋਕ ਕੁਮਾਰ ਭਾਰਤੀ, ਸੁਰਿੰਦਰ ਗਿਰਧਰ, ਗੌਰਵ ਛਾਬੜਾ ਹਾਜ਼ਰ ਸਨ।

# ਝੋਨੇ ਦੀ ਖਰੀਦ ਸੰਬੰਧੀ ਮੁਸ਼ਕਲਾਂ ਨੂੰ ਲੈ ਕੇ ਨੈਸ਼ਨਲ ਹਾਈਵੇ 'ਤੇ ਧਰਨਾ



**ਦੋਰਾਹਾ (ਹਰਮਿੰਦਰ ਸੇਠ)**-ਦੋਰਾਹਾ ਦੇ ਨੈਸ਼ਨਲ ਹਾਈਵੇ 'ਤੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਇੱਕ ਵਿਸ਼ਾਲ ਧਰਨਾ ਲਾਇਆ ਗਿਆ। ਇਹ ਧਰਨਾ 12 ਵਜੇ ਤੋਂ 3 ਵਜੇ ਤੱਕ ਲਾਇਆ ਗਿਆ। ਇਸ ਮੌਕੇ ਵੱਖ-ਵੱਖ ਕਿਸਾਨ ਆਗੂਆਂ ਤੇ ਆੜ੍ਹਤੀਆਂ ਦੀ ਜਥੇਬੰਦੀ ਵੱਲੋਂ ਕਿਸਾਨਾਂ ਨੂੰ ਸੰਬੋਧਨ ਕੀਤਾ ਗਿਆ। ਇਸ ਮੌਕੇ ਜਸਵੀਰ ਝੱਜ ਜ਼ਿਲ੍ਹਾ ਪ੍ਰਧਾਨ ਕਿਸਾਨ ਸਭਾ ਲੁਧਿਆਣਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਨੂੰ ਆੜ੍ਹਤੀਏ ਤੇ ਕਿਸਾਨਾਂ ਦੇ ਮਸਲੇ ਤੁਰੰਤ ਅਤੇ ਪਹਿਲ ਦੇ ਅਧਾਰ 'ਤੇ ਹੱਲ ਕਰਨੇ ਚਾਹੀਦੇ ਹਨ ਤਾਂ ਜੋ ਕਿਸਾਨ ਆਪਣੀਆਂ ਫਸਲਾਂ ਨੂੰ ਸਹੀ ਸਮੇਂ 'ਤੇ ਮੰਡੀਆਂ 'ਚ ਲਿਆ ਕੇ ਵੇਚ ਸਕਣ। ਜਥੇਬੰਦੀਆਂ ਦੇ ਪਾਇਲ ਤਹਿਸੀਲ ਦੇ ਆਗੂ ਮੋਰਚੇ ਵਿੱਚ ਸ਼ਾਮਲ ਕਿਸਾਨ ਜਥੇਬੰਦੀਆਂ ਨਾਲ ਤਾਲਮੇਲ ਕਰਕੇ ਇਸ ਪ੍ਰੋਗਰਾਮ ਨੂੰ ਕਾਮਯਾਬ ਕਰਨ ਲਈ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਪੰਜਾਬ ਪੁਲਸ ਵੱਲੋਂ ਇਸ ਮੌਕੇ ਸਖਤ ਸੁਰੱਖਿਆ ਪ੍ਰਬੰਧ ਕੀਤੇ ਹੋਏ ਸਨ। ਇਸ ਧਰਨੇ ਵਿੱਚ ਟ੍ਰੇਡ ਯੂਨੀਅਨ ਆਗੂ ਸਾਥੀ ਹਰਮਿੰਦਰ ਸਿੰਘ ਸੇਠ, ਕਰਮ ਸਿੰਘ ਜਟਾਣਾ, ਹਰਪਾਲ ਸਿੰਘ ਬੁਆਣੀ ਕਿਸਾਨ ਆਗੂ ਸ਼ਾਦੀਪੁਰ, ਗੁਰਜੋਧ ਕੌਰ ਮਾਂਗਟ, ਹਰਭਜਨ ਸਿੰਘ ਦੋਰਾਹਾ, ਅਮਰਜੀਤ ਸਿੰਘ ਜਟਾਣਾ, ਦਲਵਾਰਾ ਸਿੰਘ ਪੀ ਐੱਨ ਬੀ, ਕਰਨੈਲ ਸਿੰਘ ਪੀ ਆਰ ਟੀ ਸੀ ਆਦਿ ਲੀਡਰ ਤੇ ਵਰਕਰ ਸ਼ਾਮਲ ਹੋਏ।

# ਝੋਨੇ ਦੀ ਖਰੀਦ ਸਮੇਤ ਹੋਰ ਮੁੱਦਿਆਂ 'ਤੇ ਚੌਕੀ ਅੱਗੇ ਕੀਤਾ ਚੱਕਾ ਜਾਮ



**ਲੌਂਗੋਵਾਲ/ਮਸਤੂਆਣਾ ਸਾਹਿਬ (ਪ੍ਰਦੀਪ ਸਿੰਘ ਸੱਪਲ)**

ਸੰਯੁਕਤ ਕਿਸਾਨ ਮੋਰਚਾ, ਆੜ੍ਹਤੀਆ ਐਸੋਸੀਏਸ਼ਨ ਤੇ ਸ਼ੈਲਰ ਐਸੋਸੀਏਸ਼ਨ ਵੱਲੋਂ ਝੋਨੇ ਦੀ ਖਰੀਦ ਤੇ ਸ਼ੈਲਰਾਂ ਵਿੱਚ ਪਏ ਸਟਾਕ ਨੂੰ ਖਾਲੀ ਕਰਨ ਜਿਹੇ ਮੁੱਦਿਆਂ ਨੂੰ ਲੈ ਕੇ ਸੂਬੇ ਭਰ ਵਿੱਚ ਤਿੰਨ ਘੰਟੇ ਲਈ ਸੜਕਾਂ ਜਾਮ ਕਰਨ ਦੇ ਦਿੱਤੇ ਸੱਦੇ ਤਹਿਤ ਬਡਰੁੱਖਾਂ ਚੌਂਕੀ ਅੱਗੇ ਸੰਗਰੂਰ ਬਠਿੰਡਾ ਰੋਡ 12 ਤੋਂ 3 ਘੰਟਿਆਂ ਲਈ ਜਾਮ ਕੀਤਾ ਗਿਆ।

ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ, ਬੀਕੇਯੂ ਡਕੌਂਦਾ ਧਨੇਰ ਦੇ ਜ਼ਿਲ੍ਹਾ ਸਕੱਤਰ ਜਗਤਾਰ ਸਿੰਘ ਦੁੱਗਾਂ, ਬੀਕੇਯੂ ਰਾਜੇਵਾਲ ਦੇ ਜ਼ਿਲ੍ਹਾ ਆਗੂ ਜੱਸੀ ਚੰਗਾਲ, ਜਮਹੂਰੀ ਕਿਸਾਨ ਸਭਾ ਦੇ ਸੂਬਾ ਆਗੂ ਉੱਦਮ ਸਿੰਘ ਸੰਤੋਖਪੁਰਾ, ਕੁੱਲ ਹਿੰਦ ਕਿਸਾਨ ਸਭਾ (ਅਜੇ ਭਵਨ) ਦੇ ਆਗੂ ਨਿਰਮਲ ਸਿੰਘ ਬਟੜਿਆਣਾ, ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਸੂਬਾ ਆਗੂ ਮੰਗਤ ਰਾਮ ਲੌਂਗੋਵਾਲ, ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਜ਼ਿਲ੍ਹਾ ਆਗੂ ਇੰਦਰਪਾਲ ਸਿੰਘ ਪੁੰਨਾਵਾਲ, ਸ਼ੈਲਰ ਐਸੋਸੀਏਸ਼ਨ ਦੇ ਆਗੂ ਵਰਿੰਦਰਪਾਲ ਸਿੰਘ ਟੀਟੂ ਨੇ ਦੱਸਿਆ ਕਿ ਪੰਜਾਬ ਵਿੱਚ 13 ਦਿਨ ਤੋਂ ਝੋਨੇ ਦੀ ਖਰੀਦ ਸ਼ੁਰੂ ਹੋਈ ਹੈ, ਪਰ ਮੰਡੀਆਂ ਵਿੱਚ ਅਜੇ ਬਹੁਤ ਥੋੜ੍ਹੀ ਖਰੀਦ ਹੋਈ ਹੈ ਤੇ ਕਿਸਾਨ ਝੋਨਾ ਲੈ ਕੇ ਮੰਡੀਆਂ ਵਿੱਚ ਬੈਠੇ ਹਨ ਤੇ ਉਨ੍ਹਾਂ ਦੀ ਖੱਜਲ ਖੁਆਰੀ ਲਗਾਤਾਰ ਹੋ ਰਹੀ ਹੈ।ਕੇਂਦਰ ਤੇ ਪੰਜਾਬ ਸਰਕਾਰ ਇਸ ਵਾਰ ਝੋਨੇ ਨੂੰ ਮੰਡੀਆਂ ਵਿੱਚ ਰੋਲਣਾ ਚਾਹੁੰਦੀ ਹੈ। ਇਸੇ ਕਰਕੇ ਪਿਛਲੇ ਸਾਲ ਦਾ ਚੌਲਾਂ ਦਾ ਸਟੋਕ ਸੈਲਰਾਂ ਵਿੱਚੋਂ ਨਹੀਂ ਚੁੱਕਿਆ ਗਿਆ ਤੇ ਨਵੀਂ ਫਸਲ ਲਈ ਜਗ੍ਹਾ ਦੀ ਸਮੱਸਿਆ ਬਣੀ ਹੋਈ ਹੈ।

ਕੇਂਦਰ ਸਰਕਾਰ ਵੱਲੋਂ ਜੋ ਪਿਛਲੇ ਦਿਨੀਂ 15 ਲੱਖ ਮੀਟ੍ਰਿਕ ਟਨ ਪ੍ਰਤੀ ਮਹੀਨਾ ਚੌਲ ਪੰਜਾਬ 'ਚੋਂ ਚੁੱਕਣ ਦਾ ਐਲਾਨ ਕੀਤਾ ਹੈ, ਜਿਸ ਨਾਲ ਪੰਜਾਬ ਵਿੱਚ ਪਏ ਸਟਾਕ ਨੂੰ ਚੁੱਕਣ ਲਈ 25 ਮਹੀਨਿਆਂ ਦਾ ਸਮਾਂ ਲੱਗੇਗਾ, ਜਦਕਿ ਇਸ ਵਾਰ ਝੋਨੇ ਦੀ ਫਸਲ 185 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਪੈਦਾ ਹੋਣੀ ਹੈ, ਜਿਸ ਨਾਲ ਸਥਿਤੀ ਹੋਰ ਗੰਭੀਰ ਹੋਣ ਦੀ ਸੰਭਾਵਨਾ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਨੂੰ ਵਾਰ-ਵਾਰ ਬੇਨਤੀਆਂ ਕਰਨ ਦੇ ਬਾਵਜੂਦ ਪੰਜਾਬ ਸਰਕਾਰ ਵੀ ਘੂਕ ਸੁੱਤੀ ਹੋਈ ਹੈ ਅਤੇ ਕੇਂਦਰ ਸਰਕਾਰ ਨੇ ਘੇਸਲ ਵੱਟੀ ਹੋਈ ਹੈ।ਦੋਵੇਂ ਸਰਕਾਰਾਂ ਆਪਣੀ ਜ਼ਿੰਮੇਵਾਰੀ ਤੋਂ ਭੱਜ ਰਹੀਆਂ ਹਨ।

## ਨਜਾਇਜ਼ ਸੰਬੰਧਾਂ ਦੇ ਚੱਲਦਿਆਂ ਸਬਜ਼ੀ ਵਿਕਰੇਤਾ ਦਾ ਕਤਲ



**ਜ਼ੀਰਾ (ਨਰਿੰਦਰ ਅਨੇਜਾ)**-ਸੋਮਵਾਰ ਅੱਜ ਸ਼ਾਮ 5 ਵਜੇ ਨੈਸ਼ਨਲ ਹਾਈਵੇ ਨੰਬਰ 54 ਅੰਮ੍ਰਿਤਸਰ-ਬਠਿੰਡਾ ਰੋਡ 'ਤੇ ਜ਼ੀਰਾ ਨਜ਼ਦੀਕ ਪਿੰਡ ਬਹਿਕ ਪਿਛਾੜੀਆਂ ਸਬਜ਼ੀ ਦੀ ਰੇਹੜੀ ਲਾਉਂਦੇ ਇੱਕ ਵਿਅਕਤੀ ਦਾ ਅਣਪਛਾਤੇ ਵਿਅਕਤੀਆਂ ਵੱਲੋਂ ਕਤਲ ਕਰਨ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਹਾਕਮ ਸਿੰਘ ਉਮਰ 60/65 ਸਾਲ ਪੁੱਤਰ ਅਰਜਨ ਸਿੰਘ ਵਾਸੀ ਬਹਿਕ ਪਛਾੜੀਆਂ, ਜੋ ਜੀ ਟੀ ਰੋਡ ਉੱਤੇ ਸਬਜ਼ੀ ਦੀ ਦੁਕਾਨ ਕਰਦਾ ਸੀ, ਨੂੰ ਕੋਈ ਅਣਪਛਾਤੇ ਵਿਅਕਤੀ ਉਸ ਦੇ ਸਿਰ ਵਿੱਚ ਕਾਪਾ ਮਾਰ ਕੇ ਉਸ ਦਾ ਕਤਲ ਕਰਕੇ ਫਰਾਰ ਹੋ ਗਏ। ਜੀ ਟੀ ਰੋਡ ਉੱਤੇ ਐਨੀ ਆਵਾਜਾਈ ਹੋਣ ਦੇ ਬਾਵਜੂਦ ਕਿਸੇ ਵਿਅਕਤੀ ਨੇ ਉਸ ਦਾ ਕਤਲ ਹੁੰਦਾ ਨਹੀਂ ਦੇਖਿਆ।ਇਸ ਦੌਰਾਨ ਸਦਰ ਥਾਣਾ ਜ਼ੀਰਾ ਦੇ ਐੱਸ ਐੱਚ ਓ ਬਲਜਿੰਦਰ ਸਿੰਘ, ਡੀ ਐੱਸ ਪੀ ਡੀ ਫਿਰੋਜ਼ਪੁਰ ਫਤਿਹ ਸਿੰਘ ਮੌਕੇ 'ਤੇ ਪਹੁੰਚੇ ਅਤੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਕਿਹਾ ਕਿ ਇਹ ਕਤਲ ਨਜਾਇਜ਼ ਸਬੰਧਾਂ ਕਾਰਨ ਕੀਤਾ ਗਿਆ ਹੈ, ਜਲਦ ਹੀ ਪੂਰੇ ਮਾਮਲੇ ਦੀ ਗੁੱਥੀ ਸੁਲਝਾ ਲਈ ਜਾਵੇਗੀ।ਮ੍ਰਿਤਕ ਦੀ ਲਾਸ਼ ਨੂੰ ਸਿਵਲ ਹਸਪਤਾਲ ਜ਼ੀਰਾ ਵਿਖੇ ਭੇਜ ਦਿੱਤਾ ਗਿਆ ਹੈ।

## ਕਾਤਰਾਂ

### ਹੈਰੋਇਨ ਸਮੇਤ ਕਾਬੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਪੁਲਸ ਵੱਲੋਂ 3 ਗ੍ਰਾਮ ਹੈਰੋਇਨ ਸਮੇਤ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਪ੍ਰਾਪਤ ਕੀਤੀ ਹੈ ਤੇ ਮੁਲਜ਼ਮ ਦੀ ਪਹਿਚਾਣ ਅਭਿਮੰਨੂੰ ਵਜੋਂ ਹੋਈ ਹੈ। ਥਾਣਾ ਮੁਖੀ ਪਵਿੱਤਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਨਾਕਾਬੰਦੀ ਕੀਤੀ ਹੋਈ ਸੀ ਕਿ ਰਤੀਪੁਰ ਰੋਡ ਵੱਲੋਂ ਇੱਕ ਵਿਅਕਤੀ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਦੇਖ ਕੇ ਵਾਪਸ ਮੁੜਨ ਲੱਗਾ। ਪੁਲਸ ਵੱਲੋਂ ਉਸ ਨੂੰ ਕਾਬੂ ਕੀਤਾ ਗਿਆ ਤਾਂ ਉਸ ਕੋਲੋਂ 3 ਗ੍ਰਾਮ ਹੈਰੋਇਨ ਬਰਾਮਦ ਹੋਈ। ਮਾਛੀਵਾੜਾ ਪੁਲਸ ਨੇ ਉਸ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

### ਰੇਲ ਗੱਡੀ ਹੇਠਾਂ ਆਉਣ ਕਾਰਨ ਵਿਅਕਤੀ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ-ਰਾਜਪੁਰਾ ਰੇਲ ਮਾਰਗ 'ਤੇ ਇੱਕ ਅਣਪਛਾਤੇ ਵਿਅਕਤੀ ਦੀ ਰੇਲਗੱਡੀ ਹੇਠਾਂ ਆ ਕੇ ਮੌਤ ਹੋ ਜਾਣ ਦਾ ਸਮਾਚਾਰ ਹੈ।ਮਾਮਲੇ ਦੀ ਜਾਂਚ ਕਰ ਰਹੇ ਜੀਆਰਪੀ ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਸ਼ਿੰਦਰਪਾਲ ਸਿੰਘ ਨੇ ਦੱਸਿਆ ਕਿ ਰੇਲਵੇ ਸਟੇਸ਼ਨ ਸਰਹਿੰਦ ਤੇ ਸਾਧੂਗੜ੍ਹ ਦਰਮਿਆਨ ਪੈਂਦੇ ਰੇਲਵੇ ਕਿਲੋਮੀਟਰ ਨੰਬਰ 314/2 ਨਜ਼ਦੀਕ ਰੇਲਗੱਡੀ ਨੰਬਰ 12492 ਹੇਠਾਂ ਆਉਣ ਕਾਰਨ ਇੱਕ ਨਾਮਲੂਮ ਵਿਅਕਤੀ ਦੀ ਮੌਤ ਹੋ ਗਈ ਹੈ। ਸਹਾਇਕ ਥਾਣੇਦਾਰ ਸ਼ਿੰਦਰਪਾਲ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੀ ਉਮਰ 30-35 ਸਾਲ ਦੇ ਕਰੀਬ ਹੈ, ਜਿਸ ਦੀ ਸ਼ਨਾਖ਼ਤ ਨਹੀਂ ਹੋ ਸਕੀ ਤੇ ਮ੍ਰਿਤਕ ਦੀ ਲਾਸ਼ ਨੂੰ 72 ਘੰਟਿਆਂ ਲਈ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਦੀ ਮੋਰਚਰੀ ਵਿੱਚ ਰਖਵਾਇਆ ਗਿਆ ਹੈ।ਉਨ੍ਹਾਂ ਅਪੀਲ ਕੀਤੀ ਕਿ ਮ੍ਰਿਤਕ ਸਬੰਧੀ ਕਿਸੇ ਕੋਲ ਕੋਈ ਵੀ ਜਾਣਕਾਰੀ ਹੋਵੇ ਤਾਂ ਤੁਰੰਤ ਜੀਆਰਪੀ ਥਾਣਾ ਸਰਹਿੰਦ ਜਾਂ ਉਨ੍ਹਾਂ ਦੇ ਫ਼ੋਨ ਨੰਬਰ 82648-47373 'ਤੇ ਸਾਂਝੀ ਕੀਤੀ ਜਾਵੇ।

### ਪੱਤਰਕਾਰ ਰਵਨੀਸ਼ ਬਹਿਲ 'ਤੇ ਹਮਲੇ ਦੀ ਨਿੰਦਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਬੀਤੇ ਕੱਲ੍ਹ ਬਟਾਲਾ ਵਿਖੇ ਪੱਤਰਕਾਰ ਰਵਨੀਸ਼ ਬਹਿਲ 'ਤੇ ਹੋਏ ਜਾਨਲੇਵਾ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਯੂਨੀਅਨ ਦੇ ਚੇਅਰਮੈਨ ਬਲਵਿੰਦਰ ਜੰਮੂ, ਪ੍ਰਧਾਨ ਬਲਵੀਰ ਜੰਡੂ ਤੇ ਕਾਰਜਕਾਰੀ ਪ੍ਰਧਾਨ ਜੈ ਸਿੰਘ ਛਿੱਬਰ ਨੇ ਪੱਤਰਕਾਰ 'ਤੇ ਹੋਏ ਹਮਲੇ ਦੀ ਨਿੰਦਾ ਕਰਦੇ ਹੋਏ ਕਿਹਾ ਕਿ ਪਿਛਲੇ ਕੁੱਝ ਅਰਸੇ ਦੌਰਾਨ ਪੱਤਰਕਾਰਾਂ 'ਤੇ ਅੱਤਿਆਚਾਰ ਤੇ ਮੀਡੀਆ ਦਾ ਮੂੰਹ ਬੰਦ ਕਰਵਾਉਣ ਦੀਆਂ ਘਟਨਾਵਾਂ ਵਿੱਚ ਵਾਧਾ ਹੋਇਆ ਹੈ। ਯੂਨੀਅਨ ਆਗੂਆਂ ਨੇ ਪੱਤਰਕਾਰ 'ਤੇ ਹੋਏ ਹਮਲੇ ਨੂੰ ਪ੍ਰੈੱਸ ਦੀ ਆਜ਼ਾਦੀ 'ਤੇ ਹਮਲਾ ਦੱਸਦੇ ਹੋਏ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਪੀ. ਸੀ. ਜੇ. ਯੂ. ਦੀ ਜ਼ਿਲ੍ਹਾ ਬਠਿੰਡਾ ਇਕਾਈ ਵੱਲੋਂ ਪ੍ਰਧਾਨ ਪਰਵਿੰਦਰ ਜੌੜਾ ਨੇ ਪੱਤਰਕਾਰ ਰਵਨੀਸ਼ ਬਹਿਲ 'ਤੇ ਹੋਏ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਸਬੰਧਤ ਦੋਸ਼ੀਆਂ ਖਿਲਾਫ ਬਣਦੀ ਕਾਰਵਾਈ ਦੀ ਮੰਗ ਕੀਤੀ ਹੈ।

# ਸਰਹਿੰਦ ਜੀ ਟੀ ਰੋਡ 'ਤੇ ਵਾਪਰੇ ਸੜਕ ਹਾਦਸੇ 'ਚ ਦੋ ਦੀ ਮੌਤ



ਦਰਸ਼ਨ ਸਿੰਘ ਤੇ ਰਾਹੁਲ ਵਰਮਾ ਫਾਈਲ ਫੋਟੋਆਂ।

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤ ਰਾਤ ਸਰਹਿੰਦ ਜੀ. ਟੀ. ਰੋਡ 'ਤੇ ਵਾਪਰੇ ਸੜਕ ਹਾਦਸੇ ਵਿੱਚ ਖਰਾਬ ਹੋਈ ਇੱਕ ਕਾਰ ਨੂੰ ਟੋਅ ਕਰਨ ਲੱਗੇ ਦੋ ਵਿਅਕਤੀਆਂ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ।ਮ੍ਰਿਤਕਾਂ ਦੀ ਪਹਿਚਾਣ ਦਰਸ਼ਨ ਸਿੰਘ (47) ਵਾਸੀ ਹਮਾਂਯੂਪੁਰ, ਸਰਹਿੰਦ ਤੇ ਰਾਹੁਲ ਵਰਮਾ (24) ਵਾਸੀ ਜੀ.ਟੀ.ਬੀ. ਨਗਰ, ਲੁਧਿਆਣਾ ਦੇ ਤੌਰ 'ਤੇ ਹੋਈ ਹੈ।ਗੁਰਪ੍ਰੀਤ ਸਿੰਘ ਨਾਮਕ ਵਿਅਕਤੀ ਨੇ ਪੁਲਸ ਨੂੰ ਦੱਸਿਆ ਕਿ ਉਸ ਦਾ ਜੀਜਾ ਦਰਸ਼ਨ ਸਿੰਘ ਟੋਅ ਵੈਨ/ਕਰੇਨ ਦਾ ਕੰਮ ਕਰਦਾ ਸੀ ਤੇ ਬੀਤੀ ਰਾਤ ਕਰੀਬ ਇੱਕ ਵਜੇ ਉਸ ਦੇ ਜੀਜਾ ਦਰਸ਼ਨ ਸਿੰਘ ਨੂੰ ਕਿਸੇ ਦਾ ਫੋਨ ਆਇਆ ਕਿ ਸਰਹਿੰਦ ਦੇ ਚਾਵਲਾ ਚੌਕ ਤੋਂ ਮਾਧੋਪੁਰ ਚੌਕ ਦੇ ਵਿਚਕਾਰ ਮੇਨ ਹਾਈਵੇ 'ਤੇ ਉਨ੍ਹਾਂ ਦੀ ਕਾਰ ਖਰਾਬ ਹੋ ਗਈ ਹੈ ਤੇ ਉਨ੍ਹਾਂ ਨੂੰ ਟੋਅ ਵੈਨ ਦੀ ਜ਼ਰੂਰਤ ਹੈ, ਜਿਸ 'ਤੇ ਉਹ ਤੇ ਉਸ ਦਾ ਜੀਜਾ ਦਰਸ਼ਨ ਸਿੰਘ ਟੋਅ ਵੈਨ ਲੈ ਕੇ ਮੌਕੇ 'ਤੇ ਪੁੱਜੇ।ਜਿੱਥੇ ਖਰਾਬ ਹੋਈ ਮਾਰੂਤੀ ਸਿਆਜ਼ ਕਾਰ ਨੂੰ ਟੋਅ ਕਰ ਕੇ ਦਰਸ਼ਨ ਸਿੰਘ ਤੇ ਖਰਾਬ ਕਾਰ ਦੇ ਡਰਾਈਵਰ ਰਾਹੁਲ ਵਰਮਾ ਨੇ ਹਾਲੇ ਗੱਡੀਆਂ 'ਚ ਬੈਠਣਾ ਹੀ ਸੀ ਕਿ ਇਸੇ ਦੌਰਾਨ ਪਿੱਛੋਂ ਬੜੀ ਤੇਜ਼ ਰਫ਼ਤਾਰ ਨਾਲ ਆਈ ਹੁੰਡਈ ਈਓਨ ਕਾਰ ਨੰਬਰ ਐੱਚ.ਆਰ.02.ਏ.ਏ-2016 ਨੇ ਉਸ ਦੇ ਜੀਜੇ ਦਰਸ਼ਨ ਸਿੰਘ ਤੇ ਰਾਹੁਲ ਵਰਮਾ ਨੂੰ ਬੁਰੀ ਤਰ੍ਹਾਂ ਕੁਚਲ ਦਿੱਤਾ।ਰਾਹਗੀਰਾਂ ਦੀ ਮੱਦਦ ਨਾਲ ਐਂਬੂਲੈਂਸ ਰਾਹੀਂ ਦਰਸ਼ਨ ਸਿੰਘ ਤੇ ਰਾਹੁਲ ਵਰਮਾ ਨੂੰ ਚੁੱਕ ਕੇ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਵਿਖੇ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਚੈੱਕ ਕਰਕੇ ਦੋਵਾਂ ਨੂੰ ਮ੍ਰਿਤਕ ਕਰਾਰ ਦੇ ਦਿੱਤਾ।ਗੁਰਪ੍ਰੀਤ ਸਿੰਘ ਦੇ ਬਿਆਨਾਂ 'ਤੇ ਹੁੰਡਈ ਈਓਨ ਕਾਰ ਦੇ ਕਥਿਤ ਡਰਾਈਵਰ ਸਚਿਨ ਵਾਸੀ ਰਾਜਪੁਰਾ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਸਰਹਿੰਦ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

# ਐਡਵੋਕੇਟ ਵਿਜੇ ਧੀਰ 'ਆਵਾਜ਼ੇ ਖੱਤਰੀ ਸਮਾਜ' ਖਿਤਾਬ ਨਾਲ ਸਨਮਾਨਤ

## ਵਿਜੇ ਧੀਰ ਪੰਜਾਬ ਦੇ 34 ਲੱਖ ਖੱਤਰੀਆਂ ਦੀ ਬੁਲੰਦ ਆਵਾਜ਼ ਬਣ ਕੇ ਉੱਭਰੇ : ਡਾ. ਜੈਦਕਾ



ਵਿਜੇ ਧੀਰ ਐਡਵੋਕੇਟ ਨੂੰ ਆਵਾਜ਼ੇ ਖੱਤਰੀ ਸਮਾਜ ਖਿਤਾਬ ਨਾਲ ਸਨਮਾਨਤ ਕਰਦੇ ਹੋਏ ਬੋਧਰਾਜ ਮਜੀਠੀਆ ਐਡਵੋਕੇਟ, ਡਾ. ਐੱਮ ਐੱਲ ਜੈਦਕਾ।

**ਮੋਗਾ (ਇਕਬਾਲ ਸਿੰਘ ਖਹਿਰਾ)**-ਖੱਤਰੀ ਸਭਾ ਮੋਗਾ ਨੇ ਬੀਤੀ ਸ਼ਾਮ ਖੱਤਰੀ ਭਵਨ ਵਿੱਚ ਸਨਮਾਨ ਸਮਾਰੋਹ ਖੱਤਰੀ ਸਭਾ ਪ੍ਰਧਾਨ ਡਾਕਟਰ ਐੱਮ ਐੱਲ ਜੈਦਕਾ ਤੇ ਜਨਰਲ ਸਕੱਤਰ ਬਲਜਿੰਦਰ ਸਿੰਘ ਸਹਿਗਲ ਦੀ ਅਗਵਾਈ ਵਿੱਚ ਕੀਤਾ। ਇਸ ਸਮਾਰੋਹ ਵਿੱਚ ਖੱਤਰੀ ਮਹਾਂਸਭਾ ਪੰਜਾਬ ਦੇ ਚੀਫ ਪੈਟਰਨ ਬੋਧਰਾਜ ਮਜੀਠੀਆ ਐਡਵੋਕੇਟ ਤੇ ਪ੍ਰਦੇਸ਼ ਮੀਤ ਪ੍ਰਧਾਨ ਸਾਬਕਾ ਤਹਿਸੀਲਦਾਰ ਜਸਵੰਤ ਦਾਨੀ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਸਮਾਗਮ ਵਿੱਚ ਮੋਗਾ ਤੇ ਪੰਜਾਬ ਭਰ ਦੇ 34 ਲੱਖ ਖੱਤਰੀਆਂ ਨੂੰ ਖੱਤਰੀ ਮਹਾਂ ਸਭਾ ਪੰਜਾਬ ਦੇ ਪਲੇਟਫਾਰਮ 'ਤੇ ਸੰਗਠਤ ਕਰਨ ਪ੍ਰਤੀ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੇ ਇਵਜ ਵਿੱਚ ਖੱਤਰੀ ਸਭਾ ਮੋਗਾ ਨੇ ਖੱਤਰੀ ਮਹਾਂ ਸਭਾ ਪੰਜਾਬ ਪ੍ਰਧਾਨ ਵਿਜੇ ਧੀਰ ਐਡਵੋਕੇਟ ਤੇ ਉਨ੍ਹਾਂ ਦੀ ਧਰਮਪਤਨੀ ਵਿਨੋਦ ਬਾਲਾ ਧੀਰ ਨੂੰ ਆਵਾਜ਼ੇ ਖੱਤਰੀ ਸਮਾਜ ਦੇ ਖਿਤਾਬ ਨਾਲ ਸਨਮਾਨਤ ਕੀਤਾ। ਇਸ ਮੌਕੇ ਖੱਤਰੀ ਸਭਾ ਪ੍ਰਧਾਨ ਡਾਕਟਰ ਐੱਮ ਐੱਲ ਜੈਦਕਾ ਨੇ ਕਿਹਾ ਕਿ ਵਿਜੇ ਧੀਰ ਐਡਵੋਕੇਟ ਸਾਲ 2008 ਤੋਂ 2022 ਤੱਕ ਲਗਾਤਾਰ 14 ਸਾਲ ਖੱਤਰੀ ਸਭਾ ਮੋਗਾ ਦੇ ਪ੍ਰਧਾਨ ਰਹੇ ਤੇ ਇਸ ਦੌਰਾਨ ਵਿਜੇ ਧੀਰ ਐਡਵੋਕੇਟ ਵੱਲੋਂ ਖੱਤਰੀ ਸਭਾ ਮੋਗਾ ਨੂੰ ਬੁਲੰਦੀਆਂ 'ਤੇ ਪਹੁੰਚਾਇਆ ਤੇ ਮੋਗਾ ਵਿਖੇ ਸ਼ਾਨਦਾਰ ਖੱਤਰੀ ਭਵਨ ਦਾ ਨਿਰਮਾਣ ਕਰਵਾਇਆ। ਡਾਕਟਰ ਜੈਦਕਾ ਨੇ ਦੱਸਿਆ ਕਿ ਵਿਜੇ ਧੀਰ ਐਡਵੋਕੇਟ ਪੰਜਾਬ ਭਰ ਦੇ ਖੱਤਰੀ ਬਿਰਾਦਰੀ ਵਿੱਚ ਹੱਦ ਤੋਂ ਜ਼ਿਆਦਾ ਲੋਕਪ੍ਰਿਯ ਹਨ। ਉਨ੍ਹਾਂ ਕਿਹਾ ਕਿ ਵਿਜੇ ਧੀਰ ਐਡਵੋਕੇਟ ਨੂੰ ਖੱਤਰੀ ਬਿਰਾਦਰੀ ਦੇ ਸਰਵੁੱਚ ਐਵਾਰਡ ਖੱਤਰੀ ਰਤਨ ਨਾਲ ਦੋ ਵਾਰ ਨਿਵਾਜਿਆ ਜਾ ਚੁੱਕਿਆ ਹੈ ਅਤੇ ਅਨੇਕਾਂ ਵਾਰ ਖੱਤਰੀ ਗੌਰਵ ਤੇ ਸਵਰਗੀ ਲਾਲਾ ਲਾਲ ਚੰਦ ਉੱਪਰ ਐਵਾਰਡ ਮਿਲ ਚੁੱਕੇ ਹਨ। ਡਾਕਟਰ ਜੈਦਕਾ ਨੇ ਕਿਹਾ ਕਿ 24 ਦਸੰਬਰ 2023 ਨੂੰ ਮੋਗਾ ਵਿਖੇ ਖੱਤਰੀ ਭਵਨ ਵਿੱਚ ਪੰਜਾਬ ਭਰ ਤੋਂ ਖੱਤਰੀ ਬਿਰਾਦਰੀ ਦੇ ਪ੍ਰਤੀਨਿਧੀਆਂ ਦੀ ਮੀਟਿੰਗ ਬੁਲਾ ਕੇ ਪੰਜਾਬ ਦੇ 34 ਲੱਖ ਖੱਤਰੀਆਂ ਦੀ ਪ੍ਰਤੀਨਿਧਤਾ ਕਰਨ ਲਈ ਸੂਬਾ ਪੱਧਰੀ ਖੱਤਰੀ ਮਹਾਂ ਸਭਾ ਪੰਜਾਬ ਦਾ ਗਠਨ ਕੀਤਾ ਤੇ ਵਿਜੇ ਧੀਰ ਐਡਵੋਕੇਟ ਇਸ ਦੇ ਪਹਿਲੇ ਪ੍ਰਦੇਸ਼ ਪ੍ਰਧਾਨ ਸਰਬਸੰਮਤੀ ਨਾਲ ਚੁਣੇ ਗਏ। ਜੈਦਕਾ ਨੇ ਕਿਹਾ ਕਿ ਵਿਜੇ ਧੀਰ ਐਡਵੋਕੇਟ ਪੰਜਾਬ ਦੇ 34 ਲੱਖ ਖੱਤਰੀਆਂ ਦੀ ਆਵਾਜ਼ ਬਣ ਕੇ ਉੱਭਰੇ ਹਨ।

ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਬੈਡਮਿੰਟਨ ਦੀ ਅੰਤਰਰਾਸ਼ਟਰੀ ਖਿਡਾਰਨ ਨੀਤੂ ਬਿਨਾਇਕ, ਮਹਿਲਾ ਖੱਤਰੀ ਸਭਾ ਵਰਕਿੰਗ ਪ੍ਰਧਾਨ ਸੁਮਨ ਮਲਹੋਤਰਾ, ਪੈਮਿਲਾ ਧੀਰ, ਸਿੰਮੀ ਸੇਠੀ, ਸੁਮੇਧਾ ਧੀਰ, ਨਰੋਤਮ ਪੁਰੀ ਜ਼ਿਲ੍ਹਾ ਪ੍ਰਧਾਨ, ਅਰਨਵ ਧੀਰ, ਨਿਸ਼ੀ ਰਕੇਸ਼ ਵਿੱਜ, ਬਲਜਿੰਦਰ ਸਿੰਘ ਸਹਿਗਲ ਜਨਰਲ ਸਕੱਤਰ, ਐਡਵੋਕੇਟ ਵਿਰੇਨ ਧੀਰ, ਸੁਸ਼ੀਲ ਸਿਆਲ, ਰਕੇਸ਼ ਸਿਤਾਰਾ ਪ੍ਰਚਾਰ ਸਕੱਤਰ, ਰੋਹਿਤ ਧੀਰ, ਮੁੱਖ ਬੁਲਾਰਾ ਐੱਮ ਐੱਲ ਮੋਲੜੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਬਲੌਂਜ਼ਮਜ਼ ਕਾਨਵੈਂਟ ਸਕੂਲ 'ਚ ਡਾ. ਨਾਜ਼ ਨਮਿਤ ਸਹਿਜ ਪਾਠ ਦੇ ਭੋਗ ਪਾਏ



**ਜਗਰਾਉਂ (ਅਮਿਤ ਖੰਨਾ)**

ਬਲੌਂਜ਼ਮਜ ਕਾਨਵੈਂਟ ਸਕੂਲ ਵਿਖੇ ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ਼ ਜੀ ਦੇ ਆਕਾਲ ਚਲਾਨਾ ਕਰ ਜਾਣ ਦੇ ਨਮਿਤ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਗਏ, ਜੋ ਇਹ ਪਾਠ ਸਕੂਲ ਦੇ ਸਟਾਫ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਕੀਤਾ ਗਿਆ। ਬਾਬਾ ਇਕਬਾਲ ਸਿੰਘ ਤੁਗਲ ਨੇ ਕਥਾ ਕੀਰਤਨ ਨਾਲ ਸੰਗਤ ਸਾਂਝ ਪਾਈ।ਇਸ ਮੌਕੇ ਪ੍ਰਿੰਸੀ. ਨਾਜ਼ ਦੇ ਹਮਸਫਰ ਗੁਰਜੀਤ ਸਿੰਘ ਬਜਾਜ ਤੇ ਉਨ੍ਹਾਂ ਦਾ ਬਾਕੀ ਪਰਵਾਰ ਵੀ ਪਹੁੰਚਿਆ।ਸਕੂਲ ਦੇ ਸਾਰੇ ਹੀ ਵਿਦਿਆਰਥੀਆਂ ਅਤੇ ਸਟਾਫ਼ ਨੇ ਇਸ ਮੌਕੇ ਬੜੀ ਸ਼ਰਧਾ ਭਾਵਨਾ ਨਾਲ ਸੇਵਾ ਕੀਤੀ ਤੇ ਉਨ੍ਹਾਂ ਨੂੰ ਇੱਕ ਨਿੱਘੀ ਸ਼ਰਧਾਂਜਲੀ ਅਰਪਣ ਕੀਤੀ।ਸਕੂਲ ਦੇ ਵਾਈਸ ਪ੍ਰਿੰਸੀਪਲ ਮਿਸਿਜ਼ ਰੰਜਨਾ ਕੌਸ਼ਲ ਨੇ ਕਿਹਾ ਕਿ ਉਨ੍ਹਾਂ ਦੇ ਪਾਏ ਹੋਏ ਪੂਰਨਿਆਂ 'ਤੇ ਅਸੀਂ ਚੱਲਣ ਦੀ ਪੁਰਜ਼ੋਰ ਕੋਸ਼ਿਸ਼ ਕਰਾਂਗੇ ਤੇ ਆਪਣੇ ਜੀਵਨ ਵਿੱਚ ਸਕੂਲ ਪ੍ਰਤੀ ਉਹਨਾਂ ਦੇ ਦੇਖੇ ਹੋਏ ਸੁਪਨੇ ਸਾਕਾਰ ਕਰਨ ਵਿੱਚ ਹਰ ਸਮੇਂ ਤਤਪਰ ਰਹਾਂਗੇ।ਉਨ੍ਹਾਂ ਹਰ ਇੱਕ ਵਿਦਿਆਰਥੀ ਨੂੰ ਇੱਥੇ ਅਪੀਲ ਕੀਤੀ ਕਿ ਉਹ ਆਉਣ ਵਾਲੇ ਦਿਨਾਂ ਵਿੱਚ ਆਪਣੇ ਇਮਤਿਹਾਨਾਂ ਵਿੱਚ ਚੰਗੇ ਨੰਬਰ ਲਿਆ ਕੇ ਡਾ. ਨਾਜ਼ ਨੂੰ ਇੱਕ ਸੱਚੀ ਸ਼ਰਧਾਂਜਲੀ ਦੇਣ।

# ਸ਼ਿਖਾ ਨਹਿਰਾ ਨੇ ਡਿਪਟੀ ਡਾਇਰੈਕਟਰ ਲੋਕ ਸੰਪਰਕ ਵਜੋਂ ਅਹੁਦਾ ਸੰਭਾਲਿਆ

## ਡਵੀਜ਼ਨਲ ਅਹੁਦੇ ਨੂੰ ਸੰਭਾਲਣ ਵਾਲੇ ਪਹਿਲੇ ਮਹਿਲਾ ਅਧਿਕਾਰੀ ਬਣੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸ਼ਿਖਾ ਨਹਿਰਾ ਡਿਪਟੀ ਡਾਇਰੈਕਟਰ ਲੋਕ ਸੰਪਰਕ ਵਿਭਾਗ ਪੰਜਾਬ ਨੇ ਪਟਿਆਲਾ ਵਿਖੇ ਡਿਪਟੀ ਡਾਇਰੈਕਟਰ ਪਟਿਆਲਾ ਵਜੋਂ ਅਹੁਦਾ ਸੰਭਾਲ ਲਿਆ ਹੈ।ਸ਼ਿਖਾ ਨਹਿਰਾ ਵਿਭਾਗ ਵੱਲੋਂ ਹਾਲ ਹੀ ਵਿੱਚ ਬਣਾਏ ਗਏ ਇਸ ਡਵੀਜ਼ਨਲ ਅਹੁਦੇ ਨੂੰ ਸੰਭਾਲਣ ਵਾਲੇ ਪਹਿਲੇ ਮਹਿਲਾ ਅਧਿਕਾਰੀ ਬਣ ਗਏ ਹਨ।ਸ਼ਿਖਾ ਨਹਿਰਾ ਲੋਕ ਸੰਪਰਕ ਵਿਭਾਗ ਵਿੱਚ 33 ਸਾਲਾਂ ਤੋਂ ਇੱਕ ਸ਼ਾਨਦਾਰ ਭੂਮਿਕਾ ਨਿਭਾਅ ਰਹੇ ਹਨ।ਆਪਣੀ ਸਰਵਿਸ ਦੌਰਾਨ ਉਨ੍ਹਾਂ ਨੇ ਵਿਭਾਗ ਵਿੱਚ ਪੰਜਾਬ ਦੇ ਮਾਨਯੋਗ ਰਾਜਪਾਲ, ਉਪ ਮੁੱਖ ਮੰਤਰੀ, ਕੈਬਨਿਟ ਮੰਤਰੀਆਂ, ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਜਸਟਿਸ ਅਤੇ ਮੁੱਖ ਚੋਣ ਅਧਿਕਾਰੀ, 12 ਮੁੱਖ ਸਕੱਤਰਾਂ ਸਮੇਤ ਵੱਖ-ਵੱਖ ਭੂਮਿਕਾਵਾਂ ਵਿੱਚ ਵਿਲੱਖਣਤਾ ਨਾਲ ਕੰਮ ਕੀਤਾ ਹੈ।ਉਨ੍ਹਾ ਨੇ ਕਈ ਸਾਲਾਂ ਤੱਕ ਸਰਕਾਰੀ ਪ੍ਰਕਾਸ਼ਨ 'ਐਡਵਾਂਸ' ਦੇ ਸੰਪਾਦਕ ਵਜੋਂ ਵੀ ਅਹਿਮ ਭੂਮਿਕਾ ਨਿਭਾਈ।ਇਸ ਤੋਂ ਇਲਾਵਾ ਉਨ੍ਹਾ ਵਿਭਾਗ ਦੇ ਸੋਸ਼ਲ ਮੀਡੀਆ, ਇਲੈਕਟ੍ਰਾਨਿਕ ਮੀਡੀਆ ਤੇ ਪਨਮੀਡੀਆ ਸੈਕਸ਼ਨਾਂ ਨੂੰ ਵੀ ਸੰਭਾਲਿਆ।ਉਨ੍ਹਾ ਦੇ ਤਜਰਬੇ ਤੇ ਕੰਮ-ਕਾਜ ਪ੍ਰਤੀ ਵਚਨਬੱਧਤਾ ਨੇ ਵਿਭਾਗ ਤੇ ਵੱਖ-ਵੱਖ ਸਰਕਾਰੀ ਖੇਤਰਾਂ ਵਿੱਚ ਇੱਕ ਸ਼ਾਨਦਾਰ ਨਾਮਣਾ ਖੱਟਿਆ ਹੈ।ਅਹੁਦਾ ਸੰਭਾਲਣ ਉਪਰੰਤ ਸ਼ਿਖਾ ਨਹਿਰਾ ਨੇ ਉਨ੍ਹਾ ਨੂੰ ਇਹ ਜ਼ਿੰਮੇਵਾਰੀ ਸੌਂਪਣ ਅਤੇ ਪਟਿਆਲਾ ਵਿਖੇ ਸੇਵਾ ਕਰਨ ਦਾ ਮੌਕਾ ਦੇਣ ਲਈ ਸਰਕਾਰ ਦਾ ਖਾਸ ਕਰਕੇ ਸਕੱਤਰ ਲੋਕ ਸੰਪਰਕ ਵਿਭਾਗ ਸ੍: ਮਾਲਵਿੰਦਰ ਸਿੰਘ ਜੱਗੀ ਦਾ ਧੰਨਵਾਦ ਕੀਤਾ।ਉਨ੍ਹਾ ਕਿਹਾ ਕਿ ਉਹ ਜੋਸ਼ ਤੇ ਵਚਨਬੱਧਤਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨੂੰ ਨਿਭਾਉਣ ਦਾ ਵਾਅਦਾ ਕਰਦੇ ਹੋਏ ਜਨਤਾ ਦੀ ਸੇਵਾ ਕਰਨ ਤੇ ਜਨਤਕ ਸਬੰਧਾਂ ਵਿੱਚ ਆਪਣੀ ਉੱਤਮਤਾ ਦੀ ਵਿਰਾਸਤ ਨੂੰ ਜਾਰੀ ਰੱਖਣ ਦੀ ਉਮੀਦ ਰੱਖਦੇ ਹਨ।ਉਨ੍ਹਾ ਦੀ ਨਿਯੁਕਤੀ ਵਿਭਾਗ ਦੇ ਨਾਲ-ਨਾਲ ਪਟਿਆਲਾ ਜ਼ਿਲ੍ਹੇ ਵਿੱਚ ਸੀਨੀਅਰ ਅਹੁਦਿਆਂ 'ਤੇ ਮਹਿਲਾ ਪ੍ਰਤੀਨਿਧਤਾ ਲਈ ਇੱਕ ਮਹੱਤਵਪੂਰਨ ਕਦਮ ਦੀ ਨਿਸ਼ਾਨਦੇਹੀ ਕਰਦੀ ਹੈ।ਪਟਿਆਲਾ ਦੀ ਟੀਮ ਉਨ੍ਹਾ ਦੀ ਗਤੀਸ਼ੀਲ ਅਗਵਾਈ ਦੀ ਉਡੀਕ ਕਰ ਰਹੀ ਹੈ।

## ਤੇਜ਼ਧਾਰ ਹਥਿਆਰਾਂ ਨਾਲ ਵਿਅਕਤੀ ਦਾ ਕਤਲ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਬਹਿਕ ਪਛਾੜੀਆਂ ਵਿਖੇ ਤੇਜ਼ਧਾਰ ਹਥਿਆਰਾਂ ਨਾਲ ਵਿਅਕਤੀ ਦਾ ਕਤਲ ਕਰਨ ਦੀ ਖਬਰ ਮਿਲੀ ਹੈ। ਇਸ ਸੰਬੰਧੀ ਥਾਣਾ ਜ਼ੀਰਾ ਪੁਲਸ ਨੇ ਇਕ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਬਲਵੰਤ ਸਿੰਘ ਪੁੱਤਰ ਹਾਕਮ ਸਿੰਘ ਵਾਸੀ ਪਿੰਡ ਬਹਿਕ ਪਛਾੜੀਆਂ ਨੇ ਦੱਸਿਆ ਕਿ ਉਹ ਜੋ ਮਿਹਨਤ ਮਜ਼ਦੂਰੀ ਦਾ ਕੰਮ ਕਰਦਾ ਹੈ ਤੇ ਉਸ ਦੀ ਮਾਤਾ ਦੀ ਕਰੀਬ 6-7 ਸਾਲ ਪਹਿਲਾਂ ਮੌਤ ਹੋ ਚੁੱਕੀ ਹੈ। ਬਲਵੰਤ ਸਿੰਘ ਨੇ ਦੱਸਿਆ ਕਿ ਉਸ ਦਾ ਪਿਤਾ ਹਾਕਮ ਸਿੰਘ (60-65 ਸਾਲ) ਪੁੱਤਰ ਨਿਰੰਜਨ ਸਿੰਘ ਵਾਸੀ ਬਹਿਕ ਪਛਾੜੀਆਂ ਆਪਣੀ ਸਬਜ਼ੀ ਦੀ ਰੇਹੜੀ ਨੈਸ਼ਨਲ ਹਾਈਵੇ ਜ਼ੀਰਾ ਤੋਂ ਮਖੂ 'ਤੇ ਉਸ ਦੇ ਘਰਾਂ ਨੂੰ ਜਾਂਦੇ ਰਸਤੇ ਪਾਸ ਲਗਾਉਂਦਾ ਹੈ। ਬਲਵੰਤ ਸਿੰਘ ਨੇ ਦੱਸਿਆ ਕਿ ਉਸ ਦੇ ਪਿਤਾ ਨੇ ਰੋਜ਼ ਦੀ ਤਰ੍ਹਾਂ ਰੇਹੜੀ ਲਗਾਈ ਹੋਈ ਸੀ ਤਾਂ ਦੋਸ਼ੀ ਜਗਸੀਰ ਸਿੰਘ ਉਰਫ ਸ਼ੀਰਾ ਪੁੱਤਰ ਅਨੈਤ ਵਾਸੀ ਬਹਿਕ ਗੁੱਜਰਾਂ ਨੇ ਉਸ ਦੇ ਪਿਤਾ ਹਾਕਮ ਸਿੰਘ ਦਾ ਤੇਜ਼ਧਾਰ ਹਥਿਆਰਾਂ ਨਾਲ ਵੱਢ ਕੇ ਕਤਲ ਕਰ ਦਿੱਤਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਬ ਇੰਸਪੈਕਟਰ ਮੁੱਖ ਅਫਸਰ ਬਲਜਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਤਾਰੇਵਾਲ ਕਮੇਟੀ ਦੀ ਚੋਣ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਮੋਗਾ ਵੰਨ ਦੇ ਆਗੂਆਂ ਵੱਲੋਂ ਪਿੰਡ ਤਾਰੇਵਾਲ ਵਿਖੇ ਨਵੀਂ ਕਮੇਟੀ ਦੀ ਚੋਣ ਸਬੰਧੀ ਪਿੰਡ ਵਾਸੀਆਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਪਿੰਡ ਵਾਸੀ ਕਿਸਾਨ ਨੌਜਵਾਨ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਜਿੱਥੇ ਪਿੰਡ ਵਾਸੀਆਂ ਵੱਲੋਂ ਸਰਬਸੰਮਤੀ ਨਾਲ 15 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਪ੍ਰਧਾਨ ਹਰਪ੍ਰੀਤ ਸਿੰਘ, ਮੀਤ ਪ੍ਰਧਾਨ ਜਸਵਿੰਦਰ ਸਿੰਘ, ਜਨਰਲ ਸਕੱਤਰ ਜਤਿੰਦਰ ਸਿੰਘ, ਵਿੱਤ ਸਕੱਤਰ ਸੁਖਦੇਵ ਸਿੰਘ, ਪ੍ਰੈੱਸ ਸਕੱਤਰ ਮਹਿਕਦੀਪ ਸਿੰਘ ਤੇ ਸਵਰਨ ਸਿੰਘ, ਰਾਜਵਿੰਦਰ ਸਿੰਘ, ਗੁਰਮੀਤ ਸਿੰਘ, ਗੁਰਜੀਤ ਸਿੰਘ, ਸੁਖਪ੍ਰੀਤ ਸਿੰਘ, ਸਤਨਾਮ ਸਿੰਘ, ਹਰਵਿੰਦਰ ਸਿੰਘ, ਜਸ਼ਨਪ੍ਰੀਤ ਸਿੰਘ, ਜਗਰੂਪ ਸਿੰਘ, ਪਰਮਿੰਦਰ ਸਿੰਘ ਸਲਾਹਕਾਰ ਚੁਣੇ ਗਏ। ਇਹ ਚੋਣ ਬਲਾਕ ਪ੍ਰਧਾਨ ਜਗਜੀਤ ਸਿੰਘ ਮੱਦੋਕੇ ਤੇ ਬਲਾਕ ਖਜ਼ਾਨਚੀ ਲਖਵੀਰ ਸਿੰਘ ਚੜਿੱਕ ਦੀ ਨਿਗਰਾਨੀ ਹੇਠ ਹੋਈ। ਪਿੰਡ ਵਾਸੀਆਂ ਨੇ ਕਿਹਾ ਕਿ ਪਿੰਡ ਵੱਲੋਂ ਹਰ ਸੰਘਰਸ਼ ਵਿੱਚ ਵਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਪਿੰਡ ਪ੍ਰਧਾਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਅਸੀਂ ਜਥੇਬੰਦੀ ਨੂੰ ਵਿਸ਼ਵਾਸ ਦਵਾਉਂਦੇ ਹਾਂ ਕਿ ਪੂਰੀ ਪਿੰਡ ਕਮੇਟੀ ਸੰਘਰਸ਼ਾਂ ਨੂੰ ਹੋਰ ਵਿਸ਼ਾਲ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰੇਗੀ। ਆਗੂਆਂ ਨੇ ਕਿਹਾ ਕਿ ਸਰਕਾਰਾਂ ਤੇ ਕਾਰਪੋਰੇਟ ਦਾ ਪੂਰਾ ਜ਼ੋਰ ਲੱਗਿਆ ਹੋਇਆ ਹੈ ਕਿ ਖੇਤੀ ਖੇਤਰ ਵਿੱਚੋਂ ਕਿਸਾਨਾਂ ਨੂੰ ਬਾਹਰ ਕੱਢ ਜ਼ਮੀਨਾਂ ਵੱਡੀਆਂ ਕੰਪਨੀਆਂ ਨੂੰ ਦਿੱਤੀਆਂ ਜਾਣ।

ਸਾਨੂੰ ਆਪਣੇ ਹੱਕ ਲੈਣ ਲਈ ਲਾਮਬੰਦੀਆਂ ਹੋਰ ਵੀ ਵਿਸ਼ਾਲ ਕਰ ਇਕੋ ਇੱਕ ਰਾਹ ਸੰਘਰਸ਼ ਦੇ ਰਾਹ 'ਤੇ ਟੇਕ ਰੱਖਣੀ ਹੋਵੇਗੀ। ਇਸ ਸਮੇਂ ਉਕਤ ਤੋਂ ਇਲਾਵਾ ਬਲਾਕ ਮੋਗਾ ਦੋ ਦੇ ਪ੍ਰਧਾਨ ਇਕਬਾਲ ਸਿੰਘ ਸਿੰਘਾਂਵਾਲਾ ਤੇ ਪਿੰਡ ਵਾਸੀ ਹਾਜ਼ਰ ਸਨ।

## ਪੁਲਸ 'ਚ ਭਰਤੀ ਕਰਾਉਣ ਦਾ ਝਾਂਸਾ ਦੇ ਕੇ 27 ਲੱਖ ਠੱਗੇ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਕੈਂਟ ਫ਼ਿਰੋਜ਼ਪੁਰ ਦੀ ਪੁਲਸ ਨੇ ਪਿੰਡ ਮਾਛੀਵਾੜਾ ਦੇ ਵਸਨੀਕ ਇੱਕ ਨੌਜਵਾਨ ਨੂੰ ਭਰਤੀ ਕਰਵਾਉਣ ਦਾ ਝਾਂਸਾ ਦੇ ਕੇ 27 ਲੱਖ ਰੁਪਏ ਦੀ ਠੱਗੀ ਮਾਰਨ ਵਾਲੇ ਦੋ ਵਿਅਕਤੀਆਂ ਖ਼ਿਲਾਫ਼ ਧੋਖਾਧੜੀ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਪਤਾ ਲੱਗਾ ਹੈ ਕਿ ਸ਼ਿਕਾਇਤਕਰਤਾ ਨੇ ਇਸ ਸਬੰਧੀ ਪੁਲਸ ਦੇ ਸਪੈਸ਼ਲ ਵਿੰਗ 'ਚ ਸ਼ਿਕਾਇਤ ਦਰਜ ਕਰਵਾਈ ਸੀ, ਜਿਸ ਦੀ ਜਾਂਚ ਕਰਨ ਤੋਂ ਬਾਅਦ ਪੁਲਸ ਨੇ ਮੁਲਜ਼ਮਾਂ ਖ਼ਿਲਾਫ਼ ਕਾਰਵਾਈ ਕੀਤੀ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਛਾਉਣੀ ਫ਼ਿਰੋਜ਼ਪੁਰ ਦੇ ਸਹਾਇਕ ਇੰਸਪੈਕਟਰ ਰਮਨ ਕੁਮਾਰ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ 'ਚ ਸ਼ਿਕਾਇਤਕਰਤਾ ਸੁਰਿੰਦਰ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਪਿੰਡ ਮਾਛੀਵਾੜਾ ਨੇ ਦੱਸਿਆ ਕਿ ਕਥਿਤ ਦੋਸ਼ੀ ਮੁਖਤਿਆਰ ਸਿੰਘ ਪੁੱਤਰ ਹਰ ਸਿੰਘ ਵਾਸੀ ਪਿੰਡ ਸਦਰਦੀਨ ਵਾਲਾ ਤੇ ਰਣਜੀਤ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਮਕਾਨ ਨੰਬਰ 210 ਭਗਤ ਕਲੋਨੀ ਜਲੰਧਰ ਨੇ ਉਸ ਨਾਲ ਮਿਲੀਭੁਗਤ ਕਰਕੇ ਨੌਕਰੀ ਦਿਵਾਉਣ ਦਾ ਝਾਂਸਾ ਦੇ ਕੇ 27 ਲੱਖ ਰੁਪਏ ਦੀ ਠੱਗੀ ਮਾਰੀ ਹੈ। ਮਾਮਲੇ ਦੀ ਜਾਂਚ ਕਰ ਰਹੇ ਥਾਣਾ ਮੁਖੀ ਰਮਨ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ 'ਚ ਕਥਿਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਲੇਖਕ ਮੰਚ ਵੱਲੋਂ ਮਰਹੂਮ ਮਾ. ਤਰਲੋਚਨ ਸਿੰਘ ਦੀ ਯਾਦ 'ਚ ਐਵਾਰਡ ਦੇਣ ਦਾ ਐਲਾਨ



**ਸਮਰਾਲਾ (ਸੁਰਜੀਤ ਸਿੰਘ)**

ਲੇਖਕ ਮੰਚ ਦੀ ਮਹੀਨਾਵਾਰ ਇਕੱਤਰਤਾ ਸਰਕਾਰੀ ਸੀਨੀ: ਸੈਕੰ: ਸਕੂਲ ਵਿਖੇ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਸ਼ਾਹੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਲੇਖਕਾਂ ਤੇ ਸਾਹਿਤ ਪ੍ਰੇਮੀਆਂ ਨੇ ਭਾਗ ਲਿਆ।

ਮੀਟਿੰਗ ਦੌਰਾਨ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ ਨੇ ਦੱਸਿਆ ਕਿ ਲੇਖਕ ਮੰਚ ਵੱਲੋਂ 10 ਨਵੰਬਰ ਨੂੰ ਮਰਹੂਮ ਮਾ ਤਰਲੋਚਨ ਸਿੰਘ ਨੂੰ ਸਮਰਪਤ ਸਮਾਗਮ ਕਰਾਇਆ ਜਾ ਰਿਹਾ ਹੈ, ਜਿਸ ਵਿੱਚ ਮਾ ਤਰਲੋਚਨ ਸਿੰਘ ਦੀ ਜ਼ਿੰਦਗੀ ਦੇ ਸਾਰੇ ਪੱਖਾਂ ਬਾਰੇ ਚਰਚਾ ਕੀਤੀ ਜਾਵੇਗੀ।ਚਰਚਾ ਵਿੱਚ ਭਾਗ ਲੈਣ ਵਾਲਿਆਂ 'ਚ ਡੀਟੀਐੱਫ. ਦੇ ਸੂਬਾ ਪ੍ਰਧਾਨ ਭੁਪਿੰਦਰ ਸਿੰਘ ਵੜੈਚ, ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ, ਰਾਜਿੰਦਰ ਸਿੰਘ ਭਦੌੜ ਤੇ ਡਾ. ਕੁਲਦੀਪ ਸਿੰਘ ਦੀਪ ਆਪੋ ਆਪਣੇ ਵਿਚਾਰਾਂ ਨਾਲ ਸਰੋਤਿਆਂ ਦੇ ਸਨਮੁਖ ਹੋਣਗੇ।ਮਾ ਤਰਲੋਚਨ ਸਿੰਘ ਦਾ ਲਿਖਿਆ ਨਾਟਕ ਅਕਸ ਰੰਗਮੰਚ ਵੱਲੋਂ ਰਾਜਵਿੰਦਰ ਸਮਰਾਲਾ ਦੀ ਨਿਰਦੇਸ਼ਨਾਂ ਹੇਠ ਪੇਸ਼ ਕੀਤਾ ਜਾਵੇਗਾ।ਮੰਚ ਵੱਲੋਂ ਫੈਸਲਾ ਕੀਤਾ ਗਿਆ ਕਿ ਹਰ ਸਾਲ ਮਾ ਤਰਲੋਚਨ ਸਿੰਘ ਦੇ ਨਾਂਅ 'ਤੇ ਨਾਟਕ ਦੇ ਖੇਤਰ ਵਿੱਚ ਕੰਮ ਕਰਨ ਵਾਲੀ ਕਿਸੇ ਸ਼ਖ਼ਸੀਅਤ ਨੂੰ ਐਵਾਰਡ ਦਿੱਤਾ ਜਾਇਆ ਕਰੇਗਾ।ਇਸ ਸਮਾਗਮ ਦੌਰਾਨ ਰਾਜਵਿੰਦਰ ਸਮਰਾਲਾ ਨੂੰ ਨਾਟਕ ਕਲਾ ਮੰਚ ਪੰਜਾਬ ਦਾ ਉੱਪ ਪ੍ਰਧਾਨ ਬਣਨ ਤੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ।

ਰਚਨਾਵਾਂ ਦੇ ਦੌਰ ਵਿੱਚ ਸ਼੍ਰੋਮਣੀ ਬਾਲ ਸਾਹਿਤ ਪੁਰਸਕਾਰ ਵਿਜੇਤਾ ਕਲਮਜੀਤ ਨੀਲੋਂ ਨੇ ਕਹਾਣੀਆਂ 'ਸਕੂਨ ਭਰੀ ਜ਼ਿੰਦਗੀ' ਸੁਣਾ ਕੇ ਸਾਹਿਤਕਾਰ ਦੀ ਘਰੇਲੂ ਜ਼ਿੰਦਗੀ ਨਾਲ ਸਾਂਝ ਪੁਆਈ ਅਤੇ ਰਿਸ਼ਤਿਆਂ ਦੀ ਮਹੱਤਤਾ ਦਰਸਾਉਂਦੀ ਕਹਾਣੀ 'ਰਿਸ਼ਤਾ' ਸੁਣਾ ਕੇ ਮਹਾਨ ਸਾਹਿਤਕਾਰ ਸੰਤੋਖ ਸਿੰਘ ਧੀਰ ਦੀ ਯਾਦ ਤਾਜ਼ਾ ਕਰਾ ਦਿੱਤੀ।ਕਰਮਜੀਤ ਬਾਸੀ ਨੇ ਰਵਾਨੀ ਭਰੀ ਕਵਿਤਾ 'ਕਿਉਂ ਡਰਾਂ ਮੈਂ?' ਦੀਪ ਦਿਲਬਰ ਨੇ ਗ਼ਜ਼ਲਗੋ ਤੇ ਵਾਰਤਾਕਾਰ ਸਵ: ਜਗਦੀਸ਼ ਨੀਲੋਂ ਬਾਰੇ ਲਿਖਿਆ 'ਗੂੜ੍ਹੀ ਛਾਂ ਵੰਡਦੀ ਲੇਖਕਾਂ ਦੀ ਤ੍ਰਿਵੈਣੀ' ਭਾਵਪੂਰਤ ਲੇਖ ਸੁਣਾਇਆ, ਐਡਵੋਕੇਟ ਦਲਜੀਤ ਸਿੰਘ ਸ਼ਾਹੀ ਨੇ ਆਰਟੀਕਲ ਨੁਮਾ ਲੇਖ 'ਜ਼ਿੰਦਗੀ ਦੇ ਸੋਲ੍ਹਾਂ ਘੰਟੇ' ਪੜ੍ਹਿਆ।ਹਰਬੰਸ ਮਾਲਵਾ ਨੇ ਗ਼ਜ਼ਲ 'ਰੋਕਿਆ ਦੇਹਲੀ 'ਤੇ ਕੁਝ ਚਿਰ ਤੇਲ ਚੋਵਣ ਦੇ ਲਈ ਸੁਣਾਈ।ਰਚਨਾਵਾਂ ਤੇ ਬਹਿਸ ਵਿੱਚ ਡਾ. ਹਰਜਿੰਦਰਪਾਲ ਸਿੰਘ, ਰਾਜਵਿੰਦਰ ਸਮਰਾਲਾ, ਮੰਚ ਦੇ ਸਰਪ੍ਰਸਤ ਪ੍ਰਿੰਸੀ (ਡਾ) ਪਰਮਿੰਦਰ ਸਿੰਘ ਬੈਨੀਪਾਲ, ਕਮਲਜੀਤ ਨੀਲੋਂ, ਦੀਪ ਦਿਲਬਰ , ਸੁਰਜੀਤ ਵਿਸ਼ਦ, ਕਰਮਜੀਤ ਬਾਸੀ ਤੇ ਕਹਾਣੀਕਾਰ ਦਲਜੀਤ ਸ਼ਾਹੀ ਨੇ ਹਿੱਸਾ ਲਿਆ।ਸਭਾ ਦੀ ਕਾਰਵਾਈ ਮੰਚ ਦੇ ਜਨਰਲ ਸਕੱਤਰ ਹਰਬੰਸ ਮਾਲਵਾ ਦੁਆਰਾ ਬਾਖੂਬੀ ਨਿਭਾਈ ਗਈ।

# ਪ੍ਰੋ. ਸਾਈਬਾਬਾ ਦੀ ਮੌਤ 'ਤੇ ਲੋਕ ਸੰਗਰਾਮ ਮੋਰਚਾ ਵੱਲੋਂ ਡੂੰਘੇ ਦੁੱਖ ਦਾ ਇਜ਼ਹਾਰ

**ਮੋਗਾ (ਇਕਬਾਲ ਸਿੰਘ ਖਹਿਰਾ)**

ਲੋਕ ਸੰਗਰਾਮ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਤਾਰਾ ਸਿੰਘ ਮੋਗਾ ਅਤੇ ਸੂਬਾ ਪ੍ਰਚਾਰ/ਪ੍ਰੈੱਸ ਸਕੱਤਰ ਲੋਕ ਰਾਜ ਮਹਿਰਾਜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪ੍ਰੋਫੈਸਰ ਜੀ. ਐੱਨ. ਸਾਈਬਾਬਾ ਜੋ ਕਿ ਲੋਕ ਸੰਗਰਾਮ ਮੋਰਚਾ ਪੰਜਾਬ ਦੀ ਕੇਂਦਰੀ ਜਥੇਬੰਦੀ ਆਰ. ਡੀ. ਐੱਫ. (ਰੈਵੋਲੂਸ਼ਨਰੀ ਡੈਮੋਕ੍ਰੇਟਿਕ ਫਰੰਟ) ਦੇ ਜੁਆਇੰਟ ਸਕੱਤਰ ਸਨ, ਦੀ ਮੌਤ 'ਤੇ ਡੂੰਘਾ ਅਫਸੋਸ ਜ਼ਾਹਰ ਕੀਤਾ ਹੈ। ਪ੍ਰੋਫੈਸਰ ਸਾਈਬਾਬਾ ਲੁੱਟੇ ਲਤਾੜੇ ਆਦਿਵਾਸੀਆਂ ਦੇ ਮਸੀਹਾ ਸਨ। ਪ੍ਰੋ. ਸਾਈਬਾਬਾ ਨੇ ਕੇਂਦਰੀ ਭਾਰਤ ਅੰਦਰ ਸੂਬਾ ਤੇ ਕੇਂਦਰੀ ਸਰਕਾਰਾਂ ਵੱਲੋਂ ਆਦਿਵਾਸੀਆਂ ਨੂੰ ਉਜਾੜਨ ਤੇ ਕਾਰਪੋਰੇਟ ਘਰਾਣਿਆਂ ਦੀ ਪੁਸ਼ਤਪਨਾਹੀ ਲਈ ਚਲਾਏ ਗਏ ਗ੍ਰੀਨ ਹੰਟ, ਅਪ੍ਰੇਸ਼ਨ, ਸਲਵਾਜੁਡਮ ਅਪ੍ਰੇਸ਼ਨ ਪਰਹਾਰ ਸਮਾਧਾਨ ਸਮੇਤ ਹਰ ਕਿਸਮ ਦੇ ਜਾਬਰ ਅਪ੍ਰੇਸ਼ਨਾਂ ਦਾ ਵਿਰੋਧ ਕੀਤਾ। ਆਦਿਵਾਸੀ ਜਨਤਾ ਦੇ ਦਰਦ ਸਮੇਤ ਭਾਰਤ ਅੰਦਰ ਭਾਰਤੀ ਹਕੂਮਤਾਂ ਵੱਲੋਂ ਲੋਕਾਂ 'ਤੇ ਕੀਤੇ ਜਾ ਰਹੇ ਜ਼ੁਲਮਾਂ ਖਿਲਾਫ ਅੰਤਰਰਾਸ਼ਟਰੀ ਪੱਧਰ 'ਤੇ ਅਵਾਜ਼ ਬੁਲੰਦ ਕਰਨ ਵਾਲਿਆਂ ਵਿੱਚ ਜੀ. ਐੱਨ. ਸਾਈਬਾਬਾ ਦਾ ਉੱਭਰਵਾਂ ਰੋਲ ਸੀ। ਉਹ ਹਕੂਮਤ ਦੀਆਂ ਨੀਤੀਆਂ ਖਿਲਾਫ 'ਜਦੋਂ ਇਨਸਾਫ ਦੇ ਸਾਰੇ ਰਾਹ ਬੰਦ ਹੋ ਜਾਣ ਤਾਂ ਤਲਵਾਰ ਉਠਾਉਣਾ ਜਾਇਜ਼ ਹੈ' ਦੇ ਵਿਚਾਰ ਦੇ ਹਾਮੀ ਸਨ। ਇਸੇ ਕਾਰਨ ਹੀ 90% ਅਪਾਹਜ ਸਾਈਬਾਬਾ ਹਕੂਮਤਾਂ ਦੀ ਅੱਖ ਦਾ ਰੋੜ੍ਹਾ ਬਣਿਆ ਹੋਇਆ ਸੀ। ਕਾਮਰੇਡ ਸਾਈਬਾਬਾ ਮਾਓਵਾਦੀਆਂ ਨਾਲ ਸਬੰਧਾਂ ਦੇ ਇੱਕ ਝੂਠੇ ਕੇਸ ਵਿੱਚ ਭਾਰਤੀ ਨਿਆਂ ਪ੍ਰਣਾਲੀ ਦੇ ਅਨਿਆਂ ਦਾ ਸ਼ਿਕਾਰ ਹੋਏ। ਇਸ ਦੌਰਾਨ ਉਨ੍ਹਾਂ ਨੂੰ ਕਈ ਬਿਮਾਰੀਆਂ ਨਾਲ ਜੂਝਣਾ ਪਿਆ। ਕਿਸੇ ਵੀ ਭਾਰਤੀ ਨਿਆਂ ਅਦਾਰਿਆਂ ਨੇ ਉਸ ਦੀਆਂ ਬਿਮਾਰੀਆਂ ਪ੍ਰਤੀ ਕੋਈ ਗੰਭੀਰ ਨੋਟਿਸ ਨਹੀਂ ਲਿਆ, ਸਗੋਂ ਅਨਿਆਂ ਦਾ ਇਤਿਹਾਸ ਸਿਰਜਦਿਆਂ ਅੱਧੀ ਰਾਤ ਨੂੰ ਸਰਬ ਉੱਚ ਅਦਾਲਤ ਲਾ ਕੇ ਬੰਬੇ ਹਾਈ ਕੋਰਟ ਵੱਲੋਂ ਬਰੀ ਕਰਨ ਦੇ ਫੈਸਲੇ ਨੂੰ ਰੱਦ ਕੀਤਾ ਗਿਆ। ਅੰਗਰੇਜ਼ਾਂ ਨਾਲੋਂ ਵੀ ਗੰਭੀਰ ਇਸ ਅਨਿਆਂ ਖਿਲਾਫ ਅਪਾਹਜ ਯੋਧਾ ਹਮੇਸ਼ਾ ਡਟਿਆ ਰਿਹਾ। ਅਖੀਰ ਬੰਬੇ ਹਾਈਕੋਰਟ ਵੱਲੋਂ ਵੇਲਾ ਵਿਹਾਅ ਕੇ ਲੱਗਭੱਗ 10 ਸਾਲ ਜੇਲ੍ਹ 'ਚ ਸਾੜਨ ਤੋਂ ਬਾਅਦ ਬਿਨਾਂ ਕੇਸ ਚਲਾਏ 2024 ਦੇ ਸ਼ੁਰੂ ਵਿੱਚ ਇਸ ਝੂਠੇ ਕੇਸ ਵਿੱਚੋਂ ਕਈ ਸਾਥੀਆਂ ਸਮੇਤ ਬਰੀ ਕਰ ਦਿੱਤਾ। ਸਾਈਬਾਬਾ ਦੀ ਸਿਹਤ ਬਹੁਤ ਬੁਰੀ ਤਰ੍ਹਾਂ ਵਿਗੜ ਚੁੱਕੀ ਸੀ। ਉਹ ਜੇਲ੍ਹ 'ਚੋਂ ਬਾਹਰ ਆਉਣ ਵੇਲੇ ਤੋਂ ਲਗਾਤਾਰ ਵੱਖ-ਵੱਖ ਹਸਪਤਾਲਾਂ 'ਚ ਇਨ੍ਹਾਂ ਬਿਮਾਰੀਆਂ ਨਾਲ ਜੂਝ ਰਿਹਾ ਸੀ। ਅਖੀਰ 12 ਅਕਤੂਬਰ 2024 ਨੂੰ ਇਹ ਸੰਘਰਸ਼ੀ ਯੋਧਾ ਸਾਨੂੰ ਅਲਵਿਦਾ ਕਹਿ ਗਿਆ। ਸੂਬਾ ਕਮੇਟੀ ਲੋਕ ਸੰਗਰਾਮ ਮੋਰਚਾ ਪੰਜਾਬ ਵੱਲੋਂ ਇਸ ਮਹਾਨ ਕਮਿਊਨਿਸਟ ਇਨਕਲਾਬੀ ਯੋਧੇ ਦੀ ਯਾਦ ਵਿੱਚ 16 ਅਕਤੂਬਰ 2024 ਨੂੰ ਨੇਚਰ ਪਾਰਕ ਮੋਗਾ ਵਿਖੇ 11 ਵਜੇ ਸ਼ਰਧਾਂਜਲੀ ਪ੍ਰੋਗਰਾਮ ਕੀਤਾ ਜਾ ਰਿਹਾ ਹੈ। ਇਸ ਸ਼ਰਧਾਂਜਲੀ ਸਮਾਗਮ ਵਿੱਚ ਸਮੂਹ ਅਗਾਂਹਵਧੂ, ਚਿੰਤਕ, ਇਨਕਲਾਬੀ ਜਮਹੂਰੀ ਤੇ ਸੰਘਰਸ਼ੀਲ ਲੋਕਾਂ ਅਤੇ ਜਥੇਬੰਦੀਆਂ ਨੂੰ ਸੱਦਾ ਹੈ ਕਿ ਆਓ! ਇਸ ਵਿੱਛੜੇ ਆਗੂ ਨੂੰ ਆਪਣੇ ਦਿਲਾਂ ਦੀ ਗਹਿਰਾਈ 'ਚੋਂ ਯਾਦ ਕਰੀਏ ਤੇ ਇਸ ਦੇ ਅਧੂਰੇ ਕਾਰਜਾਂ ਨੂੰ ਪੂਰਾ ਕਰਨ ਦਾ ਅਹਿਦ ਕਰੀਏ।

# ਨਹਿਰਾਂ ਦੀ ਰੀਲਾਈਨਿੰਗ ਨੂੰ ਰੋਕਣ ਲਈ ਜੌੜੀਆਂ ਨਹਿਰਾਂ 'ਤੇ ਮੀਟਿੰਗ ਰੱਖੀ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

13 ਅਕਤੂਬਰ ਨੂੰ ਜਲ ਜੀਵਨ ਬਚਾਓ ਮੋਰਚਾ ਫ਼ਰੀਦਕੋਟ ਵੱਲੋਂ ਜੌੜੀਆਂ ਨਹਿਰਾਂ ਕੋਟਕਪੂਰਾ ਰੋਡ 'ਤੇ ਮੀਟਿੰਗ ਰੱਖੀ ਗਈ। ਇਹ ਮੀਟਿੰਗ ਸਰਕਾਰ ਵੱਲੋਂ ਗੈਰ ਕੁਦਰਤੀ ਤਰੀਕੇ ਨਾਲ ਕੀਤੀਆਂ ਜਾਣ ਵਾਲੀਆਂ ਨਹਿਰਾਂ ਦੀ ਰੀਲਾਈਨਿੰਗ ਨੂੰ ਰੋਕਣ ਲਈ ਕੀਤੀ ਗਈ ਹੈ।

ਮੀਟਿੰਗ ਵਿੱਚ ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਤੇ ਸੰਯੁਕਤ ਕਿਸਾਨ ਮੋਰਚਾ ਦੀਆਂ ਤਕਰੀਬਨ ਸਾਰੀਆਂ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਮਿਲ ਕੇ ਇਕਸੁਰ ਹੋ ਕੇ ਫੈਸਲਾ ਦਿੱਤਾ ਕਿ ਸਰਕਾਰ ਜਿਸ ਢੰਗ ਨਾਲ ਨਹਿਰਾਂ ਪੱਕੀਆਂ ਕਰਨਾ ਚਾਹੁੰਦੀ ਹੈ, ਉਸਦੇ ਨਤੀਜੇ ਭਵਿੱਖ ਵਿੱਚ ਬਹੁਤ ਖ਼ਰਾਬ ਨਿਕਲਣਗੇ।ਜਿੱਥੇ-ਜਿੱਥੇ ਵੀ ਨਹਿਰਾਂ ਪੱਕੀਆਂ ਕੀਤੀਆਂ ਗਈਆਂ ਹਨ, ਉਥੇ ਧਰਤੀ ਹੇਠਲਾ ਪਾਣੀ ਪੀਣਯੋਗ ਨਹੀਂ ਰਿਹਾ, ਉਸਦਾ ਇੱਕੋ ਇੱਕ ਕਾਰਨ ਹੈ ਪੁਰਾਣੀ ਤਕਨੀਕ ਨਾਲ ਧਰਤੀ ਵਿੱਚ ਪਾਣੀ ਜੀਰਦਾ ਸੀ ਤੇ ਧਰਤੀ ਹੇਠਲੇ ਪਾਣੀ ਨੂੰ ਪੀਣਯੋਗ ਬਣਾਉਂਦਾ ਸੀ।ਜਿਹੜੀ ਤਕਨੀਕ ਨਾਲ ਹੁਣ ਸਰਕਾਰ ਨਹਿਰਾਂ ਪੱਕੀਆਂ ਕਰਨਾ ਚਾਹੁੰਦੀ ਹੈ, ਉਸ ਨਾਲ ਪਾਣੀ ਧਰਤੀ ਵਿੱਚ ਸਿੰਮਣਾ ਬੰਦ ਹੋ ਜਾਵੇਗਾ।ਪਾਣੀ 'ਤੇ ਕੰਮ ਕਰ ਰਹੀਆਂ ਯੂਨੀਵਰਸਿਟੀਆਂ ਤੇ ਹੋਰ ਅਦਾਰੇ ਪਹਿਲਾਂ ਹੀ ਕਹਿ ਚੁੱਕੇ ਹਨ ਕਿ ਧਰਤੀ ਹੇਠਲੇ ਪਾਣੀ ਵਿੱਚ ਭਾਰੀਆਂ ਧਾਤਾਂ ਦੀ ਮਿਲਾਵਟ ਹੈ ਤੇ ਨਹਿਰੀ ਪਾਣੀ ਵਿਚ ਕੈਮੀਕਲ ਹੈ।ਅੱਜ ਤੱਕ ਦੀਆਂ ਸਾਰੀਆਂ ਸਰਕਾਰਾਂ ਅਜ਼ਾਦੀ ਦੇ 77 ਸਾਲ ਬਾਅਦ ਵੀ ਅਜਿਹੇ ਵਾਟਰ ਵਰਕਸ ਨਹੀਂ ਬਣਾ ਸਕੀਆਂ, ਜੋ ਕੁੱਲ ਆਬਾਦੀ ਨੂੰ ਪੀਣ ਲਾਇਕ ਪਾਣੀ ਦੇ ਸਕਣ।ਸੰਯੁਕਤ ਕਿਸਾਨ ਮੋਰਚਾ ਦੀਆਂ ਜਥੇਬੰਦੀਆਂ ਸਮੇਤ 47 ਸੰਸਥਾਵਾਂ ਨੇ ਸਰਕਾਰ ਦੇ ਇਸ ਫ਼ੈਸਲੇ ਦਾ ਪੁਰਜ਼ੋਰ ਵਿਰੋਧ ਕਰਨ ਦਾ ਫ਼ੈਸਲਾ ਲਿਆ ਹੈ।ਸਰਕਾਰ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਫ਼ਰੀਦਕੋਟ ਦੇ ਲੋਕ ਸੁੱਤੇ ਨਹੀਂ, ਜੋ ਆਪਣੀਆਂ ਅੱਖਾਂ ਅੱਗੇ ਆਪਣਾ ਹੱਕ ਦਾ ਪਾਣੀ ਅਜਾਈਂ ਜਾਣ ਦੇਣਗੇ।ਇਸਦੇ ਨਾਲ ਹੀ ਕਨਵੀਨਰ ਸ਼ੰਕਰ ਸ਼ਰਮਾ, ਕੋ ਕਨਵੀਨਰ ਭੁਪਿੰਦਰ ਸਿੰਘ ਔਲਖ ਤੇ ਡਾ ਪ੍ਰਿਤਪਾਲ ਸਿੰਘ ਹੋਣਾ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਜਲ ਜੀਵਨ ਬਚਾਓ ਮੋਰਚਾ ਕਿਸੇ ਵੀ ਤਰ੍ਹਾਂ ਦੇ ਵਿਕਾਸ ਦਾ ਵਿਰੋਧੀ ਨਹੀਂ ਹੈ।ਜਲ ਜੀਵਨ ਬਚਾਓ ਮੋਰਚਾ ਦੀ ਪਹਿਲੀ ਮੰਗ ਇਹੀ ਹੈ ਕਿ ਨਹਿਰਾਂ ਦੀ ਹਾਲਤ ਬਹੁਤ ਖਰਾਬ ਹੈ ਤੇ ਕਿਸੇ ਵੇਲੇ ਵੀ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ।ਨਹਿਰਾਂ ਨੂੰ ਜਲਦੀ ਤੋਂ ਜਲਦੀ ਬ੍ਰਿਕ ਰਿਲਾਇਨਿੰਗ ਕਰਕੇ ਮੁਰੰਮਤ ਕੀਤੀ ਜਾਵੇ। ਨਹਿਰਾਂ 'ਤੇ ਲੰਮੇ ਸਮੇਂ ਤੋਂ ਪਾਲੇ ਜਾ ਰਹੇ ਵੱਖ-ਵੱਖ ਦਰੱਖਤਾਂ ਦੀ ਤਿਆਰ ਗਰੀਨ ਬੈਲਟ ਨੂੰ ਵੀ ਬਚਾਉਣਾ ਯਕੀਨੀ ਬਣਾਇਆ ਜਾਵੇ।ਕੁੱਲ ਮਿਲਾ ਕੇ ਮੀਟਿੰਗ ਇਸ ਫ਼ੈਸਲੇ ਤੇ ਖ਼ਤਮ ਹੋਈ ਕਿ ਨਹਿਰਾਂ ਨੂੰ ਕੰਕਰੀਟ ਕਰਨ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ, ਭਾਵੇਂ ਮੋਰਚੇ ਨੂੰ ਸੰਘਰਸ਼ ਦਾ ਰਸਤਾ ਕਿਉਂ ਨਾ ਅਪਣਾਉਣਾ ਪਵੇ।

## ਮੋਟਰਸਾਈਕਲ ਚੋਰੀ ਕਰਨ ਵਾਲੇ ਗਰੋਹ ਦੇ ਦੋ ਮੈਂਬਰ ਗ੍ਰਿਫਤਾਰ



**ਮਲੋਟ (ਓਮ ਪ੍ਰਕਾਸ਼ ਸ਼ੇਖੂ, ਗੁਰਮੀਤ ਮੱਕੜ)**-ਥਾਣਾ ਸਿਟੀ ਮਲੋਟ ਨੇ ਮੁਸਤੈਦੀ ਦਿਖਾਉਂਦੇ ਹੋਏ ਮੋਟਰਸਾਈਕਲ ਚੋਰੀ ਕਰਨ ਵਾਲੇ ਗਰੋਹ ਦੇ ਦੋ ਵਿਅਕਤੀਆਂ ਨੂੰ ਫੜਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ।ਇਸ ਕੇਸ ਦੀ ਤਫਤੀਸ਼ ਕਰ ਰਹੇ ਹਵਲਦਾਰ ਜਸਮੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਸ੍ਰ. ਇਕਬਾਲ ਸਿੰਘ ਸੰਧੂ ਡੀ ਐੱਸ ਪੀ ਮਲੋਟ, ਵਰਨ ਮੱਟੂ ਐੱਸ ਐੱਚ ਓ ਥਾਣਾ ਸਿਟੀ ਮਲੋਟ ਦੀਆਂ ਸਖਤ ਹਦਾਇਤਾਂ 'ਤੇ ਸ਼ਹਿਰ ਤੇ ਪਿੰਡਾਂ ਨੂੰ ਜਾਂਦੀਆਂ ਸੜਕਾਂ 'ਤੇ ਥਾਣਾ ਸਿਟੀ ਮਲੋਟ ਵੱਲੋਂ ਗਸ਼ਤ ਵਧਾਈ ਗਈ ਸੀ, ਜਿਸ ਦੌਰਾਨ ਹਵਲਦਾਰ ਜਸਮੀਤ ਸਿੰਘ, ਸਿਪਾਹੀ ਰਮਨਦੀਪ ਸਿੰਘ ਤੇ ਸਿਪਾਹੀ ਸੁਖਦੀਪ ਸਿੰਘ ਵੱਲੋਂ ਬਠਿੰਡਾ ਰੋਡ 'ਤੇ ਗਸ਼ਤ ਦੌਰਾਨ ਦੋ ਵਿਅਕਤੀ, ਜਿਨ੍ਹਾਂ ਨੂੰ ਸ਼ੱਕ ਦੇ ਅਧਾਰ 'ਤੇ ਰੋਕਿਆ ਗਿਆ, ਤਾਂ ਉਹ ਘਬਰਾਹਟ ਵਿੱਚ ਤਸੱਲੀਬਖਸ਼ ਜਵਾਬ ਨਹੀਂ ਦੇ ਸਕੇ ਅਤੇ ਜਿਸ ਮੋਟਰਸਾਈਕਲ 'ਤੇ ਸਵਾਰ ਸਨ, ਉਹ ਵੀ ਚੋਰੀ ਦਾ ਸੀ।ਪੁੱਛਗਿੱਛ ਕਰਨ 'ਤੇ ਉਨ੍ਹਾਂ ਮੰਨਿਆ ਕਿ ਉਹ ਅਬੋਹਰ-ਫਾਜ਼ਿਲਕਾ ਸਰਕਾਰੀ ਅਦਾਰਿਆਂ ਦੇ ਬਾਹਰ ਖੜ੍ਹੇ ਮੋਟਰਸਾਈਕਲ ਚੋਰੀ ਕਰਕੇ ਉਨ੍ਹਾਂ ਦਾ ਸਪੇਅਰ ਪਾਰਟਸ ਮਲੋਟ ਏਰੀਏ ਵਿੱਚ ਵੇਚਦੇ ਹਨ।ਇਨ੍ਹਾਂ ਦੀ ਪਹਿਚਾਣ ਜਗਜੀਤ ਸਿੰਘ ਜੱਗੀ, ਮਲਕੀਤ ਸਿੰਘ ਗਿਆਨੀ (ਦੋਵੇਂ ਸਕੇ ਭਰਾ ਹਨ) ਵਾਸੀ ਮਲੋਟ ਵਜੋਂ ਹੋਈ।ਇਨ੍ਹਾਂ ਕੋਲੋਂ 18 ਦੇ ਕਰੀਬ ਮੋਟਰਸਾਈਕਲ ਦੀਆਂ ਚੈਸੀਆਂ ਤੇ ਪਾਰਟਸ ਬਰਾਮਦ ਕੀਤੇ ਗਏ।

## ਰਾਜ ਪੱਧਰੀ ਸਮਾਗਮ 'ਚ ਸਿਹਤ ਮੰਤਰੀ ਵੱਲੋਂ ਖ਼ੂਨਦਾਨੀਆਂ ਦਾ ਸਨਮਾਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪਿਛਲੇ ਦਿਨੀਂ ਕੌਮੀ ਖ਼ੂਨਦਾਨ ਦਿਵਸ ਮੌਕੇ ਪਟਿਆਲਾ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਖ਼ੂਨਦਾਨ ਦੇ ਖੇਤਰ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਰਾਮਪੁਰਾ ਫੂਲ ਦੇ ਦਰਜਨ ਤੋਂ ਵੱਧ ਖ਼ੂਨਦਾਨੀਆਂ ਨੂੰ ਸਿਹਤ ਮੰਤਰੀ ਡਾ: ਬਲਵੀਰ ਸਿੰਘ ਵੱਲੋਂ ਸਨਮਾਨਤ ਕੀਤਾ ਗਿਆ।ਪਵਨ ਮਹਿਤਾ ਸਟਾਰ ਬਲੱਡ ਡੋਨਰਜ਼ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਮੌਕੇ ਸਨਮਾਨਤ ਕੀਤੇ ਗਏ ਖ਼ੂਨਦਾਨੀਆਂ ਵਿੱਚ 141 ਵਾਰ ਖ਼ੂਨ ਦਾਨ ਕਰਨ ਵਾਲੇ ਸੁਰਿੰਦਰ ਗਰਗ, 132 ਵਾਰ ਖ਼ੂਨ ਦਾਨ ਕਰਨ ਵਾਲੇ ਪਵਨ ਮਹਿਤਾ, 111 ਵਾਰ ਖ਼ੂਨ ਦਾਨ ਕਰਨ ਵਾਲੇ ਕਮਲੇਸ਼ ਕੁਮਾਰ, 69 ਵਾਰ ਮਹਿਲਾ ਖ਼ੂਨਦਾਨੀ ਸ਼ੀਲਾ ਦੇਵੀ, ਮਨੋਹਰ ਸਿੰਘ, ਦੇਵਰਾਜ ਗਰਗ, ਧਰਮ ਸਿੰਘ ਭੁੱਲਰ, ਰਾਮ ਸਿੰਘ, ਕਰਮਜੀਤ ਸਿੰਘ ਭੁੱਲਰ, ਮਮਤਾ ਗਰਗ, ਦਵਿੰਦਰ ਸਿੰਘ, ਸੁਨੀਤਾ ਬਾਹੀਆ ਤੇ ਨਿਸ਼ਾ ਰਾਣੀ ਨੂੰ ਸਨਮਾਨਤ ਕੀਤਾ ਗਿਆ।ਇੰਨੀ ਵੱਡੀ ਗਿਣਤੀ ਵਿੱਚ ਖ਼ੂਨਦਾਨੀਆਂ ਵੱਲੋਂ ਸਨਮਾਨ ਪ੍ਰਾਪਤ ਕਰਨ 'ਤੇ ਸ਼ਹਿਰ ਵਾਸੀਆਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਖ਼ੂਨਦਾਨ ਮੁਹਿੰਮ ਨੂੰ ਜਾਰੀ ਰੱਖਣ ਦੀ ਅਪੀਲ ਕੀਤੀ। ਸ਼ਹਿਰ ਵਾਸੀਆਂ ਨੇ ਕਿਹਾ ਕਿ ਖ਼ੂਨਦਾਨ ਮੁਹਿੰਮ ਨੂੰ ਵਿਸ਼ਵ ਪੱਧਰੀ ਮੁਹਿੰਮ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਵਿਅਕਤੀਆਂ ਨੂੰ ਸਨਮਾਨਤ ਕਰਨਾ ਸ਼ਹਿਰ ਲਈ ਮਾਣ ਵਾਲੀ ਗੱਲ ਹੈ।ਇਹ ਐਵਾਰਡ ਖ਼ੂਨਦਾਨੀਆਂ ਨੂੰ ਸਮਰਪਤ ਕਰਦੇ ਹੋਏ ਸੰਸਥਾ ਦੇ ਕੈਂਪਾਂ ਵਿੱਚ ਖ਼ੂਨ ਦਾਨ ਕਰਨ ਵਾਲੇ ਖ਼ੂਨਦਾਨੀਆਂ ਦਾ ਧੰਨਵਾਦ ਕੀਤਾ।

## ਬਾਬਾ ਮੋਨੀ ਜੀ ਕਾਲਜ ਦਾ ਬੀ ਸੀ ਏ ਭਾਗ ਦੂਜਾ ਦਾ ਨਤੀਜਾ ਸੌ ਫੀਸਦੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ.ਸੀ.ਏ. ਭਾਗ-ਦੂਜਾ (ਸਮੈਸਟਰ-ਚੌਥਾ) ਦੇ ਨਤੀਜੇ 'ਚੋਂ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਦਾ ਨਤੀਜਾ ਸੌ ਫੀਸਦੀ ਰਿਹਾ। ਕਾਲਜ ਦੀਆਂ ਵਿਦਿਆਰਥਣਾਂ ਗੁਰਿੰਦਰਪ੍ਰੀਤ ਕੌਰ (87%) ਪੁੱਤਰੀ ਜਸਵੀਰ ਸਿੰਘ ਲਹਿਰਾ ਮੁਹੱਬਤ ਨੇ ਪਹਿਲਾ, ਨਿਰਮਲ ਕੌਰ (86.33%) ਪੁੱਤਰੀ ਪ੍ਰਿਤਪਾਲ ਸਿੰਘ ਗੋਬਿੰਦਪੁਰਾ ਨੇ ਦੂਜਾ ਤੇ ਖੁਸ਼ਪ੍ਰੀਤ ਕੌਰ (83.13%) ਪੁੱਤਰੀ ਬਲਜਿੰਦਰ ਸਿੰਘ ਲਹਿਰਾ ਮੁਹੱਬਤ ਨੇ ਤੀਜਾ ਸਥਾਨ ਹਾਸਲ ਕਰਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਇਸ ਵਿੱਚ ਸਾਰੀਆਂ ਵਿਦਿਆਰਥਣਾਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ। ਡਿਗਰੀ ਕਾਲਜ ਦੇ ਪ੍ਰਿੰਸੀਪਲ ਪ੍ਰੋ. ਅਮਨਿੰਦਰ ਕੌਰ ਤੇ ਐਜੂਕੇਸ਼ਨ ਕਾਲਜ ਦੇ ਪ੍ਰਿੰਸੀਪਲ ਡਾ. ਦਿਨੇਸ਼ ਕੁਮਾਰ ਸਮੇਤ ਸਟਾਫ ਮੈਂਬਰਜ਼ ਪ੍ਰੋ. ਸੁਖਦੀਪ ਕੌਰ, ਪ੍ਰੋ. ਰੁਚਿਕਾ, ਪ੍ਰੋ. ਸੁਮਨ, ਪ੍ਰੋ. ਵਰਿੰਦਰ ਸਿੰਘ, ਪ੍ਰੋ. ਮੋਨਿਕਾ ਗਰਗ, ਪ੍ਰੋ. ਰੁਪਿੰਦਰ ਸਿੰਘ, ਪ੍ਰੋ. ਸੁਖਦੀਪ ਕੌਰ (ਪੰਜਾਬੀ), ਪ੍ਰੋ. ਰਮਨਦੀਪ ਕੌਰ ਤੇ ਪ੍ਰੋ. ਦਲਜੀਤ ਕੌਰ ਨੇ ਵਧਾਈ ਦਿੰਦਿਆਂ ਵਿਦਿਆਰਥਣਾਂ ਨੂੰ ਹੋਰ ਵਧੇਰੇ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਦੀ ਪ੍ਰੇਰਨਾ ਦਿੱਤੀ।

## ਪ੍ਰਸਿੱਧ ਸਾਹਿਤਕਾਰ ਜੋਗਿੰਦਰ ਸਿੰਘ ਸੰਧੂ ਦੀ ਕਿਤਾਬ ਆਮਦ 'ਤੇ ਵਿਚਾਰ ਗੋਸ਼ਟੀ



**ਮੱਖੂ (ਰਛਪਾਲ ਸਿੰਘ ਸੰਧੂ)**-ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਵੱਲੋਂ ਸਰਪ੍ਰਸਤ ਜਰਨੈਲ ਸਿੰਘ ਭੁੱਲਰ ਤੇ ਪ੍ਰਧਾਨ ਹਰਭਿੰਦਰ ਸਿੰਘ ਸੰਧੂ ਦੀ ਅਗਵਾਈ ਹੇਠ ਪ੍ਰਸਿੱਧ ਸਾਹਿਤਕਾਰ ਜੋਗਿੰਦਰ ਸਿੰਘ ਸੰਧੂ ਦੀ ਕਿਤਾਬ 'ਆਮਦ' 'ਤੇ ਵਿਚਾਰ ਗੋਸ਼ਟੀ ਕਰਾਉਣ ਲਈ ਇੱਕ ਵਿਸ਼ੇਸ਼ ਸਮਾਰੋਹ ਕਰਾਇਆ ਗਿਆ, ਜਿਸ ਵਿੱਚ ਵੱਡੇ ਪੱਧਰ 'ਤੇ ਸਾਹਿਤਕਾਰਾਂ ਅਤੇ ਸਰੋਤਿਆਂ ਨੇ ਹਾਜ਼ਰੀ ਭਰੀ।ਵਿਚਾਰ ਚਰਚਾ ਕਰਨ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ ਉੱਘੇ ਸਹਿਤਕਾਰ ਡਾ. ਗੁਰਚਰਨ ਸਿੰਘ ਨੂਰਪੁਰ ਤੇ ਅਮਰਜੀਤ ਸਿੰਘ ਸਨ੍ਹੇਰਵੀ ਵੱਲੋਂ ਕਿਹਾ ਗਿਆ ਕਿ ਜੋਗਿੰਦਰ ਸਿੰਘ ਸੰਧੂ ਦੀਆਂ ਲਿਖਤਾਂ ਕਿਸੇ ਵੀ ਜਾਣ ਪਛਾਣ ਦੀਆਂ ਮੁਥਾਜ ਨਹੀਂ ਹਨ।ਉਨ੍ਹਾਂ ਦੀ ਨਵੀਂ ਪੁਸਤਕ 'ਆਮਦ' ਦੀਆਂ ਕਵਿਤਾਵਾਂ ਨੂੰ ਇੱਕ ਤਰ੍ਹਾਂ ਲੋਕਾਂ ਦੀਆਂ ਕਵਿਤਾਵਾਂ ਕਿਹਾ ਜਾ ਸਕਦਾ ਹੈ, ਕਿਉਂਕਿ ਇਹ ਕਵਿਤਾਵਾਂ ਆਮ ਲੋਕਾਂ ਦੇ ਦੁੱਖਾਂ ਦੀ ਬਾਤ ਪਾਉਂਦੀਆਂ ਹਨ।ਜੋਗਿੰਦਰ ਸਿੰਘ ਸੰਧੂ ਵੱਲੋਂ ਸਰੋਤਿਆਂ ਨੂੰ ਆਪਣੇ ਜੀਵਨ ਦੇ ਸਫ਼ਰ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਪ੍ਰਮਾਤਮਾ ਨੇ ਤੁਹਾਨੂੰ ਜਿਸ ਮਕਸਦ ਲਈ ਇਸ ਧਰਤੀ 'ਤੇ ਭੇਜਿਆ ਹੈ, ਉਹ ਕਾਰਜ ਤੁਹਾਡੇ ਤੋਂ ਆਪਣੇ ਆਪ ਕਰਾ ਲੈਂਦੇ ਹਨ, ਸਾਨੂੰ ਉੱਦਮ ਕਰਨ ਦੀ ਲੋੜ ਪੈਂਦੀ ਹੈ ਤੇ ਪੰਜਾਬੀ ਲਿਖਾਰੀ ਸਭਾ ਤੇ ਆਪ ਸਰੋਤਿਆਂ ਦੇ ਮਿਲੇ ਪਿਆਰ ਦਾ ਮੈਂ ਤਹਿ ਦਿਲੋਂ ਧੰਨਵਾਦ ਕਰਦਾ ਹਾਂ।

## ਰਾਈਸ ਮਿੱਲਰ ਤੇ ਆੜ੍ਹਤੀ ਐਸੋਸੀਏਸ਼ਨ ਵੱਲੋਂ ਆਰ ਜੀ ਐਮ ਸੀ ਫਰੈਂਡਸ਼ਿਪ ਗਰੁੱਪ ਨੂੰ ਸਮਰਥਨ ਦਾ ਐਲਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਰਾਈਸ ਮਿੱਲਰ ਐਸੋਸੀਏਸ਼ਨ ਦੇ ਪ੍ਰਧਾਨ ਗੁਰਦੀਪ ਸਿੰਘ ਚੀਮਾ ਤੇ ਆੜ੍ਹਤੀ ਐਸੋਸੀਏਸ਼ਨ ਦੇ ਚੇਅਰਮੈਨ ਪਵਨ ਸਿੰਗਲਾ ਵੱਲੋਂ ਆਰ.ਜੀ.ਐਮ.ਸੀ ਫਰੈਂਡਸ਼ਿਪ ਗਰੁੱਪ ਦੇ ਉਮੀਦਵਾਰਾਂ ਨੂੰ ਸਮਰਥਨ ਦਾ ਐਲਾਨ ਕੀਤਾ ਗਿਆ।ਚੀਮਾ ਤੇ ਸਿੰਗਲਾ ਨੇ ਕਿਹਾ ਕਿ ਮੌਜੂਦਾ ਟੀਮ ਨੇ ਕਲੱਬ ਦੀ ਬਿਹਤਰੀ ਲਈ ਬਹੁਤ ਵਧੀਆ ਕੰਮ ਕੀਤੇ ਹਨ।ਅਗਾਮੀ ਚੋਣਾਂ ਲਈ ਵੀ ਉਨ੍ਹਾਂ ਦੇ ਉਮੀਦਵਾਰ ਚੋਣ ਮੈਦਾਨ ਵਿੱਚ ਹਨ।ਇਸ ਲਈ ਸਾਡਾ ਸਾਰਿਆਂ ਦਾ ਫ਼ਰਜ਼ ਬਣਦਾ ਹੈ ਕਿ ਕਲੱਬ ਦੀ ਬਿਹਤਰੀ ਅਤੇ ਕਲੱਬ ਦੇ ਸੁਨਹਿਰੇ ਭਵਿੱਖ ਲਈ ਫਰੈਂਡਸ਼ਿਪ ਗਰੁੱਪ ਦੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਉਨ੍ਹਾਂ ਨੂੰ ਜੇਤੂ ਬਣਾਈਏ।ਇਸ ਮੌਕੇ ਫਰੈਂਡਸ਼ਿਪ ਗਰੁੱਪ ਦੇ ਸਮੂਹ ਉਮੀਦਵਾਰਾਂ ਨੇ ਸ਼ੈਲਰ ਤੇ ਆੜ੍ਹਤੀ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਉਨ੍ਹਾਂ ਦੇ ਹੱਕ ਵਿੱਚ ਵੋਟਾਂ ਪਾਉਣ ਦੀ ਅਪੀਲ ਵੀ ਕੀਤੀ।ਇਸ ਮੌਕੇ ਦੀਪਕ ਕੰਮਪਾਨੀ, ਡਾ. ਸੁਖਦੀਪ ਸਿੰਘ ਬੋਪਾਰਾਏ, ਹਰਪ੍ਰੀਤ ਸੰਧੂ, ਵਿਪਿਨ ਸ਼ਰਮਾ, ਵਿਕਾਸ ਪੁਰੀ, ਨੀਰਜ ਵਤਸ, ਇੰਜੀ. ਸੰਚਿਤ ਬਾਂਸਲ, ਵਿਨੋਦ ਸ਼ਰਮਾ ਰਾਹੁਲ ਮਹਿਤਾ, ਕਰਨ ਗੋੜ, ਜਤਿਨ ਗੋਇਲ, ਡਾ. ਅੰਸ਼ੁਮਨ ਖਰਬੰਦਾ, ਬਿਕਰਮਜੀਤ ਸਿੰਘ, ਅਵਿਨਾਸ਼ ਗੁਪਤਾ, ਪ੍ਰਦੀਪ ਕੁਮਾਰ ਸਿੰਗਲਾ ਤੋਂ ਇਲਾਵਾ ਰਜਿੰਦਰ ਗੁਪਤਾ, ਖਰਦਮਨ ਰਾਏ ਗੁਪਤਾ, ਰਾਕੇਸ਼ ਰਿੰਕੂ, ਵਿੱਕੀ ਮਿੱਤਲ, ਵਿਨੇ ਗੋਇਲ, ਦੀਪਕ ਡਕਾਲਾ, ਹਨੀਸ਼ ਗੋਇਲ ਹੈਪੀ ਆਦਿ ਮੈਂਬਰ ਹਾਜ਼ਰ ਸਨ।

## ਮਜ਼ਦੂਰਾਂ ਦੀ ਹੜਤਾਲ ਕਾਰਨ ਝੋਨੇ ਦੀ ਖਰੀਦ ਰੁਕੀ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਪਿਛਲੇ 4 ਦਿਨਾਂ ਤੋਂ ਹੱਕੀ ਮੰਗਾਂ ਨੂੰ ਲੈ ਕੇ ਕੱਚੀ ਆੜਤ ਮਜ਼ਦੂਰ ਯੂਨੀਅਨ ਦਾ ਧਰਨਾ ਜਾਰੀ ਹੈ। ਮਜ਼ਦੂਰ ਯੂਨੀਅਨ ਦੇ ਪ੍ਰਧਾਨ ਮੁਕੇਸ਼ ਕੁਮਾਰ ਤੇ ਸੁਖਦੇਵ ਡਾਵਲਾ ਨੇ ਕਿਹਾ ਕਿ ਅਧਿਕਾਰੀਆਂ ਦੀ ਮਿਲੀਭੁਗਤ ਕਾਰਨ ਝੋਨਾ ਖਰੀਦ ਵਿੱਚ ਦੇਰੀ ਹੋ ਰਹੀ ਹੈ। ਦਾਣਾ ਮੰਡੀ 'ਚ ਮਜ਼ਦੂਰਾਂ ਦਾ ਧਰਨਾ ਜਾਰੀ ਹੈ। ਮਜ਼ਦੂਰ ਆਗੂਆਂ ਦਾ ਕਹਿਣਾ ਹੈ ਕਿ ਸ਼ੈਲਰਾਂ ਵਾਲਿਆਂ ਤੇ ਆੜ੍ਹਤੀਆਂ ਦੀ ਮਿਲੀਭੁਗਤ ਨਾਲ ਮਜ਼ਦੂਰਾਂ ਦਾ ਰੋਜ਼ਗਾਰ ਖੁੱਸ ਰਿਹਾ ਹੈ।ਉਨ੍ਹਾਂ ਕਿਹਾ ਕਿ ਸ਼ੈਲਰਾਂ ਵਾਲਿਆਂ ਵੱਲੋਂ ਬਿਨਾਂ ਸਾਫ਼ ਕੀਤਾ ਝੋਨਾ ਸਿੱਧਾ ਬੋਰੀਆਂ 'ਚ ਭਰਿਆ ਜਾ ਰਿਹਾ ਹੈ ਤੇ ਕਿਸਾਨਾਂ ਤੋਂ ਸਿੱਧਾ ਝੋਨਾ ਸ਼ੈਲਰਾਂ 'ਚ ਮੰਗਵਾਇਆ ਜਾ ਰਿਹਾ ਹੈ, ਜਿਸ ਕਾਰਨ ਲੇਬਰ ਦਾ ਕੰਮ ਖੁੱਸ ਰਿਹਾ ਹੈ। ਉਨ੍ਹਾਂ ਨੂੰ ਪੂਰੀ ਮਜ਼ਦੂਰੀ ਨਹੀਂ ਮਿਲ ਰਹੀ।ਇਸ ਮਾਮਲੇ ਨੂੰ ਸੁਲਝਾਉਣ ਲਈ ਡੀ ਐਮ ਈ ਓ ਅਨਿਲ ਕੁੰਡੂ ਤੇ ਮਾਰਕੀਟ ਕਮੇਟੀ ਸੱਕਤਰ ਜੈਵੰਤੀ ਦੇਵੀ ਵੱਲੋਂ ਮਜ਼ਦੂਰਾਂ ਦੇ ਧਰਨੇ 'ਚ ਪਹੁੰਚ ਕੇ ਗੱਲਬਾਤ ਕੀਤੀ ਗਈ ਤੇ ਆੜ੍ਹਤੀਆਂ ਅਤੇ ਸ਼ੈਲਰਾਂ ਵਾਲਿਆਂ ਨੂੰ ਮਾਰਕੀਟ ਕਮੇਟੀ ਵਿਖੇ ਇੱਕ ਮੀਟਿੰਗ ਲਈ ਵੀ ਬੁਲਾਇਆ ਗਿਆ, ਪਰ ਮੀਟਿੰਗ ਤੋਂ ਬਾਅਦ ਵੀ ਕਿਸੇ ਤਰ੍ਹਾਂ ਦੀ ਸਹਿਮਤੀ ਨਹੀਂ ਹੋ ਸਕੀ।ਮਜ਼ਦੂਰਾਂ ਦਾ ਕਹਿਣਾ ਹੈ ਕਿ ਉਹ ਕੰਮ ਕਰਨ ਲਈ ਤਿਆਰ ਹਨ ਤੇ ਉਨ੍ਹਾਂ ਨੂੰ ਨਿਯਮਾਂ ਮੁਤਾਬਕ ਸਰਕਾਰ ਵੱਲੋਂ ਨੀਯਤ ਕੀਤੀ ਗਈ ਮਜ਼ਦੂਰੀ ਮਿਲਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੇ ਨਿਯਮਾਂ ਅਨੁਸਾਰ ਮਜ਼ਦੂਰਾਂ ਨੂੰ ਮਜ਼ਦੂਰੀ ਦੇਣ ਦੀ ਬਜਾਏ ਵਪਾਰੀਆਂ ਵੱਲੋਂ ਸਿੱਧਾ ਝੋਨਾ ਸ਼ੈਲਰਾਂ 'ਚ ਮੰਗਵਾ ਲਿਆ ਜਾਂਦਾ ਹੈ।ਜ਼ਿਲ੍ਹਾ ਅਧਿਕਾਰੀਆਂ ਦੀ ਮੀਟਿੰਗ ਦੇ ਚੱਲਦੇ ਮਜ਼ਦੂਰਾਂ ਅਤੇ ਆੜ੍ਹਤੀਆਂ ਵਿੱਚ ਸਮਝੌਤੇ ਹਿੱਤ ਵਾਰਤਾ ਦੇ ਦੌਰ 'ਚ ਮਸਲੇ ਦੇ ਹੱਲ ਦੇ ਅਸਾਰ ਬਣ ਰਹੇ ਸਨ।

## 1.90 ਲੱਖ ਦੀ ਸਾਈਬਰ ਠੱਗੀ ਦਾ ਸ਼ਿਕਾਰ ਹੋਈ ਐਲਨਾਬਾਦ ਦੀ ਡਾਕਟਰ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਾਈਬਰ ਠੱਗਾਂ ਨੇ ਫੌਜੀ ਅਫ਼ਸਰ ਹੋਣ ਦਾ ਬਹਾਨਾ ਬਣਾ ਕੇ ਕੇ ਸਿਰਸਾ ਦੀ ਮਹਿਲਾ ਡਾਕਟਰ ਕੋਮਲ ਬਾਂਸਲ ਨਾਲ 1.90 ਲੱਖ ਰੁਪਏ ਦੀ ਠੱਗੀ ਮਾਰ ਲਈ ਹੈ।ਮਹਿਲਾ ਡਾਕਟਰ ਨੂੰ ਦੱਸਿਆ ਗਿਆ ਕਿ ਸਿਰਸਾ ਏਅਰ ਫੋਰਸ ਸਟੇਸ਼ਨ ਦੀਆਂ 95 ਮਹਿਲਾ ਕੈਡਿਟਾਂ ਦਾ ਮੈਡੀਕਲ ਚੈੱਕਅਪ ਕੀਤਾ ਜਾਣਾ ਹੈ।ਪੁਲਸ ਨੇ ਲੇਡੀ ਡਾਕਟਰ ਕੋਮਲ ਬਾਂਸਲ ਦੀ ਸ਼ਿਕਾਇਤ ਤੇ ਐਫਆਈਆਰ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।ਡਾਕਟਰ ਕੋਮਲ ਬਾਂਸਲ ਦਾ ਐਲਨਾਬਾਦ ਵਿੱਚ ਕੋਮਲ ਸਕਿਨ ਕੇਅਰ ਨਾਂਅ ਦਾ ਕਲੀਨਿਕ ਹੈ।ਡਾ. ਕੋਮਲ ਦਾ ਕਹਿਣਾ ਹੈ ਕਿ ਉਸਦੇ ਮੋਬਾਈਲ ਨੰਬਰ 'ਤੇ ਫੋਨ ਕਰਨ ਵਾਲੇ ਨੇ ਆਪਣਾ ਨਾਂਅ ਸਤੀਸ਼ ਕੁਮਾਰ ਦੱਸਿਆ ਕਿ ਉਹ ਬੀਐਸਐਫ ਹੈੱਡ ਕੁਆਰਟਰ ਵਿੱਚ ਹੈੱਡ ਕਾਂਸਟੇਬਲ ਹੈ।ਉਨ੍ਹਾਂ ਕਿਹਾ ਕਿ ਅਸੀਂ ਆਪਣੀਆਂ 95 ਮਹਿਲਾ ਕੈਡਿਟਾਂ ਦਾ ਮੈਡੀਕਲ ਚੈੱਕਅਪ ਸਿਰਸਾ ਏਅਰਫੋਰਸ ਸਟੇਸ਼ਨ ਤੋਂ ਹੀ ਕਰਾਉਣਾ ਹੈ, ਜਿਸ ਲਈ ਤੁਹਾਨੂੰ ਆਪਣੀ ਫ਼ੀਸ ਤੇ ਹੋਰ ਖਰਚਿਆਂ ਬਾਰੇ ਸਾਨੂੰ ਸੂਚਿਤ ਕਰਨਾ ਚਾਹੀਦਾ ਹੈ।ਡਾ. ਕੋਮਲ ਨੇ ਆਪਣੀ ਫੀਸ 60 ਹਜ਼ਾਰ ਰੁਪਏ ਦੱਸੀ।ਇਸ ਤੋਂ ਬਾਅਦ ਸਤੀਸ਼ ਨੇ ਸੰਦੀਪ ਰਾਵਤ ਨਾਂਅ ਦੇ ਸੀਨੀਅਰ ਅਧਿਕਾਰੀ ਕਹਾਉਣ ਵਾਲੇ ਨੇ ਡਾਕਟਰ ਕੋਮਲ ਦੇ ਵਟਸਐਪ ਨੰਬਰ 'ਤੇ ਕਾਲ ਕਰਕੇ ਆਪਣਾ ਫ਼ੋਨ ਨੰਬਰ ਦੇਣ ਲਈ ਕਿਹਾ।ਸੰਦੀਪ ਨੇ ਕਿਹਾ ਕਿ ਅਸੀਂ ਪੇਮੈਂਟ ਭੇਜ ਰਹੇ ਹਾਂ, ਤੁਸੀ ਸਾਡੇ ਦੁਆਰਾ ਦੱਸੇ ਗਏ ਸਟੈਪ ਨੂੰ ਫਾਲੋ ਕਰਦੇ ਰਹੋ। ਡਾ. ਕੋਮਲ ਦੋਸ਼ੀ ਸੰਦੀਪ ਰਾਵਤ ਦੇ ਦੱਸੇ ਝਾਂਸੇ ਵਿੱਚ ਆ ਗਈ, ਜਿਸ ਤੋਂ ਬਾਅਦ ਉਸ ਦੇ ਖਾਤੇ ਵਿੱਚੋਂ 1.90 ਲੱਖ ਰੁਪਏ ਉਡਾ ਲਏ ਗਏ।ਇਸ ਤੋਂ ਬਾਅਦ ਡਾਕਟਰ ਕੋਮਲ ਨੂੰ ਪਤਾ ਲੱਗਾ ਕਿ ਉਸ ਨਾਲ ਸਾਇਬਰ ਧੋਖਾ ਹੋਇਆ ਹੈ।

## ਪੈਨਸ਼ਨਰ ਜੁਆਇੰਟ ਫਰੰਟ ਦੀ ਮੋਹਾਲੀ ਰੈਲੀ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਹੱਲ ਕਰਾਉਣ ਤੇ ਸਾਂਝੇ ਫਰੰਟ ਦੇ ਆਗੂਆਂ 'ਤੇ ਚੰਡੀਗੜ੍ਹ ਪੁਲਸ ਵੱਲੋਂ ਕੀਤੇ ਪਰਚਿਆਂ ਨੂੰ ਰੱਦ ਕਰਾਉਣ ਲਈ ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ 22 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ।

ਇਸ ਰੈਲੀ ਦੀਆਂ ਤਿਆਰੀਆਂ ਸੰਬੰਧੀ ਪੰਜਾਬ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਫ਼ਿਰੋਜ਼ਪੁਰ ਦੀ ਮੀਟਿੰਗ ਬਰਾਂਚ ਪ੍ਰਧਾਨ ਗੁਰਨਾਮ ਸਿੰਘ ਦੀ ਪ੍ਰਧਾਨਗੀ ਹੇਠ ਸਟੇਟ ਕਰਮਚਾਰੀ ਦਲ ਦਫ਼ਤਰ ਫ਼ਿਰੋਜ਼ਪੁਰ ਵਿਖੇ ਹੋਈ।ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਪੈਨਸ਼ਨਰ ਸ਼ਾਮਲ ਹੋਏ।ਮੀਟਿੰਗ ਦੀ ਜਾਣਕਾਰੀ ਦਿੰਦਿਆਂ ਬਰਾਂਚ ਜਨਰਲ ਸਕੱਤਰ ਕਿਸ਼ਨ ਚੰਦ ਜਾਗੋਵਾਲੀਆ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੈਨਸ਼ਨਾਂ ਤੇ ਮੁਲਾਜ਼ਮਾਂ ਨਾਲ ਵੱਡਾ ਵਿਤਕਰਾ ਕੀਤਾ ਜਾ ਰਿਹਾ ਹੈ, ਪੰਜਾਬ ਵਿੱਚ ਕੰਮ ਕਰ ਰਹੇ ਜੁਡੀਸ਼ੀਅਲ ਅਫਸਰਾਂ 'ਤੇ ਆਈ ਏ ਐੱਸ ਅਧਿਕਾਰੀਆਂ ਨੂੰ ਡੀ ਏ ਕੇਂਦਰ ਦੇ ਮੁਲਾਜ਼ਮਾਂ ਬਰਾਬਰ ਨਾਲ ਦੀ ਨਾਲ ਦਿੱਤਾ ਜਾ ਰਿਹਾ ਹੈ, ਜੁਡੀਸ਼ੀਅਲ ਅਫਸਰਾਂ ਨੂੰ ਪੇ ਕਮਿਸ਼ਨ ਦੀਆਂ ਨਵੀਆਂ ਫਿਕਸੇਸ਼ਨਾਂ ਤੇ ਬਕਾਏ ਦਿੱਤੇ ਜਾ ਚੁੱਕੇ ਹਨ, ਨਾਲ ਦੀ ਨਾਲ ਐੱਮ ਐੱਲ ਏ ਨੂੰ ਪੈਨਸ਼ਨਰਾਂ ਤੇ ਭੱਤਿਆਂ ਦੇ ਗੱਫੇ ਦਿੱਤੇ ਜਾ ਰਹੇ ਹਨ, ਪਰ ਪੰਜਾਬ ਦੇ ਪੈਨਸ਼ਨਰਾਂ ਦੇ ਹੱਕ ਦੇਣ ਲਈ ਸਰਕਾਰ ਵੱਲੋਂ ਆਨਾਕਾਨੀ ਕੀਤੀ ਜਾ ਰਹੀ ਹੈ।ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਛੇਵੇਂ ਤਨਖਾਹ ਕਮਿਸ਼ਨ ਦੀ ਸਿਫਾਰਸ਼ ਅਨੁਸਾਰ ਪੈਨਸ਼ਨ 2.59 ਦੇ ਗੁਣਾਂਕ ਅਨੁਸਾਰ ਸੋਧੀ ਜਾਵੇ, ਤਨਖਾਹ ਕਮਿਸ਼ਨ ਦੇ ਬਕਾਏ 1 ਜਨਵਰੀ 2016 ਤੋਂ 30 ਜੂਨ 2021 ਤੱਕ ਦਿੱਤਾ ਜਾਵੇ, ਡੀ ਏ ਦੀਆਂ ਬਕਾਇਆ ਤਿੰਨ ਕਿਸ਼ਤਾਂ ਭਾਵ 12 ਪ੍ਰਤੀਸ਼ਤ ਡੀ ਏ ਰਿਲੀਜ਼ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਮੈਡੀਕਲ ਭੱਤੇ ਵਿੱਚ 1000 ਰੁਪਏ ਦਾ ਵਾਧਾ ਕੀਤਾ ਜਾਵੇ ਆਦਿ ਮੰਗਾਂ ਦੀ ਪ੍ਰਾਪਤੀ ਲਈ 22 ਅਕਤੂਬਰ ਨੂੰ ਮੋਹਾਲੀ ਵਿਖੇ ਪੰਜਾਬ ਗੌਰਮਿੰਟ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ ਵਿਸ਼ਾਲ ਰੈਲੀ ਕੀਤੀ ਜਾਵੇਗੀ, ਉਪਰੰਤ ਚੰਡੀਗੜ੍ਹ ਵੱਲ ਮਾਰਚ ਕੀਤਾ ਜਾਵੇਗਾ।ਇਸ ਰੈਲੀ ਵਿੱਚ ਪੰਜਾਬ ਸਟੇਟ ਪੈਨਸ਼ਨਰ ਕੰਨਫੈਡਰੇਸ਼ਨ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਵਿੱਚ ਬਲਬੀਰ ਸਿੰਘ ਕੰਬੋਜ, ਪ੍ਰਤਾਪ ਸਿੰਘ ਢਿੱਲੋਂ, ਰਜੇਸ਼ ਕੁਮਾਰ ਮਲੂਕਾ, ਵਿਜੇ ਕੁਮਾਰ ਗੱਖੜ, ਮੇਹਰ ਸਿੰਘ, ਤਰਸੇਮ ਬੇਦੀ, ਜੋਗਿੰਦਰ ਸਿੰਘ, ਕੇਵਲ ਸਿੰਘ, ਕਰਮ ਸਿੰਘ, ਤਰਲੋਕ ਸਿੰਘ, ਗੁਰਜਿੰਦਰ ਸਿੰਘ, ਗੁਰਮੇਲ ਸਿੰਘ, ਪਿਆਰਾ ਸਿੰਘ, ਸੁਰਜੀਤ ਸਿੰਘ, ਡਮਰ ਸਿੰਘ, ਜੀਤ ਸਿੰਘ, ਰਾਮ ਪ੍ਰਸਾਦ, ਚੰਦਰ ਮੋਹਨ, ਜਸਪਾਲ ਸਿੰਘ, ਪ੍ਰੇਮ ਕੁਮਾਰ ਕਾਮਰਾ, ਓਮ ਪ੍ਰਕਾਸ਼, ਸਤਨਾਮ ਸਿੰਘ, ਚਾਨਣ ਸਿੰਘ, ਬਿੱਕਰ ਸਿੰਘ, ਰਮੇਸ਼ ਭੱਟੀ, ਕਸ਼ਮੀਰ ਸਿੰਘ, ਹਰੀਕਿਸ਼ਨ, ਪਰਮਜੀਤ ਸਿੰਘ ਆਦਿ ਸ਼ਾਮਲ ਹੋਏ।

## ਇੱਕ ਹੋਰ ਨੌਜਵਾਨ ਚੜ੍ਹਿਆ ਨਸ਼ੇ ਦੀ ਭੇਟ

### ਮਾਂ ਨੇ ਕਿਹਾ, ਮੇਰਾ ਪੁੱਤ ਨਸ਼ੇ ਨਹੀਂ ਸੀ ਕਰਦਾ !

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੇਟ ਇਲਾਕੇ ਦੇ ਪਿੰਡ ਮੰਡ ਜੋਧਵਾਲ ਦੇ ਨੌਜਵਾਨ ਗੁਰਸੇਵਕ ਸਿੰਘ (23) ਦੀ ਸ਼ੱਕੀ ਹਾਲਾਤਾਂ ਵਿੱਚ ਮੌਤ ਹੋ ਗਈ ਤੇ ਸ਼ੱਕ ਕੀਤਾ ਜਾ ਰਿਹਾ ਹੈ ਕਿ ਨੌਜਵਾਨ ਵੱਲੋਂ ਨਸ਼ਾ ਕੀਤਾ ਗਿਆ ਸੀ। ਦਾਦਾ ਸੀਸ਼ਮ ਸਿੰਘ ਨੇ ਦੱਸਿਆ ਕਿ ਉਸ ਦੇ ਪੁੱਤਰ ਦੀ ਮੌਤ ਹੋ ਗਈ ਹੈ ਅਤੇ ਪੋਤੇ ਗੁਰਸੇਵਕ ਸਿੰਘ ਦਾ ਪਾਲਣ-ਪੋਸ਼ਣ ਉਹ ਆਪ ਕਰਦਾ ਸੀ। ਬੀਤੀ ਰਾਤ ਉਸ ਦੇ ਪੋਤੇ ਨੇ ਰੋਟੀ ਖਾਧੀ ਤੇ ਆਪਣੇ ਕਮਰੇ ਵਿੱਚ ਸੌਣ ਲਈ ਚਲਾ ਗਿਆ। ਅੱਧੀ ਰਾਤ ਉਨ੍ਹਾਂ ਦੇਖਿਆ ਕਿ ਗੁਰਸੇਵਕ ਸਿੰਘ ਆਪਣੇ ਬਿਸਤਰੇ 'ਤੇ ਅੱਧ ਲੇਟਿਆ ਪਿਆ ਸੀ ਅਤੇ ਉਸ ਦੀ ਹਾਲਤ ਠੀਕ ਨਹੀਂ ਸੀ ਲੱਗ ਰਹੀ। ਨੇੜਲੇ ਹੀ ਪਿੰਡ ਦੇ ਇੱਕ ਡਾਕਟਰ ਨੂੰ ਜਦੋਂ ਦਿਖਾਇਆ ਤਾਂ ਉਦੋਂ ਤੱਕ ਗੁਰਸੇਵਕ ਸਿੰਘ ਦੀ ਮੌਤ ਹੋ ਚੁੱਕੀ ਸੀ। ਦਾਦਾ ਸੀਸ਼ਮ ਸਿੰਘ ਨੇ ਕਿਹਾ ਕਿ ਉਸ ਦਾ ਪੋਤਾ ਗੁਰਸੇਵਕ ਸਿੰਘ ਨਸ਼ੇ ਕਰਨ ਦਾ ਆਦੀ ਸੀ, ਜਿਸ ਨੂੰ ਉਹ ਬਹੁਤ ਵਾਰੀ ਰੋਕਦਾ ਸੀ। ਰਾਤ ਵੀ ਉਸ ਦੇ ਨੇੜਿਓਂ ਇੱਕ ਸਰਿੰਜ ਬਰਾਮਦ ਹੋਈ, ਜਿਸ ਤੋਂ ਸ਼ੰਕਾ ਕੀਤੀ ਜਾ ਰਹੀ ਹੈ ਕਿ ਉਹ ਨਸ਼ੇ ਨਾਲ ਮਰਿਆ।

ਇਸ ਸਬੰਧੀ ਐੱਸ ਐੱਚ ਓ ਪਵਿੱਤਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮ੍ਰਿਤਕ ਨੌਜਵਾਨ ਦੀ ਲਾਸ਼ ਨੂੰ ਪੋਸਟ ਮਾਰਟਮ ਲਈ ਭਿਜਵਾ ਦਿੱਤੀ ਹੈ ਤੇ ਇਸ ਦੀ ਮਾਤਾ ਜੋ ਪੁਲਸ ਕਰਮਚਾਰੀ ਹੈ, ਉਸ ਨੂੰ ਇਸ ਸਬੰਧੀ ਸੂਚਿਤ ਕਰ ਦਿੱਤਾ ਗਿਆ ਹੈ। ਥਾਣਾ ਮੁਖੀ ਨੇ ਕਿਹਾ ਮ੍ਰਿਤਕ ਲੜਕੇ ਦੀ ਮਾਤਾ ਨੇ ਦੱਸਿਆ ਕਿ ਉਸ ਦਾ ਪੁੱਤ ਨਸ਼ੇ ਨਹੀਂ ਕਰਦਾ ਸੀ। ਥਾਣਾ ਮੁਖੀ ਨੇ ਕਿਹਾ ਕਿ ਪੋਸਟ ਮਾਰਟਮ ਰਿਪੋਰਟ ਤੋਂ ਮੌਤ ਦੇ ਅਸਲ ਕਾਰਨਾਂ ਦਾ ਪਤਾ ਲੱਗ ਸਕੇਗਾ।

## ਨੌਜਵਾਨਾਂ ਦੇ ਵੇਟ ਲਿਫ਼ਟਿੰਗ ਵਾਸਤੇ ਨੀਲਕੋਟ ਵੇਟ ਕਿੱਟ ਸਪੁਰਦ ਕੀਤੀ



**ਜਗਰਾਉਂ (ਅਮਿਤ ਖੰਨਾ)**

ਕਰ ਭਲਾ ਹੋ ਭਲਾ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਲਈ ਸਪੋਰਟਸ ਕਲੱਬ ਨੂੰ ਵੇਟ ਲਿਫ਼ਟਿੰਗ ਲਈ ਨੀਲਕੋਟ ਵੇਟਿੰਗ ਕਿੱਟ ਸਪੁਰਦ ਕੀਤੀ।ਅਗਵਾੜ ਲੋਪੋਂ ਵਿਖੇ ਬਾਬਾ ਰਣਜੀਤ ਸਿੰਘ ਵੱਲੋਂ ਚਲਾਈ ਜਾ ਰਹੀ ਸੰਤ ਬਾਬਾ ਈਸ਼ਰ ਸਿੰਘ ਸਪੋਰਟਸ ਕਲੱਬ ਵਿੱਚ ਪਿਛਲੇ 35 ਸਾਲਾਂ ਤੋਂ ਨੌਜਵਾਨਾਂ ਨੂੰ ਵੇਟ ਲਿਫ਼ਟਿੰਗ ਤੇ ਪਾਵਰ ਲਿਫ਼ਟਿੰਗ ਦੀ ਮੁਫਤ ਵਿੱਚ ਟ੍ਰੇਨਿੰਗ ਦਿੱਤੀ ਜਾ ਰਹੀ ਹੈ।ਕਰ ਭਲਾ ਹੋ ਭਲਾ ਸੁਸਾਇਟੀ ਵੱਲੋਂ ਸਪੋਰਟਸ ਕਲੱਬ ਨੂੰ ਨੌਜਵਾਨਾਂ ਦੇ ਲਈ ਵੇਟ ਲਿਫ਼ਟਿੰਗ ਵਾਸਤੇ ਨੀਲਕੋਟ ਵੇਟ ਕਿੱਟ ਸਪੁਰਦ ਕੀਤੀ ਗਈ।

ਇਸ ਮੌਕੇ ਏ.ਪੀ.ਰਿਫਾਇਨਰੀ ਦੇ ਡਾਇਰੈਕਟਰ ਭੁਵਨ ਗੋਇਲ ਤੇ ਚੱਕਰਵਰਤੀ ਹਸਪਤਾਲ ਦੀ ਡਾਕਟਰ ਦਿਲਪ੍ਰੀਤ ਕੌਰ ਨੇ ਆਪਣੇ ਕਰ ਕਮਲਾਂ ਨਾਲ ਕਲੱਬ ਨੂੰ ਨੀਲਕੋਟ ਵੇ ਕਿੱਟ ਦਿੰਦਿਆਂ ਕਿਹਾ ਕਿ ਅੱਜ ਦੇ ਜ਼ਮਾਨੇ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਵੱਲ ਪ੍ਰੇਰਿਤ ਕਰਨਾ ਬਹੁਤ ਹੀ ਸਮੇਂ ਦੀ ਮੰਗ ਹੈ।ਉਨ੍ਹਾਂ ਬਾਬਾ ਰਣਜੀਤ ਸਿੰਘ ਵੱਲੋਂ ਬਿਨਾਂ ਕਿਸੇ ਸਵਾਰਥ ਤੇ ਬਿਨਾਂ ਕੋਈ ਫ਼ੀਸ ਲਏ ਬੱਚਿਆਂ ਨੂੰ ਦਿੱਤੀ ਜਾ ਰਹੀ ਵੇਟ ਲਿਫ਼ਟਿੰਗ ਤੇ ਲਿਫ਼ਟਿੰਗ ਟ੍ਰੇਨਿੰਗ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਹਰ ਤਰ੍ਹਾਂ ਦੀ ਸੰਭਵ ਮਦਦ ਦੇਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਕਰ ਭਲਾ ਹੋ ਭਲਾ ਸੁਸਾਇਟੀ ਦੇ ਚੇਅਰਮੈਨ ਅਮਿਤ ਅਰੋੜਾ ਤੇ ਪ੍ਰਧਾਨ ਰਜਿੰਦਰ ਜੈਨ ਕਾਕਾ ਨੇ ਦੱਸਿਆ ਕਿ ਬਾਬਾ ਰਣਜੀਤ ਸਿੰਘ ਵੱਲੋਂ ਸੀਮਤ ਸਾਧਨਾਂ ਦੇ ਬਾਵਜੂਦ ਪਿਛਲੇ 35 ਸਾਲਾਂ ਤੋਂ ਆਪਣੇ ਘਰ ਵਿੱਚ ਬਣਾਈ ਜਿੰਮ ਰਾਹੀਂ ਨੌਜਵਾਨਾਂ ਨੂੰ ਮੁਫ਼ਤ ਵਿੱਚ ਸਿਖਲਾਈ ਦਿੱਤੀ ਜਾ ਰਹੀ ਹੈ ਅਤੇ ਹੁਣ ਤੱਕ ਉਨ੍ਹਾਂ ਵੱਲੋਂ ਦਿੱਤੀ ਟ੍ਰੇਨਿੰਗ ਸਦਕਾ ਕਾਫੀ ਖਿਡਾਰੀ ਸਟੇਟ ਅਤੇ ਨੈਸ਼ਨਲ ਖੇਡ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਦੇ ਇੱਕ ਖਿਡਾਰੀ ਹੁਣੇ ਹੀ ਨੈਸ਼ਨਲ ਖੇਡਿਆ ਅਤੇ ਚੌਥਾ ਸਥਾਨ ਹਾਸਲ ਕੀਤਾ।ਉਨ੍ਹਾਂ ਐਲਾਨ ਕੀਤਾ ਕਿ ਬਾਬਾ ਰਣਜੀਤ ਸਿੰਘ ਦੀ ਸੰਭਵ ਮੱਦਦ ਕੀਤੀ ਜਾਵੇਗੀ। ਇਸ ਮੌਕੇ ਬਾਬਾ ਰਣਜੀਤ ਸਿੰਘ ਨੇ ਦੱਸਿਆ ਕਿ ਉਹ ਖਿਡਾਰੀਆਂ ਨੂੰ ਜਿੱਥੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਦੇ ਹਨ, ਉੱਥੇ ਸੰਤੁਲਿਤ ਭੋਜਨ ਖਾ ਕੇ ਤੇ ਕਸਰਤ ਕਰ ਕੇ ਆਪਣੀ ਖੇਡ ਦਾ ਵਧੀਆ ਪ੍ਰਦਰਸ਼ਨ ਕਰਨ ਲਈ ਵੀ ਪ੍ਰੇਰਤ ਕਰਦੇ ਹਨ।

## ਲੜਾਈ 'ਚ ਦਖਲ ਦੇਣ ਗਏ ਵਿਅਕਤੀ ਦੀ ਕੁੱਟਮਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫ਼ਿਰੋਜ਼ਪੁਰ ਦੀ ਪੁਲਸ ਨੇ ਬੀਤੇ ਦਿਨ ਪਿੰਡ ਰੱਜੀ ਵਾਲਾ ਵਿਖੇ ਹੋਈ ਲੜਾਈ ਝਗੜਾ 'ਚ ਦਖਲ ਦੇਣ ਗਏ ਇੱਕ ਵਿਅਕਤੀ ਨੂੰ ਜ਼ਖ਼ਮੀ ਕਰਨ ਵਾਲੇ 5 ਵਿਅਕਤੀਆਂ ਖਿਲਾਫ਼ ਕੁੱਟਮਾਰ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਫ਼ਿਰੋਜ਼ਪੁਰ ਦੇ ਸਹਾਇਕ ਇੰਸਪੈਕਟਰ ਗੁਰਨਾਮ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ 'ਚ ਸ਼ਿਕਾਇਤਕਰਤਾ ਰਛਪਾਲ ਸਿੰਘ ਪੁੱਤਰ ਤ੍ਰਿਲੋਕ ਸਿੰਘ ਨੇ ਦੱਸਿਆ ਕਿ ਬੀਤੇ ਦਿਨ ਕਥਿਤ ਦੋਸ਼ੀ ਬੱਬੀ ਤੇ ਕੁਝ ਹੋਰ ਲੜਕੇ ਉਸ ਦੇ ਲੜਕੇ ਮਾਰਕਸ ਅਤੇ ਇੱਕ ਹੋਰ ਨਾਲ ਲੜ ਰਹੇ ਸਨ। ਜਦੋਂ ਉਹ ਉਨ੍ਹਾਂ ਨੂੰ ਰੋਕਣ ਗਿਆ ਤਾਂ ਮੁਲਜ਼ਮਾਂ ਨੇ ਉਸ ਦੀ ਕੁੱਟਮਾਰ ਕਰ ਕੇ ਜ਼ਖ਼ਮੀ ਕਰ ਦਿੱਤਾ।ਮਾਮਲੇ ਦੀ ਜਾਂਚ ਕਰ ਰਹੇ ਥਾਣਾ ਮੁਖੀ ਗੁਰਨਾਮ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ 'ਚ ਕਥਿਤ ਦੋਸ਼ੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪਟਿਆਲਾ ਵਿਖੇ ਕੌਮੀ ਲੋਕ ਅਦਾਲਤ 14 ਦਸੰਬਰ ਨੂੰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੈਡਮ ਰੁਪਿੰਦਰਜੀਤ ਚਾਹਲ ਦੀ ਯੋਗ ਅਗਵਾਈ ਹੇਠ 14 ਦਸੰਬਰ 2024 ਨੂੰ ਪਟਿਆਲਾ ਵਿਖੇ ਕੌਮੀ ਲੋਕ ਅਦਾਲਤ ਲਗਾਈ ਜਾ ਰਹੀ ਹੈ।ਇਸ ਮੰਤਵ ਲਈ ਪਟਿਆਲਾ ਸਮੇਤ ਰਾਜਪੁਰਾ, ਸਮਾਣਾ ਤੇ ਨਾਭਾ ਵਿਖੇ ਨਿਆਇਕ ਅਦਾਲਤਾਂ ਦੇ ਬੈਂਚਾਂ ਦਾ ਗਠਨ ਕੀਤਾ ਜਾਵੇਗਾ।ਇਸ ਸਬੰਧੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਮੈਡਮ ਮਾਨੀ ਅਰੋੜਾ ਨੇ ਪੈਨਲ ਐਡਵੋਕੇਟਸ ਤੇ ਲੀਗਲ ਏਡ ਡਿਫੈਂਸ ਕਾਊਂਸਲਜ਼ ਨਾਲ ਮੀਟਿੰਗ ਕੀਤੀ।ਮੀਟਿੰਗ ਵਿੱਚ ਰਾਸ਼ਟਰੀ ਲੋਕ ਅਦਾਲਤ ਵਿੱਚ ਪੇਸ਼ ਕੀਤੇ ਜਾਣ ਵਾਲੇ ਕੇਸਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਪੈਨਲ ਐਡਵੋਕੇਟਾਂ ਨੂੰ ਸੈਮੀਨਾਰਾਂ, ਮੀਡੀਆ ਤੇ ਹੋਰ ਚੈਨਲਾਂ ਰਾਹੀਂ ਪਿੰਡਾਂ ਵਿੱਚ ਰਾਸ਼ਟਰੀ ਲੋਕ ਅਦਾਲਤ ਦਾ ਵਿਆਪਕ ਪ੍ਰਚਾਰ ਕਰਨ ਲਈ ਕਿਹਾ ਗਿਆ ਤਾਂ ਜੋ ਆਮ ਲੋਕਾਂ ਨੂੰ ਇਸ ਬਾਰੇ ਸੂਚਿਤ ਕੀਤਾ ਜਾ ਸਕੇ ਤੇ ਜਾਗਰੂਕਤਾ ਪੈਦਾ ਕੀਤੀ ਜਾ ਸਕੇ।ਇਸ ਦਾ ਉਦੇਸ਼ ਵੱਧ ਤੋਂ ਵੱਧ ਕੇਸਾਂ ਦਾ ਨਿਪਟਾਰਾ ਕਰਨਾ ਤੇ ਲੋਕਾਂ ਤੱਕ ਰਾਸ਼ਟਰੀ ਲੋਕ ਅਦਾਲਤ ਦਾ ਜ਼ਿਆਦਾ ਤੋਂ ਜ਼ਿਆਦਾ ਲਾਭ ਪਹੁੰਚਾਉਣਾ ਹੈ। ਮੈਡਮ ਮਾਨੀ ਅਰੋੜਾ ਨੇ ਦੱਸਿਆ ਕਿ ਕੌਮੀ ਲੋਕ ਅਦਾਲਤ ਦੌਰਾਨ ਚੈੱਕ ਬਾਊਂਸ ਕੇਸਾਂ, ਪੈਸੇ ਦੀ ਵਸੂਲੀ ਦੇ ਕੇਸ, ਲੇਬਰ ਤੇ ਰੁਜ਼ਗਾਰ ਝਗੜਿਆਂ ਦੇ ਕੇਸ, ਬਿਜਲੀ, ਪਾਣੀ ਦੇ ਬਿੱਲਾਂ ਅਤੇ ਹੋਰ ਬਿੱਲਾਂ ਦੇ ਭੁਗਤਾਨ ਦੇ ਕੇਸ (ਨਾਨ-ਕੰਪਾਊਂਡੇਬਲ ਕੇਸਾਂ ਨੂੰ ਛੱਡ ਕੇ), ਰੱਖ-ਰਖਾਅ ਦੇ ਕੇਸ, ਹੋਰ ਫੌਜਦਾਰੀ ਕੰਪਾਊਂਡੇਬਲ ਕੇਸ ਤੇ ਹੋਰ ਦੀਵਾਨੀ ਝਗੜੇ ਅਤੇ ਅਦਾਲਤਾਂ ਵਿੱਚ ਲੰਬਿਤ ਕੇਸਾਂ ਨਾਲ ਸਬੰਧਤ ਟ੍ਰਿਬਿਊਨਲ ਜਿਵੇਂ ਕਿ ਕ੍ਰਿਮੀਨਲ ਕੰਪਾਊਂਡੇਬਲ ਓਫੈਂਸ, ਚੈੱਕ ਬਾਊਂਸ ਕੇਸ, ਮਨੀ ਰਿਕਵਰੀ ਕੇਸ, ਐੱਮਏਸੀਟੀ ਕੇਸ, ਲੇਬਰ ਤੇ ਰੁਜ਼ਗਾਰ ਝਗੜੇ ਦੇ ਕੇਸ, ਬਿਜਲੀ, ਪਾਣੀ ਦੇ ਬਿੱਲ ਤੇ ਹੋਰ ਬਿੱਲ ਭੁਗਤਾਨ ਕੇਸ (ਨਾਨ-ਕੰਪਾਊਂਡੇਬਲ ਕੇਸਾਂ ਨੂੰ ਛੱਡ ਕੇ), ਵਿਆਹੁਤਾ ਝਗੜੇ (ਤਲਾਕ ਨੂੰ ਛੱਡ ਕੇ), ਜ਼ਮੀਨ ਗ੍ਰਹਿਣ ਮਾਮਲੇ (ਸਿਵਲ ਅਦਾਲਤਾਂ/ਟ੍ਰਿਬਿਊਨਲਾਂ ਅੱਗੇ ਲੰਬਿਤ), ਤਨਖ਼ਾਹ ਤੇ ਭੱਤਿਆਂ ਅਤੇ ਸੇਵਾਮੁਕਤੀ ਲਾਭਾਂ, ਮਾਲ ਕੇਸਾਂ ਆਦਿ ਦਾ ਨਿਪਟਾਰਾ ਕੀਤਾ ਜਾਵੇਗਾ।

## ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਨੇ ਪ੍ਰਕਾਸ਼ ਪੁਰਬ ਸਮਾਗਮਾਂ ਦੀ ਰੂਪ-ਰੇਖਾ ਉਲੀਕੀ

**ਸੰਗਰੂਰ (ਪ੍ਰਵੀਨ ਸਿੰਘ)**

ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਾਲਾਨਾ ਸਮਾਗਮ ਸਬੰਧੀ ਤਿਆਰੀ ਮੀਟਿੰਗ ਗੁਰਦੁਆਰਾ ਸਾਹਿਬ ਨਾਨਕਪੁਰਾ ਵਿਖੇ ਰਾਜਵਿੰਦਰ ਸਿੰਘ ਲੱਕੀ ਪ੍ਰਧਾਨ, ਹਰਦੀਪ ਸਿੰਘ ਸਾਹਨੀ, ਨਰਿੰਦਰ ਪਾਲ ਸਿੰਘ ਸਾਹਨੀ ਸਰਪ੍ਰਸਤ ਤੇ ਗੁਰਿੰਦਰ ਸਿੰਘ ਗੁਜਰਾਲ ਆਡੀਟਰ ਦੀ ਨਿਗਰਾਨੀ ਹੇਠ ਹੋਈ।ਮੂਲ ਮੰਤਰ ਤੇ ਗੁਰਮੰਤਰ ਜਾਪ ਉਪਰੰਤ ਰਾਜਿੰਦਰ ਪਾਲ ਸਿੰਘ ਜਨਰਲ ਸਕੱਤਰ ਨੇ ਮੈਂਬਰਾਂ ਦਾ ਸਵਾਗਤ ਕੀਤਾ।ਰਾਜਵਿੰਦਰ ਸਿੰਘ ਲੱਕੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਿੰਨ ਰੋਜ਼ਾ ਗੁਰਮਤਿ ਸਮਾਗਮਾਂ ਦੀਆਂ ਤਿਆਰੀਆਂ ਮੁਕੰਮਲ ਹੋ ਰਹੀਆਂ ਹਨ।ਇਨ੍ਹਾਂ ਸਮਾਗਮਾਂ ਵਿੱਚ ਸ਼ਹਿਰ ਦੀਆਂ ਸੰਗਤਾਂ ਤੋਂ ਇਲਾਵਾ ਇਲਾਕੇ ਦੇ ਪਿੰਡਾਂ ਅਕੋਈ ਸਾਹਿਬ, ਥਲੇਸਾਂ, ਬਾਲੀਆਂ, ਗੰਗਾ ਸਿੰਘ ਵਾਲਾ, ਕੁਲਾਰਾਂ, ਨਮੋਲ, ਦੀਆਂ ਦੀਆਂ ਸੰਗਤਾਂ ਤੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਧੂਰੀ, ਸ਼ੇਰਪੁਰ, ਧਨੌਲਾ, ਬਰਨਾਲਾ, ਮਲੇਰਕੋਟਲਾ ਆਦਿ ਯੂਨਿਟ ਮੈਂਬਰ ਵੀ ਸਮਾਗਮਾਂ ਵਿੱਚ ਸ਼ਾਮਲ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਪ੍ਰਕਾਸ਼ ਪੁਰਬ ਦੇ ਦਿਹਾੜੇ 19 ਅਕਤੂਬਰ ਨੂੰ ਸਵੇਰੇ 8 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਸੁਸਾਇਟੀ ਸੇਵਕਾਂ ਦਾ ਜਥਾ ਕੀਰਤਨ ਕਰੇਗਾ। ਚਰਨਜੀਤ ਪਾਲ ਸਿੰਘ ਸਕੱਤਰ ਨੇ ਦੱਸਿਆ ਕਿ 21 ਤੋਂ 25 ਅਕਤੂਬਰ ਤੱਕ ਰੋਜ਼ਾਨਾ ਸਵੇਰੇ 5 ਵਜੇ ਪ੍ਰਭਾਤ ਫੇਰੀਆਂ ਗੁਰਦੁਆਰਾ ਸਾਹਿਬ ਨਾਨਕਪੁਰਾ ਤੋਂ ਚਾਲੇ ਪਾਇਆ ਕਰਨਗੀਆਂ।25 ਅਕਤੂਬਰ ਦੀ ਰਾਤਰੀ ਦੇ ਦੀਵਾਨ ਵਿੱਚ ਭਾਈ ਮਨਦੀਪ ਸਿੰਘ ਮੁਰੀਦ ਸੰਗਰੂਰ ਵਾਲੇ ਕਥਾ ਕਰਨਗੇ। ਉਪਰੰਤ ਭਾਈ ਲਖਵਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸ੍ਰੀ ਅੰਮ੍ਰਿਤਸਰ ਵਾਲੇ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਨਗੇ।26 ਦੀ ਰਾਤਰੀ ਨੂੰ ਭਾਈ ਮਨਵੀਰ ਸਿੰਘ ਕੋਹਾੜਕਾ ਹਜ਼ੂਰੀ ਰਾਗੀ ਗੁਰਦੁਆਰਾ ਸਾਹਿਬ ਤੋਂ ਬਾਅਦ ਭਾਈ ਜਗਰੂਪ ਸਿੰਘ ਰੂਪ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਾਲੇ ਕੀਰਤਨ ਦੀ ਹਾਜ਼ਰੀ ਭਰਨਗੇ।ਸੁਰਿੰਦਰਪਾਲ ਸਿੰਘ ਸਿਦਕੀ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਸਮਰਪਤ ਚੱਲ ਰਹੀ ਸ੍ਰੀ ਸਹਿਜ ਪਾਠ ਲੜੀ ਅਧੀਨ ਸ੍ਰੀ ਸਹਿਜ ਪਾਠ ਸੇਵਾ ਲਹਿਰ ਸ੍ਰੀ ਅੰਮ੍ਰਿਤਸਰ ਦੇ ਸਹਿਯੋਗ ਨਾਲ ਚੱਲ ਰਹੇ 300 ਤੋਂ ਵੱਧ ਸ੍ਰੀ ਸਹਿਜ ਪਾਠਾਂ ਦੀ ਸੰਪੂਰਨਤਾ ਦਾ ਸਮਾਗਮ 27 ਅਕਤੂਬਰ ਨੂੰ ਸਵੇਰੇ 10 ਵਜੇ ਹੋਵੇਗਾ।ਇਸ ਮੌਕੇ ਜਸਵਿੰਦਰ ਪਾਲ ਸਿੰਘ ਵਿੱਕੀ, ਦਲਵੀਰ ਸਿੰਘ ਬਾਬਾ, ਹਰਵਿੰਦਰ ਸਿੰਘ ਬਿੱਟੂ, ਪ੍ਰੀਮ ਸਿੰਘ, ਗੁਰਿੰਦਰ ਵੀਰ ਸਿੰਘ ਤੇ ਅਧਾਰਤ ਵੱਖ-ਵੱਖ ਪ੍ਰਬੰਧਕੀ ਕਮੇਟੀਆਂ ਦਾ ਗਠਨ ਕੀਤਾ ਗਿਆ।

## ਰੋਟਰੀ ਕਲੱਬ ਵੱਲੋਂ ਦੁਸਹਿਰੇ ਮੌਕੇ ਸਮਾਗਮ ਦਾ ਆਯੋਜਨ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਰੋਟਰੀ ਕਲੱਬ ਵੱਲੋਂ ਕਲੱਬ ਦੇ ਪ੍ਰਧਾਨ ਐਡਵੋਕੇਟ ਬਲਜੀਤ ਸਿੰਘ ਸਿੱਧੂ ਦੀ ਅਗਵਾਈ ਹੇਠ ਲੰਘੀ ਰਾਤ ਦੁਸਹਿਰੇ ਨੂੰ ਲੈ ਕੇ ਸਮਾਗਮ ਦਾ ਆਯੋਜਨ ਕੀਤਾ ਗਿਆ।ਕਲੱਬ ਦੇ ਚੇਅਰਮੈਨ ਤੇ ਰਾਸ਼ਟਰੀ ਇਨਾਮ ਜੇਤੂ ਉਦਯੋਗਪਤੀ ਡਾ. ਏ.ਆਰ ਸ਼ਰਮਾ ਚੇਅਰਮੈਨ ਰਾਈਸੀਲਾ ਗਰੁੱਪ ਆਫ ਕੰਪਨੀਜ਼ ਅਤੇ ਕਲੱਬ ਦੇ ਸਹਾਇਕ ਜਿਲਾ ਗਵਰਨਰ ਡਾ. ਰਮੇਸ਼ ਸ਼ਰਮਾ ਵੀ ਉਚੇਚੇ ਤੌਰ 'ਤੇ ਮੌਜੂਦ ਰਹੇ।

ਸਮਾਗਮ ਦੀ ਸ਼ੁਰੂਆਤ ਰਾਸ਼ਟਰੀ ਗਾਨ ਤੋਂ ਉਪਰੰਤ ਕਲੱਬ ਦੇ ਜਨਰਲ ਸਕੱਤਰ ਕਪਿਲ ਗੋਇਲ ਵੱਲੋਂ ਸਮੂਹ ਮਹਿਮਾਨਾਂ ਅਤੇ ਮੈਂਬਰਾਂ ਦਾ ਸਵਾਗਤ ਕਰਕੇ ਕੀਤੀ ਗਈ।ਉਨ੍ਹਾਂ ਸਮੂਹ ਹਾਜ਼ਰੀਨ ਨੂੰ ਦੁਸਹਿਰੇ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਪਾਵਨ ਤਿਉਹਾਰ ਸਾਨੂੰ ਬੁਰਾਈ 'ਤੇ ਅੱਛਾਈ ਦੀ ਜਿੱਤ ਦਾ ਸੰਦੇਸ਼ ਦਿੰਦਾ ਹੈ। ਇਸ ਤੋਂ ਉਪਰੰਤ ਕਲੱਬ ਦੇ ਸਾਬਕਾ ਪ੍ਰਧਾਨ ਰਜਨੀਸ਼ ਗਰਗ ਰਾਜੂ ਨੇ ਕਲੱਬ ਵੱਲੋਂ ਅੰਜ਼ਾਮ ਦਿੱਤੇ ਜਾ ਰਹੇ ਵੱਖ-ਵੱਖ ਸਮਾਜ ਸੇਵੀ ਪ੍ਰੋਜੈਕਟਾਂ ਤੋਂ ਹਾਜ਼ਰੀਨ ਨੂੰ ਜਾਣੂ ਵੀ ਕਰਾਇਆ।ਇਸ ਮੌਕੇ ਕਲੱਬ ਦੀ ਮਹਿਲਾ ਮੈਂਬਰ ਮੰਜੂ ਗਰਗ ਤੇ ਪੂਜਾ ਗਰਗ ਵੱਲੋਂ ਹਾਜ਼ਰਾਨ ਦਰਮਿਆਨ ਤੰਬੋਲਾ ਸਮੇਤ ਹੋਰ ਰੋਚਕ ਖੇਡਾਂ ਵੀ ਕਰਾਈਆਂ ਗਈਆਂ।ਸਮਾਗਮ ਦੌਰਾਨ ਕਲੱਬ ਦੀ ਮੈਂਬਰ ਡਾ. ਸੁਰਭੀ ਜੈਨ ਨੂੰ ਦੇਸ਼ ਦੇ ਵੱਕਾਰੀ ਮੈਡੀਕਲ ਸੰਸਥਾਨ ਲੇਡੀ ਹਾਰਡਿੰਗ ਮੈਡੀਕਲ ਕਾਲਜ ਦਿੱਲੀ ਤੋਂ ਆਪਣੀ ਐਮ.ਬੀ.ਬੀ.ਐਸ ਦੀ ਪੜ੍ਹਾਈ ਪੂਰੀ ਕਰ ਡਾਕਟਰ ਬਨਣ 'ਤੇ ਉਚੇਚੇ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ।ਡਾ. ਸੁਰਭੀ ਜੈਨ ਨੇ ਸਮੂਹ ਮੈਂਬਰਾਨ ਦਾ ਧੰਨਵਾਦ ਕਰਦਿਆਂ ਭਰੋਸਾ ਦਵਾਇਆ ਕਿ ਉਹ ਇਲਾਕੇ ਦੇ ਲੋਕਾਂ ਦੀ ਬਿਹਤਰ ਸਿਹਤ ਲਈ ਹਰ ਮੁਮਕਿਨ ਸਹਿਯੋਗ ਦੇਵੇਗੀ।ਇਸ ਤੋਂ ਉਪਰੰਤ ਸਮਾਗਮ 'ਚ ਸਮੇਂ ਸਿਰ ਪੁੱਜਣ ਅਤੇ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਸਨਮਾਨਤ ਵੀ ਕੀਤਾ ਗਿਆ।ਸਮਾਗਮ ਦੇ ਆਖੀਰ 'ਚ ਸਮੂਹ ਮੈਂਬਰਾਨ ਨੇ ਡਾਂਸ ਦਾ ਵੀ ਆਨੰਦ ਮਾਣਿਆ।



## ਤਿੰਨ ਰੋਜ਼ਾ ਸਮਾਗਮ ਸਮਾਪਤ



**ਚੀਮਾ ਮੰਡੀ (ਰਵਿੰਦਰ ਚੀਮਾ)**-ਬੀਰ ਕਲਾਂ ਵਿਖੇ ਚੱਲ ਰਿਹਾ ਤਿੰਨ ਰੋਜ਼ਾ ਸਮਾਗਮ ਧੂਮ ਧਾਮ ਨਾਲ ਸੰਪੰਨ ਹੋਇਆ। ਇਸ ਮੌਕੇ ਸਿੱਧਾ ਸਮਾਧਾਂ ਦੇ ਗੱਦੀਨਸ਼ੀਨ ਸੰਤ ਬਾਬਾ ਰੁੜਕੀ ਦਾਸ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਾਬਾ ਵਿਸਾਖੀ ਦਾਸ ਦੀ ਜੋ ਨੌਵੀਂ ਬਰਸੀ ਮਨਾਈ ਹੈ, ਉਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਦੂਰੋਂ ਨੇੜਿਓਂ ਤੇ ਵਿਦੇਸ਼ਾਂ ਤੋਂ ਸੰਗਤਾਂ ਨੇ ਆ ਕੇ ਹਾਜ਼ਰੀਆਂ ਭਰੀਆਂ ਹਨ।

ਉਨ੍ਹਾਂ ਕਿਹਾ ਕਿ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਇਨ੍ਹਾਂ ਸਾਰੇ ਸ਼ਰਧਾਲੂਆਂ ਦੀਆਂ ਮਨੋਕਾਮਨਾਵਾਂ ਪੂਰੀਆਂ ਹੋਣ। ਸੰਤ ਬਾਬਾ ਸਾਂਤਾ ਨੰਦ ਬੀਰੋਕਿਆਂ ਵਾਲੇ ਅਤੇ ਡਾਕਟਰ ਸੰਤ ਚੰਦਰ ਮੁਨੀ ਸ਼ੇਰੋ ਵਾਲਿਆਂ ਨੇ ਕਿਹਾ ਕਿ ਇਹੋ ਜਿਹੇ ਸਾਧਾਂ ਸੰਤਾਂ ਦੇ ਯਾਦ ਵਿੱਚ ਜੋੜ ਮੇਲੇ ਲੱਗਣੇ ਚਾਹੀਦੇ ਹਨ ਤਾਂ ਜੁ ਆਪਸੀ ਭਾਈਚਾਰਾ ਬਣਿਆ ਰਹਿੰਦਾ ਹੈ ਅਤੇ ਲੋਕ ਮਿਲ ਜੁਲ ਕੇ ਇਹੋ ਜਿਹੇ ਸਮਾਗਮ ਮਨਾਉਂਦੇ ਹਨ।

## ਗੁਰਪ੍ਰੀਤ ਸਿੰਘ ਦੇ ਵਿਛੋੜੇ 'ਤੇ ਦੁੱਖ ਦਾ ਪ੍ਰਗਟਾਵਾ

**ਸੰਗਰੂਰ (ਪ੍ਰਵੀਨ ਸਿੰਘ)**-ਗੁਰਪ੍ਰੀਤ ਸਿੰਘ



ਦਾ ਜਨਮ 30 ਜੂਨ, 1978 ਨੂੰ ਤਰਲੋਚਨ ਸਿੰਘ ਦੇ ਘਰ ਮਾਤਾ ਸੁਖਮਿੰਦਰ ਕੌਰ ਦੀ ਕੁੱਖੋਂ ਪਿੰਡ ਸੂਲਰ ਘਰਾਟ ਤਹਿਸੀਲ ਦਿੜ੍ਹਬਾ ਜ਼ਿਲ੍ਹਾ ਸੰਗਰੂਰ ਵਿਖੇ ਹੋਇਆ।ਗੁਰਪ੍ਰੀਤ ਸਿੰਘ ਨੇ ਮੁੱਢਲੀ ਸਿੱਖਿਆ ਪਿੰਡ ਸੂਲਰ ਘਰਾਟ ਦੇ ਸਰਕਾਰੀ ਸਕੂਲ ਵਿੱਚੋਂ ਪੂਰੀ ਕਰਕੇ ਅਗਲੇਰੀ ਪੜ੍ਹਾਈ ਲਈ ਰਣਬੀਰ ਕਾਲਜ ਸੰਗਰੂਰ ਵਿੱਚ ਦਾਖਲਾ ਲਿਆ, ਪ੍ਰੰਤੂ ਉਹ ਅਪਣੀ ਰੁਚੀ ਅਨੁਸਾਰ ਦੁਕਾਨਦਾਰੀ, ਖੇਤੀਬਾੜੀ ਅਤੇ ਘਰੇਲੂ ਜ਼ਿੰਮੇਵਾਰੀਆਂ ਨਿਭਾਉਣ ਲੱਗਿਆ। ਪਿੰਡ ਪੱਧਰ ਤੇ ਸਮਾਜਿਕ ਜ਼ਿੰਮੇਵਾਰੀਆਂ ਵਿੱਚ ਮੋਹਰੀ ਰੋਲ ਨਿਭਾਉਂਦਾ ਰਿਹਾ।ਭਾਵੇਂ ਉਹ ਖੇਡਾਂ ਦੇ ਖੇਤਰ ਵਿਚ ਹੋਣ ਜਾਂ ਪਿੰਡ ਪੱਧਰ ਤੇ ਪੰਚਾਇਤ ਲੈਵਲ ਦੇ ਕੰਮ ਹੋਣ ਗੁਰਪ੍ਰੀਤ ਨੇ ਹਮੇਸ਼ਾ ਸਮਝਦਾਰੀ ਅਤੇ ਸੂਝ ਬੂਝ ਨਾਲ ਸੇਵਾ ਕੀਤੀ।ਗੁਰਪ੍ਰੀਤ ਵਾਲੀਬਾਲ ਦਾ ਇੱਕ ਚੰਗਾ ਖਿਡਾਰੀ ਸੀ।ਉਹ ਆਪਣੇ ਮਿਲਾਪੜੇ ਤੇ ਖੁਸ਼ਮਿਜਾਜ਼ ਸੁਭਾਅ ਕਰਕੇ ਹਰ ਇੱਕ ਇਨਸਾਨ ਦੇ ਦਿਲ ਵਿੱਚ ਵਸਦਾ ਸੀ। ਅਚਾਨਕ 7 ਅਕਤੂਬਰ ਨੂੰ ਉੱਪਲ ਪਰਿਵਾਰ ਦੇ ਬਗੀਚੇ ਵਿੱਚੋਂ ਬੇਵਕਤੀ ਉਸਦਾ ਇਕਦਮ ਵਿਛੜ ਜਾਣਾ ਪਰਵਾਰ ਅਤੇ ਇਲਾਕੇ ਦੇ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ।ਗੁਰਪ੍ਰੀਤ ਆਪਣੇ ਪਿੱਛੇ ਆਪਣੀ ਧਰਮ ਪਤਨੀ ਰਮਨਦੀਪ ਕੌਰ, ਬੇਟੀ ਜਸ਼ਨਪ੍ਰੀਤ ਕੌਰ, ਬੇਟਾ ਕਰਨਵੀਰ ਸਿੰਘ, ਭਰਾ ਮਨਜੀਤ ਸਿੰਘ ਲਾਡੀ ਅਤੇ ਚਾਚਾ ਰਣ ਸਿੰਘ ਅਤੇ ਸਮੁੱਚੇ ਉੱਪਲ ਪਰਵਾਰ ਨੂੰ ਪਿੱਛੇ ਛੱਡ ਕੇ ਸਦੀਵੀ ਵਿਛੋੜਾ ਦੇ ਗਿਆ ਤੇ ਉੱਪਲ ਪਰਵਾਰ ਦਾ ਬਗੀਚਾ ਸੁੰਨਾ ਕਰ ਗਿਆ ਹੈ।ਉਹਨਾਂ ਦੇ ਨਮਿਤ ਅੰਤਮ ਅਰਦਾਸ 16 ਅਕਤੂਬਰ ਨੂੰ ਅਨਾਜ ਮੰਡੀ ਸੂਲਰ ਘਰਾਟ ਵਿਖੇ ਦੁਪਹਿਰ 12-00 ਤੋਂ 1-00 ਵਜੇ ਦੇ ਦਰਮਿਆਨ ਹੋਵੇਗੀ।


**YES BANK** Regd. Office: YES BANK House, Off Western Express Highway, Santacruz (East), Mumbai – 400055
Branch Office: Panipat. website: www.yesbank.in

**ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐਸੇਟਸ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਊਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਅਰਥਾਤ ਸਕਿਓਰਡ ਕ੍ਰੈਡੀਟਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ ਕਿ ਸਕਿਓਰਡ ਕ੍ਰੈਡੀਟਰ ਵੱਲੋਂ (1) ਮੈਸ. ਬੀ ਟੀ ਐੱਲ ਇੰਟਰਨੈਸ਼ਨਲ ਰਾਹੀਂ ਇਸ ਦੇ ਭਾਈਵਾਲਾਂ ਸ੍ਰੀ ਸੁੱਚਾ ਸਿੰਘ ਅਤੇ ਅਮਿਤੋਜ ਸਿੰਘ ਮਲਹੋਤਰਾ, ਪਤਾ : 2255/ਬੀ, ਗਲੀ ਨੰ. 11, ਜਨਤਾ ਨਗਰ, ਲੁਧਿਆਣਾ, ਪੰਜਾਬ-141002 (2) ਸੁੱਚਾ ਸਿੰਘ ਪੁੱਤਰ ਮਿਲਖਾ ਸਿੰਘ ਪਤਾ : ਮਕਾਨ ਨੰ. 1213 ਐੱਚ ਆਈ ਜੀ ਸੈਕਟਰ 40, ਅਰਬਨ ਅਸਟੇਟ, ਚੰਡੀਗੜ੍ਹ ਰੋਡ, ਫੋਕਲ ਪੁਆਇੰਟ ਲੁਧਿਆਣਾ, ਪੰਜਾਬ-141010, ਵਿਖੇ ਵੀ :2255/ਬੀ, ਗਲੀ ਨੰ. 11, ਜਨਤਾ ਨਗਰ, ਲੁਧਿਆਣਾ, ਪੰਜਾਬ-141002 (3) ਸ੍ਰੀ ਅਮਿਤੋਜ ਸਿੰਘ ਮਲਹੋਤਰਾ ਪੁੱਤਰ ਸ੍ਰੀ ਹਰਿੰਦਰਪਾਲ ਸਿੰਘ, ਪਤਾ : ਮਕਾਨ ਨੰ. 41/9, ਆਤਮ ਨਗਰ, ਮਿਲਰਗੰਜ, ਲੁਧਿਆਣਾ, ਪੰਜਾਬ-141010 ਵਿਖੇ ਵੀ : 2255/ਬੀ ਗਲੀ ਨੰ. 11, ਜਨਤਾ ਨਗਰ, ਲੁਧਿਆਣਾ, ਪੰਜਾਬ-141002 ਤੋਂ ਠੇਕਾ ਦਰ ਤੋਂ ਵਿਆਜ ਹੋਰ ਖਰਚਿਆਂ ਬਕਾਇਆ ਸਮੇਤ ਮਿਤੀ 12 ਸਤੰਬਰ 2022 ਨੂੰ ਬਕਾਇਆ ਨਿਕਲਦੀ ਰਕਮ ਰੁਪਏ 2,52,85,147.46 (ਰੁਪਏ ਦੋ ਕਰੋੜ ਬਵੰਜਾ ਲੱਖ ਪੱਚਾਸੀ ਹਜ਼ਾਰ ਇੱਕ ਸੌ ਸੰਤਾਲੀ ਅਤੇ ਛਿਆਲੀ ਪੈਸੇ ਕੇਵਲ) ਦੀ ਵਸੂਲੀ ਲਈ ਮਿਤੀ 12 ਜੂਨ 2024 ਨੂੰ "ਜਿਵੇਂ ਹੈ ਜਿੱਥੇ ਹੈ", "ਜੋ ਵੀ ਹੈ ਜਿਵੇਂ ਹੈ" ਦੇ ਅਧਾਰ 'ਤੇ ਵਿਕਰੀ ਕੀਤੀ ਜਾਵੇਗੀ।

ਰਾਖਵੀਂ ਕੀਮਤ ਰੁਪਏ 5,18,99,783/- (ਰੁਪਏ ਪੰਜ ਕਰੋੜ ਅਠਾਰਾਂ ਲੱਖ ਨੜਿਨਵੇਂ ਹਜ਼ਾਰ ਸੱਤ ਸੌ ਤ੍ਰਿਆਸੀ ਕੇਵਲ) ਅਤੇ ਬਿਆਨਾ ਰਾਸ਼ੀ ਜਮ੍ਹਾਂ ਰੁਪਏ 51,89,978.3/- (ਰੁਪਏ ਇਕਵੰਜਾ ਲੱਖ ਉੱਨਨਵੇਂ ਹਜ਼ਾਰ ਨੌ ਸੌ ਅਠੱਤਰ ਅਤੇ ਤਿੰਨ ਪੈਸੇ ਕੇਵਲ) ਹੋਵੇਗੀ।

**ਜਾਇਦਾਦ ਦਾ ਵੇਰਵਾ**

ਵਾਕਿਆ ਪਿੰਡ ਢੰਡਾਰੀ ਕਲਾਂ, ਹਦਬਸਤ ਨੰ. 241, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਜਮ੍ਹਾਂਬੰਦੀ ਵਾਸਤੇ ਸਾਲ 2011-12 ਅਨੁਸਾਰ ਖਸਰਾ ਨੰ. 69//15/2, 16/1/1, 16/1/2, 16/1/3, 25/2/1, 25/2/2, 70/11/1, ਖਾਤਾ ਨੰ. 454/469 ਵਿੱਚ ਸ਼ਾਮਲ ਕਮਰਸ਼ੀਅਲ ਜਾਇਦਾਦ ਅਰਥਾਤ ਫੈਕਟਰੀ ਰਕਬਾ 3720 ਵਰਗ ਗਜ਼ (06 ਕਨਾਲ-03 ਮਰਲੇ ਦੇ ਸਾਰੇ ਹਿੱਸੇ)। ਹੱਦਾਂ ਇੰਝ ਹਨ : ਪੂਰਬ : ਹਰਜੀਤ ਕੌਰ ਪੈਮਾਇਸ਼ 341'8", ਪੱਛਮ : ਨੀਰਜ ਪੈਮਾਇਸ਼ 341'8", ਉੱਤਰ : ਰਸਤਾ 22' ਚੌੜਾ ਪੈਮਾਇਸ਼ 98', ਦੱਖਣ : ਬਲਵਿੰਦਰ ਸਿੰਘ ਪੈਮਾਇਸ਼ 98'

ਈ-ਨਿਲਾਮੀ ਦੀ ਮਿਤੀ ਤੇ ਸਮਾਂ : 30 ਅਕਤੂਬਰ 2024 ਸਵੇਰੇ 11.00 ਵਜੇ ਤੋਂ 2.00 ਵਜੇ 5 ਮਿੰਟਾਂ ਦੇ ਹਰੇਕ ਵਧੇ ਨਾਲ

ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 28 ਅਕਤੂਬਰ 2024 ਸ਼ਾਮ ਦੇ 3.00 ਵਜੇ ਤੱਕ ।

ਜਾਇਦਾਦ ਦੇ ਨਿਰੀਖਣ ਦੀ ਮਿਤੀ ਤੇ ਸਮਾਂ : 25 ਅਕਤੂਬਰ 2024, ਸਵੇਰੇ 11.00 ਵਜੇ ਤੋਂ ਸ਼ਾਮ 2 ਵਜੇ ਤੱਕ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਓਰਡ ਕ੍ਰੈਡਿਟਰ ਦੀ ਵੈੱਬਸਾਈਟ ਅਰਥਾਤ www.yesbank.in 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ। ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਊਰਡ ਐਸੇਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਟਿਡ ਦੇ ਸੰਬੰਧਤ ਅਧਿਕਾਰੀਆਂ : ਸ੍ਰੀ ਅਜੇ ਰਾਣਾ ਨਾਲ 9910088689 ਜਾਂ ਈਮੇਲ : ajay.rana@yesbank.in ਅਤੇ ਅਤੇ ਮੈਸ. ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ ਦੇ ਅਧਿਕਾਰੀਆਂ, ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀਕਰਤਾ ਦੇ ਸਹਾਇਕ ਨੰਬਰਾਂ +91 9265562821/18 ਅਤੇ 9978591888, 079-68136880/68136837 ਈ ਮੇਲ : support@auctiontiger.net ਅਤੇ ramprasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-9978591888 ਉੱਪਰ ਸੰਪਰਕ ਕੀਤਾ ਜਾਵੇ।

ਸਾਰੇ ਬਕਾਏ ਸਮੇਤ ਸਾਡੇ ਵੱਲੋਂ ਸਹਿਣ ਕੀਤੀਆਂ ਗਈਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ ਵਿਕਰੀ ਜਾਂ ਤਬਾਦਲੇ ਲਈ ਨਿਰਧਾਰਤ ਕੀਤੀ ਗਈ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਅਦਾ ਕੀਤੇ ਜਾਣ ਦੇ ਮਾਮਲੇ 'ਚ ਐਕਟ ਦੇ ਸੈਕਸ਼ਨ 13 (8) ਤਹਿਤ ਵਿਚਾਰ ਕੀਤੀ ਜਾ ਸਕਦੀ ਹੈ। ਸਕਿਊਰਡ ਐੱਸਟ ਦੀ ਸਾਡੇ ਵੱਲੋਂ ਵਿਕਰੀ ਜਾਂ ਤਬਾਦਲਾ ਕਰਨ ਸੰਬੰਧੀ ਕੋਈ ਕਦਮ ਨਹੀਂ ਉਠਾਇਆ ਜਾਵੇਗਾ।

**ਕਰਜ਼ਦਾਰਾਂ/ਗਰੰਟਰਾਂ ਲਈ ਵਿਕਰੀ ਨੋਟਿਸ**

ਉਪਰੋਕਤ, ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾਂ ਮਿਤੀ ਤੋਂ 30 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ : 10.10.2024 ਸਹੀ/-
ਸਥਾਨ : ਲੁਧਿਆਣਾ ਅਧਿਕਾਰਤ ਅਫਸਰ



ਇੰਡਿਅਨ ਬੈਂਕ Indian Bank ਇਲਾਹਾਬਾਦ ALLAHABAD
ZONAL OFFICE: S.C.F. 88,URBAN ESTATE, PHASE 1, DUGRI, LUDHIANA.
EMAIL: zoludhiana@indianbank.co.in

**ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ, 2002 ਤਹਿਤ ਇੰਡੀਅਨ ਬੈਂਕ ਦੇ ਅਧਿਕਾਰਤ ਅਫਸਰ ਵਜੋਂ ਅਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ (ਕਰਜ਼ਦਾਰਾਂ)/ਗਰੰਟਰ (ਗਰੰਟਰਾਂ) ਨੂੰ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਸੱਦਾ ਦਿੰਦਿਆਂ ਹੇਠਾਂ ਦਰਸਾਈਆਂ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਕਿਉਂਕਿ ਸੰਬੰਧਤ ਪਾਰਟੀਆਂ ਰਕਮ ਵਾਪਸ ਮੋੜਨ 'ਚ ਅਸਫਲ ਰਹੀਆਂ ਹਨ, ਜਾਇਦਾਦ ਦੇ ਮਾਲਕ, ਸੰਬੰਧਤ ਪਾਰਟੀਆਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲਜ਼ ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਖੁਦ ਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਦਰਸਾਈਆਂ ਗਈਆਂ ਮਿਤੀਆਂ 'ਤੇ ਹੇਠਾਂ ਦਰਸਾਈ ਜਾਇਦਾਦ ਦਾ ਕਬਜ਼ਾ ਹਾਸਲ ਕਰ ਲਿਆ ਹੈ। ਸੰਬੰਧਤ ਪਾਰਟੀਆਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਇੰਡੀਅਨ ਬੈਂਕ ਦੀ ਹੇਠਾਂ ਦਰਸਾਈ ਕੁਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਸਮੇਤ ਵਸੂਲੀ ਹੇਠ ਹੋਵੇਗਾ, ਉਪਲੱਬਧ ਸਮੇਂ 'ਚ ਸਕਿਊਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਬਰਾਂਚ ਦਾ ਨਾਂਅ ਕਰਜ਼ਦਾਰ/ਗਰੰਟਰ/ ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀ ਜਾਇਦਾਦ/ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ ਬਕਾਇਆ ਰਕਮ |
|---|---|---|---|---|
| ਬਰਾਂਚ : ਘਨੌਲੀ<br>1. (ਕਰਜ਼ਦਾਰ/ਰਹਿਣਕਾਰ) : ਸ੍ਰੀਮਤੀ ਗੀਤਾ ਦੇਵੀ ਪਤਨੀ ਸ੍ਰੀ ਸ਼ਿਵ ਕੁਮਾਰ, ਪਿੰਡ ਥਲੀ (Thali) ਖੁਰਦ, ਡਾਕਖਾਨਾ ਘਨੌਲੀ, ਜ਼ਿਲ੍ਹਾ ਰੂਪਨਗਰ, ਪੰਜਾਬ, ਪਿੰਨ-140113<br>2. (ਸਹਿ-ਕਰਜ਼ਦਾਰ) : ਸ੍ਰੀ ਸ਼ਿਵ ਕੁਮਾਰ ਪੁੱਤਰ ਸ੍ਰੀ ਰਾਜੂ ਰਾਮ, ਪਿੰਡ ਥਲੀ ਖੁਰਦ, ਡਾਕਖਾਨਾ ਘਨੌਲੀ, ਜ਼ਿਲ੍ਹਾ ਰੂਪਨਗਰ, ਪੰਜਾਬ, ਪਿੰਨ-140113 | ਸ੍ਰੀਮਤੀ ਗੀਤਾ ਦੇਵੀ ਪਤਨੀ ਸ੍ਰੀ ਸ਼ਿਵ ਕੁਮਾਰ ਦੇ ਨਾਂਅ 'ਤੇ ਵਿਕਰੀ ਬੈਨਾਮਾ ਨੰ. 2018-19/35/1/1264 ਮਿਤੀ 21.12.2018 ਅਨੁਸਾਰ ਹਦਬਸਤ ਨੰ. 16, ਪਿੰਡ ਥਲੀ ਖੁਰਦ, ਡਾਕਖਾਨਾ ਘਨੌਲੀ, ਜ਼ਿਲ੍ਹਾ ਰੂਪਨਗਰ, ਪੰਜਾਬ, ਪਿੰਨ-140113 ਵਿਖੇ ਸਥਿਤ ਖਾਤਾ ਨੰ. 235/236, ਖਸਰਾ ਨੰ. 41 (0-11), 42 (0-11) ਵਿੱਚ ਸ਼ਾਮਲ ਜ਼ਮੀਨ ਰਕਬਾ 01 ਕਨਾਲ-02 ਮਰਲੇ ਵਿੱਚ 25/99ਵਾਂ ਹਿੱਸਾ ਰਿਹਾਇਸ਼ੀ ਮਕਾਨ ਰਕਬਾ 5.50 ਮਰਲੇ ਦਾ ਉਚਿਤ ਗਿਰਵੀਨਾਮਾ। ਹੱਦਾਂ ਹੇਠ ਅਨੁਸਾਰ ਹਨ : ਪੂਰਬ : ਸੜਕ, ਪੱਛਮ : ਸੇਵਾ ਸਿੰਘ ਦਾ ਮਕਾਨ, ਉੱਤਰ : ਜਸਵੰਤ ਸਿੰਘ ਦਾ ਮਕਾਨ, ਦੱਖਣ : ਰਘਬੀਰ ਸਿੰਘ ਦਾ ਪਲਾਟ। | 02.07.2024 | 14.10.2024 | ਸੰਕੇਤਕ ਕਬਜ਼ਾ<br>ਰੁਪਏ 6,61,506 ( ਛੇ ਲੱਖ ਇਕਾਹਟ ਹਜ਼ਾਰ ਪੰਜ ਸੌ ਛੇ ਰੁਪਏ ਕੇਵਲ) ਅਤੇ 01.07.2024 ਅਨੁਸਾਰ ਅਤੇ ਇਸ ਉਪਰ ਬਣਦਾ ਵਿਆਜ ਅਤੇ ਹੋਰ ਚਾਰਜਿਜ਼/ਖਰਚੇ |
| 3. (ਗਰੰਟਰ) ਸ੍ਰੀ ਭੁਪਿੰਦਰ ਸਿੰਘ ਪੁੱਤਰ ਰਤਨ ਸਿੰਘ, ਪਿੰਡ ਥਲੀ ਖੁਰਦ, ਡਾਕਖਾਨਾ ਘਨੌਲੀ, ਜ਼ਿਲ੍ਹਾ ਰੂਪਨਗਰ, ਪੰਜਾਬ, ਪਿੰਨ-140113 | | | | |

ਮਿਤੀ : 14.10.2024 ਸਥਾਨ : ਘਨੌਲੀ ਅਧਿਕਾਰਤ ਅਫਸਰ



**YES BANK** Regd. Office: YES BANK House, Off Western Express Highway, Santacruz (East), Mumbai – 400055
Branch Office: YES BANK LIMITED. SCO No. 129-130, 2nd Floo,r Sector 9-C, Madhya Marg, Chandigarh -160009.

**[(ਰੂਲ-8 (1)] ਕਬਜ਼ਾ ਨੋਟਿਸ**

ਜਦਕਿ, ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ ਨੂੰ ਨੋਟਿਸ 'ਚ ਦਰਸਾਈ ਰਕਮ ਅਤੇ ਇਸ ਉਪਰ ਬਣਦੇ ਵਿਆਜ, ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਅਤੇ ਗਰੰਟਰ ਪੂਰੀ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਦਰਸਾਏ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਹਨਾਂ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ, ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਹੇਠ ਦਰਸਾਈ ਬਕਾਇਆ ਰਕਮ ਅਤੇ ਇਸ ਉੱਪਰ ਵਿਆਜ ਸਮੇਤ ਯੈੱਸ ਬੈਂਕ ਲਿਮ: ਦੀ ਵਸੂਲੀ ਹੇਠ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਊਰਡ ਐੱਸਟਸ ਦੇ ਪੁਨਰ ਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਐੱਨ ਪੀ ਏ ਖਾਤੇ ਦਾ ਨਾਂਅ | ਅਚੱਲ ਜਾਇਦਾਦ ਦਾ ਵੇਰਵਾ | 13 (2) ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਬਕਾਇਆ ਰਕਮ |
|---|---|---|---|---|
| (1) ਮੈਸਰਜ਼ ਆਰ ਸੀ ਸੀ ਟਰਾਂਸਪੋਰਟ ਕੰਪਨੀ ਪ੍ਰਾਈਵੇਟ ਲਿਮਟਿਡ ਰਾਹੀਂ ਇਸ ਦੇ ਡਾਇਰੈਕਟਰ ਦਵਿੰਦਰ ਸਿੰਘ ਦਫਤਰੀ ਪਤਾ : ਮਕਾਨ ਨੰ. 786, ਐੱਸ ਬੀ ਐੱਸ ਰੋਡ, ਸ਼ੇਰਾਂਵਾਲਾ ਗੇਟ ਦੇ ਅੰਦਰ, ਅੰਮ੍ਰਿਤਸਰ-143001, ਨਾਲ ਹੀ : ਦੁਕਾਨ ਨੰ. 29, ਨਿਊ ਗਰੇਨ ਮਾਰਕਿਟ, ਜਲੰਧਰ ਸਿਟੀ, ਨਾਲ ਹੀ : 777 ਕਾਲੀਆ ਕਾਲੋਨੀ, ਨੇੜੇ ਕਾਲੀਆ ਸਕੂਲ, ਅੰਮ੍ਰਿਤਸਰ ਬਾਈਪਾਸ, ਜਲੰਧਰ ਸਿਟੀ (2) ਸ੍ਰੀ ਦਵਿੰਦਰ ਸਿੰਘ ਤਨਵਰ ਪੁੱਤਰ ਕੁਲਦੀਪ ਸਿੰਘ ਪਤਾ : # 777, ਕਾਲੀਆ ਕਾਲੋਨੀ, ਨੇੜੇ ਵੇਰਕਾ ਮਿਲਕ ਪਲਾਂਟ, ਜਲੰਧਰ-1, ਜਲੰਧਰ ਪੰਜਾਬ-144008 (3) ਸ੍ਰੀ ਰਵਿੰਦਰ ਸਿੰਘ ਤਨਵਰ ਮਾਰਫਤ ਕੁਲਦੀਪ ਸਿੰਘ ਪਤਾ: ਵਿੱਲਾ ਨੰ. 133, ਸਟੇਟ ਐੱਨ ਆਰ ਆਈ ਐਕਸਟੈਨਸ਼ਨ-1, ਈ ਐੱਲ ਡੀ ਜੀ ਓ ਗਰੀਨ ਨਕੋਦਰ ਰੋਡ ਖਾਂਬਰਾ, ਜਲੰਧਰ-144026, ਨਾਲ ਹੀ : # 777, ਨੇੜੇ ਵੇਰਕਾ ਮਿਲਕ ਪਲਾਂਟ, ਕਾਲੀਆ ਕਾਲੋਨੀ, ਜਲੰਧਰ-1, ਗਰੇਨ ਮਾਰਕਿਟ ਜਲੰਧਰ, ਪੰਜਾਬ-144008 (4) ਸ੍ਰੀ ਕੁਲਦੀਪ ਸਿੰਘ ਤਨਵਰ ਪੁੱਤਰ ਉਗਮ ਸਿੰਘ ਪਤਾ : # 777, ਨੇੜੇ ਵੇਰਕਾ ਮਿਲਕ ਪਲਾਂਟ, ਕਾਲੀਆ ਕਾਲੋਨੀ, ਜਲੰਧਰ-1, ਗਰੇਨ ਮਾਰਕਿਟ ਜਲੰਧਰ ਪੰਜਾਬ-144008 | ਵਿਕਰੀ ਬੈਨਾਮਾ ਨੰ. 7090 ਮਿਤੀ 18.11.2010 ਦੁਆਰਾ ਕਾਲੀਆ ਕਾਲੋਨੀ, ਨੇੜੇ ਗੁਰੂ ਅਮਰ ਦਾਸ ਨਗਰ, ਬਾਈਪਾਸ ਜਲੰਧਰ ਵਿਖੇ ਸਥਿਤ ਹਦਬਸਤ ਨੰ. 307/4 (ਜਮ੍ਹਾਂਬੰਦੀ ਵਾਸਤੇ ਸਾਲ 2004-2005 ਅਨੁਸਾਰ) ਖਸਰਾ ਨੰ. 15485/1, 15489/1, 27460/15491/3, 23252/15506/1, 23254/15506/1, 15487/1, 15488, 2, 7461/15491, 15492 ਵਿੱਚ ਸ਼ਾਮਲ ਰਿਹਾਇਸ਼ੀ ਜਾਇਦਾਦ ਰਕਬਾ 20 ਮਰਲੇ (51'×9"×80=4140 ਵਰਗ ਫੁੱਟ) (ਹਰੇਕ ਮਰਲਾ 207 ਵਰਗ ਫੁੱਟ ਦਾ) ਦੇ ਸਾਰੇ ਹਿੱਸੇ। ਹੱਦਾਂ ਇੰਝ ਹਨ : ਪੂਰਬ : ਸੜਕ, ਪੱਛਮ : ਹੋਰਨਾਂ, ਉੱਤਰ : ਹੋਰਨਾਂ, ਦੱਖਣ : ਹੋਰਨਾਂ। ਗਿਰਵੀਕਾਰ : ਕੁਲਦੀਪ ਸਿੰਘ ਪੁੱਤਰ ਸਵ: ਉਗਮ ਸਿੰਘ, ਰਵਿੰਦਰ ਸਿੰਘ ਪੁੱਤਰ ਕੁਲਦੀਪ ਸਿੰਘ ਅਤੇ ਦਵਿੰਦਰ ਸਿੰਘ ਪੁੱਤਰ ਕੁਲਦੀਪ ਸਿੰਘ | 24 ਜੁਲਾਈ 2024 | 09 ਅਕਤੂਬਰ 2024 | ਰੁਪਏ 1,59,94,528.04 (ਰੁਪਏ ਇੱਕ ਕਰੋੜ ਉਨਾਹਠ ਲੱਖ ਚੁਰਾਨਵੇਂ ਹਜ਼ਾਰ ਪੰਜ ਸੌ ਅਠਾਈ ਅਤੇ ਚਾਰ ਪੈਸੇ ਕੇਵਲ) ਮਿਤੀ 9 ਅਕਤੂਬਰ 2024 ਤੋਂ ਲਾਗੂ ਇਸ ਉਪਰ ਵਿਆਜ ਅਤੇ ਹੋਰ ਖਰਚੇ। |
| (1) ਕੋਮਲ ਟੈਕਸਟਾਈਲ ਰਾਹੀਂ ਇਸ ਦੇ ਪ੍ਰੋਪਰਾਈਟਰ ਨਰਿੰਜਣ ਸਿੰਘ ਪਤਾ : ਗਲੀ ਨੰ. 1, ਬੀ-8-192, ਨਯਾ ਮੁਹੱਲਾ, ਮੋਚਪੁਰਾ ਬਾਜ਼ਾਰ, ਲੁਧਿਆਣਾ, ਪੰਜਾਬ-141008 (2) ਨਰਿੰਜਣ ਸਿੰਘ ਪੁੱਤਰ ਤਰਲੋਕ ਸਿੰਘ ਪਤਾ : ਮਕਾਨ ਨੰ. 11, ਖੰਨਾ ਕਾਲੋਨੀ-2, ਨੇੜੇ ਬਸੰਤ ਸਿਟੀ, ਬਰੀਕੇ ਰੋਡ, ਲੁਧਿਆਣਾ, ਪੰਜਾਬ-141012 (3) ਸੁਰਿੰਦਰ ਕੌਰ ਪਤਨੀ ਨਰਿੰਜਣ ਸਿੰਘ ਪਤਾ : ਮਕਾਨ ਨੰ. 11, ਖੰਨਾ ਕਾਲੋਨੀ-2, ਨੇੜੇ ਬਸੰਤ ਸਿਟੀ, ਲੁਧਿਆਣਾ, ਪੰਜਾਬ-141001 (4) ਜਗਜੀਤ ਸਿੰਘ ਪੁੱਤਰ ਨਰਿੰਜਣ ਸਿੰਘ ਪਤਾ : ਮਕਾਨ ਨੰ. 11, ਖੰਨਾ ਕਾਲੋਨੀ, ਨੇੜੇ ਬਸੰਤ ਸਿਟੀ, ਬਰੀਕੇ ਰੋਡ, ਬਰੀਕੇ ਲੁਧਿਆਣਾ, ਪੰਜਾਬ-142021 | ਪਿੰਡ ਬਰੀਕੇ ਹਦਬਸਤ ਨੰ. 156, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਦੀ ਜਮ੍ਹਾਂਬੰਦੀ ਵਾਸਤੇ ਸਾਲ 2002-03 ਵਿੱਚ ਦਰਜ ਅਨੁਸਾਰ ਖਾਤਾ ਨੰ. 331/363 ਖਸਰਾ ਨੰ. 458, 460, 464, 465, 468 ਵਿੱਚ ਸ਼ਾਮਲ ਬਸੰਤ ਸਿਟੀ-2 ਲੁਧਿਆਣਾ ਵਿਖੇ ਸਥਿਤ ਗੈਰ-ਖੇਤੀਬਾੜੀ ਜਾਇਦਾਦ ਪਲਾਟ ਨੰ. 11 ਰਕਬਾ 141.66 ਵਰਗ ਗਜ਼ ਦੇ ਸਾਰੇ ਹਿੱਸੇ। ਹੱਦਾਂ ਇੰਝ ਹਨ: ਪੂਰਬ : ਗੁਆਂਢੀ ਦਾ ਪਲਾਟ 25'-0" ਤੱਕ, ਪੱਛਮ : ਸੜਕ 30' ਚੌੜੀ 25'-0" ਤੱਕ, ਉੱਤਰ : ਪਲਾਟ ਨੰ. 10, 51'-0" ਤੱਕ, ਦੱਖਣ : ਪਲਾਟ ਨੰ. 12, 51'-0" ਤੱਕ। ਗਿਰਵੀਕਾਰ : ਸੁਰਿੰਦਰ ਕੌਰ ਪਤਨੀ ਨਰੰਜਨ ਸਿੰਘ | 18 ਜੁਲਾਈ 2024 | 10 ਅਕਤੂਬਰ 2024 | ਰੁਪਏ 76,64,965/- (ਛਿਅੱਤਰ ਲੱਖ ਚੌਹਠ ਹਜ਼ਾਰ ਨੌ ਸੌ ਪੈਂਹਠ ਕੇਵਲ) ਮਿਤੀ 10 ਅਕਤੂਬਰ 2024 ਤੋਂ ਲਾਗੂ ਇਸ ਉਪਰ ਵਿਆਜ ਅਤੇ ਹੋਰ ਖਰਚੇ। |

ਮਿਤੀ : 15.10.2024 ਵਾਸਤੇ ਯੈੱਸ ਬੈਂਕ ਲਿਮਟਿਡ, ਸ੍ਰੀ ਅਜੈ ਰਾਣਾ, ਅਧਿਕਾਰਤ ਅਫਸਰ

# ਪੇਂਡੂ ਅਦਾਲਤਾਂ ਖਿਲਾਫ ਵਕੀਲ ਰਹੇ ਹੜਤਾਲ 'ਤੇ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** ਜ਼ਿਲ੍ਹਾ ਕਚਹਿਰੀ ਵਿਖੇ ਸਮੂਹ ਵਕੀਲਾਂ ਨੇ ਐਡਵੋਕੇਟ ਰਣਜੀਤ ਕੁਮਾਰ ਪ੍ਰਧਾਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੀ ਸਰਪ੍ਰਸਤੀ ਹੇਠ ਗ੍ਰਾਮ ਨਿਆਇਲਿਆ/ ਪੇਂਡੂ ਅਦਾਲਤਾਂ ਦੀ ਸਥਾਪਨਾ ਸੰਬੰਧੀ ਸਰਕਾਰ ਦੇ ਫੈਸਲੇ ਵਿਰੁੱਧ ਰੋਸ਼ ਪ੍ਰਦਰਸ਼ਨ ਅਤੇ ਹੜਤਾਲ ਕੀਤੀ। ਇਹ ਗੱਲ ਵਰਨਣਯੋਗ ਹੈ ਕੇ ਸਰਕਾਰ ਵਲੋਂ ਗ੍ਰਾਮੀਣ ਨਿਆਲਿਆ ਐਕਟ ਦੇ ਅਧੀਨ ਕੇਸਾਂ ਦੇ ਫੌਰੀ ਨਿਪਟਾਰੇ ਵਾਸਤੇ ਪਿੰਡਾਂ ਵਿੱਚ ਅਦਾਲਤਾਂ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ ਲੇਕਿਨ ਪੰਜਾਬ ਭਰ ਦੇ ਵਕੀਲਾਂ ਦਾ ਮੰਨਣਾ ਹੈ ਇਹ ਫੈਸਲਾ ਗ਼ੈਰ ਜ਼ਰੂਰੀ ਅਤੇ ਗ਼ੈਰ ਵਿਵਹਾਰਿਕ ਫੈਸਲਾ ਹੈ ਜਿਸਦੀ ਮੰਗ ਨਾ ਕਦੇ ਆਮ ਲੋਕਾਂ ਵੱਲੋਂ ਨਾ ਵਕੀਲਾਂ ਵੱਲੋਂ ਕੀਤੀ ਗਈ।ਐਡਵੋਕੇਟ ਰਣਜੀਤ ਕੁਮਾਰ ਪ੍ਰਧਾਨ ਜਿਲ੍ਹਾ ਬਾਰ ਐਸੋਸੀਏਸ਼ਨ ਹੁਸ਼ਿਆਰਪੁਰ ਨੇ ਕਿਹਾ ਕੇ ਪੇਂਡੂ ਅਦਾਲਤਾਂ ਦੀ ਸਥਾਪਨਾ ਦਾ ਫੈਸਲਾ ਮੋਬਾਈਲ ਕੋਰਟਾਂ ਚਲਾਉਣ ਦੇ ਫੈਸਲੇ ਵਾਂਗ ਗ਼ੈਰ ਵਿਵਹਾਰਿਕ ਅਤੇ ਗਲਤ ਹੀ ਸਾਬਿਤ ਹੋਵੇਗਾ।ਕੇਸਾਂ ਦੇ ਜਲਦੀ ਨਿਪਟਾਰੇ ਵਾਸਤੇ ਜੱਜਾਂ ਅਤੇ ਜੁਡਿਸ਼ਲ ਸਟਾਫ ਅਤੇ ਪੁਲਸ ਦੀ ਭਰਤੀ ਅਤੇ ਮੁੱਢਲੇ ਢਾਂਚੇ ਦੀਆਂ ਸਮੱਸਿਆਵਾਂ ਦਾ ਹੱਲ ਜਰੂਰੀ ਹੈ ਜ਼ੇਕਰ ਇਹਨਾਂ ਮੁੱਦਿਆਂ ਨੂੰ ਸੁਲਝਾਏ ਬਗੈਰ ਪੇਂਡੂ ਅਦਾਲਤਾਂ ਸ਼ੁਰੂ ਕੀਤੀਆਂ ਗਈਆਂ ਤਾਂ ਸੱਮਸਿਆ ਹੋਰ ਵਧੇਗੀ।ਉਹਨਾਂ ਕਿਹਾ ਜੇ ਕਰ ਸਰਕਾਰ ਨੇ ਆਪਣਾ ਫੈਸਲਾ ਵਾਪਸ ਨਹੀਂ ਲਿਆ ਤਾਂ ਸਮੂਹ ਵਕੀਲ ਭਾਈਚਾਰਾ ਆਪਣਾ ਸੰਘਰਸ਼ ਪੰਜਾਬ ਚੰਡੀਗੜ੍ਹ ਤੋਂ ਹਰਿਆਣਾ ਤੱਕ ਲੈ ਕੇ ਜਾਵੇਗਾ।ਉਨ੍ਹਾਂ ਕਿਹਾ ਕੇ ਉਹ ਬਿਜਲੀ ਦੇ ਮੁੱਦੇ 'ਤੇ ਮੁਕੇਰੀਆਂ ਬਾਰ ਐਸੋਸੀਏਸ਼ਨ ਨਾਲ ਇਕਮੁੱਠ ਹਨ ਅਤੇ ਅਸੀਂ ਮੁਕੇਰੀਆਂ ਬਾਰ ਐਸੋਸੀਏਸ਼ਨ ਵੱਲੋਂ ਦਿੱਤੇ ਸੂਬਾ ਪੱਧਰੀ ਸੱਦੇ ਦਾ ਵੀ ਸਮਰਥਨ ਕਰਦੇ ਹਾਂ।ਮੀਟਿੰਗ ਦੌਰਾਨ ਰਜਨੀ ਨੰਦਾ, ਜਨਰਲ ਸਕੱਤਰ, ਨਿਪੁਨ ਸ਼ਰਮਾ ਸਕੱਤਰ, ਰੋਮਨ ਸੱਭਰਵਾਲ ਖਜਾਨਚੀ, ਅੰਜੂ ਬਾਲਾ, ਸੁਰਿੰਦਰ ਸਿੰਘ, ਜਸਵਿੰਦਰ ਸਿੰਘ, ਸਾਬਕਾ ਪ੍ਰਧਾਨ ਵਰਿੰਦਰ ਕੁਮਾਰ ਮੇਨਨ, ਪਲਵਿੰਦਰ ਸਿੰਘ ਘੁੰਮਣ, ਆਰ ਪੀ ਧੀਰ, ਕੁਲਦੀਪ ਸਿੰਘ,ਅਸ਼ੋਕ ਵਾਲਿਆ ਅਤੇ ਸੀਨਿਅਰ ਵਕੀਲ ਸ਼੍ਰੀ ਏਕੇ ਸੋਨੀ,ਕੇ ਸੀ ਮਹਾਜਨ,ਵਿਜੈ ਪ੍ਰਦੇਸੀ, ਪਾਲਵਿੰਦਰ ਪਲਵ, ਭੱਜਣਾ ਰਾਮ ਦਾਦਰਾ, ਲਸ਼ਕਰ ਸਿੰਘ,ਨਵੀਨ ਜੈਰਥ, ਸੁਹਾਸ ਰਾਜਨ, ਮਾਣਿਕ, ਸਰਬਜੀਤ ਸਹੋਤਾ, ਧਰਮਿੰਦਰ ਦਾਦਰਾ, ਸੁਨੀਲ ਕੁਮਾਰ, ਸ਼ਮਸ਼ੇਰ ਭਾਰਦਵਾਜ,ਪਾਲਵਿੰਦਰ ਮਾਨਾ, ਪ੍ਰਦੀਪ ਗੁਲੇਰੀਆ, ਰਾਘਵ ਸ਼ਰਮਾ ਰਾਕੇਸ਼ ਕੁਮਾਰ, ਪਾਵਨ ਬੱਧਣ, ਕੇਲਾਸ਼,ਵਿਕਰਮ, ਰਾਕੇਸ਼, ਇਸ਼ਾਨੀ, ਗੁਰਜਿੰਦਰ, ਰਿਤੂ ਸ਼ਰਮਾ, ਰਾਜਵਿੰਦਰ ਕੌਰ, ਮੋਨਿਕਾ, ਸ਼ਿਵਾਂਗੀ ਅਤੇ ਸਿਧਾਂਤ ਚੋਧਰੀ, ਨਕੁਲ ਆਦੀ ਵੀ ਹਾਜ਼ਰ ਸਨ।

## ਮੇਲੇ ਸਾਡੀ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ : ਅਗਰਵਾਲ



**ਕਾਲਾ ਸੰਘਿਆਂ (ਮਨਜੀਤ ਮਾਨ)** ਤਹਿਸੀਲ ਨਕੋਦਰ ਅਧੀਨ ਪੈਂਦੇ ਪਿੰਡ ਉਂਗੀ ਵਿਖੇ ਦੁਸਹਿਰੇ ਦਾ ਤਿਉਹਾਰ ਨੌਜਆਨ ਦੁਸਿਹਰਾ ਕਮੇਟੀ ਸਨਾਤਨ ਧਰਮ ਸਭਾ ਸ਼ਿਵ ਮੰਦਰ ਉਂਗੀ ਵੱਲੋਂ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਪਿੰਡ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਦੁਸਹਿਰੇ ਦਾ ਉਦਘਾਟਨ ਨੌਜਆਨ ਦੁਸਿਹਰਾ ਕਮੇਟੀ ਦੇ ਮੈਂਬਰਾਂ ਤੋਂ ਇਲਾਵਾ ਉਘੇ ਸਮਾਜ ਸੇਵਕ ਰਜਨੀਸ਼ ਤਿਵਾੜੀ, ਜੁਵਾਹਰ ਲਾਲ ਖੁੰਗਰ ਸਾਬਕਾ ਸਰਪੰਚ, ਸੁਰਿੰਦਰ ਬਠਲਾ ਆਪ, ਕੁਸਵ ਮਹਿਰਾ, ਸੰਨੀ ਤਿਵਾੜੀ ਮੋਨੂੰ ਮੱਲ੍ਹਣ, ਗੋਰਾ, ਆਸ਼ੂ, ਬਿੰਦਾ, ਸੁਖਵਿੰਦਰ ਚਾਵਲਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ ਜਦਕਿ ਦੁਸ਼ਿਹਰੇ ਵਿੱਚ ਮੁੱਖ ਮਹਿਮਾਨ ਵਜੋਂ ਲਾਲਾ ਸੋਮਨਾਥ ਅਗਰਵਾਲ ਦਿੱਲੀ, ਡੀ ਐਸ ਪੀ ਸੁਖਪਾਲ ਸਿੰਘ, ਐਸ ਐਚ ਓ ਬਲਜਿੰਦਰ ਸਿੰਘ, ਅਵਤਾਰ ਭੋਲਾ ਪਹਿਲਵਾਨ ਸੇਵਾ ਮੁਕਤ ਡੀ ਐਸ ਪੀ ਪੰਜਾਬ ਪੁਲਸ, ਸੁਨੀਲ ਗੁਪਤਾ ਈ ਟੀ ਓ ਭੁਪਿੰਦਰ ਗੋਇਲ ਨੇ ਸ਼ਿਰਕਤ ਕੀਤੀ। ਇਸ ਮੌਕੇ ਮੁੱਖ ਮਹਿਮਾਨ ਲਾਲਾ ਸੋਮਨਾਥ ਅਗਰਵਾਲ ਨੇ ਕਿਹਾ ਕਿ ਮੇਲੇ ਜਿੱਥੇ ਸਾਨੂੰ ਆਪਸੀ ਮਿਲਵਰਤਨ ਦੀ ਭਾਵਨਾ ਸਿਖਾਉਂਦੀਆਂ ਹਨ ਉਥੇ ਸਾਨੂੰ ਆਪਸੀ ਪਿਆਰ ਤੇ ਮਿਲਵਰਤਨ ਦੀ ਭਾਵਨਾ ਸਿਖਾਉਂਦੀਆਂ ਹਨ ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਰਹਿਬਰਾਂ ਪੈਰੋਕਾਰਾਂ ਦੇ ਦੱਸੇ ਮਾਰਗ 'ਤੇ ਚੱਲਣ ਦੀ ਲੋੜ ਹੈ। ਇਸ ਮੌਕੇ ਰਾਮ, ਲਛਮਣ, ਹਨੂਮਾਨ, ਦੀਆਂ ਝਾਕੀਆਂ ਵੀ ਦੇਖਣਯੋਗ ਸੀ। ਇਸ ਮੌਕੇ ਜੁਵਾਹਰ ਲਾਲ ਖੁੰਗਰ, ਰਜਨੀਸ਼ ਤਿਵਾੜੀ, ਅਵਤਾਰ ਸਿੰਘ ਭੋਲਾ, ਸੁਰਿੰਦਰ ਬਠਲਾ,ਕੁਸਵ ਮਹਿਰਾ, ਸੰਨੀ ਤਿਵਾੜੀ, ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ, ਸੰਦੀਪ ਮਾਨ,ਸਾਬੀ ਰਸੂਲਪੁਰੀ ਦੁਆਬਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਯੂਥ ਵਿੰਗ, ਜਸਪਾਲ ਚੌਕੜੀਆਂ, ਨਿਰਮਲ ਨਿੰਮਾ ਬਗਲਾਣਾ, ਰਾਕੇਸ਼ ਉਂਗੀ, ਮਨਰਾਜ ਕੰਗ ਦਾ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ।

## ਕਿਸਾਨ ਆਗੂ ਹਰਬੰਸ ਸਿੰਘ ਮੰਢਾਲੀ ਨੂੰ ਸ਼ਰਧਾਂਜਲੀਆਂ

**ਨਵਾਂਸ਼ਹਿਰ (ਮਨੋਜ ਲਾਡੀ)** ਦੁਆਬੇ ਦੇ ਪ੍ਰਸਿੱਧ ਕਿਸਾਨ ਆਗੂ ਕਾਮਰੇਡ ਹਰਬੰਸ ਸਿੰਘ ਮੰਢਾਲੀ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।ਉਹਨਾਂ ਦੀ ਯਾਦਗਾਰ ਤੇ ਸੀ ਪੀ ਆਈ ਐਮ ਦੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਰਾਮ ਸਿੰਘ ਨੂਰਪੁਰੀ ਨੇ ਲਾਲ ਝੰਡਾ ਝੁਲਾਇਆ।ਇਸ ਮੌਕੇ ਬੋਲਦਿਆਂ ਨੂਰਪੁਰੀ ਨੇ ਕਿਹਾ ਕਿ ਸਾਥੀ ਮੰਢਾਲੀ ਨੇ ਹਮੇਸ਼ਾ ਕਿਸਾਨਾਂ ਦੇ ਹੱਕਾਂ ਅਤੇ ਹਿੱਤਾਂ ਦੀ ਲੜਾਈ ਲੜੀ।ਦੁਆਬੇ ਵਿੱਚ ਕਿਸਾਨ ਲਹਿਰ ਦਾ ਚੰਗਾ ਪ੍ਰਭਾਵ ਹੈ। ਫਗਵਾੜਾ ਹਮੇਸ਼ਾ ਕਿਸਾਨ ਘੋਲਾਂ ਦਾ ਕੇਂਦਰ ਰਿਹਾ ਹੈ।ਜਿੱਥੇ ਕਿਸਾਨ ਦੀ ਮੰਡੀਆਂ ਵਿੱਚ ਹੋ ਰਹੀ ਲੁੱਟ ਦੇ ਖਿਲਾਫ ਸੰਘਰਸ਼, ਗੰਨਾ ਚਕਾਉਣ, ਭਾਅ ਲੈਣ, ਕਿਸਾਨ ਨਗਦ ਪੈਸੇ ਦਵਾਉਣ ਲਈ ਅਮਰ ਸ਼ਹੀਦ ਕਾਮਰੇਡ ਸਰਵਣ ਸਿੰਘ ਚੀਮਾ ਨਾਲ ਮਿਲ ਕੇ ਸੰਘਰਸ਼ ਲੜਦੇ ਰਹੇ । ਅੱਜ ਵੀ ਪੰਜਾਬ ਦੀ ਕਿਸਾਨੀ ਡੂੰਘੇ ਆਰਥਿਕ ਸੰਕਟ ਦਾ ਸ਼ਿਕਾਰ ਹੈ।ਸੰਯੁਕਤ ਕਿਸਾਨ ਮੋਰਚਾ ਦੇਸ਼ ਪੱਧਰ 'ਤੇ ਕਿਸਾਨੀ ਹਿੱਤਾਂ ਲਈ ਸੰਘਰਸ਼ਸ਼ੀਲ ਹੈ।ਇਸ ਲਈ ਸਾਨੂੰ ਹਰਬੰਸ ਸਿੰਘ ਮੰਢਾਲੀ ਨੂੰ ਯਾਦ ਕਰਦਿਆਂ ਕਿਸਾਨੀ ਘੋਲਾ ਵਿੱਚ ਵੱਧ ਤੋਂ ਵੱਧ ਹਿੱਸਾ ਲੈਣਾ ਹੋਵੇਗਾ।ਇਹ ਹੀ ਸਾਥੀ ਮੰਢਾਲੀ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।ਇਸ ਮੌਕੇ ਕਿਸਾਨ ਆਗੂ ਕਾਮਰੇਡ ਪ੍ਰੇਮ ਸਿੰਘ ਮੰਢਾਲੀ, ਰਿਸ਼ੀ ਕੁਮਾਰ, ਸੁਸ਼ੀਲ ਕੁਮਾਰ ਮੰਢਾਲੀ, ਬਲਵੀਰ ਕੌਰ, ਜਸਬੀਰ ਕੌਰ, ਪਰਵਿੰਦਰ ਸਿੰਘ, ਹਰਪ੍ਰੀਤ ਸਿੰਘ ਹਰਦੇਵ ਸਿੰਘ,ਨੀਲਮ ਕੁਮਾਰ ਸ਼ਰਮਾ ਸਮੇਤ ਕਈ ਸਾਥੀ ਹਾਜ਼ਰ ਸਨ।



## ਸਿਲਵੀ ਨੇ ਗੁਰੂ ਨਾਨਕ 'ਵਰਸਿਟੀ 'ਚ ਪਹਿਲੀ ਪੁਜ਼ੀਸ਼ਨ ਕੀਤੀ ਹਾਸਲ

**ਜਲੰਧਰ (ਇਕਬਾਲ ਸਿੰਘ ਉਭੀ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਬੀ ਕਾਮ ਫਾਈਨੈਂਸ਼ੀਅਲ ਸਰਵਿਸਿਜ਼ ਸਮੈਸਟਰ ਚਾਰ ਦੇ ਨਤੀਜੇ ਘੋਸ਼ਿਤ ਕਰ ਦਿੱਤੇ ਹਨ। ਪੀ ਸੀ ਐਮ ਐਸ ਡੀ ਕਾਲਜ ਲੜਕੀਆਂ ਦੀਆਂ ਵਿਦਿਆਰਥਣਾਂ ਨੇ ਆਪਣੇ ਉੱਚ ਪੱਧਰ ਦੇ ਪ੍ਰਦਰਸ਼ਨ ਨਾਲ ਆਪਣਾ ਵੱਖਰਾ ਸਥਾਨ ਬਣਾਇਆ।ਸਿਲਵੀ ਨੇ 277/350 ਅੰਕਾਂ (79.14%) ਨਾਲ ਯੂਨੀਵਰਸਿਟੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਦੀਪਾਂਸ਼ੀ ਨੇ 275/350 ਅੰਕਾਂ (78.57%) ਨਾਲ ਯੂਨੀਵਰਸਿਟੀ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।

## 16 ਤੇ 17 ਨੂੰ ਮੀਟ ਤੇ ਸ਼ਰਾਬ ਦੀ ਵਿਕਰੀ 'ਤੇ ਪਾਬੰਦੀ

**ਜਲੰਧਰ (ਇਕਬਾਲ ਸਿੰਘ ਉਭੀ)** ਜ਼ਿਲ੍ਹਾ ਮੈਜਿਸਟ੍ਰੇਟ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ 16 ਅਤੇ 17 ਅਕਤੂਬਰ 2024 ਨੂੰ ਸ਼ਹਿਰ ਵਿੱਚ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ ਸਬੰਧੀ ਸਜਾਈ ਜਾਣ ਵਾਲੀ ਸ਼ੋਭਾ ਯਾਤਰਾ ਦੇ ਰਸਤੇ ਅਤੇ ਧਾਰਮਿਕ ਸਮਾਗਮ ਵਾਲੀ ਜਗ੍ਹਾ ਦੇ ਨੇੜੇ ਮੀਟ ਅਤੇ ਸ਼ਰਾਬ ਦੀ ਵਿਕਰੀ 'ਤੇ ਪਾਬੰਦੀ ਲਗਾਈ ਗਈ ਹੈ ।

## ਮਾਰਕੁੱਟਾਈ ਕਰ ਕੇ ਐਕਟਿਵਾ ਖੋਹੀ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਦੇਰ ਸ਼ਾਮ ਪਿੰਡ ਬਿੰਜੋ ਦੇ ਇਕ ਵਿਅਕਤੀ ਪਾਸੋਂ 2 ਅਣਪਛਾਤੇ ਨੌਜਵਾਨਾਂ ਵੱਲੋ ਮਾਰ-ਕੁੱਟ ਕਰ ਕੇ ਉਸ ਦੀ ਐਕਟਿਵਾ ਖੋਹਣ ਦੀ ਖ਼ਬਰ ਪ੍ਰਾਪਤ ਹੋਈ ਹੈ । ਪ੍ਰਾਪਤ ਜਾਣਕਾਰੀ ਅਨੁਸਾਰ ਦਲਵਿੰਦਰ ਸਿੰਘ ਪੁੱਤਰ ਆਤਮਾ ਸਿੰਘ ਨਿਵਾਸੀ ਪਿੰਡ ਬਿੰਜੋ, ਕਟਾਰੀਆ ਤੋ ਆਪਣੇ ਵਾਇਆ ਪਿੰਡ ਬਹਿਬਲਪੁਰ ਵੱਲ ਦੀ ਜਾਣ ਵਾਲੀ ਸੜਕ ਰਾਹੀ ਆਪਣੇ ਘਰ ਨੂੰ ਜਾ ਰਿਹਾ ਸੀ । ਜਦੋਂ ਉਹ ਸੜਕ ਵਿਚਕਾਰ ਪਹੁੰਚਿਆ ਤਾਂ ਸੜਕ ਕਿਨਾਰੇ ਪਹਿਲਾ ਤੋ ਹੀ ਇਕ ਪਾਸੇ ਮੋਟਰਸਾਈਕਲ ਖੜਾ ਕਰ ਕੇ ਘਾਤ ਲਗਾ ਕੇ ਖੜ੍ਹੇ ਦੋ ਅਣਪਛਾਤੇ ਨੌਜਵਾਨਾਂ, ਜਿਨ੍ਹਾਂ ਨੇ ਆਪਣੇ ਮੂੰਹ ਬੰਨੇ ਹੋਏ ਸਨ, ਨੇ ਘੇਰ ਕੇ ਉਸ ਨਾਲ ਮਾਰ ਕੁੱਟ ਕਰ ਕੇ ਉਸ ਦੀ ਐਕਟਿਵਾ ਨੰਬਰ ਪੀ. ਬੀ. 07 ਸੀ. ਈ. 2324 ਖੋਹ ਲਈ ਤੇ ਫ਼ਰਾਰ ਹੋ ਗਏ । ਫੋਟੋ ਕੈਪਸਨ-ਪਿੰਡ ਬਿੰਜੋ ਵਿਖੇ ਦਲਵਿੰਦਰ ਸਿੰਘ ਤੇ ਉਸ ਦੇ ਸਾਥੀ ਐਕਟਿਵਾ ਖੋਹਣ ਦੇ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ।

## ਡਾ. ਮਾਨ ਤੇ ਆਪ ਦੇ ਵਾਰਡ ਪ੍ਰਧਾਨ ਪੂਰਨ ਸਿੰਘ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ



**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)** -ਕਾਂਗਰਸ ਪਾਰਟੀ ਨੂੰ ਅੱਜ ਉਸ ਸਮੇਂ ਵੱਡਾ ਹੁਲਾਰਾ ਮਿਲਿਆ ਜਦੋਂ ਸਰਬੱਤ ਦਾ ਭਲਾ ਵੈਲਫੇਅਰ ਸੁਸਾਇਟੀ ਦੇ ਚੇਅਰਮੈਨ ਡਾ. ਪੀ.ਐਸੱ. ਮਾਨ, ਜਨਰਲ ਸਕੱਤਰ ਦਵਿੰਦਰ ਕੌਰ ਮਾਨ ਅਤੇ ਸੁਸਾਇਟੀ ਦੇ ਅਹੁਦੇਦਾਰਾਂ ਤੋਂ ਇਲਾਵਾ ਵਾਰਡ ਨੰ: 27 ਤੋਂ ਆਪ ਦੇ ਪ੍ਰਧਾਨ ਪੂਰਨ ਸਿੰਘ ਅਤੇ ਹੋਰ ਇਲਾਕਾ ਨਿਵਾਸੀ ਕਾਂਗਰਸ ਵਿਚ ਸ਼ਾਮਲ ਹੋਏ। ਉਹਨਾਂ ਨੂੰ ਸਾਬਕਾ ਮੰਤਰੀ ਸੁੰਦਰ ਸ਼ਾਮ ਅਰੋੜਾ ਨੇ ਸਿਰੋਪੇ ਭੇਟ ਕਰਕੇ ਕਾਂਗਰਸ ਵਿੱਚ ਸ਼ਾਮਲ ਕਰਵਾਇਆ ਅਤੇ ਕਿਹਾ ਕਿ ਉਨ੍ਹਾਂ ਨੂੰ ਕਾਂਗਰਸ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗ । ਇਸ ਮੌਕੇ ਡਾ: ਮਾਨ ਨੇ ਕਿਹਾ ਕਿ ਜਿਸ ਤਰ੍ਹਾਂ ਉਹ ਪਿਛਲੇ ਢਾਈ ਸਾਲਾਂ ਤੋਂ ਵਾਰਡ ਵਾਸੀਆਂ ਅਤੇ ਸ਼ਹਿਰ ਵਾਸੀਆਂ ਦੀ ਸੇਵਾ ਕਰਦੇ ਆ ਰਹੇ ਹਨ, ਉਹ ਸੇਵਾ ਕਾਰਜ ਇਸੇ ਤਰ੍ਹਾਂ ਜਾਰੀ ਰਹਿਣਗੇ ਅਤੇ ਵਾਰਡ ਵਾਸੀਆਂ ਨੂੰ ਹਰ ਸੰਭਵ ਸਹੂਲਤ ਮਿਲੇਗੀ ਅਤੇ ਉਹ 24 ਘੰਟੇ ਵਾਰਡ ਵਾਸੀਆਂ ਲਈ ਉਪਲਬਧ ਰਹਿਣਗ । ਉਨ੍ਹਾਂ ਕਿਹਾ ਕਿ ਉਹ ਕਾਂਗਰਸ ਪਾਰਟੀ ਵਿੱਚ ਸੇਵਾ ਭਾਵਨਾ ਨਾਲ ਹੀ ਕੰਮ ਕਰਨਗੇ ਅਤੇ ਪਾਰਟੀ ਜੋ ਵੀ ਫੈਸਲਾ ਲਵੇਗੀ, ਉਨ੍ਹਾਂ ਨੂੰ ਪ੍ਰਵਾਨ ਹੋਵੇਗਾ। ਉਨ੍ਹਾਂ ਵਾਰਡ ਵਾਸੀਆਂ ਦਾ ਇਸ ਫੈਸਲੇ ਵਿੱਚ ਉਨ੍ਹਾਂ ਦਾ ਸਾਥ ਦੇਣ ਅਤੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਦਾ ਮਨੋਬਲ ਅਤੇ ਸਨਮਾਨ ਵਧਾਉਣ ਲਈ ਧੰਨਵਾਦ ਕੀਤਾ। ਇਸ ਮੌਕੇ ਕਾਂਗਰਸੀ ਕੌਂਸਲਰ ਵੀ ਹਾਜ਼ਰ ਸਨ।

## ਫਾਲਕਨ ਸਕੂਲ ਦੇ ਵਿਦਿਆਰਥੀਆਂ ਲਈ ਵੰਡਰਲੈਂਡ ਦਾ ਟੂਰ



**ਸੁਲਤਾਨਪੁਰ ਲੋਧੀ (ਹਨੀ)** ਫਾਲਕਨ ਇੰਟਰਨੈਸ਼ਨਲ ਸਕੂਲ ਵੱਲੋਂ ਛੇਵੀਂ ਤੋਂ ਦਸਵੀਂ ਦੇ ਵਿਦਿਆਰਥੀਆਂ ਲਈ ਵੰਡਰਲੈਂਡ ਦਾ ਟਰਿੱਪ ਆਯੋਜਿਤ ਕੀਤਾ ਗਿਆ, ਜਿਸ ਦੀ ਅਗਵਾਈ ਗੁਰਬਚਨ ਸਿੰਘ ਨੇ ਕੀਤੀ।ਇਸ ਦੌਰਾਨ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਖੂਬ ਆਨੰਦ ਮਾਣਿਆ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਨੇ ਦੱਸਿਆ ਕਿ ਵਿਦਿਆਰਥੀਆਂ ਲਈ ਮਨੋਰੰਜਨ, ਖੇਡਾਂ ਅਤੇ ਸੱਭਿਆਚਾਰਕ ਸਮਾਗਮ ਇਸ ਲਈ ਆਯੋਜਿਤ ਕੀਤੇ ਜਾਂਦੇ ਹਨ, ਤਾਂ ਜੋ ਬੱਚਿਆਂ ਨੂੰ ਪੜ੍ਹਾਈ ਬੋਝ ਨਾ ਲੱਗੇ।ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿਚ ਵੀ ਅਹਿਮ ਰੋਲ ਨਿਭਾਉਂਦੀਆਂ ਹਨ ।

## ਦੀਵਾਲੀ ਤੋਹਫੇ ਵਜੋਂ ਸਾਰੇ ਬਕਾਏ ਤੇ ਡੀ ਏ ਦੇਣ ਦਾ ਐਲਾਨ ਕਰੇ ਸਰਕਾਰ : ਲੁਬਾਣਾ, ਰਾਣਵਾਂ

**ਮੋਹਾਲੀ (ਗੁਰਜੀਤ ਬਿੱਲਾ)** ਪੰਜਾਬ ਵਿੱਚ ਤਿਓਹਾਰਾਂ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ ਦੁਸਿਹਰਾ ਲੰਘ ਗਿਆ ਦੀਵਾਲੀ ਨਜ਼ਦੀਕ ਆ ਰਹੀ ਹੈ, ਪਰ ਭਗਵੰਤ ਮਾਨ ਸਰਕਾਰ ਮੁਲਾਜਮਾਂ ਅਤੇ ਪੈਨਸ਼ਨਰਾਂ ਦਾ ਤਨਖਾਹ ਰਵੀਜ਼ਨ ਦਾ 66 ਮਹੀਨਿਆਂ ਦਾ ਬਕਾਇਆ, 12 ਫੀਸਦੀ ਡੀ ਏ ਦੀਆਂ ਤਿੰਨ ਕਿਸ਼ਤਾਂ ਅਤੇ 239 ਮਹੀਨੇ ਦਾ ਡੀ ਏ ਦਾ ਬਕਾਇਆ ਦੇਣ ਬਾਰੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਘੇਸਲ ਮਾਰੀ ਬੈਠੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਦੀ ਕਲਾਸ ਫੋਰ ਗੌ: ਇੰਪਲਾਈਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ, ਚੇਅਰਮੈਨ ਸੁਖਦੇਵ ਸਿੰਘ ਸੁਰਤਾਪੁਰੀ, ਮੁੱਖ ਸਲਾਹਕਾਰ ਕਰਤਾਰ ਸਿੰਘ ਪਾਲ, ਐਕਟਿੰਗ ਪ੍ਰਧਾਨ ਜਸਵਿੰਦਰ ਪਾਲ ਉਘੀ, ਵਿੱਤ ਸਕੱਤਰ ਚੰਦਨ ਸਿੰਘ, ਵਾਈਸ ਪ੍ਰਧਾਨ ਪਵਨ ਗੋਡਿਆਲ, ਚੰਡੀਗੜ੍ਹ ਯੂਨਿਟ ਦੇ ਪ੍ਰਧਾਨ ਕ੍ਰਿਸ਼ਨ ਪ੍ਰਸਾਦਿ, ਪ੍ਰੇਮ ਚੰਦ ਸ਼ਰਮਾ ਮੋਹਾਲੀ ਅਤੇ ਰਮਨ ਸ਼ਰਮਾ ਚੰਡੀਗੜ੍ਹ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 7 ਲੱਖ ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਅਣਗੌਲਿਆਂ ਕਰਨ ਨਾਲ ਮੁਲਾਜਮਾਂ ਵਿੱਚ ਗੁੱਸੇ ਲਹਿਰ ਫੈਲ ਰਹੀ ਹੈ, ਜਿਸ ਕਾਰਨ ਪੰਜਾਬ ਸਰਕਾਰ ਨੂੰ ਭਵਿੱਖ ਵਿੱਚ ਤਿੱਖੇ ਸੰਘਰਸ਼ਾਂ ਦਾ ਸਾਹਮਣਾ ਕਰਨਾ ਪਵੇਗਾ, ਜਥੇਬੰਦੀ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣ, ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ ਨੇ ਪੰਜਾਬ ਸਰਕਾਰ ਤੋਂ ਪੁਰਜੋਰ ਮੰਗ ਕੀਤੀ ਕਿ ਦੀਵਾਲੀ ਤੋਂ ਪਹਿਲਾਂ ਪਹਿਲਾਂ ਤੋਹਵੇ ਵਜੋਂ ਤਨਖਾਹ ਰਵੀਜਨ ਦੇ ਬਕਾਏ, ਪੈਂਡਿੰਗ ਡੀ ਏ ਅਤੇ ਬਕਾਇਆ ਨਗਦ ਦਿੱਤਾ ਜਾਵੇ, ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ ਅਤੇ ਹਰ ਸਾਲ ਦੀ ਤਰ੍ਹਾਂ ਸਮੂਹ ਵਿਭਾਗਾਂ ਵਿੱਚ ਕੰਮ ਕਰਦੇ ਗਰੁੱਪ ਡੀ ਮੁਲਾਜਮਾਂ ਅਤੇ ਪੈਨਸ਼ਨਰਾਂ, ਠੇਕਾ ਅਤੇ ਆਊਟ ਸੋਰਸ਼ ਕਰਮੀਆਂ ਨੂੰ 20 ਹਜਾਰ ਰੁਪੈ ਸੂਦ ਰਹਿਤ ਤਿਓਹਾਰੀ ਕਰਜ਼ਾ ਦਿੱਤਾ ਜਾਵੇ।

## ਭਾਰਤੀ ਫੌਜ ਦੀ ਵਿਸ਼ਵ 'ਚ ਵਿਲੱਖਣ ਪਛਾਣ : ਕੈਵਲਯਾਨ ਤ੍ਰਿਵਿਕਰਮ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਅਰੁਣਾਚਲ ਪ੍ਰਦੇਸ਼ ਦੇ ਰਾਜਪਾਲ ਲੈਫਟੀਨੈਂਟ ਜਨਰਲ ਕੈਵਲਯਾਨ ਤ੍ਰਿਵਿਕਰਮ ਪ੍ਰਨਾਇਕ ਨੇ ਕਿਹਾ ਕਿ ਭਾਰਤੀ ਫੌਜ ਦੀ ਵਿਸ਼ਵ ਵਿੱਚ ਵਿਲੱਖਣ ਪਛਾਣ ਹੈ। ਉਨ੍ਹਾਂ ਕਿਹਾ ਕਿ ਅੱਜ ਭਾਰਤੀ ਫੌਜ ਦੀਆਂ ਕਈ ਕੰਪਨੀਆਂ ਸੰਯੁਕਤ ਰਾਸ਼ਟਰ ਵਿੱਚ ਆਪਣੀਆਂ ਸੇਵਾਵਾਂ ਦੇ ਰਹੀਆਂ ਹਨ। ਦੁਨੀਆ ਦੇ ਕਈ ਦੇਸ਼ਾਂ ਵਿੱਚ ਸੁਰੱਖਿਆ ਅਸਥਿਰਤਾ ਪੈਦਾ ਹੋ ਰਹੀ ਹੈ।ਰਾਜਪਾਲ ਅਰੁਣਾਚਲ ਪ੍ਰਦੇਸ਼ ਦੇ ਲੈਫਟੀਨੈਂਟ ਜਨਰਲ ਕੈਵਲਯਾਨ ਤ੍ਰਿਵਿਕਰਮ ਪ੍ਰਨਾਇਕ ਅੱਜ ਭਿਵਾਨੀ ਜ਼ਿਲ੍ਹੇ ਦੇ ਸਥਾਨਕ ਜਾਟ ਭਵਨ ਵਿੱਚ ਦੋ ਰਾਜ ਰੀਫ ਵੈਟਰਨ ਸੋਲਜਰ ਪਰਵਾਰ ਦੇ ਦਸਵੇਂ ਸਾਬਕਾ ਸੈਨਿਕ ਮਿਲਣੀ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਮੌਜੂਦ ਸਾਬਕਾ ਸੈਨਿਕਾਂ ਨੂੰ ਸੰਬੋਧਨ ਕਰ ਰਹੇ ਸਨ। ਰਾਜਪਾਲ ਨੇ ਕਿਹਾ ਕਿ ਦੇਸ਼ ਦੀ ਸੈਨਾ ਵਿੱਚ ਕਈ ਯੂਨਿਟ ਹਨ, ਜਿਨ੍ਹਾਂ ਵਿੱਚੋਂ ਇੱਕ ਯੂਨਿਟ ਹੈ ਜੋ ਹਰ ਸਾਲ ਸਾਬਕਾ ਸੈਨਿਕਾਂ ਦੇ ਪੁਨਰ-ਯੂਨੀਅਨ ਦਾ ਆਯੋਜਨ ਕਰਦੀ ਹੈ। ਸਮਾਜਿਕ ਸਰੋਕਾਰ ਨੂੰ ਪ੍ਰੇਰਿਤ ਕਰਨ ਲਈ ਇਹ ਇੱਕ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਕਿਹਾ ਕਿ ਯੂਨਿਟ ਨੇ ਨਵੰਬਰ 2012 ਵਿੱਚ ਸਾਬਕਾ ਸੈਨਿਕਾਂ ਦੇ ਪੁਨਰ-ਯੂਨੀਅਨ ਦੀ ਸ਼ੁਰੂਆਤ ਕੀਤੀ ਸੀ ਅਤੇ ਉਦੋਂ ਤੋਂ ਇਹ ਸਮਾਗਮ ਲਗਾਤਾਰ ਜਾਰੀ ਹੈ।ਉਨ੍ਹਾਂ ਕਿਹਾ ਕਿ ਕਾਰਗਿਲ ਜੰਗ ਵਿੱਚ ਰਾਜ ਰੀਫ਼ ਯੂਨਿਟ ਨੇ ਅਦੁੱਤੀ ਸਾਹਸ ਨਾਲ ਜਿੱਤ ਪ੍ਰਾਪਤ ਕਰਕੇ ਵਿਸ਼ਵ ਦੀ ਸੁਰੱਖਿਆ ਦਾ ਜਸ਼ਨ ਮਨਾਇਆ ਸੀ। ਦੁਨੀਆ ਦੇ ਕਈ ਦੇਸ਼ ਕਾਰਗਿਲ ਯੁੱਧ ਦੀ ਜਿੱਤ ਨੂੰ ਸੁਰੱਖਿਆ ਪ੍ਰਣਾਲੀ ਲਈ ਪ੍ਰੇਰਨਾ ਸਰੋਤ ਮੰਨਦੇ ਹਨ।ਗਵਰਨਰ ਲੈਫਟੀਨੈਂਟ ਜਨਰਲ ਨੇ ਕਿਹਾ ਕਿ ਦੇਸ਼ ਵਿੱਚ ਮਾਹੌਲ ਬਦਲ ਰਿਹਾ ਹੈ। ਵਿਕਸਤ ਭਾਰਤ ਦੀ ਤਰੱਕੀ ਕਰਕੇ ਦੇਸ਼ ਦੁਨੀਆ ਵਿੱਚ ਪਛਾਣਿਆ ਜਾ ਰਿਹਾ ਹੈ। ਵਿਕਸਤ ਭਾਰਤ ਦੇ ਵਿਕਾਸ ਵਿੱਚ ਸੁਰੱਖਿਆ ਨੂੰ ਬਣਾਈ ਰੱਖਣ ਵਿੱਚ ਭਾਰਤੀ ਫੌਜ ਦਾ ਅਹਿਮ ਯੋਗਦਾਨ ਹੈ।

## ਸਰਬਸੰਮਤੀ ਨਾਲ ਬਣੀ ਮੁੱਤੋ ਮੰਡ ਦੀ ਪੰਚਾਇਤ

### ਸੰਤੋਸ਼ ਕਟਾਰੀਆ ਵਿਧਾਇਕ ਨੇ ਦਿੱਤੀ ਵਧਾਈ



**ਬਲਾਚੌਰ (ਜਸਵਿੰਦਰ ਬੈਂਸ )** ਸਰਬਸੰਮਤੀ ਨਾਲ ਪੰਚਾਇਤਾਂ ਬਣਨ ਨਾਲ ਪਿੰਡਾਂ ਵਿੱਚ ਗੁੱਟਬੰਦੀ ਖਤਮ ਹੋਈ ਹੈ ਤੇ ਬਜ਼ੁਰਗਾਂ ਦਾ ਆਦਰ ਸਤਿਕਾਰ ਵਧਿਆ ਹੈ । ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬੀਬੀ ਸੰਤੋਸ਼ ਕਟਾਰੀਆ ਵਿਧਾਇਕ ਹਲਕਾ ਬਲਾਚੌਰ ਨੇ ਪਿੰਡ ਮੁੱਤੋ ਮੰਡ ਦੇ ਨਵਨਿਯੁਕਤ ਸਰਪੰਚ ਰਮਨਦੀਪ ਕੌਰ ਅਤੇ ਮਨਜੀਤ ਕੌਰ, ਕੁਲਦੀਪ ਕੌਰ, ਸੌਦਾਗਰ ਸਿੰਘ, ਪਰਸ਼ੋਤਮ ਲਾਲ, ਪ੍ਰੇਮ ਸਿੰਘ(ਪੰਚ ) ਆਦਿ ਨੂੰ ਹਾਰ ਪਹਿਨਾ ਕੇ ਵਧਾਈ ਦਿੱਤੀ ।ਬੀਬੀ ਸੰਤੋਸ਼ ਕਟਾਰੀਆ ਨੇ ਕਿਹਾ ਕਿ ਹਲਕਾ ਬਲਾਚੌਰ ਦੀਆਂ 83 ਪੰਚਾਇਤਾਂ ਸਰਬਸੰਮਤੀ ਨਾਲ ਬਣੀਆਂ ਹਨ। ਮੈਂ ਸਾਰੀਆਂ ਨਵੀਆਂ ਪੰਚਾਇਤਾਂ ਨੂੰ ਮੁਬਾਰਕਬਾਦ ਦਿੰਦੀ ਹਾਂ । ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਵਾਅਦਾ ਕੀਤਾ ਹੈ ਕਿ ਸਰਬਸੰਮਤੀ ਨਾਲ ਬਣੀ ਪੰਚਾਇਤ ਨੂੰ ਪੰਜ ਲੱਖ ਰੁਪਏ ਜ਼ਰੂਰ ਮਿਲੇਗਾ । ਸੰਤੋਸ਼ ਕਟਾਰੀਆ ਨੇ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਹਲਕਾ ਬਲਾਚੌਰ ਵਿਖੇ ਸਰਬਸੰਮਤੀ ਨਾਲ ਇਨੀਆਂ ਜ਼ਿਆਦਾ ਪੰਚਾਇਤਾਂ ਬਣੀਆਂ ਹੋਣ ।ਇਸ ਮੌਕੇ ਬੀੜ ਕਾਠਗੜ੍ਹ ਤੋਂ ਸਰਪੰਚ ਜਸਵੀਰ ਸਿੰਘ ਘੁੰਮਣ, ਕਸ਼ਮੀਰ ਸਿੰਘ, ਰਣਜੀਤ ਸਿੰਘ, ਜਸਵੀਰ ਸਿੰਘ, ਤਰਮਿੰਦਰ ਸਿੰਘ, ਜਸਪਾਲ ਸਿੰਘ , ਰਕੇਸ਼ ਕੁਮਾਰ, ਹਰਮਿੰਦਰ ਸਿੰਘ ਹੈਪੀ, ਮਨਦੀਪ ਸਿੰਘ, ਅਜੀਤ ਸਿੰਘ, ਨਿਰਮਲ ਸਿੰਘ ਤੇ ਲਛਮਨ ਦਾਸ ਮੌਜੂਦ ਸਨ।

## ਡੀ ਸੀ, ਐੱਸ ਡੀ ਐੱਮਜ਼ ਤੇ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੁਖੀਆਂ ਨੂੰ ਮੰਡੀਆਂ 'ਚ ਰੋਜ਼ਾਨਾ ਦੌਰੇ ਕਰਨ ਲਈ ਕਿਹਾ



**ਮੋਹਾਲੀ, (ਗੁਰਜੀਤ ਬਿੱਲਾ)** ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਐਸ ਡੀ ਐਮਜ਼ ਅਤੇ ਜ਼ਿਲ੍ਹਾ ਖਰੀਦ ਏਜੰਸੀਆਂ ਦੇ ਮੁਖੀਆਂ ਨੂੰ ਝੋਨੇ ਦੇ ਚੱਲ ਰਹੇ ਖਰੀਦ ਕਾਰਜਾਂ ਵਿੱਚ ਤੇਜ਼ੀ ਲਿਆਉਣ ਲਈ ਮੰਡੀਆਂ ਵਿੱਚ ਮੌਜੂਦ ਰਹਿਣ ਲਈ ਕਿਹਾ ਤਾਂ ਜੋ ਖਰੀਦ ਅਤੇ ਲਿਫਟਿੰਗ ਵਿੱਚ ਕਿਸੇ ਵੀ ਤਰ੍ਹਾਂ ਦੀ ਰੁਕਾਵਟ ਨਾ ਆਵੇ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਐਸ ਏ ਐਸ ਨਗਰ ਮੁਹਾਲੀ ਵਿਖੇ ਐਤਵਾਰ ਨੂੰ ਖਰੀਦ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਖਰੀਦ ਕਾਰਜਾਂ ਵਿੱਚ ਲੱਗੇ ਸਮੂਹ ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਕਿ ਛੁੱਟੀ ਵਾਲੇ ਦਿਨ ਵੀ ਖਰੀਦ ਕਾਰਜਾਂ ਵਿੱਚ ਕੋਈ ਰੁਕਾਵਟ ਨਾ ਆਉਣ ਦਿੱਤੀ ਜਾਵੇ।ਉਨ੍ਹਾਂ ਕਿਹਾ ਕਿ ਕੱਲ੍ਹ ਸ਼ਾਮ ਆਮਦ 37000 ਮੀਟਰਿਕ ਟਨ ਤੱਕ ਪਹੁੰਚ ਗਈ ਸੀ, ਰੋਜ਼ਾਨਾ ਔਸਤ 6000 ਤੋਂ 7000 ਮੀਟਰਕ ਟਨ ਦੀ ਹੈ, ਇਸ ਲਈ ਏਜੰਸੀਆਂ ਨੂੰ ਖਰੀਦ ਵਿੱਚ ਕੋਈ ਢਿੱਲ ਨਹੀਂ ਵਰਤਣੀ ਚਾਹੀਦੀ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਭਾਰਤੀ ਖੁਰਾਕ ਨਿਗਮ ਨੂੰ ਸਨੇਟਾ ਅਤੇ ਭਾਗੀਮਾਜਰਾ ਮੰਡੀਆਂ ਤੋਂ ਇਲਾਵਾ ਡੇਰਾਬੱਸੀ ਦੇ ਨਗਲਾ ਅਤੇ ਲਾਲੜੂ ਦੇ ਅਸ਼ੋਕ ਬੱਤਰਾ ਯਾਰਡ (ਅਸਥਾਈ ਮੰਡੀ) ਵਿੱਚ ਵੀ ਖਰੀਦ ਦਾ ਕੰਮ ਸੌਂਪਿਆ ਗਿਆ ਹੈ।ਸ੍ਰੀਮਤੀ ਜੈਨ ਨੇ ਅੱਗੇ ਕਿਹਾ ਕਿ ਜ਼ਿਲ੍ਹੇ ਵਿੱਚ ਕੁੱਲ 18 ਖਰੀਦ ਕੇਂਦਰ ਹਨ ਜਿਨ੍ਹਾਂ 'ਚ ਸਾਰਿਆਂ ਚ ਹੀ ਝੋਨੇ ਦੀ ਆਮਦ ਹੋ ਰਹੀ ਹੈ।ਖਰੀਦੇ ਗਏ ਝੋਨੇ ਦੀ ਲਿਫਟਿੰਗ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਸਮੂਹ ਉਪ ਮੰਡਲ ਮੈਜਿਸਟਰੇਟਾਂ ਨੂੰ ਖਰੀਦ ਏਜੰਸੀਆਂ ਦੇ ਸੰਪਰਕ ਵਿੱਚ ਰਹਿਣ ਅਤੇ ਲਿਫਟਿੰਗ ਵਿੱਚ ਤੇਜ਼ੀ ਲਿਆਉਣ ਲਈ ਕਿਹਾ।ਜ਼ਿਲ੍ਹਾ ਖੁਰਾਕ ਤੇ ਸਪਲਾਈਜ਼ ਕੰਟਰੋਲਰ ਵਿਜੇ ਕੁਮਾਰ ਸਿੰਗਲਾ ਨੇ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਖਰੜ, ਲਾਲੜੂ, ਜੜੌਤ ਅਤੇ ਡੇਰਾਬੱਸੀ ਤੋਂ ਇਲਾਵਾ ਕੁਰਾਲੀ, ਖਿਜ਼ਰਾਬਾਦ ਅਤੇ ਬਨੂੜ ਵਿਖੇ ਵੀ ਲਿਫਟਿੰਗ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ।

ਡੀ ਸੀ ਜੈਨ ਨੇ ਡੀ ਐਫ ਐਸ ਸੀ ਅਤੇ ਖਰੀਦ ਏਜੰਸੀਆਂ ਦੇ ਸਾਰੇ ਜ਼ਿਲ੍ਹਾ ਮੁਖੀਆਂ ਨੂੰ ਬਾਕੀ ਮੰਡੀਆਂ ਵਿੱਚ ਵੀ ਕੱਲ੍ਹ ਤੋਂ ਲਿਫਟਿੰਗ ਸ਼ੁਰੂ ਕਰਨੀ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਦਿਨੋ-ਦਿਨ ਖਰੀਦ ਤੇਜ਼ ਹੋਣ ਦੇ ਮੱਦੇਨਜ਼ਰ ਸਾਨੂੰ ਮੰਡੀਆਂ ਵਿੱਚ ਥਾਂ ਦੀ ਕਿੱਲਤ ਤੋਂ ਬਚਣ ਲਈ ਲਿਫਟਿੰਗ ਦਾ ਵੀ ਧਿਆਨ ਰੱਖਣਾ ਚਾਹੀਦਾ ਹੈ।ਮੀਟਿੰਗ ਵਿੱਚ ਏ.ਡੀ.ਸੀ.(ਜਨਰਲ) ਵਿਰਾਜ ਐਸ.ਤਿੜਕੇ, ਏ.ਡੀ.ਸੀ.(ਵਿਕਾਸ) ਸੋਨਮ ਚੌਧਰੀ, ਐਸ.ਡੀ.ਐਮ ਮੁਹਾਲੀ ਦਮਨਦੀਪ ਕੌਰ, ਐਸ.ਡੀ.ਐਮ ਡੇਰਾਬੱਸੀ ਅਮਿਤ ਗੁਪਤਾ, ਐਸ.ਡੀ.ਐਮ ਖਰੜ ਗੁਰਮੰਦਰ ਸਿੰਘ ਅਤੇ ਸਹਾਇਕ ਕਮਿਸ਼ਨਰ (ਜਨਰਲ) ਡਾ. ਅੰਕਿਤਾ ਕਾਂਸਲ ਤੋਂ ਇਲਾਵਾ ਖਰੀਦ ਏਜੰਸੀਆਂ ਨਾਲ ਸਬੰਧਤ ਜ਼ਿਲ੍ਹੇ ਦੇ ਸਮੂਹ ਅਧਿਕਾਰੀਆਂ ਨੇ ਸ਼ਿਰਕਤ ਕੀਤੀ।

## ਦਸੰਬਰ ਦੇ ਪਹਿਲੇ ਹਫਤੇ ਕਰਵਾਇਆ ਜਾਵੇਗਾ ਸੂਬਾ ਪੱਧਰੀ ਵਾਲੀਬਾਲ ਟੂਰਨਾਮੈਂਟ



**ਅੱਡਾ ਸਰਾਂ ਟਾਂਡਾ ਉੜਮੁੜ, (ਜਸਵੀਰ ਕਾਜਲ, ਜਸਵਿੰਦਰ)**- ਪੰਜਾਬ ਵਿਚ ਵਾਲੀਬਾਲ ਖੇਡ ਨੂੰ ਪ੍ਰਫੁੱਲਿਤ ਕਰਨ ਲਈ ਮਿਸ਼ਨ ਚਲਾ ਰਹੀ ਬੱਲੀ ਬਰਾੜ ਮੈਮੋਰੀਅਲ ਟਰੱਸਟ ਵੱਲੋਂ ਟਾਂਡਾ ਦੇ ਪਿੰਡ ਜੌੜਾ ਵਿਖੇ ਦਸੰਬਰ ਮਹੀਨੇ ਦੇ ਪਹਿਲੇ ਹਫਤੇ ਵਿਚ ਸੂਬਾ ਪੱਧਰੀ ਛੇਵਾਂ ਬੱਲੀ ਬਰਾੜ ਮੈਮੋਰੀਅਲ ਵਾਲੀਬਾਲ ਟੂਰਨਾਮੈਂਟ ਕਰਵਾਇਆ ਜਾਵੇਗਾ। ਇਹ ਫੈਸਲਾ ਟਰੱਸਟ ਦੀ ਹੋਈ ਮੀਟਿੰਗ ਦੌਰਾਨ ਪ੍ਰਬੰਧਕਾਂ ਨੇ ਲਿਆ ਹੈ। ਅਰਜੁਨ ਅਵਾਰਡੀ ਸੁਖਪਾਲ ਸਿੰਘ ਬਰਾੜ ਆਈ ਪੀ ਐੱਸ, ਚੀਫ ਪੈਟਰਨ ਸਰਬਜੀਤ ਸਿੰਘ ਗੋਲਡੀ, ਕੋਚ ਦਲਵੀਰ ਸਿੰਘ, ਅਮਰਜੀਤ ਸਿੰਘ ਗਿੱਲ ਖੋਖਰ, ਰਤਨ ਸਿੰਘ ਖੋਖਰ, ਅਮ੍ਰਿਤਪਾਲ ਸਿੰਘ, ਕੋਚ ਗੁਰਬਖਸ ਸਿੰਘ ਆਦਿ ਮੈਂਬਰਾਂ ਨੇ ਵਾਲੀਬਾਲ ਖੇਡ ਨੂੰ ਪ੍ਰਫੁੱਲਿਤ ਕਰਨ ਲਈ ਪ੍ਰੋਗਰਾਮ ਉਲੀਕਿਆ। ਇਸ ਦੇ ਨਾਲ ਹੀ ਬੱਲੀ ਬਰਾੜ ਮੈਮੋਰੀਅਲ ਸੂਬਾ ਪੱਧਰੀ ਵਾਲੀਬਾਲ ਟੂਰਨਾਮੈਂਟ 6 ਤੋਂ 8 ਦਸੰਬਰ ਨੂੰ ਪਿੰਡ ਜੌੜਾ ਵਿਚ ਕਰਵਾਉਣ ਦਾ ਫੈਸਲਾ ਕੀਤਾ ਗਿਆ। ਜਿਸ ਨੂੰ ਲੈ ਕੇ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ। ਉਕਤ ਪ੍ਰਬੰਧਕਾਂ ਨੇ ਦੱਸਿਆ ਕਿ ਸਰਪ੍ਰਸਤ ਉੱਘੇ ਖੇਡ ਪ੍ਰਮੋਟਰ ਅਤੇ ਸਮਾਜ ਸੇਵੀ ਮਨਜੀਤ ਸਿੰਘ ਦਸੂਹਾ ਦੀ ਅਗਵਾਈ ਵਿਚ ਹੋਣ ਵਾਲੇ ਇਸ ਟੂਰਨਾਮੈਂਟ ਵਿਚ ਲੜਕੀਆਂ ਦੀਆਂ ਚੋਟੀ ਦੀਆਂ ਟੀਮਾਂ ਖੇਡ ਦਾ ਪ੍ਰਦਰਸ਼ਨ ਕਰਨਗੀਆਂ। ਜਿਨ੍ਹਾਂ ਵਿਚ ਮਹਾਰਾਸ਼ਟਰ ਬੈਂਕ, ਸੈਂਟਰਲ ਰੇਲਵੇ, ਪੰਜਾਬੀ ਯੂਨੀਵਰਸਿਟੀ, ਲਵਲੀ ਯੂਨੀਵਰਸਿਟੀ, ਚੰਡੀਗੜ੍ਹ ਯੂਨੀਵਰਸਿਟੀ, ਰਾਜਸਥਾਨ ਦੀਆਂ ਲੜਕੀਆਂ ਭਾਗ ਲੈਣਗੀਆਂ।

ਇਸ ਮੌਕੇ ਇੰਟਰਨੈਸ਼ਨਲ ਖਿਡਾਰੀ ਐੱਸ. ਪੀ ਸੁਖਦੇਵ ਸਿੰਘ, ਕੁਲਵੰਤ ਸਿੰਘ ਖੋਖਰ, ਜਸਬੀਰ ਕੌਰ ਰੰਧਾਵਾ ਸਕੱਤਰ, ਜਸਬੀਰ ਕੌਰ ਰਾਣੀ ਅਤੇ ਗੁਰਵਿੰਦਰ ਕੌਰ ਮੌਜੂਦ ਸਨ।

## ਸਰਬ ਨੌਜਵਾਨ ਸਭਾ ਨੇ ਖੇੜਾ ਰੋਡ 'ਤੇ ਕਰਵਾਈ ਮਾਂ ਭਗਵਤੀ ਦੀ 34ਵੀਂ ਸਾਲਾਨਾ ਚੌਕੀ



**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)** ਸਰਬ ਨੌਜਵਾਨ ਸਭਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਵੱਲੋਂ ਅੱਠ ਲੋੜਵੰਦ ਪਰਵਾਰਾਂ ਦੀਆਂ ਧੀਆਂ ਦੇ ਸਮੂਹਿਕ ਵਿਆਹ ਸਮਾਗਮ ਦੇ ਸਫਲ ਆਯੋਜਨ ਉਪਰੰਤ ਹਰ ਸਾਲ ਦੀ ਤਰ੍ਹਾਂ ਮਾਂ ਭਗਵਤੀ ਦੀ 34ਵੀਂ ਸਾਲਾਨਾ ਚੌਕੀ ਸਥਾਨਕ ਖੇੜਾ ਰੋਡ 'ਤੇ ਕਰਵਾਈ ਗਈ। ਸਭਾ ਦੇ ਮੁੱਖ ਸਰਪ੍ਰਸਤ ਸਤਪਾਲ ਲਾਂਬਾ ਦੀ ਅਗਵਾਈ ਅਤੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਦੇਖ-ਰੇਖ ਹੇਠ ਕਰਵਾਏ ਗਏ ਉਕਤ ਧਾਰਮਿਕ ਪ੍ਰੋਗਰਾਮ ਦੌਰਾਨ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਮਾਰਕੀਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ, ਪ੍ਰਦੀਪ ਚਟਾਨੀ ਐਸ ਡੀ ਓ ਸੀਵਰੇਜ ਬੋਰਡ ਅਤੇ ਕੁੰਦਨਾ ਚਟਾਨੀ, ਜੀ ਆਰ ਪੀ ਇੰਚਾਰਜ ਜੋਧ ਸਿੰਘ ਤੋਂ ਇਲਾਵਾ ਆਪ ਪਾਰਟੀ ਦੇ ਐੱਸ ਸੀ ਵਿੰਗ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਸੰਤੋਸ਼ ਕੁਮਾਰ ਗੋਗੀ ਵਿਸ਼ੇਸ਼ ਤੌਰ 'ਤੇ ਮਾਤਾ ਰਾਣੀ ਦੇ ਦਰਬਾਰ 'ਚ ਨਤਮਸਤਕ ਹੋਏ ਅਤੇ ਮਾਂ ਭਗਵਤੀ ਦਾ ਆਸ਼ੀਰਵਾਦ ਲਿਆ।ਇਸ ਦੌਰਾਨ ਜਸਪਾਲ ਸਿੰਘ ਚੀਮਾ ਅਤੇ ਉਨ੍ਹਾਂ ਦੀ ਪਤਨੀ ਮਦਨਜੀਤ ਚੀਮਾ ਨੇ ਜੋਤੀ ਪੂਜਨ ਕਰਵਾਇਆ।ਚੁਨਰੀ ਦੀ ਰਸਮ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਨਿਭਾਈ ਜਦਕਿ ਝੰਡੇ ਦੀ ਰਸਮ ਸਮਾਜ ਸੇਵੀ ਰਾਜ ਕੁਮਾਰ ਮੱਟੂ ਵਲੋਂ ਨਿਭਾਈ ਗਈ। ਪੰਡਤ ਸ਼ੰਕਰ ਭਾਰਦਵਾਜ ਵੱਲੋਂ ਧਾਰਮਿਕ ਰਸਮਾਂ ਉਪਰੰਤ ਮਾਤਾ ਰਾਣੀ ਦੀ ਚੌਕੀ ਦਾ ਉਦਘਾਟਨ ਭਜਨ ਗਾਇਕ ਕੁਮਾਰ ਸੰਜੀਵ ਲੁਧਿਆਣਾ ਐਂਡ ਮਿਊਜ਼ੀਕਲ ਗਰੁੱਪ ਵੱਲੋਂ ਸ਼੍ਰੀ ਗਣੇਸ਼ ਵੰਦਨਾ ਨਾਲ ਕੀਤਾ ਗਿਆ।

ਵਿਧਾਇਕ ਧਾਲੀਵਾਲ ਨੇ ਸਰਬ ਨੌਜਵਾਨ ਸਭਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਵੱਲੋਂ ਸਮਾਜਿਕ ਅਤੇ ਧਾਰਮਿਕ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ। ਭੰਡਾਰੇ ਦੀ ਸੇਵਾ ਵਿੱਚ ਮਾਰਕੀਟ ਕਮੇਟੀ ਦੇ ਚੇਅਰਮੈਨ ਤਵਿੰਦਰ ਰਾਮ ਸਮੇਤ ਸਮੂਹ ਪਤਵੰਤਿਆਂ ਨੇ ਪੂਰਾ ਸਹਿਯੋਗ ਦਿੱਤਾ। ਸਮਾਗਮ ਦੌਰਾਨ ਨਵ-ਵਿਆਹੇ ਜੋੜੇ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੇ ਵੀ ਮਾਤਾ ਰਾਣੀ ਦੇ ਦਰਬਾਰ ਵਿੱਚ ਮੱਥਾ ਟੇਕਿਆ ਅਤੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਕੁਮਾਰ ਸੰਜੀਵ ਨੇ ਆਪਣੀਆਂ ਮਕਬੂਲ ਭੇਟਾਂ ਰਾਹੀਂ ਸ਼ਰਧਾਲੂਆਂ ਨੂੰ ਝੂਮਣ ਲਈ ਰੱਖਿਆ। ਪ੍ਰਬੰਧਕਾਂ ਨੇ ਮੁੱਖ ਮਹਿਮਾਨਾਂ, ਪਤਵੰਤਿਆਂ ਅਤੇ ਸਹਿਯੋਗੀਆਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਵੀ ਕੀਤਾ। ਸਟੇਜ ਦੀ ਸੇਵਾ ਲੈਕਚਰਾਰ ਹਰਜਿੰਦਰ ਗੋਗਨਾ ਨੇ ਬਾਖੂਬੀ ਨਿਭਾਈ।

## ਝੋਨੇ ਦੀ ਖਰੀਦ ਨਾ ਹੋਣ ਦੇ ਵਿਰੋਧ ਤਹਿਤ ਚੱਕਾ ਜਾਮ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)** ਇਥੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਝੋਨੇ ਦੀ ਖਰੀਦ ਨਾ ਹੋਣ ਦੇ ਵਿਰੁੱਧ ਤਿੰਨ ਘੰਟੇ ਚੱਕਾ ਜਾਮ ਦੇ ਸੱਦੇ ਤਹਿਤ ਫਗਵਾੜਾ ਬਾਈਪਾਸ ਹੁਸ਼ਿਆਰਪੁਰ ਵਿਖੇ ਕਿਰਤੀ ਕਿਸਾਨ ਯੂਨੀਅਨ ਅਤੇ ਕਿਸਾਨ ਕਮੇਟੀ ਦੁਆਬਾ ਵੱਲੋਂ ਚੱਕਾ ਜਾਮ ਕੀਤਾ ਗਿਆ ਤੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇ ਕੱਲ ਤੱਕ ਮਸਲਾ ਹੱਲ ਨਾ ਹੋਇਆ ਤਾਂ ਵੱਡਾ ਐਕਸ਼ਨ ਕੀਤਾ ਜਾਵੇਗਾ। ਇਸ ਸਮੇਂ ਕਿਰਤੀ ਕਿਸਾਨ ਯੂਨੀਅਨ ਦੇ ਜਗਤਾਰ ਸਿੰਘ ਭਿੰਡਰ, ਸਤਨਾਮ ਸਿੰਘ ਮੁਖਲਿਆਣਾ, ਜਰਨੈਲ ਸਿੰਘ ਮੁਖਲਿਆਣਾ, ਬਲਵਿੰਦਰ ਸਿੰਘ ਵਿਰਕ, ਭਾਗ ਸਿੰਘ ਹਾਰਟਾ, ਗੁਰਦੀਪ ਸਿੰਘ ਹਰਖੋਵਾਲ, ਜਰਨੈਲ ਸਿੰਘ ਜੱਲੋਵਾਲ, ਦਰਸ਼ਨ ਸਿੰਘ ਖ਼ਨੂਰ, ਹਰਨੇਕ ਸਿੰਘ ਪੰਡੋਰੀ, ਬੀਬੀ ਕਿਸ਼ਨ ਕਮੇਟੀ ਦੁਆਬਾ ਦੇ ਹਰਬੰਸ ਸਿੰਘ ਸੰਘਾ, ਮੰਗਤ ਸਿੰਘ ਆੜਤੀਆਂ ਅਤੇ ਪੱਲੇਦਾਰਾਂ ਦੇ ਨੁਮਾਇੰਦੇ ਨਰਿੰਦਰ ਮੋਹਨ, ਮਹਿੰਦਰ ਸਿੰਘ ਰਾਜੂ, ਪੂਰਨ ਆਦਿ ਵੀ ਹਾਜ਼ਰ ਸਨ।

ਇਸੇ ਤਰ੍ਹਾਂ ਹੁਸ਼ਿਆਰਪੁਰ ਚੰਡੀਗੜ੍ਹ ਬਾਈਪਾਸ 'ਤੇ ਜਮਹੂਰੀ ਕਿਸਾਨ ਸਭਾ ਅਤੇ ਦੋਆਬਾ ਜਨਰਲ ਕੈਟਾਗਰੀ ਫਰੰਟ ਧਰਨਾ ਪ੍ਰਦਰਸ਼ਨ ਕੀਤਾ। ਡਾਕਟਰ ਸੁਖਦੇਵ ਸਿੰਘ, ਬਲਵਿੰਦਰ ਸਿੰਘ ਗਿੱਲ, ਪ੍ਰਧਾਨ ਬਲਵੀਰ ਸਿੰਘ ਫੁਗਲਾਣਾ, ਜਨਰਲ ਸਕੱਤਰ ਜਗਤਾਰ ਸਿੰਘ ਭੂੰਗਰਨੀ, ਸੁਰਜੀਤ ਸਿੰਘ ਮਸੂਤਾ ਮਲਕੀਅਤ ਸਿੰਘ, ਸੂਰਜ ਪ੍ਰਕਾਸ਼ ਸਿੰਘ, ਸੰਤੋਖ ਸਿੰਘ ਅਤੇ ਹੋਰ ਕਿਸਾਨ ਆਗੂ।

## ਸਰਕਾਰੀ ਪ੍ਰਾਇਮਰੀ ਸਕੂਲ ਹੁਸੈਨਪੁਰ 'ਚ ਬਲਾਕ ਪੱਧਰੀ ਖੇਡਾਂ ਸਮਾਪਤ



**ਕਾਲਾ ਸੰਘਿਆ (ਮਨਜੀਤ ਮਾਨ)** ਬੀਤੇ ਦਿਨੀਂ ਸਰਕਾਰੀ ਪ੍ਰਾਇਮਰੀ ਸਕੂਲ ਹੁਸੈਨਪੁਰ ਵਿਖੇ ਬਲਾਕ ਨਕੋਦਰ 2 ਦੀਆਂ ਬਲਾਕ ਪੱਧਰੀ ਖੇਡਾਂ ਦਾ ਅਯੋਜਨ ਕੀਤਾ ਗਿਆ ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆ ਹੈੱਡ ਟੀਚਰ, ਨਿਰਮਲ ਕੁਮਾਰ ਟੁੱਟ ਨੇ ਦੱਸਿਆ ਕਿ ਸੈਟਰ ਪੱਧਰ ਦੇ ਟੂਰਨਾਮੈਂਟ ਵਿੱਚੋਂ ਜੇਤੂ ਟੀਮਾਂ ਨੇ ਇਸ ਵਿੱਚ ਭਾਗ ਲਿਆ ਹੈ।ਇਸ ਦੋ ਦਿਨਾਂ ਟੂਰਨਾਮੈਂਟ ਦਾ ਉਦਘਾਟਨ ਪ੍ਰਦੀਪ ਕੁਮਾਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ (ਨਕੋਦਰ 2), ਪ੍ਰੀਤਮ ਸਿੰਘ (ਸਾਬਕਾ ਸਰਪੰਚ) ਜਸਵਿੰਦਰ ਸਿੰਘ (ਰਿਟਾਇਰਡ ਆਰਮੀ ਅਫਸਰ) ਵੱਲੋਂ ਕੀਤਾ ਗਿਆ।ਇਸ ਟੂਰਨਾਮੈਂਟ ਵਿੱਚ 15 ਖੇਡਾਂ ਅਤੇ ਅਥਲੈਟਿਕਸ ਦੇ ਮੁਕਾਬਲੇ ਕਰਵਾਏ ਗਏ।ਓਵਰ ਆਲ ਟਰਾਫੀ ਬੋਪਾਰਾਏ ਕਲਾਂ ਸੈਂਟਰ ਨੇ ਪ੍ਰਾਪਤ ਕੀਤੀ, 100 ਮੀਟਰ ਦੌੜ ਵਿੱਚ ਅਭਿਸ਼ੇਕ (ਸ. ਪ ਸਕੂਲ ਚਾਨੀਆਂ) 200 ਮੀਟਰ ਦੌੜ ਵਿੱਚ, ਸੁਰਖਾਬ ਦਾਦਰਾ (ਸ: ਪ੍ਰਾ: ਸ ਥਾਬਲਕੇ) ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਟੂਰਨਾਮੈਂਟ ਦੇ ਦੂਸਰੇ ਦਿਨ ਲੜਕੀਆਂ ਦੇ ਮੁਕਾਬਲੇ ਕਰਵਾਏ ਗਏ। ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਪ੍ਰਦੀਪ ਕੁਮਾਰ (ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਨਕੋਦਰ 2) ਜਗਮੀਤ ਸਿੰਘ (ਸਰਪੰਚ) ਮਾਨ ਸਿੰਘ (ਐਸ ਐਮ ਸੀ ਚੇਅਰਮੈਨ) ਅਤੇ ਪਿੰਡ ਦੇ ਪਤਵੰਤੇ ਸੱਜਣਾ ਵੱਲੋਂ ਕੀਤੀ ਗਈ।ਸਟੇਜ ਸੈਕਟਰੀ ਦੀ ਭੂਮਿਕਾ ਯਸ਼ਪਾਲ (ਡਾ) ਅਤੇ ਰਘੁਵੀਰ ਪਾਲ (ਐਚ ਟੀ) ਵੱਲੋਂ ਬਾਖੂਬੀ ਨਿਭਾਈ ਗਈ, ਅਖੀਰ ਵਿੱਚ ਸਕੂਲ ਮੁੱਖੀ ਨਿਰਮਲ ਕੁਮਾਰ ਟੁੱਟ ਨੇ ਪਿੰਡ ਦੇ ਪਤਵੰਤੇ ਸੱਜਣਾਂ ਦਾ, ਗੁਰਦੁਵਾਰਾ ਪ੍ਰਬੰਧਕ ਕਮੇਟੀ ਦਾ, ਟੂਰਨਾਮੈਂਟ ਦੀ ਸਫਲਤਾ ਲਈ ਸਹਿਯੋਗ ਕਰਨ ਲਈ ਧੰਨਵਾਦ ਕੀਤਾ।

## ਰਾਜ ਕੁਮਾਰ ਵੱਲੋਂ ਮੁਹੱਲਾ ਕਲੀਨਿਕ ਟਕਾਰਲਾਂ ਨੂੰ ਭੇਟ ਕੀਤਾ ਇਨਵਰਟਰ



**ਬਲਾਚੌਰ (ਜਸਵਿੰਦਰ ਬੈਂਸ)** ਸਬ ਡਵੀਜ਼ਨ ਬਲਾਚੌਰ ਵਿੱਚ ਪੈਂਦੇ ਪਿੰਡ ਟਕਾਰਲਾ ਵਿਖੇ ਜੋ ਆਮ ਆਦਮੀ ਮੁਹੱਲਾ ਕਲੀਨਿਕ ਸਥਾਪਿਤ ਕੀਤਾ ਗਿਆ ਸੀ ਤੋਂ ਕੁਝ ਦਿਨ ਪਹਿਲਾ ਏ ਸੀ, ਇਨਵਾਟਰ ਤੇ ਹੋਰ ਸਮਾਨ ਚੋਰਾਂ ਵੱਲੋਂ ਚੋਰੀ ਕਰ ਲਏ ਸਨ। ਇਸ ਕਲੀਨਿਕ ਵਿੱਚ ਸਿਹਤ ਸਹੂਲਤਾਂ ਪ੍ਰਦਾਨ ਕਰਨ ਵਾਲੇ ਡਾਕਟਰਾਂ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਸੀ।ਆਮ ਆਦਮੀ ਪਾਰਟੀ ਦੇ ਆਗੂ ਅਤੇ ਇਲਾਕੇ ਦੇ ਉਘੇ ਸਮਾਜ ਸੇਵੀ ਸਾਬਕਾ ਬ੍ਰਿਗੇਡੀਅਰ ਰਾਜ ਵੱਲੋਂ ਮੁਹੱਲਾ ਕਲੀਨਿਕ ਦੀ ਇਸ ਸਮੱਸਿਆ ਨੂੰ ਵੇਖਦਿਆ ਆਪਣੀ ਪੈਨਸ਼ਨ ਦੀ ਰਾਸ਼ੀ ਵਿੱਚੋਂ ਇਨਵਾਟਰ ਦਾਨ ਵਜੋਂ ਭੇਟ ਕੀਤਾ ਗਿਆ।ਇਸ ਮੌਕੇ ਮੁਹੱਲਾ ਕਲੀਨਿਕ ਦੇ ਡਾਕਟਰਾਂ ਅਤੇ ਪਿੰਡ ਟਕਾਰਲਾ ਦੇ ਪਤਵੱਤੇ ਸੱਜਣਾ ਵਲੋਂ ਬ੍ਰਿਗੇਡੀਅਰ ਰਾਜ ਕੁਮਾਰ ਦਾ ਵਿਸ਼ੇਸ ਸਨਮਾਨ ਕੀਤਾ ਗਿਆ।

## ਮੋਹਨ ਭਾਗਵਤ ਦਾ ਵਿਜੈ ਦਸ਼ਮੀ 'ਤੇ ਦਿੱਤਾ ਭਾਸ਼ਣ ਦੇਸ਼ ਦੇ ਫਿਰਕਿਆਂ ਨੂੰ ਵੰਡਣ ਵਾਲਾ : ਪਾਸਲਾ



**ਜਲੰਧਰ (ਰਾਜੇਸ਼ ਥਾਪਾ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ ਨੇ ਰਾਸ਼ਟਰੀ ਸੋਇਮ ਸੇਵਕ ਸੰਘ (ਆਰ ਐਸ ਐਸ) ਦੇ ਸੰਘਚਾਲਕ ਮੋਹਨ ਭਾਗਵਤ ਦੇ 'ਵਿਜੈਦਸ਼ਮੀ ਭਾਸ਼ਨ' ਨੂੰ ਦੇਸ਼ ਦੇ ਮਿਹਨਤੀ ਆਵਾਮ ਨੂੰ ਫਿਰਕਿਆਂ ਦੇ ਆਧਾਰ 'ਤੇ ਵੰਡਣ ਅਤੇ ਭਾਈਚਾਰਿਆਂ ਦਰਮਿਆਨ ਘ੍ਰਿਣਾ ਦੀਆਂ ਜ਼ਹਿਰੀਲੀਆਂ ਕੰਧਾਂ ਖੜ੍ਹੀਆਂ ਕਰਨ ਦੀ ਸਾਲਾਨਾ ਕਵਾਇਦ ਕਰਾਰ ਦਿੱਤਾ ਹੈ।ਸਾਥੀ ਪਾਸਲਾ ਨੇ ਕਿਹਾ ਕਿ ਸੰਘ ਪ੍ਰਮੁੱਖ ਨੇ ਬੇਸ਼ੱਕ ਇਸ ਵਾਰ ਦੇ ਭਾਸ਼ਣ 'ਚ ਕਿਸੇ ਵੀ ਘੱਟ ਗਿਣਤੀ ਫਿਰਕੇ ਦਾ ਨਾਂਅ ਨਹੀਂ ਲਿਆ, ਪਰ ਉਨ੍ਹਾਂ ਵੱਲੋਂ ਸਮੁੱਚੇ ਭਾਰਤੀਆਂ ਦੀ ਥਾਂ ਕੇਵਲ ਹਿੰਦੂ ਭਾਈਚਾਰੇ ਨੂੰ ਹੀ ਏਕਤਾ ਕਾਇਮ ਕਰਨ ਲਈ ਕਹਿਣਾ ਆਪਣੇ ਆਪ 'ਚ ਹੀ ਫਿਰਕੂ ਕਤਾਰਬੰਦੀ ਦਾ ਕੋਝਾ ਯਤਨ ਹੈ।ਉਨ੍ਹਾਂ ਕਿਹਾ ਕਿ ਸੰਘ ਪ੍ਰਮੁੱਖ ਨੇ ਮਾਰਕਸੀ ਸੱਭਿਆਚਾਰ 'ਤੇ ਹਮਲਾ ਬੋਲਣ ਅਤੇ ਹਿੰਦੂ ਸੰਸਕ੍ਰਿਤੀ ਨੂੰ ਅਪਣਾਉਣ ਦਾ ਸੱਦਾ ਦੇਣ ਰਾਹੀਂ ਇਹ ਸਾਫ ਸੰਕੇਤ ਦਿੱਤਾ ਹੈ ਕਿ ਉਹ ਭਾਰਤ ਨੂੰ ਅਗਾਂਹਵਧੂ ਸੋਚ ਅਤੇ ਵਿਗਿਆਨਕ ਵਿਚਾਰ ਚੌਖਟੇ ਵਾਲੇ ਸਾਂਝੀਵਾਲਤਾ ਤੇ ਬਰਾਬਰੀ ਦੀ ਜਾਮਨੀ ਕਰਦੇ ਢਾਂਚੇ ਦੀ ਥਾਂ ਵੇਲਾ ਵਿਹਾ ਚੁੱਕੀ ਸਨਾਤਨੀ ਵਿਚਾਰਧਾਰਾ 'ਤੇ ਆਧਾਰਿਤ ਪਿਛਾਖੜੀ-ਮਨੂਵਾਦੀ ਸੰਚੇ 'ਚ ਢਲੇ ਅਮਾਨਵੀ ਜਮਾਤੀ-ਜਾਤੀ ਤੇ ਲਿੰਗਕ ਵਿਤਕਰੇ ਵਾਲੇ ਦੇਸ਼ 'ਚ ਤਬਦੀਲ ਕਰਨਾ ਚਾਹੁੰਦੇ ਹਨ।

ਉਨ੍ਹਾਂ ਤੰਜ਼ ਨਾਲ ਕਿਹਾ ਕਿ ਆਪਣੇ ਭਾਸ਼ਣ ਦੌਰਾਨ ਹਰ ਕਿਸੇ ਨੂੰ ਨੂੰ ਸੰਵਿਧਾਨ ਦੀ ਪਾਲਨਾ ਕਰਨੀ ਪਵੇਗੀ ਦਾ ਜੁਮਲਾ ਬੋਲਣ ਵੇਲੇ ਸ਼੍ਰੀ ਭਾਗਵਤ ਇਹ ਭੁੱਲ ਗਏ ਹਨ ਕਿ ਪੈਰ-ਪੈਰ 'ਤੇ ਸੰਵਿਧਾਨ ਨੂੰ ਬਦਲਣ ਜਾਂ ਖਾਤਮ ਕਰਨ ਦੀਆਂ ਗੱਲਾਂ ਕਰਨ ਵਾਲੇ ਤਾਂ ਆਰ ਐਸ ਐਸ ਤੇ ਨਾਲ ਜੁੜੇ ਸੰਗਠਨਾਂ ਦੇ ਕਾਰਕੁੰਨ ਹੀ ਹਨ। ਸਾਥੀ ਪਾਸਲਾ ਨੇ ਕਿਹਾ ਕਿ ਦੇਸ਼ ਭਰ ਵਿਚ, ਖਾਸ ਕਰਕੇ ਭਾਜਪਾ ਸ਼ਾਸ਼ਿਤ ਸੂਬਿਆਂ 'ਚ ਇਸਤਰੀਆਂ ਦੀ ਸਮੂਹਿਕ ਬੇਹੁਰਮਤੀ ਅਤੇ ਉਨ੍ਹਾਂ ਦੇ ਘਿਨੌਣੇ ਕਤਲਾਂ ਦੀਆਂ ਖੌਫਨਾਕ ਵਾਰਦਾਤਾਂ 'ਚ ਭਾਰੀ ਵਾਧਾ ਹੋ ਰਿਹਾ ਹੈ। ਪਰ ਸੰਘ ਪ੍ਰਮੁੱਖ ਨੇ ਆਪਣੀਆਂ ਕੇਂਦਰੀ ਅਤੇ ਸੂਬਾਈ ਸਰਕਾਰਾਂ ਨੂੰ ਇਨ੍ਹਾਂ ਹੌਲਨਾਕ ਗੁਨਾਹਾਂ ਤੋਂ ਬਰੀ ਕਰਨ ਦੀ ਬਦਨੀਤ ਅਧੀਨ ਕੇਵਲ ਕੋਲਕਾਤਾ ਦੇ ਮੈਡੀਕਲ ਕਾਲਜ ਵਾਲੀ ਹੌਲਨਾਕ ਵਾਰਦਾਤ ਦਾ ਹੀ ਜ਼ਿਕਰ ਕੀਤਾ ਹੈ।

ਉਨ੍ਹਾਂ ਸੰਘ ਮੁਖੀ ਨੂੰ ਯਾਦ ਦਿਵਾਇਆ ਕਿ ਬਿਲਕੀਸ ਬਾਨੋ ਦੇ ਬਲਾਤਕਾਰੀਆਂ ਅਤੇ ਉਸ ਦੇ ਪਰਿਵਾਰਕ ਜੀਆਂ ਦੇ ਕਾਤਲਾਂ ਨੂੰ ਬਰੀ ਕਰਨ ਅਤੇ ਹਿੰਦੂਤਵੀ ਵਿਧੀ-ਵਿਧਾਨ ਅਨੁਸਾਰ ਉਨ੍ਹਾਂ ਦਾ ਸਨਮਾਨ ਕਰਨ ਰਾਹੀਂ ਕਾਤਲਾਂ-ਬਲਾਤਕਾਰੀਆਂ ਦੀ ਪਿੱਠ ਥਾਪੜਣ ਦਾ ਸਭ ਤੋਂ ਬੱਜਰ ਗੁਨਾਹ ਤਾਂ ਭਾਜਪਾ ਦੀ ਗੁਜਰਾਤ ਸਰਕਾਰ ਨੇ ਹੀ ਕੀਤਾ ਹੈ।ਕਾਮਰੇਡ ਪਾਸਲਾ ਨੇ ਸਵਾਲ ਕੀਤਾ ਕਿ ਜਮਾਨਤ 'ਤੇ ਰਿਹਾ ਹੋਏ ਗੌਰੀ ਲੋਕੇਸ਼ ਦੇ ਕਾਤਲਾਂ ਦਾ ਧਾਰਮਿਕ ਰਸਮਾਂ ਅਨੁਸਾਰ ਸਵਾਗਤ ਕਰਕੇ ਸੰਘ ਪਰਿਵਾਰ ਦੇ ਪਿਛਾਖੜੀ ਸੰਗਠਨਾਂ ਦੇ ਕਾਰਕੁੰਨ ਹਿੰਦੂ ਧਰਮ ਦਾ ਕਿਹੜਾ ਉਧਾਰ ਕਰ ਰਹੇ ਹਨ? ਉਨ੍ਹਾਂ ਕਿਹਾ ਕਿ ਹਿੰਦੂਆਂ ਦੀ ਬਿਹਤਰੀ ਦੇ ਦਾਅਵੇ ਕਰਨ ਵਾਲਾ ਸੰਘ ਪਰਵਾਰ ਦਰ ਹਕੀਕਤ ਹਿੰਦੂ ਭਾਈਚਾਰੇ ਦੀ ਮਾਨਸਿਕ ਗੁਲਾਮੀ ਦਾ ਮੁੱਢ ਬੰਨ੍ਹ ਰਿਹਾ ਹੈ।

ਸਾਥੀ ਪਾਸਲਾ ਨੇ ਵੱਖੋ-ਵੱਖ ਧਰਮਾਂ ਨੂੰ ਮੰਨਣ ਵਾਲੇ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਾਰੇ ਧਰਮਾਂ ਦਾ ਸਤਿਕਾਰ ਕਰਦੇ ਹੋਏ ਭਾਈਚਾਰਕ ਸਾਂਝ ਅਤੇ ਜਮਾਤੀ ਏਕਤਾ ਪੀਡੀ ਕਰਨ ਅਤੇ ਸਾਮਰਾਜੀ ਤੇ ਕਾਰਪੋਰੇਟ ਲੁੱਟ ਦੇ ਖਾਤਮੇ ਲਈ ਯੁੱਧ ਛੇੜਣ। ਉਨ੍ਹਾਂ ਦੇਸ਼ ਵਾਸੀਆਂ ਨੂੰ ਸੱਦਾ ਦਿੱਤਾ ਕਿ ਉਹ ਭਾਰਤ ਦੀ ਏਕਤਾ-ਅਖੰਡਤਾ, ਸੁਤੰਤਰਤਾ ਅਤੇ ਖੁਦਮੁਖਤਾਰੀ ਦੀ ਰਾਖੀ ਲਈ ਹਿੰਦੂਤਵੀ ਫਿਰਕੂ-ਫਾਸਿਸਟਾਂ ਖਿਲਾਫ਼ ਹਰ ਮੰਚ ਤੋਂ ਸ਼ਕਤੀਸ਼ਾਲੀ ਆਵਾਜ਼ ਬੁਲੰਦ ਕਰਨ।

# ਝੋਨੇ ਦੀ ਖਰੀਦ ਸਮੇਂ ਸਿਰ ਨਾ ਹੋਣ ਕਾਰਨ ਕਿਸਾਨਾਂ ਭੂੰਗਾ ਅੱਡਾ ਵਿਖੇ ਕੀਤਾ ਚੱਕਾ ਜਾਮ

**ਅੱਡਾਂ ਸਰਾਂ (ਜਸਵੀਰ ਕਾਜਲ)** ਕਿਸਾਨ ਸੰਘਰਸ਼ ਕਮੇਟੀ ਭੂੰਗਾ ਵੱਲੋਂ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ, ਕਿਰਤੀ ਕਿਸਾਨ ਯੂਨੀਅਨ, ਆੜ੍ਹਤੀ ਐਸੋਸ਼ੀਏਸ਼ਨ ਭੂੰਗਾ ਹਰਿਆਣਾ, ਦੋਆਬਾ ਕਿਸਾਨ ਸੰਘਰਸ਼ ਕਮੇਟੀ ਪੰਜਾਬ ਅਤੇ ਇਲਾਕੇ ਦੇ ਮੋਹਤਵਾਰਾਨ ਕਿਸਾਨ ਆਗੂਆਂ ਦੇ ਸਹਿਯੋਗ ਨਾਲ ਭੂੰਗਾ ਅੱਡਾਂ ਵਿਖੇ ਚੱਕਾ ਜਾਮ ਕੀਤਾ ਗਿਆ। ਕਿਸਾਨਾ ਦੀ ਮੰਡੀਆਂ ਵਿੱਚ ਝੋਨੇ ਦੀ ਫਸਲ ਦੀ ਖਰੀਦ ਸਮੇਂ ਸਿਰ ਨਾ ਹੋਣ ਕਾਰਨ ਅਤੇ ਆੜਤੀ ਸੈਲਰ ਮਾਲਕ ਲੇਬਰ ਦੀਆ ਮੰਗਾਂ ਸੰਬੰਧੀ ਸਰਕਾਰ ਨਾਲ ਸਹਿਮਤੀ ਨਾ ਬਣਨ ਕਾਰਨ ਕਿਸਾਨਾ ਦੀ ਫਸਲ ਐਮ.ਐਸ.ਪੀ. ਦੇ ਬਾਵਜੂਦ ਮੰਡੀਆਂ ਵਿੱਚ ਰੁਲ ਰਹੀ ਹੈ। ਜਿਸ ਕਾਰਨ ਕਿਸਾਨਾ ਵੱਲੋ ਭਾਰੀ ਰੋਸ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆ ਰਵਿੰਦਰ ਸਿੰਘ ਕਾਹਲੋਂ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਨੇ ਕਿਹਾ ਕਿ ਜੇਕਰ ਸਰਕਾਰ ਨੇ ਇਸ ਸਮੱਸਿਆਂ ਦਾ ਹੱਲ ਜਲਦੀ ਨਾ ਕੀਤਾ ਤਾਂ ਕਿਸਾਨਾ ਨੂੰ ਮਜਬੂਰ ਹੋ ਕੇ ਵੱਡਾ ਸੰਘਰਸ਼ ਆਰੰਭ ਕਰਨਾ ਪਵੇਗਾ। ਇਸ ਮੌਕੇ ਸੰਬੋਧਨ ਕਰਦਿਆ ਜਰਨੈਲ ਸਿੰਘ ਡੱਲੇਵਾਲ ਅਤੇ ਭੁਪਿੰਦਰ ਸਿੰਘ ਕਾਮਰੇਡ ਭੂੰਗਾ ਨੇ ਸਰਕਾਰ ਦੀਆ ਮਾਰੂ ਨੀਤੀਆ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਪੰਕਜ ਮਹਿਤਾ ਹਰਿਆਣਾ ਕਿਸਾਨ ਆਗੂ, ਰਵਿੰਦਰ ਸਿੰਘ ਰਾਣਾ ਭਟੋਲੀਆ, ਰਘਵੀਰ ਸਿੰਘ ਨਾਮਧਾਰੀ ਟਰਾਸਪੋਟਰ ਫਤਿਪੁਰ, ਪਵਨ ਕੁਮਾਰ ਆੜਤੀਆ ਅਤੇ ਰਾਮ ਗੋਪਾਲ ਰਿੰਕੂ ਆੜਤੀਆ ਨੇ ਕਿਸਾਨਾਂ ਨੂੰ ਆਪਣੀਆ ਸਮੱਸਿਆਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਹੱਲ ਕਰਵਾਉਣ ਲਈ ਲਾਮਬੰਦ ਹੋਣ ਦੀ ਅਪੀਲ ਕੀਤੀ।



ਇਸ ਮੌਕੇ ਵਿਸ਼ੇਸ਼ ਤੌਰ ਤੇ ਗਿਆਨ ਸਿੰਘ ਗੁਰਾਇਆ, ਸੂਬੇਦਾਰ ਵਰਿੰਦਰ ਸਿੰਘ ਭਟੋਲੀਆ, ਇਕਬਾਲ ਸਿੰਘ ਕਾਲੀ ਨੰਬਰਦਾਰ ਕਾਹਲਵਾ, ਸੰਦੀਪ ਸਿੰਘ ਮਾਨਾ ਅੱਭੋਵਾਲ, ਪਵਨ ਕੁਮਾਰ ਸ਼ਰਮਾਂ ਭਟੋਲੀਆ, ਅਮ੍ਰਿਤਪਾਲ ਸਿੰਘ, ਮੇਹਰ ਸਿੰਘ, ਮੋਨੂੰ ਭੂੰਗਾਂ, ਸੁੱਖਪਾਲ ਸਿੰਘ, ਕਸ਼ਮੀਰ ਸਿੰਘ ਫਤਿਪੁਰ, ਸਤਨਾਮ ਸਿੰਘ ਜੋਸ਼, ਗੁਰਮੇਹਰ ਸਿੰਘ, ਸਨੀ ਘਈ, ਰਮਨਦੀਪ ਸਿੰਘ, ਸਨੀ, ਹਰਮਿੰਦਰ ਸਿੰਘ ਕੰਗ, ਮਨਵੀਰ, ਬਲਵਿੰਦਰ ਸਿੰਘ ਭਟੋਲੀਆ, ਮਨਦੀਪ ਸਿੰਘ, ਹਰਦੀਪ, ਹਰਮਨਪ੍ਰੀਤ, ਸਤਪਾਲ ਸਿੰਘ, ਸਿਮਰਦੀਪ, ਸਵਿੰਦਰ ਸਿੰਘ ਭਟੋਲੀਆ, ਕਮਲ ਸਿੰਘ ਪੰਨੂ, ਸਤਨਾਮ ਸਿੰਘ ਕਾਹਲਵਾ, ਪਿਆਰਾ ਸਿੰਘ, ਇੰਦਰਜੀਤ ਸਿੰਘ, ਰਾਜ ਕੁਮਾਰੀ, ਲਖਵੀਰ ਸਿੰਘ, ਸੁਮਨਾ ਦੇਵੀ, ਬਲਵਿੰਦਰ ਕੌਰ, ਬਾਲ ਕ੍ਰਿਸ਼ਨ ਸਗੀ ਆੜਤੀ ਮੰਡੀ ਹਰਿਆਣਾ ਆਦਿ ਹਾਜ਼ਰ ਸਨ।

## ਪ੍ਰਗਟ ਦਿਵਸ ਨੂੰ ਸਮਰਪਿਤ ਖ਼ੂਨਦਾਨ ਕੈਂਪ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਹੋਪ ਬਲੱਡ ਡੋਨਰਜ਼ ਐਸੋਸੀਏਸ਼ਨ ਵੱਲੋਂ ਭਗਵਾਨ ਵਾਲਮੀਕਿ ਦੇ ਪ੍ਰਗਟ ਦਿਵਸ ਮੌਕੇ ਭਗਵਾਨ ਵਾਲਮੀਕਿ ਮੰਦਰ ਬੰਗਾ ਰੋਡ ਫਗਵਾੜਾ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ। ਐਸੋਸੀਏਸ਼ਨ ਦੇ ਪ੍ਰਧਾਨ ਗੌਰਵ ਰੱਤੀ ਦੀ ਅਗਵਾਈ ਹੇਠ ਲਗਾਏ ਗਏ ਇਸ ਕੈਂਪ ਦਾ ਉਦਘਾਟਨ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਕੀਤਾ।ਕੈਂਪ ਦੌਰਾਨ ਐੱਸ ਆਈ ਬਲਵੀਰ ਸਿੰਘ ਵੀ ਖ਼ੂਨਦਾਨੀਆਂ ਨੂੰ ਅਸ਼ੀਰਵਾਦ ਦੇਣ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ।ਵਿਧਾਇਕ ਧਾਲੀਵਾਲ ਨੇ ਸਭਨਾਂ ਨੂੰ ਭਗਵਾਨ ਵਾਲਮੀਕਿ ਦੇ ਪ੍ਰਕਾਸ਼ ਉਤਸਵ ਦੀ ਵਧਾਈ ਦਿੰਦੇ ਹੋਏ ਐਸੋਸੀਏਸ਼ਨ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਉਹਨਾਂ ਕਿਹਾ ਕਿ ਖੁਸ਼ੀ ਦੇ ਮੌਕਿਆਂ 'ਤੇ ਸਮਾਜ ਦੀ ਸੇਵਾ ਕਰਨਾ ਅਤੇ ਖਾਸ ਕਰਕੇ ਲੋੜਵੰਦ ਮਰੀਜ਼ਾਂ ਦੀ ਸਹੂਲਤ ਲਈ ਖ਼ੂਨਦਾਨ ਕਰਨਾ ਬਹੁਤ ਹੀ ਨੇਕ ਕਾਰਜ ਹੈ।ਅਜਿਹੇ ਨੇਕ ਕੰਮਾਂ ਤੋਂ ਪ੍ਰਮਾਤਮਾ ਵੀ ਖੁਸ਼ ਹੁੰਦਾ ਹੈ ਅਤੇ ਆਪਣੀਆਂ ਬੇਅੰਤ ਬਰਕਤਾਂ ਦੀ ਵਰਖਾ ਕਰਦਾ ਹੈ।ਉਨ੍ਹਾਂ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਵੀ ਵੰਡੇ। ਪ੍ਰਧਾਨ ਗੌਰਵ ਰੱਤੀ ਨੇ ਦੱਸਿਆ ਕਿ ਕੈਂਪ ਵਿਚ ਨੌਜਵਾਨਾਂ ਨੇ ਕੁੱਲ 40 ਯੂਨਿਟ ਖ਼ੂਨਦਾਨ ਕੀਤਾ।ਇਸ ਮੌਕੇ ਸੂਰਜ ਬੈਂਸ, ਸੰਦੀਪ ਘਈ, ਸਾਹਿਲ ਘਈ, ਬਲਵੀਰ ਕੁਮਾਰ, ਵਿਨੋਦ ਸੌਂਧੀ ਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

## ਮਨਰੇਗਾ ਮਜ਼ਦੂਰਾਂ ਤੇ ਮੇਟਾਂ ਲਈ ਘੱਟੋ-ਘੱਟ ਉੱਜਰਤ ਤੇ 365 ਦਿਨ ਰੁਜ਼ਗਾਰ ਦੇਣ ਦੀ ਮੰਗ ਉੱਠੀ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਨੈਸ਼ਨਲ ਲੇਬਰ ਆਰਗਨਾਈਜੇਸ਼ਨ (ਐੱਨ ਐੱਲ ਓ) ਦੇ ਕਨਵੀਨਰ ਬਲਦੇਵ ਭਾਰਤੀ ਨੇ ਦੱਸਿਆ ਕਿ ਪੰਜਾਬ ਭਰ ਵਿੱਚ ਕਰੀਬ 18 ਲੱਖ ਕਾਰਜ਼ਸ਼ੀਲ ਮਨਰੇਗਾ ਮਜ਼ਦੂਰ ਹਨ। ਮਹਾਤਮਾ ਗਾਂਧੀ ਕੌਮੀ ਪੇਂਡੂ ਰੋਜ਼ਗਾਰ ਗ੍ਰੰਟੀ ਕਾਨੂੰਨ-2005 ਅਨੁਸਾਰ ਮਨਰੇਗਾ ਮਜ਼ਦੂਰ ਘੱਟੋ-ਘੱਟ ਉੱਜ਼ਰਤ ਕਾਨੂੰਨ-1948 ਅਧੀਨ ਸਮੱਰਥ ਅਥਾਰਟੀ ਵਲੋਂ ਤੈਅ ਕੀਤੀ ਗਈ ਦਿਹਾੜੀ ਲੈਣ ਦੇ ਕਾਨੂੰਨੀ ਤੌਰ 'ਤੇ ਹੱਕਦਾਰ ਹਨ। ਪੰਜਾਬ ਸਰਕਾਰ ਦੀ ਮਜ਼ਦੂਰੀ ਤੈਅ ਕਰਨ ਦੀ ਸਮੱਰਥ ਅਥਾਰਟੀ ਕਿਰਤ ਵਿਭਾਗ ਦੀ ਅੰਕੜਾ ਸ਼ਾਖਾ ਵੱਲੋਂ ਮਿਤੀ 01/03/2024 ਤੋਂ ਖੇਤੀਬਾੜੀ ਕਾਮਿਆਂ ਦੀ ਦਿਹਾੜੀ 437/-ਰੁ: 26 ਪੈਸੇ ਤੈਅ ਕੀਤੀ ਗਈ ਹੈ। ਪਰ ਪੰਜਾਬ ਵਿੱਚ ਮਨਰੇਗਾ ਮਜ਼ਦੂਰਾਂ ਨੂੰ ਅੱਜ-ਕੱਲ੍ਹ ਸਿਰਫ ਕੇਂਦਰ ਸਰਕਾਰ ਵੱਲੋਂ ਤੈਅ ਕੀਤੀ 322/- ਰੁ: ਦਿਹਾੜੀ ਹੀ ਮਿਲ ਰਹੀ ਹੈ ਅਤੇ ਹਰੇਕ ਮਜ਼ਦੂਰ ਦਾ ਪ੍ਰਤੀ ਦਿਹਾੜੀ 115/-ਰੁ. 26 ਪੈਸੇ ਨੁਕਸਾਨ ਹੋ ਰਿਹਾ ਹੈ। ਬੜੇ ਦੁੱਖ ਦੀ ਗੱਲ ਹੈ ਕਿ ਪੰਜਾਬ ਸਰਕਾਰ ਘੱਟੋ-ਘੱਟ ਉਜ਼ਰਤ ਕਾਨੂੰਨ-1948 ਅਨੁਸਾਰ ਬਣਦੀ ਦਿਹਾੜੀ ਦੇਣ ਲਈ ਇਸ ਵਿੱਚ ਆਪਣਾ ਬਣਦਾ ਹਿੱਸਾ ਨਹੀਂ ਪਾ ਰਹੀ। ਮਹਿੰਗਾਈ ਦੇ ਦੌਰ ਵਿੱਚ ਗਰੀਬ ਸਾਧਨਹੀਣ ਮਜ਼ਦੂਰਾਂ ਦਾ ਬਹੁਤ ਬੁਰੇ ਹਾਲਾਤਾਂ ਵਿੱਚੋਂ ਗੁਜ਼ਰ ਰਹੇ ਹਨ। ਉਨ੍ਹਾਂ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਆਪਣਾ ਬਣਦਾ ਯੋਗਦਾਨ ਪਾ ਕੇ ਮਨਰੇਗਾ ਮਜ਼ਦੂਰਾਂ ਦੀ ਦਿਹਾੜੀ ਘੱਟੋ-ਘੱਟ ਉੱਜ਼ਰਤ ਕਾਨੂੰਨ -1948 ਤਹਿਤ ਕਿਰਤ ਵਿਭਾਗ ਵਲੋਂ ਤੈਅ ਕੀਤੀ ਦਿਹਾੜੀ ਦੇ ਬਰਾਬਰ ਕੀਤੀ ਜਾਵੇ।

ਮਨਰੇਗਾ ਮੇਟਾਂ ਸਬੰਧੀ ਗੱਲਬਾਤ ਕਰਦਿਆਂ ਬਲਦੇਵ ਭਾਰਤੀ ਨੇ ਕਿਹਾ ਕਿ ਪੰਜਾਬ ਵਿੱਚ ਕਿਰਤ ਵਿਭਾਗ ਵੱਲੋਂ ਮਿਤੀ 01 ਮਾਰਚ 2024 ਤੋਂ ਸਿੱਖਿਅਤ (ਸਕਿਲਡ) ਕਾਮਿਆਂ ਲਈ ਰੋਜ਼ਾਨਾ ਦਿਹਾੜੀ 483/-ਰੁ 72 ਪੈਸੇ ਤੈਅ ਕੀਤੀ ਗਈ ਹੈ। ਪਰ ਮਨਰੇਗਾ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਭਰਤੀ ਕੀਤੇ ਮੇਟ ਜੋ ਕਿ ਸਕਿਲਡ ਸ੍ਰੇਣੀ ਵਿੱਚ ਆਉਂਦੇ ਹਨ ਨੂੰ ਇਸ ਦੇ ਬਰਾਬਰ ਨਹੀਂ ਬਲਕਿ ਮਨਰੇਗਾ ਦੀ ਦਿਹਾੜੀ 322/-ਰੁ ਹੀ ਦਿਹਾੜੀ ਹੀ ਦਿੱਤੀ ਜਾ ਰਹੀ ਹੈ। ਇਸ ਤਰ੍ਹਾਂ ਪ੍ਰਤੀ ਦਿਨ 161/-ਰੁ 72 ਪੈਸੇ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਮਨਰੇਗਾ ਮੇਟਾਂ ਨੂੰ ਸਕਿਲਡ ਵੇਜ਼ ਮਿਲਣਾ ਯਕੀਨੀ ਬਣਾਇਆ ਜਾਵੇ। ਦੌਰਾਨ 365 ਦਿਨ ਰੋਜ਼ਗਾਰ ਦੇਣ ਦੀ ਮੰਗ ਕਰਦਿਆਂ ਬਲਦੇਵ ਭਾਰਤੀ ਨੇ ਕਿਹਾ ਕਿ ਗਰੀਬੀ ਦੀ ਚੱਕੀ ਵਿੱਚ ਪਿਸ ਰਹੇ ਸਾਧਨਾਂ ਤੋਂ ਵਾਂਝੇ ਮਨਰੇਗਾ ਮਜ਼ਦੂਰਾਂ ਦੇ ਪਰਵਾਰਾਂ ਦੇ ਗੁਜ਼ਾਰੇ ਲਈ ਉਹਨਾਂ ਨੂੰ ਵਿੱਤੀ ਸਾਲ ਦੌਰਾਨ ਰੋਜ਼ਗਾਰ ਦੇ 100 ਦਿਨਾਂ ਤੋਂ ਵਧਾ ਕੇ ਸਾਰਾ ਸਾਲ ਭਾਵ ਕਿ 365 ਦਿਨ ਰੋਜ਼ਗਾਰ ਦਿੱਤਾ ਜਾਵੇ।

## ਮੈਡੀਕਲ ਟੀਮ ਵੱਲੋਂ ਮਠਿਆਈ ਦੀ ਦੁਕਾਨਾਂ 'ਤੇ ਅਚਨਚੇਤ ਚੈਕਿੰਗ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਸਿਵਲ ਸਰਜਨ ਹੁਸ਼ਿਆਰਪੁਰ ਡਾ. ਪਵਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਐਸ ਐਮ ਓ ਟਾਂਡਾ ਡਾ. ਕਰਨ ਕੁਮਾਰ ਸੈਣੀ ਦੀ ਯੋਗ ਅਗਵਾਈ ਹੇਠ ਤਿਉਹਾਰਾਂ ਦੇ ਸੀਜਨ ਨੂੰ ਮੁੱਖ ਰੱਖਦੇ ਹੋਏ ਇੱਕ ਮੈਡੀਕਲ ਟੀਮ ਦਾ ਗਠਨ ਕੀਤਾ ਗਿਆ।ਜੋ ਕਿ ਮਠਿਆਈਆਂ ਅਤੇ ਬੇਕਰੀ ਦੀਆਂ ਦੁਕਾਨਾਂ ਤੇ ਅਚਨਚੇਤ ਚੈਕਿੰਗ ਕਰਕੇ ਗਲਤ ਢੰਗ ਨਾਲ ਅਤੇ ਗਲਤ ਮਟੀਰੀਅਲ ਨਾਲ ਬਣੀਆਂ ਮਠਿਆਈਆਂ ਨੂੰ ਨਸ਼ਟ ਕਰੇਗੀ ਤਾਂ ਜੋ ਲੋਕਾਂ ਨੂੰ ਅਜਿਹੀਆਂ ਮਠਿਆਈਆਂ ਦੀ ਵਰਤੋਂ ਕਰਕੇ ਸਿਹਤ ਖਰਾਬ ਹੋਣ ਤੋਂ ਬਚਾਇਆ ਜਾ ਸਕੇ।ਡਾਕਟਰ ਸੈਣੀ ਨੇ ਦੁਕਾਨਦਾਰ ਤੇ ਬੇਕਰੀ ਦੀ ਦੁਕਾਨਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਪ੍ਰਤੀ ਜਾਗਰੂਕ ਰਹਿਣ।ਇਸ ਮੌਕੇ ਡਾ. ਕਰਤਾਰ ਸਿੰਘ, ਡਾ. ਹਰਪ੍ਰੀਤ ਸਿੰਘ ਮੈਡੀਕਲ ਅਫਸਰ, ਰੰਜੀਵਪਾਲ ਸਿੰਘ ਹੈਲਥ ਇੰਸਪੈਕਟਰ, ਰਾਜਿੰਦਰ ਸਿੰਘ, ਪ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।

## ਸੁੰਦਰ ਦਸਤਾਰ ਮੁਕਾਬਲੇ 17 ਨੂੰ

**ਆਦਮਪੁਰ (ਪਰਮਜੀਤ ਸਿੰਘ)**- ਬੱਚਿਆਂ ਅਤੇ ਨੌਜਵਾਨਾਂ ਨੂੰ ਸੁੰਦਰ ਦਸਤਾਰ ਸਜਾਉਣ ਸੰਬੰਧੀ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਗੁਰਦੁਆਰਾ ਸ਼ਹੀਦ ਬਾਬਾ ਮੱਤੀਂ ਸਾਹਿਬ ਡਰੋਲੀ ਕਲਾਂ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਅਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਰਾਂਦ ਦੇ ਸ਼ੁੱਭ ਦਿਹਾੜੇ 'ਤੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਗੱਤਕਾ ਅਖਾੜਾ, ਗੁਰੂ ਨਾਨਕ ਸਭਾ ਆਦਮਪੁਰ ਅਤੇ ਕਿੰਗਜ਼ ਦਸਤਾਰ ਅਕੈਡਮੀ ਦੇ ਵੱਡੇ ਸਹਿਯੋਗ ਨਾਲ ਸਿਰਫ ਆਪਣੇ ਇਲਾਕੇ ਦੇ ਲੋਕਲ ਬੱਚਿਆਂ ਅਤੇ ਨੌਜਵਾਨਾਂ ਲਈ ਜੋ ਸਾਲਾਨਾ ਸੁੰਦਰ ਦਸਤਾਰ ਸਿਖਲਾਈ ਕੈਂਪ ਵਿੱਚ ਭਾਗ ਲੈਂਦੇ ਹਨ ਉਨ੍ਹਾਂ ਨੂੰ ਹੋਰ ਵੀ ਉਤਸ਼ਾਹਿਤ ਕਰਨ ਲਈ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਜਾ ਰਹੇ ਹਨ, ਜਿਸ ਵਿੱਚ ਪਹਿਲਾਂ ਇਨਾਮ 5100-3100-2100 ਰੱਖਿਆ ਗਿਆ ਹੈ। ਇਸ ਮੌਕੇ ਜੱਜ ਦੀ ਵਿਸ਼ੇਸ਼ ਭੂਮਿਕਾ ਕਿੰਗਜ਼ ਦਸਤਾਰ ਅਕੈਡਮੀ ਦੇ ਸਰਪ੍ਰਸਤ ਕੁਲਜੀਤ ਸਿੰਘ ਕਿੰਗ ਅਤੇ ਉਨ੍ਹਾਂ ਦੇ ਸਮੂਹ ਸਾਥੀ ਨਿਭਾਉਣਗੇ ਅਤੇ ਉਚੇਚੇ ਤੌਰ 'ਤੇ ਮੁੱਖ ਮਹਿਮਾਨ ਵਜੋਂ ਕੁਲਵਿੰਦਰ ਸਿੰਘ ਜ਼ਿਲ੍ਹਾ ਮੈਨੇਜਰ ਐਸ ਸੀ ਕਮਿਸ਼ਨ ਜਲੰਧਰ ਕਰਨਗੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਨੇ ਪੱਤਰਕਾਰ ਭਾਈਚਾਰੇ ਨਾਲ਼ ਗਲਬਾਤ ਦੌਰਾਨ ਸਾਂਝ ਪਾਉਂਦਿਆਂ ਇਲਾਕੇ ਦੀ ਸਾਧ ਸੰਗਤ ਨੂੰ ਆਪਣੇ ਬੱਚਿਆਂ ਨੂੰ ਇਸ ਦਸਤਾਰ ਸਿਖਲਾਈ ਕੈਂਪ ਵਿੱਚ ਵਿਸ਼ੇਸ਼ ਕਰਕੇ ਭਾਗ ਲੈਣ ਦੀ ਪੁਰਜ਼ੋਰ ਅਪੀਲ ਵੀ ਕੀਤੀ।

## ਕਮਲਜੀਤ ਪਾਲ ਨੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਵਜੋਂ ਅਹੁਦਾ ਸੰਭਾਲਿਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** -ਸੂਚਨਾ ਤੇ ਲੋਕ ਸੰਪਰਕ ਅਧਿਕਾਰੀ ਕਮਲਜੀਤ ਪਾਲ ਨੇ ਇਥੇ ਬਤੌਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਅਹੁਦਾ ਸੰਭਾਲਿਆ। ਉਨਾਂ ਨੇ ਜ਼ਿਲ੍ਹੇ ਨਾਲ ਸਬੰਧਤ ਮੀਡੀਆ ਕਰਮੀਆਂ ਤੋਂ ਪੂਰਨ ਸਹਿਯੋਗ ਦੀ ਆਸ ਕਰਦਿਆਂ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਤਨਦੇਹੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਸਮੇਂ-ਸਮੇਂ ਸਿਰ ਪੰਜਾਬ ਸਰਕਾਰ ਵਲੋਂ ਲੋਕ ਹਿੱਤਾਂ 'ਚ ਲਏ ਜਾਂਦੇ ਫੈਸਲਿਆਂ, ਵੱਖ-ਵੱਖ ਪ੍ਰੋਗਰਾਮਾਂ ਅਤੇ ਭਲਾਈ ਸਕੀਮਾਂ ਦੀ ਜਾਣਕਾਰੀ ਮੀਡੀਆ ਦੇ ਮਾਧਿਅਮਾਂ ਰਾਹੀਂ ਆਮ ਲੋਕਾਂ ਤੱਕ ਪਹੁੰਚਾਉਣਾ ਯਕੀਨੀ ਬਣਾਉਣਗੇ।

## ਪੀ ਸੀ ਜੇ ਯੂ ਨੇ ਪੱਤਰਕਾਰ 'ਤੇ ਹੋਏ ਹਮਲੇ ਦੀ ਕੀਤੀ ਨਿੰਦਾ

ਬੰਗਾ (ਅਵਤਾਰ ਕਲੇਰ) ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਬੀਤੇ ਕੱਲ੍ਹ ਬਟਾਲਾ ਵਿਖੇ ਪੱਤਰਕਾਰ ਰਵਨੀਸ਼ ਬਹਿਲ 'ਤੇ ਹੋਏ ਜਾਨਲੇਵਾ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਯੂਨੀਅਨ ਦੇ ਚੇਅਰਮੈਨ ਬਲਵਿੰਦਰ ਜੰਮੂ, ਪ੍ਰਧਾਨ ਬਲਵੀਰ ਜੰਡੂ ਅਤੇ ਕਾਰਜਕਾਰੀ ਪ੍ਰਧਾਨ ਜੈ ਸਿੰਘ ਛਿੱਬਰ ਨੇ ਪੱਤਰਕਾਰ ਤੇ ਹੋਏ ਹਮਲੇ ਦੀ ਨਿੰਦਾ ਕਰਦੇ ਹੋਏ ਕਿਹਾ ਕਿ ਪਿਛਲੇ ਕੁਝ ਅਰਸੇ ਦੌਰਾਨ ਪੱਤਰਕਾਰਾਂ 'ਤੇ ਅੱਤਿਆਚਾਰ ਅਤੇ ਮੀਡੀਆ ਦਾ ਮੂੰਹ ਬੰਦ ਕਰਵਾਉਣ ਦੀਆਂ ਘਟਨਾਵਾਂ ਵਿੱਚ ਵਾਧਾ ਹੋਇਆ ਹੈ। ਯੂਨੀਅਨ ਆਗੂਆਂ ਨੇ ਪੱਤਰਕਾਰ 'ਤੇ ਹੋਏ ਹਮਲੇ ਨੂੰ ਪ੍ਰੈਸ ਦੀ ਆਜ਼ਾਦੀ 'ਤੇ ਹਮਲਾ ਦੱਸਦੇ ਹੋਏ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

## ਸ਼ੋਭਾ ਯਾਤਰਾ ਮੌਕੇ ਵਿੱਦਿਅਕ ਸੰਸਥਾਵਾਂ 'ਚ ਅੱਧੇ ਦਿਨ ਦੀ ਛੁੱਟੀ ਦਾ ਐਲਾਨ

**ਜਲੰਧਰ ( ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ)** ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ ਸਬੰਧੀ 16 ਅਕਤੂਬਰ ਨੂੰ ਸ਼ਹਿਰ ਵਿੱਚ ਸਜਾਈ ਜਾਣ ਵਾਲੀ ਸ਼ੋਭਾ ਯਾਤਰਾ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ 16 ਅਕਤੂਬਰ 2024 ਨੂੰ ਜਲੰਧਰ ਨਗਰ ਨਿਗਮ ਦੀ ਹੱਦ ਵਿੱਚ ਆਉਂਦੀਆਂ ਸਰਕਾਰੀ ਅਤੇ ਪ੍ਰਾਈਵੇਟ ਵਿੱਦਿਅਕ ਸੰਸਥਾਵਾਂ (ਸਕੂਲਾਂ, ਕਾਲਜਾਂ ਅਤੇ ਆਈ.ਟੀ.ਆਈਜ਼) ਵਿੱਚ ਦੁਪਹਿਰ 2 ਵਜੇ ਤੋਂ ਬਾਅਦ ਛੁੱਟੀ ਦੇ ਹੁਕਮ ਜਾਰੀ ਕੀਤੇ ਗਏ ਹਨ ।ਜ਼ਾਰੀ ਹੁਕਮਾਂ ਅਨੁਸਾਰ 16 ਅਕਤੂਬਰ ਨੂੰ ਜਲੰਧਰ ਸ਼ਹਿਰ ਵਿਚ ਸ਼ੋਭਾ ਯਾਤਰਾ ਸਜਾਈ ਜਾਣੀ ਹੈ ਅਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝਦੇ ਹੋਏ ਇਹ ਆਦੇਸ਼ ਦਿੱਤੇ ਗਏ ਹਨ ।

## ਝੋਨੇ ਦੀ ਖਰੀਦ ਨੂੰ ਲੈ ਕੇ ਕਿਸਾਨਾਂ ਵੱਲੋਂ ਆਦਮਪੁਰ-ਅਲਾਵਲਪੁਰ ਰੋਡ 'ਤੇ ਧਰਨਾ



**ਆਦਮਪੁਰ (ਪਰਮਜੀਤ ਸਿੰਘ)**:- ਮੰਡੀਆਂ ਅੰਦਰ ਝੋਨੇ ਦੇ ਖਰੀਦ, ਲਿਫਟਿੰਗ ਦੇ ਪ੍ਰਬੰਧ ਮਾੜੇ ਹੋਣ ਕਾਰਨ ਸੰਯੁਕਤ ਕਿਸਾਨ ਮੋਰਚੇ ਵੱਲੋਂ ਜਲੰਧਰ- ਹੁਸ਼ਿਆਰਪੁਰ ਮੁੱਖ ਮਾਰਗ ਆਦਮਪੁਰ ਅਲਾਵਲਪੁਰ ਰੋਡ ਜਾਮ ਕਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਬਲਵਿੰਦਰ ਸਿੰਘ ਮੱਲ੍ਹੀ ਨੰਗਲ ਪ੍ਰਧਾਨ ਕਿਸਾਨ ਸੰਘਰਸ਼ ਕਮੇਟੀ, ਗੁਰਦਿਆਲ ਸਿੰਘ ਪ੍ਰਧਾਨ ਆੜ੍ਹਤੀਆਂ ਐਸੋਸੀਏਸ਼ਨ, ਸੁਖਵਿੰਦਰ ਸਿੰਘ ਦੁਰਾਵਾਂ ਮੁੱਖ ਬੁਲਾਰਾ ਕਿਸਾਨ ਸੰਘਰਸ਼ ਕਮੇਟੀ, ਸਤਨਾਮ ਸਿੰਘ ਨਿੱਝਰ, ਅਮਰਜੀਤ ਸਿੰਘ, ਹਰਨੀਤ ਸਿੰਘ ਨੀਤਾ, ਗੁਰਪਾਲ ਸਿੰਘ ਨਾਜਕਾ ਨੇ ਆਪਣੇ ਸੰਬੋਧਨ ਅੰਦਰ ਦਸਿਆ ਕਿ ਪੰਜਾਬ ਸਰਕਾਰ ਵਲੋਂ ਵੱਖ ਵੱਖ ਖਰੀਦ ਏਜੰਸੀਆਂ ਰਾਹੀਂ ਪਹਿਲੀ ਅਕਤੂਬਰ ਤੋਂ ਖਰੀਦ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਸੀ ਪਰ ਅੱਜ ਤੱਕ ਕਿਸਾਨ ਦੀ ਫ਼ਸਲ ਮੰਡੀਆਂ ਅੰਦਰ ਰੁਲ ਰਹੀ ਹੈ।ਕਦੇ ਸ਼ੈਲਰ ਮਾਰਕਾਂ ਦੀ ਸਮੱਸਿਆ ਦਾ ਰੌਲਾ ਪਾਇਆ ਗਿਆ, ਕਦੇ ਖ਼ਾਸ ਕਿਸਮ ਦੇ ਝੋਨੇ ਦੀ ਖਰੀਦ ਨਾ ਕਰਨ ਦੀਆਂ ਗੱਲਾਂ ਆਈਆਂ ਅਤੇ ਕਦੇ ਹੋਰ ਤਰੀਕਿਆਂ ਰਾਹੀਂ ਕਿਸਾਨ ਆੜ੍ਹਤੀ ਅਤੇ ਮਜ਼ਦੂਰ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਚਿੰਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰਾਂ ਨੇ ਜਲਦ ਹੀ ਮੰਡੀਆਂ ਵਿੱਚ ਸੁਚਾਰੂ ਖਰੀਦ ਦੇ ਪੁਖਤਾ ਪ੍ਰਬੰਧ ਨਾ ਕੀਤੇ ਤਾਂ ਕਿਸਾਨ ਯੂਨੀਅਨਾਂ ਵੱਡੇ ਪੱਧਰ 'ਤੇ ਸੰਘਰਸ਼ ਨੂੰ ਤਿੱਖਾ ਕਰਦਿਆਂ ਕਿਸੇ ਵੀ ਕੀਮਤ ਤੇ ਫ਼ਸਲਾਂ ਅਤੇ ਕਿਸਾਨ ਨੂੰ ਰੁਲਣ ਨਹੀਂ ਦੇਵੇਗੀ।ਇਸ ਮੌਕੇ ਰੋਮਨ ਕੁਮਾਰ ਪੂਰੰਗ, ਬਲਵਿੰਦਰ ਸਿੰਘ, ਗਗਨਦੀਪ ਸਿੰਘ ਲੱਕੀ ਅਗਰਵਾਲ ਆਸ਼ੂ ਗੁਪਤਾ, ਰੋਕੀ ਗੁਪਤਾ,ਪਵਨ ਕੁਮਾਰ, ਸਾਬੀ, ਧਰਮਪਾਲ ਲੇਸੜੀਵਾਲ, ਜਸਵਿੰਦਰ ਸਿੰਘ ਰੰਧਾਵਾ, ਅਮਨਦੀਪ ਸਿੰਘ ਬਿੱਟਾ, ਗੁਰਪ੍ਰੀਤ ਸਿੰਘ ਵਡਾਲਾ, ਨੰਬਰਦਾਰ ਜਸਵੰਤ ਸਿੰਘ ਵਡਾਲਾ, ਬਲਵਿੰਦਰ ਸਿੰਘ ਸ਼ੌਂਕੀ, ਰਣਜੀਤ ਸਿੰਘ ਕੰਦੋਲਾ, ਹਰਪਾਲ ਸਿੰਘ ਡਰੋਲੀ, ਹਰਦਿਆਲ ਸਿੰਘ, ਪਰਮਜੀਤ ਸਿੰਘ ਖੋਜਕੀਪੁਰ, ਰਜੇਸ਼ ਕੁਮਾਰ ਹੈਪੀ ਨਿੱਝਰ, ਤੀਰਥ ਰਾਮ ਪੰਡੋਰੀ, ਸੁਖਚੈਨ ਸਿੰਘ, ਮਨਿੰਦਰ ਸਿੰਘ ਬੈਂਸ, ਕੁਲਵਿੰਦਰ ਸਿੰਘ ਟੋਨੀ, ਗੁਰਮੇਲ ਸਿੰਘ, ਮਨਜੀਤ ਸਿੰਘ, ਗੁਰਮੁਖ ਸਿੰਘ ਸੂਰੀ, ਸੁਖਵਿੰਦਰ ਸਿੰਘਮਨਜੀਤ ਸਿੰਘ ਤੂਰ ,ਕੁਲਵੀਰ ਸਿੰਘ ਤੂਰ,ਬਲਵੀਰ,ਗੁਰਜੋਤਸਿੰਘ ਤੂਰ,ਵਸ ਤੂਰਜੱਫਲ ਝਿੰਗੜ, ਰਮਨਧੀਪ ਢਿੱਲੋਂ ਕਰਨਦੀਪ ਢਿੱਲੋ ,ਅਰਸੂ ਢਿੱਲੋਂ, ਸੁੱਖਬੀਰ ਸਿੰਘ ਸੁੱਖ ਮਲੀ ਨੰਗਲ, ਸੁਰਿੰਦਰ ਸਿੰਘ ਪੰਡੋਰੀ ਨਿੱਝਰਾਂ ਸਮੇਤ ਵੱਡੇ ਪੱਧਰ 'ਤੇ ਕਿਸਾਨ ਜਥੇਬੰਦੀਆਂ ਤੇ ਆਗੂ ਹਾਜ਼ਰ ਹੋਏ।

## ਭਾਕਿਯੂ ਏਕਤਾ ਉਗਰਾਹਾਂ ਵੱਲੋਂ ਮੰਡਿਆਲਾ ਫਾਟਕ 'ਤੇ ਰੋਸ ਧਰਨਾ



**ਮਾਹਿਲਪੁਰ (ਸ.ਫਰੀ)** ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਪੰਜਾਬ ਦੀਆਂ ਮੰਡੀਆਂ ਵਿੱਚ ਕਿਸਾਨਾਂ ਦਾ ਝੋਨਾ ਨਾ ਵਿਕਣ ਕਾਰਨ ਪੰਜਾਬ ਅਤੇ ਕੇਂਦਰ ਸਰਕਾਰ ਦੇ ਵਿਰੁੱਧ ਰੋਸ ਪਰਗਟ ਕਰਨ ਲਈ ਰੇਲ ਗੱਡੀਆਂ ਰੋਕਣ ਦੇ ਸੱਦੇ ਤਹਿਤ ਹੁਸ਼ਿਆਰਪੁਰ ਤੋਂ ਜਲੰਧਰ ਜਾਂਦੀ ਰੇਲਵੇ ਲਾਈਨ ਤੇ ਪਿੰਡ ਮੰਡਿਆਲਾ ਦੇ ਫਾਟਕ ਸੀ-39/23 ਤੇ ਰੋਸ ਧਰਨਾ ਦਿੱਤਾ ਗਿਆ। ਯੂਨੀਅਨ ਦੇ ਆਗੂਆਂ ਵਲੋਂ ਕੇਂਦਰ ਤੇ ਸੂਬਾ ਸਰਕਾਰਾਂ ਵਲੋਂ ਕਿਸਾਨਾਂ ਪ੍ਰਤੀ ਅਪਣਾਈ ਜਾ ਰਹੀ ਗੈਰ ਜ਼ਿੰਮੇਵਾਰਾਨਾ ਤੇ ਪੱਖਪਾਤੀ ਨੀਤੀ ਦਾ ਡੱਟਵਾਂ ਵਿਰੋਧ ਕਰਦਿਆਂ ਬਿਨਾਂ ਕਿਸੇ ਦੇਰੀ ਤੇ ਕਟੌਤੀ ਦੇ ਕਿਸਾਨਾਂ ਦੇ ਝੋਨੇ ਦੀ ਖਰੀਦ ਤੇ ਚੁਕਾਈ ਕਰਵਾਉਣ ਲਈ ਕਿਹਾ ਗਿਆ ਤੇ ਦੋਹਾਂ ਸਰਕਾਰਾਂ ਖ਼ਿਲਾਫ਼ ਡੱਟ ਕੇ ਨਾਅਰੇਬਾਜ਼ੀ ਕੀਤੀ ਗਈ।ਇਹ ਰੋਸ ਧਰਨਾ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮਾਸਟਰ ਸ਼ਿੰਗਾਰਾ ਸਿੰਘ ਦੀ ਅਗਵਾਈ ਹੇਠ ਦਿੱਤਾ ਗਿਆ।ਭਾਕਿਯੂ ਏਕਤਾ ਉਗਰਾਹਾਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਆਗੂਆਂ ਤੇ ਸਮੱਰਥਕਾਂ ਵਲੋਂ ਰੇਲਵੇ ਲਾਈਨ ਤੇ ਰੋਸਪੂਰਵਕ ਬੈਠ ਕੇ ਕੇਂਦਰ ਤੇ ਸੂਬਾ ਸਰਕਾਰਾਂ ਨੂੰ ਤੇਰਾਂ ਦਿਨਾਂ ਤੋਂ ਝੋਨੇ ਸਮੇਤ ਮੰਡੀਆਂ ਵਿੱਚ ਦਿਨ-ਰਾਤ ਰੁਲ ਰਹੇ ਕਿਸਾਨਾਂ ਦੀ ਸਾਰ ਲੈਣ ਉਨ੍ਹਾਂ ਦਾ ਝੋਨਾ ਤੁਰੰਤ ਖਰੀਦਣ ਤੇ ਰਾਹਤ ਪਹੁੰਚਾਉਣ ਦੀ ਮੰਗ ਤੇ ਜ਼ੋਰ ਦਿੱਤਾ ਤੇ ਅਜਿਹਾ ਨਾ ਹੋਣ ਦੀ ਸੂਰਤ ਵਿੱਚ ਲਗਾਤਾਰ ਰੋਸ ਪ੍ਰਦਰਸ਼ਨ ਕਰਨ ਦੀ ਚਿਤਾਵਨੀ ਦਿੱਤੀ।ਇਸ ਰੋਸ ਮੁਜ਼ਾਹਰੇ ਵਿੱਚ ਮਾਸਟਰ ਮਦਨ ਲਾਲ, ਜਸਵੰਤ ਸਿੰਘ, ਪਰਮਜੀਤ ਸਿੰਘ ਕਾਲਕਟ, ਰਾਜਿੰਦਰ ਸਿੰਘ, ਜਸਵੀਰ ਸਿੰਘ ਚੱਕੋਵਾਲ, ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਸੰਤੋਖ ਸਿੰਘ, ਜਤਿੰਦਰਪਾਲ ਸਿੰਘ, ਕੁਲਤਾਰ ਸਿੰਘ, ਬਲਜੀਤ ਸਿੰਘ, ਰੇਸ਼ਮ ਸਿੰਘ ਬੱਦੋਵਾਲ, ਮਹਿੰਦਰ ਪਾਲ ਸਿੰਘ, ਮਨਜੀਤ ਸਿੰਘ, ਹਰਬੰਸ ਸਿੰਘ, ਗੁਰਦੀਪ ਸਿੰਘ ਸਹੋਤਾ, ਸੁਰਜੀਤ ਸਿੰਘ ਮੁੱਖੋਮਜਾਰਾ ਨੇ ਸਾਥੀਆਂ ਸਮੇਤ ਸ਼ਮੂਲੀਅਤ ਕੀਤੀ।

## ਐੱਸ ਡੀ ਕਾਲਜ 'ਚ ਬੈੱਸਟ ਆਊਟ ਆਫ ਵੇਸਟ ਪ੍ਰਦਰਸ਼ਨੀ



**ਸੁਲਤਾਨਪੁਰ ਲੋਧੀ, (ਹਨੀ)** ਐਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਦੇ ਈਕੋ ਕਲੱਬ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿੱਚ ਬੈਸਟ ਆਊਟ ਆਫ ਵੇਸਟ ਪ੍ਰਦਰਸ਼ਨੀ ਲਗਾਈ ਗਈ।ਇਸ ਦੌਰਾਨ ਵਿਦਿਆਰਥਣਾ ਰਹਿੰਦ ਸਮੱਗਰੀ ਤੋਂ ਸਜਾਵਟੀ ਵਸਤੂਆਂ ਬਣਾਉਣ ਦੇ ਨਾਲ ਨਾਲ ਵਾਤਵਰਨ ਦੀ ਸੰਭਾਲ ਦਾ ਸੰਦੇਸ਼ ਵੀ ਦਿੱਤਾ।ਵਿਦਿਆਰਥਣਾਂ ਨੇ ਰਹਿੰਦ ਸਮੱਗਰੀ ਨੂੰ ਵਰਤੋਂ ਵਿੱਚ ਆਉਣ ਵਾਲੀਆਂ ਸਜਾਵਟੀ ਵਸਤਾਂ ਤਿਆਰ ਕਰਕੇ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਬੀ ਕਾਮ ਭਾਗ ਦੂਜਾ ਸਿਮਰਜੀਤ ਕੌਰ, ਸੰਜੀਵਨ ਕੌਰ, ਰੂਬੀ, ਗਗਨਦੀਪ ਕੌਰ, ਕੋਮਲਪ੍ਰੀਤ ਕੌਰ, ਹੀਨਾ, ਰੁਚੀ, ਨਵਦੀਪ ਕੌਰ, ਜਸਪ੍ਰੀਤ ਕੌਰ, ਬੀ ਕਾਮ ਭਾਗ ਪਹਿਲਾ ਤੋਂ ਹਰਪ੍ਰੀਤ ਕੌਰ ਤੇ ਸਲੋਨੀ ਅਤੇ ਬੀ.ਏ. ਭਾਗ ਪਹਿਲਾ ਤੋਂ ਯਸਪ੍ਰੀਤ ਕੌਰ, ਪ੍ਰੀਤਿਕਾ, ਮਲਿਕਾ, ਹਰਮਨਪੀਤ ਕੌਰ, ਰਣਜੀਤ ਕੌਰ, ਕਿਰਨਦੀਪ ਕੌਰ, ਹਰਪ੍ਰੀਤ ਕੌਰ, ਜਸਮੀਨ ਕੌਰ ਆਦਿ ਵੱਡੀ ਗਿਣਤੀ ਵਿਚ ਵਿਦਿਆਰਥਣਾਂ ਪ੍ਰਤੀਯੋਗਤਾ ਵਿਚ ਹਿੱਸਾ ਲਿਆ

। ਕਾਲਜ ਦੇ ਪ੍ਰਿੰਸੀਪਲ ਡਾ ਸ਼ੁਕਲਾ ਅਤੇ ਈਕੋ ਕਲੱਬ ਇੰਚਾਰਜ ਮੈਡਮ ਰਾਜਿੰਦਰ ਕੌਰ ਅਤੇ ਸਟਾਫ਼ ਮੈਂਬਰਾਂ ਵੱਲੋਂ ਪ੍ਰਤੀਯੋਗਤਾ ਵਿਚ ਹਿੱਸਾ ਲੈਣ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਪੌਦੇ ਵੀ ਵੰਡੇ ਗਏ ।

## ਪ ਸ ਸ ਫ ਤੇ ਜੀ ਟੀ ਯੂ ਵੱਲੋਂ ਚੋਣ ਅਮਲੇ ਦੀ ਸੁਰੱਖਿਆ, ਖਾਣੇ ਤੇ ਰਿਹਾਇਸ਼ ਦਾ ਸੁਚੱਜਾ ਪ੍ਰਬੰਧ ਕਰਨ ਦੀ ਮੰਗ




**ਜਲੰਧਰ (ਰਜੇਸ਼ ਥਾਪਾ)** ਪੰਚਾਇਤਾਂ ਦੀਆਂ 15 ਅਕਤੂਬਰ ਨੂੰ ਹੋ ਰਹੀਆਂ ਚੋਣਾਂ ਦੇ ਅਮਲੇ ਦੀ ਸੁਰੱਖਿਆ, ਰਿਹਾਇਸ਼ ਅਤੇ ਖਾਣੇ ਦਾ ਸੁਚੱਜਾ ਪ੍ਰਬੰਧ ਕੀਤਾ ਜਾਵੇ, ਇਸ ਸਬੰਧੀ ਮੁੱਖ ਚੋਣ ਅਫਸਰ ਪੰਜਾਬ ਅਤੇ ਜ਼ਿਲ੍ਹਾ ਜਲੰਧਰ ਦੇ ਐਡੀਸ਼ਨਲ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫ਼ਸਰ ਜਲੰਧਰ ਤੋਂ ਮੰਗ ਕਰਦਿਆਂ ਪ.ਸ.ਸ.ਫ. ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੂਬਾ ਕਮੇਟੀ ਮੈਂਬਰ ਤਰਸੇਮ ਮਾਧੋਪੁਰੀ, ਕੁਲਦੀਪ ਵਾਲੀਆ ਬਿਲਗਾ,ਜ਼ਿਲ੍ਹਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ, ਜਨਰਲ ਸਕੱਤਰ ਪ੍ਰੇਮ ਖਲਵਾੜਾ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ, ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਗੁਰਿੰਦਰ ਸਿੰਘ ਆਦਮਪੁਰ,ਜਨਰਲ ਸਕੱਤਰ ਸੁਖਵਿੰਦਰ ਸਿੰਘ ਮੱਕੜ, ਵਿੱਤ ਸਕੱਤਰ ਹਰਮਨਜੋਤ ਸਿੰਘ ਆਹਲੂਵਾਲੀਆ, ਪ੍ਰੈੱਸ ਸਕੱਤਰ ਵੇਦ ਰਾਜ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਦੇ ਵਾਂਗ ਹੀ ਪੰਚਾਇਤ ਚੋਣਾਂ ਵਿੱਚ ਲੱਗੇ ਅਮਲੇ ਦੀ ਸੁਰੱਖਿਆ, ਰਿਹਾਇਸ਼ ਅਤੇ 14 ਅਤੇ 15 ਲਈ ਖਾਣੇ ਦੇ ਸੁਚੱਜੇ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਜਾਵੇ। ਚੋਣ ਪ੍ਰਕਿਰਿਆ ਪੂਰੀ ਹੋਣ ਉਪਰੰਤ ਜਿੱਥੇ ਮੁੱਖ ਦਫ਼ਤਰ ਵਿੱਚ ਚੋਣ ਅਮਲੇ ਨੇ ਪੂਰਾ ਸਮਾਨ ਜਾ ਕੇ ਜਮਾਂ ਕਰਵਾਉਣਾ ਹੁੰਦਾ ਹੈ, ਉੱਥੇ ਵੀ ਚੋਣ ਅਮਲੇ ਦੀ ਗਿਣਤੀ ਅਨੁਸਾਰ ਰਾਤ ਦੇ ਖਾਣੇ ਦੇ ਪ੍ਰਬੰਧ ਵੀ ਸਹੀ ਸਹੀ ਤਰੀਕੇ ਨਾਲ ਕੀਤੇ ਜਾਣ ਕਿਉਂਕਿ ਇਹਨਾਂ ਚੋਣਾਂ ਵਿੱਚ ਗਿਣਤੀ ਕਰਦੇ ਅਤੇ ਨਤੀਜੇ ਦਾ ਐਲਾਨ ਕਰਦੇ ਹੋਏ ਬਹੁਤ ਜ਼ਿਆਦਾ ਲੇਟ ਹੋ ਜਾਂਦੇ ਹਨ ਅਤੇ ਆਪਣੇ ਆਪਣੇ ਘਰਾਂ ਤੱਕ ਵੀ ਅੱਧੀ ਰਾਤ ਤੋਂ ਬਾਅਦ ਹੀ ਪੁੱਜਦੇ ਹਨ।ਪੰਚਾਇਤ ਚੋਣਾਂ ਦੇ ਵਿੱਚ ਪਿੰਡਾਂ ਵਿੱਚ ਆਮ ਤੌਰ 'ਤੇ ਧੜੇਬੰਦੀ ਬਹੁਤ ਜ਼ਿਆਦਾ ਹੁੰਦੀ ਹੈ, ਇਸ ਲਈ ਹਰ ਸਮੇਂ ਲੜਾਈ ਝਗੜੇ ਦਾ ਮਾਹੌਲ ਬਣਿਆ ਰਹਿੰਦਾ ਹੈ।

ਇਸ ਲਈ ਪੋਲਿੰਗ ਦੀ ਪੂਰੀ ਪ੍ਰਕਿਰਿਆ ਦੀ ਵੀਡੀਓ ਗ੍ਰਾਫੀ ਵੀ ਕਰਵਾਈ ਜਾਵੇ। ਆਗੂਆਂ ਨੇ ਮੰਗ ਕੀਤੀ ਕਿ ਪੰਚਾਇਤ ਚੋਣਾਂ ਦੇ ਨਤੀਜੇ ਵਿਧਾਨ ਸਭਾ ਚੋਣਾਂ ਵਾਂਗ ਹੀ ਬੀ ਡੀ ਪੀ ਓ ਪੱਧਰ ਤੇ ਬਕਸੇ ਇਕੱਠੇ ਕਰਕੇ ਹੋਰ ਵੱਖਰੇ ਸਟਾਫ ਤੋਂ ਗਿਣਤੀ ਕਰਵਾ ਕੇ ਦੋ ਦਿਨ ਬਾਅਦ ਕੱਢੇ ਜਾਣ ਤਾਂ ਜ਼ਿਆਦਾ ਵਧੀਆ ਰਹੇਗਾ, ਇਸ ਨਾਲ ਚੋਣ ਅਮਲੇ ਦੀ ਸੁਰੱਖਿਆ ਵੀ ਸਹੀ ਢੰਗ ਨਾਲ ਹੋ ਸਕਦੀ ਹੈ। ਵਿਧਾਨ ਸਭਾ ਅਤੇ ਲੋਕ ਸਭਾ ਚੋਣਾਂ ਵਾਂਗ ਪੰਚਾਇਤ ਚੋਣਾਂ ਵਿੱਚ ਲੱਗੇ ਸਮੁੱਚੇ ਅਮਲੇ ਨੂੰ ਬਣਦਾ ਮਿਹਨਤਾਨਾ ਮੌਕੇ 'ਤੇ ਹੀ ਦੇਣਾ ਯਕੀਨੀ ਬਣਾਇਆ ਜਾਵੇ।

## ਸਰਕਾਰ ਨੂੰ ਨੀਂਦ ਤੋਂ ਜਗਾਉਣ ਲਈ 22 ਨੂੰ ਮੋਹਾਲੀ 'ਚ ਗਰਜਣਗੇ ਪੈਨਸ਼ਨਰਜ਼




**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)** ਪੰਜਾਬ ਸਰਕਾਰ ਨੇ ਪਿਛਲੇ ਢਾਈ ਸਾਲ ਦੇ ਵੱਧ ਸਮੇਂ ਤੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਮੰਨਣ ਅਤੇ ਲਾਗੂ ਕਰਨ ਪ੍ਰਤੀ ਸਾਜ਼ਿਸ਼ੀ ਚੁੱਪ ਧਾਰੀ ਹੋਈ ਹੈ। ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਨੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਅਤੇ ਲਾਗੂ ਕਰਨ ਲਈ ਧਾਰੀ ਸਾਜ਼ਿਸ਼ ਭਰੀ ਚੁੱਪ ਦਾ ਸਖ਼ਤ ਨੋਟਿਸ ਲੈਂਦਿਆਂ 18 ਸਤੰਬਰ ਨੂੰ ਪੂਰੇ ਪੰਜਾਬ ਵਿੱਚ ਜ਼ਿਲ੍ਹਾ ਪੱਧਰੀ ਐਕਸ਼ਨ ਕਰਦੇ ਹੋਏ 22 ਅਕਤੂਬਰ ਨੂੰ ਮੋਹਾਲੀ ਵਿਖੇ ਸੂਬਾ ਪੱਧਰੀ ਰੈਲੀ ਕਰਨ ਦੇ ਨੋਟਿਸ ਮੁੱਖ ਮੰਤਰੀ ਪੰਜਾਬ ਦੇ ਨਾਂ ਤੇ ਭੇਜੇ ਹੋਏ ਸਨ, ਪਰ ਰੈਲੀ ਕਰਨ ਦੇ ਭੇਜੇ ਨੋਟਿਸਾਂ ਪ੍ਰਤੀ ਮੁੱਖ ਮੰਤਰੀ ਸਾਹਿਬ ਪੰਜਾਬ ਨੇ ਰਤੀ ਭਰ ਵੀ ਗੰਭੀਰਤਾ ਨਹੀਂ ਦਿਖਾਈ, ਜਿਸ ਕਰਕੇ ਪੈਨਸ਼ਨਰਾਂ ਦੇ ਮਨਾਂ ਵਿੱਚ ਪੰਜਾਬ ਸਰਕਾਰ ਦੇ ਬੇਰੁਖੀ ਵਾਲੇ ਵਤੀਰੇ ਪ੍ਰਤੀ ਹੋਰ ਗੁੱਸਾ ਭੜਕਿਆ ਹੈ।ਪੰਜਾਬ ਸਰਕਾਰ ਨੂੰ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਪ੍ਰਤੀ ਗੂੜ੍ਹੀ ਨੀਂਦ ਤੋਂ ਜਗਾਉਣ ਲਈ 22 ਅਕਤੂਬਰ ਨੂੰ ਵਿਸ਼ਾਲ ਸੂਬਾਈ ਰੈਲੀ ਕਰਕੇ ਪੈਨਸ਼ਨਰਜ਼ ਮੋਹਾਲੀ ਵਿਖੇ ਗਰਜਣਗੇ। ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੀ ਮਾਸਿਕ ਮੀਟਿੰਗ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਪ੍ਰਧਾਨਗੀ ਹੇਠ ਕਰਕੇ ਐਲਾਨ ਕੀਤਾ ਕਿ 22 ਅਕਤੂਬਰ ਦੀ ਮੋਹਾਲੀ ਪੈਨਸ਼ਨਰਜ਼ ਰੈਲੀ ਵਿੱਚ ਫ਼ਗਵਾੜਾ ਦੇ ਪੈਨਸ਼ਨਰ ਵੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਮੀਟਿੰਗ ਦੀ ਕਾਰਵਾਈ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਦੱਸਿਆ ਕਿ ਮੀਟਿੰਗ ਦੇ ਸ਼ੁਰੂ ਵਿੱਚ ਸਦੀਵੀ ਵਿਛੋੜਾ ਦੇ ਗਏ ਪ੍ਰੋਫੈਸਰ ਜੀ ਐੱਨ ਸਾਈਬਾਬਾ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਵਿੱਚ ਕਿਸਾਨ ਆਗੂ ਡੱਲੇਵਾਲ ਵਲੋਂ ਮੁਲਾਜ਼ਮਾਂ ਨੂੰ ਮਿਲਦੀ ਪੈਂਨਸ਼ਨ ਦਾ ਵਿਰੋਧ ਕਰਨ ਅਤੇ ਪੈਨਸਨ ਬੰਦ ਕਰਨ ਦੇ ਦਿੱਤੇ ਬਿਆਨ ਦੀ ਤਿੱਖੀ ਨਿਖੇਧੀ ਕਰਦਿਆਂ ਆਗੂਆਂ ਨੇ ਕਿਹਾ ਕਿ ਡੱਲੇਵਾਲ ਇਹੋ ਜਿਹੇ ਮੁਲਾਜ਼ਮ ਅਤੇ ਪੈਨਸ਼ਨਰਜ਼ ਵਿਰੋਧੀ ਬਿਆਨ ਦੇ ਕੇ ਕੇਂਦਰ ਸਰਕਾਰ ਅਤੇ ਰਾਜ ਸਰਕਾਰ ਦੀ ਬੋਲੀ ਹੀ ਬੋਲ ਰਹੇ ਹਨ, ਜਿਸ ਸਰਕਾਰ ਨੇ 2004 ਤੋਂ ਬਾਅਦ ਨਿਯੁਕਤ ਮੁਲਾਜ਼ਮਾਂ ਦੀ ਪੁਰਾਣੀ ਪੈਂਨਸ਼ਨ ਨੀਤੀ ਬੰਦ ਕੀਤੀ ਹੋਈ ਹੈ ਅਤੇ ਉਹ ਮੁਲਾਜ਼ਮ ਪੁਰਾਣੀ ਪੈਨਸ਼ਨ ਨੂੰ ਬਹਾਲ ਕਰਵਾਉਣ ਲਈ ਲਗਾਤਾਰ ਸੰਘਰਸ਼ਸ਼ੀਲ ਹਨ।ਮੀਟਿੰਗ ਵਿੱਚ ਪ੍ਰਧਾਨ ਮੋਹਣ ਸਿੰਘ ਭੱਟੀ, ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ, ਸੀਨੀਅਰ ਮੀਤ ਪ੍ਰਧਾਨ ਸੀਤਲ ਰਾਮ ਬੰਗਾ,ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ,ਜੁਆਇੰਟ ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ, ਜੁਆਇੰਟ ਪ੍ਰੈੱਸ ਸਕੱਤਰ ਗੁਰਦੀਪ ਜੱਸੀ, ਰਤਨ ਸਿੰਘ ਗੁਰਾਇਆ, ਹਰਭਜਨ ਲਾਲ ਕੌਲ, ਕੇ ਕੇ ਪਾਂਡੇ, ਬਲਬੀਰ ਸਿੰਘ ਭੁਲਾਰਾਈ, ਪਿਆਰਾ ਰਾਮ ਪਲਾਹੀ, ਸੁੱਚਾ ਰਾਮ,ਹਰੀ ਰਾਮ ਚੋਟ, ਸੁਖਦੇਵ ਸਿੰਘ, ਮਹਿੰਦਰ ਪਾਲ ਆਦਿ ਪੈਨਸ਼ਨਰ ਸਾਥੀ ਹਾਜ਼ਰ ਸਨ।

## ਕੁਲਵਿੰਦਰ ਸਿੰਘ ਰਸੂਲਪੁਰੀ ਨੂੰ ਦੁਸਹਿਰੇ ਦੇ ਮੌਕੇ ਪ੍ਰਬੰਧਕਾਂ ਵੱਲੋਂ ਕੀਤਾ ਸਨਮਾਨਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਜੇਜੋਂ ਦੁਆਬਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਦੀ ਵੀ ਦੁਸਹਿਰਾ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਦੁਸਹਿਰੇ ਮੌਕੇ ਸ਼੍ਰੀ ਰਾਮ ਚੰਦਰ ਜੀ ਦੇ ਜੀਵਨ ਕਾਲ ਨਾਲ ਸਬੰਧਿਤ ਸੁੰਦਰ ਝਾਕੀਆਂ ਕੱਢੀਆਂ ਗਈਆਂ। ਇਸ ਮੌਕੇ ਵਿਸ਼ੇਸ਼ ਮਹਿਮਾਨ ਚੱਬੇਵਾਲ ਤੋਂ ਹਲਕਾ ਇੰਚਾਰਜ ਕੁਲਵਿੰਦਰ ਸਿੰਘ ਰਸੂਲਪੁਰ ਨੂੰ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਿਰਪਾਓ ਪਾ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਯੂਥ ਪ੍ਰਧਾਨ ਚੌਧਰੀ ਗੁਰਪ੍ਰੀਤ ਸਿੰਘ ਚੱਬੇਵਾਲ, ਮਹਿਲਾ ਪ੍ਰਧਾਨ ਬੀਬੀ ਹਰਬੰਸ ਕੌਰ, ਬਲਾਕ ਪ੍ਰਧਾਨ ਕੁਲਵਿੰਦਰ ਸਿੰਘ, ਸਰਕਲ ਪ੍ਰਧਾਨ ਜੈ ਗਣੇਸ਼, ਤਰੁਣ ਕੁਮਾਰ ਟਿੰਕੂ ਸਰਕਲ ਪ੍ਰਧਾਨ, ਸੰਤੋਖ ਸਿੰਘ, ਹਰਜਿੰਦਰ ਸਿੰਘ ਰਸੂਲਪੁਰੀ, ਬੀਬੀ ਮੀਨਾ ਦੇਵੀ ਡੇਰਾ ਰਤਨਪੁਰੀ, ਮਹਿੰਦਰ ਪਾਲ ਲਖਨਪਾਲ, ਰਜੇਸ਼ ਜੈਨ, ਬਰਿੰਦਰ ਪਾਲ ਸੂਦ, ਅਨਿਲ ਸ਼ਰਮਾ, ਅਸ਼ੋਕ ਦੱਤ, ਵਿਨੈ ਕੁਮਾਰ, ਮੰਗਤ ਰਾਮ, ਬਨਵਾਰੀ ਲਾਲ, ਦੀਨਾ ਨਾਥ, ਜੋਗਿੰਦਰ ਸਿੰਘ, ਚਮਨ ਲਾਲ, ਕ੍ਰਿਸ਼ਨ ਕੁਮਾਰ, ਮਨੋਜ ਲਖਨਪਾਲ, ਸ਼ਿਵਮ ਆਦਿ ਹਾਜ਼ਰ ਸਨ।



## ਸ੍ਰੀ ਹਨੂਮਤ ਇੰਸਟੀਚਿਊਟ ਨੇ ਸਨਸ਼ਾਈਨ ਟੈਕਨਾਲੋਜੀ ਨਾਲ ਸਮਝੌਤਾ ਪੱਤਰ 'ਤੇ ਕੀਤੇ ਦਸਤਖਤ



**ਗੁਰਾਇਆ (ਬਿੰਦਰ ਸੁਮਨ)** ਸ੍ਰੀ ਹਨੂਮਤ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਨੇ ਆਈ ਟੀ ਸਿੱਖਿਆ ਵਿੱਚ ਕ੍ਰਾਂਤੀ ਲਿਆਉਣ ਦੇ ਉਦੇਸ਼ ਨਾਲ ਸਨਸ਼ਾਈਨ ਟੈਕਨਾਲੋਜੀ ਨਾਲ ਇੱਕ ਸਮਝੌਤਾ ਸਹੀਬੰਦ ਕੀਤਾ ਹੈ।ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਕਾਲਜ ਦੇ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਨੇ ਦੱਸਿਆ ਕਿ ਇਸ ਐਮ ਓ ਯੂ ਦਾ ਉਦੇਸ਼ ਬੀ ਸੀ ਏ ਵਿਭਾਗ ਦੇ ਵਿਦਿਆਰਥੀਆਂ ਦੇ ਵਿਹਾਰਕ ਹੁਨਰ ਨੂੰ ਵਧਾਉਣ ਲਈ ਸਿਖਲਾਈ ਅਤੇ ਇੰਟਰਨਸ਼ਿਪ ਦੇ ਮੌਕਿਆਂ ਤੱਕ ਪਹੁੰਚ ਬਣਾਉਣ ਦੇ ਨਾਲ ਉਦਯੋਗ-ਸੰਬੰਧਿਤ ਸਿਖਲਾਈ ਲਈ ਪਾਠਕ੍ਰਮ ਵਿਕਾਸ ਨੂੰ ਉਤਸ਼ਾਹਿਤ ਕਰਨਾ ਹੈ। ਇਸ ਤੋਂ ਇਲਾਵਾ ਐਮ.ਓ.ਯੂ. ਦਾ ਉਦੇਸ਼ ਵਿਸ਼ੇ ਦੇ ਗਿਆਨ ਨੂੰ ਸਾਂਝਾ ਕਰਨਾ, ਉਦਯੋਗ-ਅਕਾਦਮਿਕ ਸੰਪਰਕ ਨੂੰ ਆਸਾਨ ਬਣਾਉਣਾ, ਆਈ ਟੀ ਵਿੱਚ ਖੋਜ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨਾ ਅਤੇ ਵਿਦਿਆਰਥੀਆਂ ਲਈ ਰੁਜ਼ਗਾਰ ਦੇ ਮੌਕਿਆਂ ਅਤੇ ਕਰੀਅਰ ਦੀ ਤਰੱਕੀ ਦੇ ਦੁਆਰ ਖੋਲ੍ਹਣਾ ਵੀ ਹੈ। ਉਨਾਂ ਨੇ ਇਸ ਸਹਿਮਤੀ ਪੱਤਰ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਇਸ ਤੋਂ ਪਹਿਲਾਂ ਡਿਜੀਟੈਕ ਇੰਸਟੀਚਿਊਟ ਫਗਵਾੜਾ ਨਾਲ ਵੀ ਇੱਕ ਐਮ ਓ ਯੂ 'ਤੇ ਦਸਤਖਤ ਕੀਤੇ ਗਏ ਸਨ। ਜਿਸ ਦਾ ਪੂਰਾ ਫਾਇਦਾ ਬੀ.ਸੀ.ਏ. ਵਿਭਾਗ ਦੇ ਵਿਦਿਆਰਥੀਆਂ ਨੂੰ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਸ਼ਿਮਟ ਇੰਸਟੀਚਿਊਟ ਦਾ ਉਦੇਸ਼ ਹਰ ਵਿਭਾਗ ਦੇ ਵਿਦਿਆਰਥੀਆਂ ਨੂੰ ਚੰਗੀ ਸਿੱਖਿਆ ਦੇ ਨਾਲ-ਨਾਲ ਪ੍ਰੈਕਟੀਕਲ ਤਜ਼ਰਬੇ ਦੇ ਵਧੀਆ ਮੌਕੇ ਪ੍ਰਦਾਨ ਕਰਨਾ ਹੈ ਤਾਂ ਜੋ ਉਹ ਭਵਿੱਖ ਵਿੱਚ ਰੁਜ਼ਗਾਰ ਦੇ ਮੌਕੇ ਲੱਭਣ ਅਤੇ ਆਪਣੇ ਕੈਰੀਅਰ ਵਿੱਚ ਅੱਗੇ ਵਧਣ ਲਈ ਸਹੀ ਮਾਰਗਦਰਸ਼ਨ ਪ੍ਰਾਪਤ ਕਰ ਸਕਣ।ਇਸ ਐਮ ਓ ਯੂ ਨੂੰ ਲੈ ਕੇ ਬੀ ਸੀ ਏ ਵਿਭਾਗ ਦੇ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਵੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ।

## ਹਲਕੇ ਦੀਆਂ ਸਰਬਸੰਮਤੀ ਨਾਲ ਚੁਣੀਆਂ 53 ਪੰਚਾਇਤਾਂ ਦਾ ਸਨਮਾਨ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**: ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਹਲਕੇ ਦੀਆਂ ਸਰਬਸੰਮਤੀ ਨਾਲ ਚੁਣੀਆਂ 53 ਪੰਚਾਇਤਾਂ ਦਾ ਸਨਮਾਨ ਕਰਦਿਆਂ ਕਿਹਾ ਕਿ ਸ੍ਰੀ ਚਮਕੌਰ ਸਾਹਿਬ ਹਲਕੇ ਦੀਆਂ ਨਿਰਵਿਰੋਧ ਬਣੀਆਂ ਪੰਚਾਇਤਾਂ ਦਾ ਇੱਕੋ ਇੱਕ ਏਜੰਡਾ ਪਿੰਡਾਂ ਦਾ ਸਰਵਪੱਖੀ ਵਿਕਾਸ ਹੋਣਾ ਚਾਹੀਦਾ ਹੈ।ਸਨਮਾਨ ਸਮਾਗਮ ਦੌਰਾਨ ਸਰਪੰਚਾਂ ਤੇ ਪੰਚਾਂ ਨੂੰ ਸਨਮਾਨਿਤ ਕਰਦਿਆਂ ਵਿਧਾਇਕ ਡਾ. ਚਰਨਜੀਤ ਸਿੰਘ ਨੇ ਕਿਹਾ ਕਿ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਹਲਕੇ ਵਿੱਚੋਂ 53 ਪੰਚਾਇਤਾਂ ਬਿਨਾਂ ਮੁਕਾਬਲਾਂ ਚੁਣੀਆਂ ਗਈਆਂ ਹਨ ਅਤੇ ਗੁੱਟਬੰਦੀ ਅਤੇ ਧੜੇਬੰਦੀ ਤੋਂ ਉੱਪਰ ਉੱਠ ਕੇ ਵਿਕਾਸ ਦੇ ਏਜੰਡੇ ਵਿੱਚ ਉਨ੍ਹਾਂ ਦੇ ਵਿਸ਼ਵਾਸ ਦੀ ਪੁਸ਼ਟੀ ਹੋਈ ਹੈ।ਉਨ੍ਹਾਂ ਕਿਹਾ ਕਿ ਨਿਰਵਿਰੋਧ ਬਣੀਆਂ ਪੰਚਾਇਤਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਧਿਆਨ ਵਿੱਚ ਰੱਖ ਕੇ ਸ਼ਾਨਦਾਰ ਤਬਦੀਲੀਆਂ ਲਿਆਉਣ ਲਈ ਯਤਨਸ਼ੀਲ ਹੋਣ।ਉਨ੍ਹਾਂ ਕਿਹਾ ਕਿ ਪੰਚਾਇਤਾਂ ਦਾ ਇੱਕੋ-ਇੱਕ ਟੀਚਾ ਸੌੜੀ ਸਿਆਸਤ ਤੋਂ ਉੱਪਰ ਉੱਠ ਕੇ ਆਪਣੇ ਪਿੰਡਾਂ ਦਾ ਵਿਕਾਸ ਹੋਣਾ ਚਾਹੀਦਾ ਹੈ।ਉਨ੍ਹਾਂ ਪੰਚਾਇਤਾਂ ਨੂੰ ਸਰਬਸੰਮਤੀ ਨਾਲ ਚੋਣਾਂ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ ਐਲਾਨੀ ਗਰਾਂਟ ਦਾ ਭਰੋਸਾ ਦਿੰਦਿਆਂ ਕਿਹਾ ਕਿ ਪੰਚਾਇਤਾਂ ਦੀ ਸਰਬਸੰਮਤੀ ਨਾਲ ਚੋਣ ਕਰਨ ਨਾਲ ਪਿੰਡਾਂ ਵਿੱਚ ਸਦਭਾਵਨਾ ਅਤੇ ਏਕਤਾ ਵਧਦੀ ਹੈ ਅਤੇ ਉਹ ਪੰਚਾਇਤਾਂ ਦੀ ਭਲਾਈ ਅਤੇ ਵਿਕਾਸ ਲਈ ਨਿਰਪੱਖ ਦ੍ਰਿਸ਼ਟੀਕੋਣ ਨਾਲ ਪਿੰਡ ਵਾਸੀਆਂ ਦੀ ਸਮਰਪਣ ਭਾਵਨਾ ਨਾਲ ਸੇਵਾ ਕਰਦੇ ਰਹਿਣਗੇ।ਉਨ੍ਹਾਂ ਚੁਣੀਆਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ ਵਾਸੀਆਂ ਦੇ ਵਿਸ਼ਵਾਸ ਨੂੰ ਕਾਇਮ ਰੱਖਦਿਆਂ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰਨ।ਉਨ੍ਹਾਂ ਪਿੰਡਾਂ ਦੇ ਵਿਕਾਸ ਵਿੱਚ ਆਪਣਾ ਸਹਿਯੋਗ ਦੇਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਪੇਂਡੂ ਅਤੇ ਸ਼ਹਿਰੀ ਆਬਾਦੀ ਦੇ ਸਰਬਪੱਖੀ ਵਿਕਾਸ ਲਈ ਹਮੇਸ਼ਾਂ ਹੀ ਨਿਰਪੱਖ ਭੂਮਿਕਾ ਨਿਭਾਈ ਹੈ ਅਤੇ ਉਨ੍ਹਾਂ ਦਾ ਏਜੰਡਾ ਪਹਿਲਾਂ ਵਾਂਗ ਹੀ ਰਹੇਗਾ।

ਬਿਨਾਂ ਮੁਕਾਬਲਾ ਚੁਣੀਆਂ ਗਈਆਂ ਪੰਚਾਇਤਾਂ ਵਿੱਚ ਪਿੰਡ ਭੂਰੜੇ, ਮਹਿਤੋਤ, ਭੋਜੇਮਾਜਰਾ, ਬੰਗੀਆਂ, ਪੱਥਰ ਮਾਜਰਾ, ਸਾਰੰਗਪੁਰ, ਫਤਿਹਪੁਰ ਥੇੜੀ, ਸੰਗਤਪੁਰਾ, ਚਤਾਮਲੀ, ਕੋਟਲੀ, ਭਾਊਵਾਲ, ਮੁਗਲ ਮਜਰੀ, ਕਲਹੇੜੀ, ਰਾਮਪੁਰ ਬੇਟ, ਬੱਲਾ, ਸਮਾਣਾ ਕਲਾਂ, ਸਲੇਮਪੁਰ, ਤਾਲਾਪੁਰ, ਗਧਰਾਮ ਖ਼ੁਰਦ, ਦੇਹਕਲਾ, ਮਲਕਪੁਰ ਅਤੇ ਪਿੰਡ ਊਧਮਪੁਰ ਆਦਿ ਸ਼ਾਮਲ ਹਨ।

ਇਸ ਮੌਕੇ ਸਿਆਸੀ ਸਕੱਤਰ ਜਗਤਾਰ ਸਿੰਘ ਘੜੂੰਆਂ ਚੈਅਰਮੈਨ ਐਨ.ਪੀ ਰਾਣਾ, ਵਾਇਸ ਪ੍ਰਧਾਨ ਭੁਪਿੰਦਰ ਸਿੰਘ ਭੂਰਾ, ਰਜਿੰਦਰ ਸਿੰਘ ਰਾਜਾ, ਨਵਦੀਪ ਸਿੰਘ ਟੋਨੀ, ਗੁਰਬੀਰ ਸਿੰਘ ਗੁਰੀ, ਕੇਸਰ ਸਿੰਘ, ਮੋਹਣ ਸਿੰਘ, ਅਮ੍ਰਿਤਪਾਲ ਕੌਰ ਅਤੇ ਮਨਜੀਤ ਕੌਰ ਆਦਿ ਹਾਜ਼ਰ ਸਨ।

15-OCT-PAGE-10.qxd 10/14/2024 10:48 PM Page 1



## ਇਨਕਲਾਬੀ ਕੇਂਦਰ ਵੱਲੋਂ ਪ੍ਰੋ. ਜੀ ਐੱਨ ਸਾਈਬਾਬਾ ਨੂੰ ਸ਼ਰਧਾਂਜਲੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਜਾਬਰ ਹਕੂਮਤ ਨੇ ਕਮਿਊਨਿਸਟ ਇਨਕਲਾਬੀ ਲਹਿਰ ਦਾ ਹੀਰਾ ਕਾਮਰੇਡ ਪ੍ਰੋ. ਜੀ. ਐੱਨ. ਸਾਈਬਾਬਾ ਸਾਥੋਂ ਖੋਹ ਲਿਆ ਹੈ। ਪ੍ਰੋ. ਜੀ. ਐੱਨ. ਸਾਈਬਾਬਾ ਨੂੰ ਭਾਰਤੀ ਹਕੂਮਤ ਨੇ ਲੰਬਾ ਸਮਾਂ ਵੱਖ-ਵੱਖ ਜੇਲ੍ਹਾਂ ਵਿੱਚ ਬਿਨਾਂ ਇਲਾਜ ਤੋਂ ਰੱਖਿਆ। ਜਦੋਂ ਅਦਾਲਤੀ ਗਧੀ ਗੇੜ ਦੀ ਲੰਮੀ ਚੌੜੀ ਪ੍ਰਕਿਰਿਆ ਤੋਂ ਬਾਅਦ ਬੇਕਸੂਰ ਸਾਬਿਤ ਹੋਣ 'ਤੇ ਬਰੀ ਹੋਣ ਉਪਰੰਤ ਇਲਾਜ ਸ਼ੁਰੂ ਕਰਵਾਇਆ ਤਾਂ ਬਹੁਤ ਕੁੱਝ ਬੀਤ ਚੁੱਕਾ ਸੀ। ਇਲਾਜ ਲਈ ਢੁੱਕਵਾਂ ਸਮਾਂ ਹੀ ਨਹੀਂ, ਸਗੋਂ ਇਸ ਲੁਟੇਰੇ ਤੇ ਜਾਬਰ ਪ੍ਰਬੰਧ ਨੇ ਉਸ ਦਾ ਕਤਲ ਕਰਨ ਲਈ ਰਾਹ ਪੱਧਰਾ ਕਰ ਦਿੱਤਾ ਸੀ। ਕਾਮਰੇਡ ਜੀ. ਐੱਨ. ਸਾਈਬਾਬਾ ਦਾ ਇਹ ਸੰਸਥਾਗਤ ਕਤਲ ਹੈ। ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ, ਜਨਰਲ ਸਕੱਤਰ ਕੰਵਲਜੀਤ ਖੰਨਾ, ਮੁਖਤਿਆਰ ਸਿੰਘ ਪੂਹਲਾ, ਜਸਵੰਤ ਜੀਰਖ ਤੇ ਜਗਜੀਤ ਸਿੰਘ ਲਹਿਰਾ ਮੁਹੱਬਤ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਆਪਣੇ ਪਿਆਰੇ ਸਾਥੀ ਕਾਮਰੇਡ ਪ੍ਰੋ. ਜੀ. ਐੱਨ. ਸਾਈਬਾਬਾ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਉਨ੍ਹਾਂ ਦੇ ਅਧੂਰੇ ਕਾਰਜ ਤੇ ਨਵਾਂ ਬਰਾਬਰਤਾ ਵਾਲਾ ਸਮਾਜ ਸਿਰਜਣ ਲਈ ਚੱਲ ਰਹੇ ਜਮਾਤੀ ਸੰਘਰਸ਼ ਜਾਰੀ ਰੱਖਣ ਦਾ ਅਹਿਦ ਕਰਦੀ ਹੈ।

## ਕਹੇਰੂ ਦੇ ਵਾਰਡਾਂ 'ਚ ਪੰਚਾਇਤ ਮੈਂਬਰਾਂ ਦੀ ਸਰਬਸੰਮਤੀ ਨਾਲ ਚੋਣ



**ਧੂਰੀ (ਰਾਜੇਸ਼ਵਰ ਪਿੰਟੂ, ਬਿਨੀ ਗਰਗ)**-15 ਅਕਤੂਬਰ ਨੂੰ ਹੋਣ ਜਾ ਰਹੀਆਂ ਪੰਚਾਇਤੀ ਚੋਣਾਂ ਵਿੱਚ ਨੇੜਲੇ ਪਿੰਡ ਕਹੇਰੂ ਵਿਖੇ ਕਈ ਵਾਰਡਾਂ ਵਿੱਚ ਮੈਂਬਰ ਪੰਚਾਇਤਾਂ ਦੀ ਚੋਣ ਵਿੱਚ ਸਰਬਸੰਮਤੀ ਹੋਣ ਦਾ ਸਮਾਚਾਰ ਮਿਲਿਆ ਹੈ। ਜ਼ਿਲ੍ਹਾ ਪ੍ਰੀਸ਼ਦ ਮੈਂਬਰ ਇੰਦਰਪਾਲ ਸਿੰਘ ਗੋਲਡੀ ਨੇ ਕਿਹਾ ਕਿ ਉਹ ਪਿੰਡ ਕਹੇਰੂ ਦੇ ਸੂਝਵਾਨ ਪੜ੍ਹੇ ਲਿਖੇ ਵੋਟਰਾਂ ਦਾ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਵੱਖ ਵੱਖ ਵਾਰਡਾਂ ਵਿੱਚ ਸਰਬਸੰਮਤੀ ਨਾਲ ਪੰਚਾਇਤ ਮੈਂਬਰਾਂ ਦੀ ਚੋਣ ਕੀਤੀ। ਉਨ੍ਹਾ ਕਿਹਾ ਕਿ ਵਾਰਡ ਨੰਬਰ 5 'ਚੋਂ ਮਨਜੀਤ ਸਿੰਘ ਨਾਗਰਾ ਸਪੁੱਤਰ ਸਵਰਗੀ ਚੰਨਣ ਸਿੰਘ ਨਾਗਰਾ ਸਾਬਕਾ ਸਰਪੰਚ ਨੂੰ, ਵਾਰਡ ਨੰਬਰ 7 'ਚੋਂ ਹਰਜਿੰਦਰ ਸਿੰਘ ਸਿੱਧੂ ਨੂੰ, ਵਾਰਡ ਨੰਬਰ 8 'ਚੋਂ ਪਰਮਜੀਤ ਕੌਰ ਪਤਨੀ ਬਿਸ਼ਨ ਸਿੰਘ ਸਾਬਕਾ ਮੈਂਬਰ ਪੰਚਾਇਤ ਨੂੰ ਅਤੇ ਵਾਰਡ ਨੰਬਰ 9 'ਚੋਂ ਅਮਰਜੀਤ ਕੌਰ ਧਾਲੀਵਾਲ (ਰਿਟਾਇਰਡ ਟੀਚਰ) ਪਤਨੀ ਜਗਦੀਪ ਸਿੰਘ ਧਾਲੀਵਾਲ ਸਾਬਕਾ ਮੈਂਬਰ ਪੰਚਾਇਤ ਨੂੰ ਪਿੰਡ ਦੀ ਜ਼ੁੰਮੇਵਾਰੀ ਦਿੱਤੀ ਹੈ। ਇਸ ਮੌਕੇ ਸਮੂਹ ਪਿੰਡ ਵਾਸੀਆਂ ਨੇ ਨਵੇਂ ਚੁਣੇ ਗਏ ਪੰਚਾਇਤ ਮੈਂਬਰਾਂ ਦਾ ਸਨਮਾਨ ਕਰਦਿਆਂ ਏਕਤਾ ਦਾ ਸਬੂਤ ਦਿੱਤਾ ਹੈ।

## ਪੰਚਾਇਤ ਚੋਣਾਂ ਤੇ ਤਿਉਹਾਰਾਂ ਦੇ ਮੱਦੇ-ਨਜ਼ਰ ਪੁਲਸ ਵੱਲੋਂ ਫਲੈਗ ਮਾਰਚ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਪੰਚਾਇਤ ਚੋਣਾਂ ਤੇ ਦਿਵਾਲੀ ਨੂੰ ਮੁੱਖ ਰੱਖਦਿਆਂ ਪੰਜਾਬ ਪੁਲਸ ਵੱਲੋਂ ਸ਼ਹਿਰ ਵਿੱਚ ਫਲੈਗ ਮਾਰਚ ਕੱਢਿਆ ਗਿਆ ਤਾਂ ਜੋ ਅਣਹੋਣੀ ਘਟਨਾ ਨੂੰ ਰੋਕਿਆ ਜਾ ਸਕੇ।ਹਲਕਾ ਸਮਰਾਲੇ ਤੋਂ ਡੀ ਐੱਸ ਪੀ ਤਰਲੋਚਨ ਸਿੰਘ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਡੇ ਮਾਨਯੋਗ ਐੱਸ ਐੱਸ ਪੀ ਮੈਡਮ ਅਸ਼ਵਨੀ ਕਟਿਆਲ ਜੀ ਦੇ ਨਿਰਦੇਸ਼ਾਂ ਮੁਤਾਬਕ ਤਿਓਹਾਰਾਂ ਨੂੰ ਮੁੱਖ ਰੱਖਦੇ ਸ਼ਹਿਰ ਦੇ ਵਿੱਚ ਅਸੀਂ ਫਲੈਗ ਮਾਰਚ ਕੱਢ ਰਹੇ ਹਾਂ ਅਤੇ ਇਸ ਤੋਂ ਬਿਨਾਂ ਪੰਚਾਇਤੀ ਵੋਟਾਂ ਨੂੰ ਮੁੱਖ ਰੱਖਦੇ ਹੋਏ ਹਲਕਾ ਸਮਰਾਲਾ ਦੇ ਸਾਰੇ ਪਿੰਡਾਂ ਵਿੱਚ ਫਲੈਗ ਮਾਰਚ ਕੱਢਿਆ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਮੇਰੇ ਤੇ ਮੇਰੀ ਸਮੁੱਚੀ ਟੀਮ ਵੱਲੋਂ ਹਲਕਾ ਸਮਰਾਲਾ ਤੇ ਮਾਛੀਵਾੜਾ ਸਾਹਿਬ ਦੇ ਨਿਵਾਸੀਆਂ ਨੂੰ ਅਪੀਲ ਹੈ ਕਿ ਬੇਝਿਜਕ ਹੋ ਕੇ ਆਪਣੀ ਵੋਟ ਦਾ ਪ੍ਰਯੋਗ ਕਰਨ, ਵੱਧ ਤੋਂ ਵੱਧ ਵੋਟਾਂ ਪਾਉਣ, ਆਪਣੀ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ, ਵੋਟਾਂ ਦਾ ਕੰਮ ਸ਼ਾਂਤੀਪੂਰਵਕ ਨੇਪਰੇ ਚਾੜ੍ਹਨ ਤੇ ਦਿਵਾਲੀ ਲਈ ਵੀ ਇੱਕ ਲੋਕੇਸ਼ਨ ਅਲਾਟ ਕੀਤੀ ਜਾਵੇਗੀ, ਜਿੱਥੇ ਪਟਾਕੇ ਰੱਖੇ ਜਾਣਗੇ।ਡੀ ਐੱਸ ਪੀ ਤਰਲੋਚਨ ਸਿੰਘ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਘਰਾਂ 'ਚ ਪਟਾਕਿਆਂ ਦਾ ਗੁਦਾਮ ਨਾ ਬਣਾਇਆ ਜਾਵੇ, ਪਤਾ ਲੱਗਣ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਅਲਾਇੰਸ ਸਕੂਲ 'ਚ ਦੁਸਹਿਰੇ ਦਾ ਤਿਉਹਾਰ ਮਨਾਇਆ



**ਜੈਤੋ (ਸਤੀਸ਼ ਕੁਮਾਰ ਭੀਰੀ)**-ਅਲਾਇੰਸ ਇੰਟਰਨੈਸ਼ਨਲ ਸਕੂਲ ਵਿੱਚ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਤਿਉਹਾਰ ਦੁਸਹਿਰਾ ਮਨਾਇਆ ਗਿਆ। ਬੱਚਿਆਂ ਦੱਸਿਆ ਗਿਆ ਕਿ ਦੁਸਹਿਰਾ, ਜਿਸ ਨੂੰ ਵਿਜੈਦਸ਼ਮੀ ਵੀ ਕਿਹਾ ਜਾਂਦਾ ਹੈ, ਇਹ ਤਿਉਹਾਰ ਰਾਵਣ ਦੇ ਜ਼ੁਲਮ ਤੇ ਭਗਵਾਨ ਰਾਮ ਦੀ ਜਿੱਤ ਦੀ ਨਿਸ਼ਾਨਦੇਹੀ ਕਰਦਾ ਹੈ। ਕਈ ਥਾਵਾਂ 'ਤੇ ਰਾਵਣ, ਮੇਘਨਾਥ ਤੇ ਕੁੰਭਕਰਨ ਦੇ ਪੁਤਲੇ ਫੂਕੇ ਜਾਂਦੇ ਹਨ।ਇਸ ਤੋਂ ਇਲਾਵਾ ਰਾਮਲੀਲ੍ਹਾ ਦਾ ਮੰਚਨ ਵੀ ਕੀਤਾ ਜਾਂਦਾ ਹੈ, ਜਿਸ ਵਿੱਚ ਸ੍ਰੀ ਰਾਮ ਦੀ ਕਥਾ ਕੀਤੀ ਜਾਂਦੀ ਹੈ।ਇਹ ਤਿਉਹਾਰ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਸੰਦੇਸ਼ ਦਿੰਦਾ ਹੈ ਤੇ ਲੋਕਾਂ ਵਿੱਚ ਉਤਸ਼ਾਹ ਤੇ ਸ਼ਰਧਾ ਪੈਦਾ ਕਰਦਾ ਹੈ।ਇਸ ਮੌਕੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਬੱਚਿਆਂ ਨੂੰ ਇਸ ਸਭ ਤੋਂ ਜਾਣੂ ਕਰਵਾਉਣ ਲਈ ਐੱਲ.ਈ.ਡੀ. ਪੈਨਲ 'ਤੇ ਇੱਕ ਛੋਟਾ ਨਾਟਕ ਦਿਖਾਇਆ ਗਿਆ ਅਤੇ ਇਸ 'ਤੇ ਸਵਾਲ-ਜਵਾਬ ਮੁਕਾਬਲਾ ਵੀ ਕਰਵਾਇਆ ਗਿਆ। ਸਕੂਲ ਦੀ ਪ੍ਰਿੰਸੀਪਲ ਮੈਡਮ ਗੁਰਸੇਵਕ ਕੌਰ ਮਾਨ ਤੇ ਪ੍ਰਬੰਧਕੀ ਕਮੇਟੀ ਨੇ ਸਕੂਲ ਦੀ ਤਰਫੋਂ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਇਸ ਤਿਉਹਾਰ ਦੀ ਵਧਾਈ ਦਿੱਤੀ।

## ਮਾਨਕ ਦੇ ਹੱਕ 'ਚ ਚੋਣ ਪ੍ਰਚਾਰ ਸਿਖਰਾਂ 'ਤੇ



**ਬਠਿੰਡਾ (ਰਾਜੀਵ ਗੋਇਲ)**-15 ਅਕਤੂਬਰ ਨੂੰ ਹੋਣ ਵਾਲੀਆਂ ਪੰਚਾਇਤੀ ਚੋਣਾਂ ਵਿੱਚ ਆਪਣੀ ਕਿਸਮਤ ਅਜ਼ਮਾ ਰਹੇ ਪਿੰਡ ਮਲੂਕਾ ਖੁਰਦ ਤੋਂ ਸਰਪੰਚੀ ਦੇ ਉਮੀਦਵਾਰ ਸਿਕੰਦਰ ਸਿੰਘ ਉਰਫ ਮਾਨਕ ਦੇ ਹੱਕ ਵਿੱਚ ਵੀ ਚੋਣ ਪ੍ਰਚਾਰ ਸਿਖਰਾਂ 'ਤੇ ਹੈ। ਮਾਨਕ ਦੇ ਸਮਰਥਕਾਂ ਵੱਲੋਂ ਘਰ-ਘਰ ਜਾ ਕੇ ਵੋਟਾਂ ਦੀ ਮੰਗ ਕੀਤੀ ਜਾ ਰਹੀ ਹੈ ਤੇ ਅਪੀਲ ਕੀਤੀ ਜਾ ਰਹੀ ਹੈ ਕਿ ਸਿਕੰਦਰ ਸਿੰਘ ਮਾਨਕ ਨੂੰ ਸਰਪੰਚ ਚੁਣਿਆ ਜਾਵੇ।

## ਗੁਰਸ਼ਰਨ ਕੌਰ ਰੰਧਾਵਾ ਨੇ ਪੰਜਾਬ ਕਾਂਗਰਸ ਦੇ ਇੰਚਾਰਜ ਨਾਲ ਕੀਤੀ ਮੁਲਾਕਾਤ



**ਪਟਿਆਲਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪੰਜਾਬ ਮਹਿਲਾ ਕਾਂਗਰਸ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਪੰਜਾਬ ਕਾਂਗਰਸ ਦੇ ਇੰਚਾਰਜ ਸ੍ਰੀ ਦਵਿੰਦਰ ਯਾਦਵ ਜੀ ਨਾਲ ਮੁਲਾਕਾਤ ਕੀਤੀ ਤੇ ਪੰਜਾਬ ਮਹਿਲਾ ਕਾਂਗਰਸ ਵੱਲੋਂ ਸੂਬੇ ਵਿੱਚ ਵੱਡੇ ਪੱਧਰ 'ਤੇ ਕਾਂਗਰਸ ਦੇ ਹੱਕ ਵਿੱਚ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਤੋਂ ਜਾਣੂ ਕਰਾਇਆ।ਬੀਬੀ ਰੰਧਾਵਾ ਨੇ ਕਿਹਾ ਕਿ ਸੂਬਾ ਪ੍ਰਧਾਨ ਰਾਜਾ ਵੜਿੰਗ ਦੀ ਅਗਵਾਈ ਹੇਠ ਪੰਜਾਬ ਮਹਿਲਾ ਕਾਂਗਰਸ ਹਰ ਫਰੰਟ ਤੇ ਕਾਂਗਰਸ ਦਾ ਡਟ ਕੇ ਸਾਥ ਨਿਭਾ ਰਹੀ ਹੈ ਤੇ ਸੂਬੇ ਵਿੱਚ ਮਹਿਲਾਵਾਂ ਅਤੇ ਨੌਜਵਾਨਾਂ ਦੀ ਲੜਾਈ ਵਿੱਚ ਵੀ ਆਪਣਾ ਅਹਿਮ ਯੋਗਦਾਨ ਪਾ ਰਹੀ ਹੈ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਪ੍ਰਧਾਨ ਅਲਕਾ ਲਾਂਬਾ ਤੇ ਨਤਾਸ਼ਾ ਸ਼ਰਮਾ ਦੀ ਅਗਵਾਈ ਹੇਠ ਆਲ ਇੰਡੀਆ ਮਹਿਲਾ ਕਾਂਗਰਸ ਵੱਲੋਂ ਭਰਤੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਵਿੱਚ ਪੰਜਾਬ ਮਹਿਲਾ ਕਾਂਗਰਸ ਉੱਤਰ ਭਾਰਤ ਵਿੱਚ ਦੂਜੇ ਸਥਾਨ 'ਤੇ ਹੈ।ਯੂਪੀ, ਹਰਿਆਣਾ, ਉੱਤਰਾਖੰਡ, ਜੰਮੂ-ਕਸ਼ਮੀਰ ਹਿਮਾਚਲ ਵਰਗੇ ਸਾਰੇ ਸੂਬੇ ਪੰਜਾਬ ਤੋਂ ਪਿੱਛੇ ਹਨ, ਜਦੋਂ ਆਲ ਇੰਡੀਆ ਵਿੱਚ ਪੰਜਾਬ ਸੱਤਵੇਂ ਨੰਬਰ 'ਤੇ ਜੂਝ ਰਿਹਾ ਹੈ, ਜਿਸ ਦਾ ਸਿਹਰਾ ਪੰਜਾਬ ਦੀਆਂ ਸਮੂਹ ਮਹਿਲਾ ਕਾਂਗਰਸ ਆਗੂਆਂ ਨੂੰ ਜਾਂਦਾ ਹੈ।ਬੀਬੀ ਰੰਧਾਵਾ ਨੇ ਕਿਹਾ ਪੰਜਾਬ ਮਹਿਲਾ ਕਾਂਗਰਸ ਦੀਆਂ ਗਤੀਵਿਧੀਆਂ ਨੂੰ ਮੁੱਖ ਰੱਖਦੇ ਹੋਏ ਪੰਜਾਬ ਵਿੱਚ ਮਹਿਲਾਵਾਂ ਨੂੰ ਵਿਧਾਨ ਸਭਾ ਚੋਣਾਂ ਵਿੱਚ ਵੱਧ ਤੋਂ ਵੱਧ ਟਿਕਟਾਂ ਦਿੱਤੀਆਂ ਜਾਣੀਆਂ ਬਣਦੀਆਂ ਹਨ, ਪਰ ਸਮਾਂ ਆਉਣ 'ਤੇ ਔਰਤਾਂ ਨੂੰ ਕਮਜ਼ੋਰ ਸਮਝ ਕੇ ਪਿੱਛੇ ਧੱਕ ਦਿੱਤਾ ਹੈ, ਜਦੋਂਕਿ ਕੁੱਝ ਔਰਤਾਂ ਆਪੋ ਆਪਣੇ ਹਲਕਿਆਂ ਵਿੱਚ ਸਾਬਕਾ ਤੇ ਮੌਜੂਦਾ ਵਿਧਾਇਕਾਂ ਨਾਲੋਂ ਵੱਧ ਤਾਕਤਵਰ, ਹਰਮਨ ਪਿਆਰੀਆਂ ਤੇ ਵਧੇਰੇ ਕੰਮ ਕਰ ਰਹੀਆਂ ਹਨ।

## ਕਾਰਗਿਲ ਫੀਡ ਅਧਿਕਾਰੀਆਂ ਵੱਲੋਂ ਕਿਸਾਨਾਂ ਤੇ ਵਪਾਰੀਆਂ ਨਾਲ ਮਿਲਣੀ



**ਬਠਿੰਡਾ (ਰਾਜੀਵ ਗੋਇਲ)**-ਫੀਡ ਕੰਪਨੀ ਕਾਰਗਿਲ ਵੱਲੋਂ ਭਗਤਾ ਭਾਈ ਕਾ ਇਲਾਕੇ ਦੀ ਮਸ਼ਹੂਰ ਸੁਰਿੰਦਰਾ ਡੇਅਰੀ 'ਤੇ ਕਿਸਾਨਾਂ ਅਤੇ ਵਪਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੋ ਦਿਨ ਚੱਲੀ, ਜਿਸ ਵਿੱਚ ਕਿਸਾਨਾਂ ਨੂੰ ਇਸ ਫੀਡ ਦੇ ਫ਼ਾਇਦਿਆਂ ਬਾਰੇ ਜਾਗਰੂਕ ਕੀਤਾ ਗਿਆ ਤੇ ਦੁਕਾਨਦਾਰਾਂ ਨੂੰ ਹੋਰਾਂ ਕੰਪਨੀਆਂ ਮੁਕਾਬਲੇ ਇਸ ਫੀਡ ਦੇ ਫਾਇਦੇ ਬਾਰੇ ਵਧੇਰੇ ਜਾਣਕਾਰੀ ਮੁਹੱਈਆ ਕਰਾਈ ਗਈ। ਕਾਰਗਿਲ ਫੀਡ ਦੇ ਇਲਾਕੇ ਦੇ ਮੁੱਖ ਵਿਕਰੇਤਾ ਚਿਮਨ ਲਾਲ ਬਾਂਸਲ ਨੇ ਦੱਸਿਆ ਕਿ ਇਸ ਦੋ ਦਿਨਾ ਮਿਲਣੀ ਦਰਮਿਆਨ ਇੱਕ ਤਾਂ ਕੰਪਨੀ ਦੇ ਅਧਿਕਾਰੀਆਂ ਵੱਲੋਂ ਕਿਸਾਨਾਂ ਪਾਸੋਂ ਇਸ ਫੀਡ ਵਿੱਚ ਜੇਕਰ ਕੋਈ ਕਮੀ ਹੈ ਤਾਂ ਉਸ ਸੰਬੰਧੀ ਜਾਣਕਾਰੀ ਹਾਸਲ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਇਸ ਫੀਡ ਤੋਂ ਦੁਧਾਰੂ ਪਸ਼ੂਆਂ ਨੂੰ ਹੋਣ ਵਾਲੇ ਫ਼ਾਇਦੇ ਬਾਰੇ ਜਾਣੂ ਕਰਾਇਆ ਗਿਆ ਹੈ ਤੇ ਦੂਜੇ ਦਿਨ ਚੱਲੀ ਇਸ ਮੀਟਿੰਗ ਵਿੱਚ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਸੁਣਨ ਦੇ ਨਾਲ-ਨਾਲ ਇਸ ਫੀਡ ਦੀ ਸੇਲ ਵਧਾਉਣ ਬਾਰੇ ਜਾਣਕਾਰੀ ਹਾਸਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਲਈ ਕਾਰਗਿਲ ਫੀਡ ਬਹੁਤ ਹੀ ਲਾਹੇਵੰਦ ਸਾਬਤ ਹੋ ਰਹੀ ਹੈ।

# ਕਿਸਾਨਾਂ ਤੇ ਆੜ੍ਹਤੀਆਂ ਵੱਲੋਂ ਹੱਕੀ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨ ਜਥੇਬੰਦੀਆਂ ਵੱਲੋਂ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਮਹਿਲ ਕਲਾਂ ਵਿਖੇ ਬਰਨਾਲਾ-ਲੁਧਿਆਣਾ ਮੁੱਖ ਮਾਰਗ ਉਪਰ ਰੋਸ ਪ੍ਰਦਰਸ਼ਨ ਕਰਕੇ ਚੱਕਾ ਜਾਮ ਕੀਤਾ ਗਿਆ।ਇਸ ਮੌਕੇ ਕਿਸਾਨ ਆਗੂਆਂ ਜੁਗਰਾਜ ਸਿੰਘ ਹਰਦਾਸਪੁਰਾ, ਜਗਸੀਰ ਸਿੰਘ ਛੀਨੀਵਾਲ, ਸਾਥੀ ਗੁਰਦੇਵ ਸਿੰਘ, ਨਾਨਕ ਸਿੰਘ ਅਮਲਾ ਸਿੰਘ ਵਾਲਾ, ਅਮਰਜੀਤ ਸਿੰਘ ਮਹਿਲ ਖੁਰਦ, ਨਿਰਭੈ ਸਿੰਘ ਗਿਆਨੀ ਨੇ ਕਿਹਾ ਕਿ ਝੋਨੇ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ, ਪਰ ਖਰੀਦ ਅਜੇ ਸ਼ੁਰੂ ਨਹੀਂ ਹੋ ਸਕੀ।ਕੇਂਦਰ ਸਰਕਾਰ ਪਿਛਲਾ ਸਟੋਰ ਪਿਆ ਚਾਵਲ ਨਹੀਂ ਚੁੱਕ ਰਹੀ, ਨਵਾਂ ਝੋਨਾ ਲਗਾਉਣ ਲਈ ਜਗ੍ਹਾ ਨਹੀਂ।ਉਨ੍ਹਾਂ ਦੱਸਿਆ ਕਿ ਕਣਕ ਦੀ ਬਿਜਾਈ ਦਾ ਸਮਾਂ ਨੇੜੇ ਹੈ, ਪਰ ਅਜੇ ਤੱਕ ਡੀ ਏ ਪੀ ਨਾ-ਮਾਤਰ ਹੀ ਕਿਸਾਨਾਂ ਕੋਲ ਪਹੁੰਚੀ ਹੈ।ਆਗੂਆਂ ਨੇ ਕਿਹਾ ਕਿ ਅੱਜ ਦਾ ਐਕਸ਼ਨ ਇੱਕ ਸੰਕੇਤਕ ਸੀ।ਜੇਕਰ ਸਰਕਾਰ ਅਜੇ ਵੀ ਗੂੜੀ ਨੀਂਦ ਤੋਂ ਨਾ ਜਾਗੀ ਤਾਂ ਭਵਿੱਖ ਵਿੱਚ ਤਿੱਖੇ ਸੰਘਰਸ਼ ਦਾ ਬਿਗੁਲ ਵਜਾਇਆ ਜਾਵੇਗਾ।ਆੜ੍ਹਤੀਆ ਐਸੋਸੀਏਸ਼ਨ ਦੇ ਆਗੂ ਸੰਦੀਪ ਕੁਮਾਰ ਰਿੰਕੂ, ਵਿਜੈ ਕੁਮਾਰ ਬਾਂਸਲ, ਪ੍ਰਧਾਨ ਲੱਭੂ ਰਾਮ, ਰਵਿੰਦਰ ਰਵੀ ਸੇਖੋਂ ਨੇ ਕਿਹਾ ਕਿ ਸਰਕਾਰ ਨੇ ਪਹਿਲਾਂ ਢਾਈ ਰੁਪਏ ਪ੍ਰਤੀ ਦੇ ਹਿਸਾਬ ਨਾਲ ਕਮਿਸ਼ਨ ਦੇਣ ਦਾ ਵਾਅਦਾ ਕੀਤਾ ਸੀ, ਪਰ ਆੜ੍ਹਤੀਆਂ ਦਾ ਕਮਿਸ਼ਨ ਘਟਾ ਕੇ ਡੇਢ ਪ੍ਰਤੀਸ਼ਤ ਕੀਤੇ ਜਾਣ 'ਤੇ ਸਰਕਾਰ ਪ੍ਰਤੀ ਨਰਾਜ਼ਗੀ ਪਾਈ ਜਾ ਰਹੀ ਹੈ।ਉਨ੍ਹਾਂ ਹੱਕੀ ਮੰਗਾਂ ਨੂੰ ਤੁਰੰਤ ਪ੍ਰਵਾਨ ਦੀ ਮੰਗ ਉਠਾਈ।ਇਸ ਮੌਕੇ ਕਿਸਾਨ ਆਗੂ ਅਮਰਜੀਤ ਸਿੰਘ ਠੁੱਲੀਵਾਲ, ਪਰਮਜੀਤ ਸਿੰਘ ਪੰਮਾ, ਸੁਖਦੀਪ ਸਿੰਘ ਕਲਾਲ ਮਾਜਰਾ, ਏਕਮ ਸਿੰਘ ਦਿਉਲ, ਭਿੰਦਰ ਸਿੰਘ ਮੂੰਮ, ਮਿੱਤਰਪਾਲ ਸਿੰਘ, ਭਿੰਦਰ ਸਿੰਘ ਸਹੌਰ, ਜਸਵੰਤ ਸਿੰਘ ਸੋਹੀ, ਰਾਮ ਸਿੰਘ ਥਿੰਦ, ਗੁਰਮੀਤ ਸਿੰਘ ਛੀਨੀਵਾਲ, ਹਰਦੇਵ ਸਿੰਘ ਕਾਕਾ, ਜਸਵਿੰਦਰ ਸਿੰਘ ਛੀਨੀਵਾਲ, ਅਮਰਜੀਤ ਸਿੰਘ ਬੱਸੀਆਂ, ਜਸਵੰਤ ਸਿੰਘ ਸੋਹੀ ਆਦਿ ਆਗੂ ਤੇ ਵਰਕਰ ਹਾਜ਼ਰ ਸਨ।

## ਕਿਸਾਨਾਂ ਵੱਲੋਂ ਪੰਜਾਬ ਤੇ ਕੇਂਦਰ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ

**ਕੋਟਕਪੂਰਾ (ਰਛਪਾਲ ਭੁੱਲਰ)**-ਭਾਰਤੀ ਕਿਸਾਨ ਯੂਨੀਅਨ ਫ਼ਤਹਿ ਦੇ ਆਗੂਆਂ ਵੱਲੋਂ ਕਿਸਾਨ ਜਥੇਬੰਦੀਆਂ ਦੇ ਸੱਦੇ 'ਤੇ ਸਥਾਨਕ ਬਠਿੰਡਾ ਤਿੰਨਕੋਨੀ 'ਤੇ ਤਿੰਨ ਘੰਟੇ ਆਵਾਜਾਈ ਰੋਕ ਕੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਨੀਤਆਂ ਵਿਰੁੱਧ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਕਾਰਨ ਆਵਾਜਾਈ 'ਚ ਭਾਰੀ ਵਿਘਨ ਪਿਆ ਤੇ ਲੋਕਾਂ ਨੂੰ ਬਦਲਵੇਂ ਰਸਤਿਓਂ ਆਵਾਜਾਈ ਕਰਨੀ ਪਈ।ਇਸ ਐਕਸ਼ਨ 'ਚ ਸ਼ੈਲਰ ਮਾਲਕਾਂ, ਆੜ੍ਹਤੀਆਂ, ਕਿਸਾਨਾਂ ਤੇ ਮੰਡੀ ਮਜ਼ਦੂਰਾਂ ਨੇ ਭਰਵੀਂ ਸ਼ਮੂਲੀਅਤ ਕੀਤੀ।ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਅਮਨਦੀਪ ਸਿੰਘ ਢਿੱਲੋਂ, ਸੀਨੀਅਰ ਆਗੂ ਬਲਦੇਵ ਸਿੰਘ ਬਰਾੜ, ਮਜ਼ਦੂਰ ਜਥੇਬੰਦੀ ਦੇ ਆਗੂ ਸੁਰਿੰਦਰ ਸਿੰਘ ਕੈਰੋਂ ਤੇ ਹੋਰਨਾਂ ਬੁਲਾਰਿਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਦੀ ਤਿੱਖੇ ਸ਼ਬਦਾਂ 'ਚ ਆਲੋਚਨਾ ਕਰਦਿਆਂ ਇਨ੍ਹਾਂ ਵਿਰੁੱਧ ਨਾਹਰੇਬਾਜ਼ੀ ਕੀਤੀ। ਬੁਲਾਰਿਆਂ ਨੇ ਕਿਹਾ ਕਿ ਦੋਹਾਂ ਸਰਕਾਰਾਂ ਵੱਲੋਂ ਕਿਸਾਨਾਂ ਸਮੇਤ ਆਮ ਵਰਗ ਦੇ ਲੋਕਾਂ ਦੀਆਂ ਸਮੱਸਿਆਵਾਂ ਪ੍ਰਤੀ ਕੋਈ ਗੰਭੀਰਤਾ ਨਹੀਂ ਦਿਖਾਈ ਜਾ ਰਹੀ।ਅਜੋਕੇ ਸਮੇਂ ਅੰਦਰ ਕਿਸਾਨ ਆਪਣੀ ਝੋਨੇ ਦੀ ਫ਼ਸਲ ਮੰਡੀਆਂ 'ਚ ਲਿਆ ਕੇ ਰੁਲਣ ਲਈ ਮਜਬੂਰ ਹਨ, ਇਨ੍ਹਾਂ ਦਾ ਕਿਸੇ ਨੂੰ ਕੋਈ ਫ਼ਿਕਰ ਨਹੀਂ ਹੈ। ਉਨ੍ਹਾ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਸੂਬੇ ਦੇ ਲੋਕਾਂ ਤੇ ਸਮੱਸਿਆਵਾਂ ਪ੍ਰਤੀ ਗੰਭੀਰ ਨਹੀਂ ਹੈ, ਸਗੋਂ ਉਹ ਵੀ ਕੇਂਦਰ ਸਰਕਾਰ ਦੇ ਰਾਹ 'ਤੇ ਤੁਰੀ ਹੋਈ ਹੈ।ਇਸੇ ਤਰ੍ਹਾਂ ਹੀ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਵੀ ਜ਼ਿਲ੍ਹਾ ਆਗੂ ਜਸਪਾਲ ਸਿੰਘ ਨੰਗਲ ਦੀ ਅਗਵਾਈ 'ਚ ਤਿੰਨ ਘੰਟੇ ਰੇਲਵੇ ਟਰੈਕ ਉੱਪਰ ਰੋਸ ਧਰਨਾ ਦੇ ਕੇ ਆਵਾਜਾਈ ਰੋਕ ਕੇ ਪ੍ਰਦਰਸ਼ਨ ਕੀਤਾ ਗਿਆ।

## ਜਾਗਦੇ ਰਹੋ ਕਲੱਬ ਨੇ ਲਾਇਆ ਖ਼ੂਨਦਾਨ ਕੈਂਪ

**ਤੁਹਾਡੇ ਵੱਲੋਂ ਦਿੱਤਾ ਖ਼ੂਨ ਅਨੇਕਾਂ ਜ਼ਿੰਦਗੀਆਂ ਬਚਾ ਸਕਦੈ : ਜਰਨੈਲ ਸਿੰਘ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਜਾਗਦੇ ਰਹੋ ਯੂਥ ਕਲੱਬ ਪਿੰਡ ਬਿਸ਼ਨਗੜ੍ਹ ਸੰਬੰਧਤ ਨਹਿਰੂ ਯੁਵਾ ਕੇਂਦਰ ਪਟਿਆਲਾ (ਭਾਰਤ ਸਰਕਾਰ) ਵੱਲੋਂ ਗੁ: ਕਰਹਾਲੀ ਸਾਹਿਬ ਦੇ ਬਾਹਰ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਦਾ ਰਸਮੀਂ ਉਦਘਾਟਨ ਵਰਿੰਦਰ ਸਿੰਘ ਤੇ ਗੁਰਜੰਟ ਸਿੰਘ ਨੇ ਖੂਨ ਦਾਨ ਕਰਕੇ ਕੀਤਾ।ਇਹ ਖੂਨਦਾਨ ਕੈਂਪ ਰਾਜਵਿੰਦਰ ਸਿੰਘ ਕਰਹਾਲੀ ਸਾਹਿਬ ਦੀ ਯੋਗ ਅਗਵਾਈ ਹੇਠ ਲਗਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਜਰਨੈਲ ਸਿੰਘ ਕਰਤਾਰਪੁਰ ਮੈਂਬਰ ਐੱਸ. ਜੀ.ਪੀ.ਸੀ. ਨੇ ਸ਼ਿਰਕਤ ਕੀਤੀ।ਖੂਨਦਾਨ ਕੈਂਪ ਵਿੱਚ ਗੁਰਵਿੰਦਰ ਸਿੰਘ, ਵਿਜੇ, ਸਤਪਾਲ ਸਿੰਘ, ਗੁਰਪ੍ਰੀਤ ਸਿੰਘ, ਗੁਰਜੰਟ ਸਿੰਘ, ਰਾਮ ਸਿੰਘ, ਅੱਵਲਨੂਰ, ਗੁਰਮੀਤ ਸਿੰਘ, ਅਮਰਿੰਦਰ ਸਿੰਘ, ਜਗਜੀਤ ਸਿੰਘ ਤੇ ਸੁੱਚਾ ਸਿੰਘ ਸਮੇਤ 26 ਖੂਨਦਾਨੀਆਂ ਨੇ ਖੂਨ ਦਾਨ ਕੀਤਾ।ਇਸ ਮੌਕੇ ਜਰਨੈਲ ਸਿੰਘ ਕਰਤਾਰਪੁਰ ਮੈਂਬਰ ਐੱਸ.ਜੀ.ਪੀ.ਸੀ. ਨੇ ਕਿਹਾ ਕਿ ਤੁਹਾਡਾ ਦਿੱਤਾ ਹੋਇਆ ਖੂਨ ਅਨੇਕਾਂ ਅਨਮੋਲ ਜ਼ਿੰਦਗੀਆਂ ਬਚਾ ਸਕਦਾ ਹੈ।ਖੂਨਦਾਨ ਸਭ ਤੋਂ ਉੱਤਮ ਦਾਨ ਹੈ।ਕਲੱਬ ਮੈਂਬਰਾਂ ਵੱਲੋਂ ਸਮੂਹ ਖੂਨਦਾਨੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਦੀਦਾਰ ਸਿੰਘ ਬੋਸਰ, ਰਣਜੀਤ ਸਿੰਘ ਬੋਸਰ, ਜਗਰੂਪ ਸਿੰਘ ਪੰਜੋਲਾ, ਹਰਕ੍ਰਿਸ਼ਨ ਸਿੰਘ ਸੁਰਜੀਤ, ਰਾਜਵਿੰਦਰ ਸਿੰਘ, ਲਵਪ੍ਰੀਤ ਸਿੰਘ, ਸਤਨਾਮ ਸਿੰਘ, ਜਸਵਿੰਦਰ ਸਿੰਘ, ਗੁਰਸੇਵਕ ਸਿੰਘ, ਗੁਰਧਿਆਨ ਸਿੰਘ, ਰੋਡਾ, ਗੁਰਪ੍ਰੀਤ ਸਿੰਘ ਹਾਜ਼ਰ ਸਨ।

# ਸਿਵਲ ਹਸਪਤਾਲ ਵਿਖੇ ਵਿਸ਼ਵ ਦ੍ਰਿਸ਼ਟੀ ਦਿਵਸ ਮਨਾਇਆ

**ਹਰ ਛੇ ਮਹੀਨੇ ਬਾਅਦ ਅੱਖਾਂ ਦੀ ਜਾਂਚ ਜ਼ਰੂਰੀ : ਡਾ. ਪਰਮਿੰਦਰ ਕੌਰ**



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਅੰਨ੍ਹੇਪਣ ਤੇ ਨੇਤਰਹੀਣਤਾ ਦੇ ਰਾਸ਼ਟਰੀ ਪ੍ਰੋਗਰਾਮ ਅਧੀਨ ਸਿਵਲ ਸਰਜਨ ਫਰੀਦਕੋਟ ਡਾ. ਚੰਦਰ ਸ਼ੇਖਰ ਤੇ ਸੀਨੀਅਰ ਮੈਡੀਕਲ ਅਫਸਰ ਡਾ. ਪਰਮਜੀਤ ਬਰਾੜ ਦੀ ਦੇਖ-ਰੇਖ ਹੇਠ ਆਈ ਓ ਪੀ ਡੀ ਸਿਵਲ ਹਸਪਤਾਲ ਫਰੀਦਕੋਟ ਵਿਖੇ 25ਵਾਂ ਵਿਸ਼ਵ ਦ੍ਰਿਸ਼ਟੀ ਦਿਵਸ ਮਨਾਇਆ ਗਿਆ।ਇਸ ਮੌਕੇ ਹਾਜ਼ਰੀਨ ਨੂੰ ਅੱਖਾਂ ਦੇ ਮਾਹਰ ਡਾ. ਪਰਮਿੰਦਰ ਕੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡਿਜੀਟਲ ਮੀਡੀਆ ਮੋਬਾਈਲ ਫੋਨ, ਕੰਪਿਊਟਰ, ਲੈਪਟਾਪ ਤੇ ਟੈਲੀਵਿਜ਼ਨ ਸਕਰੀਨ ਦੀ ਜ਼ਿਆਦਾ ਵਰਤੋਂ ਕਰਨ ਨਾਲ ਅੱਖਾਂ 'ਤੇ ਦਬਾਅ/ਅਸਰ ਇੱਕ ਵੱਡੀ ਸਮੱਸਿਆ ਬਣ ਗਈ ਹੈ, ਜੋ ਅੱਖਾਂ ਦੀ ਸਿਹਤ ਦੇ ਨਾਲ ਮਾਨਸਿਕ ਤੇ ਸਰੀਰਕ ਸਿਹਤ ਉੱਪਰ ਵੀ ਬੁਰਾ ਪ੍ਰਭਾਵ ਪਾਉਂਦੀ ਹੈ।ਸਾਨੂੰ ਆਪਣੀਆਂ ਅੱਖਾਂ ਦੀ ਦ੍ਰਿਸ਼ਟੀ ਬਣਾਈ ਰੱਖਣ ਲਈ 20 ਦਾ ਨਿਯਮ ਅਪਣਾਉਣਾ ਹੋਵੇਗਾ, ਜਿਸ ਵਿੱਚ ਹਰ 20 ਮਿੰਟ ਬਾਅਦ 20 ਸਕਿੰਟ ਦਾ ਸਕਰੀਨ ਬਰੇਕ ਅੱਪ ਤੇ ਕਿਸੇ ਵਸਤੂ ਨੂੰ 20 ਫੁੱਟ ਦੀ ਦੂਰੀ ਤੋਂ ਦੇਖਣਾ ਅੱਖਾਂ ਉੱਪਰ ਪੈਂਦੇ ਦਬਾਅ ਤੇ ਦਰਦ ਤੋਂ ਬਚਾਅ ਲਈ ਬਹੁਤ ਜ਼ਰੂਰੀ ਹੈ।ਅੱਖਾਂ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਤਕਲੀਫ ਹੋਣ 'ਤੇ ਤੁਰੰਤ ਅੱਖਾਂ ਦੇ ਮਾਹਰ ਨਾਲ ਸੰਪਰਕ ਕਰੋ ਤੇ ਹਰ ਛੇ ਮਹੀਨੇ ਬਾਅਦ ਅੱਖਾਂ ਦੀ ਜਾਂਚ ਜ਼ਰੂਰ ਕਰਵਾਓ।

ਇਸ ਮੌਕੇ ਜ਼ਿਲ੍ਹਾ ਮਾਸ ਮੀਡੀਆ ਅਫਸਰ ਕੁਲਵੰਤ ਸਿੰਘ, ਅਪਥਾਲਮਿਕ ਅਫਸਰ ਹਰਲੀਨ ਕੌਰ ਤੇ ਬੀ ਈ ਈ ਡਾ. ਪ੍ਰਭਦੀਪ ਚਾਵਲਾ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਇਸ ਵਾਰ ਵਿਸ਼ਵ ਦ੍ਰਿਸ਼ਟੀ ਦਿਵਸ ਥੀਮ 'ਬੱਚਿਓ ਆਪਣੀਆਂ ਅੱਖਾਂ ਨੂੰ ਪਿਆਰ ਕਰੋ' ਤਹਿਤ ਮਨਾਇਆ ਜਾ ਰਿਹਾ ਹੈ। ਉਨ੍ਹਾ ਦੱਸਿਆ ਕਿ ਬਲੱਡ ਪ੍ਰੈਸ਼ਰ ਤੇ ਸ਼ੂਗਰ ਰੋਗ ਨੂੰ ਕੰਟਰੋਲ 'ਚ ਰੱਖਣਾ ਬਹੁਤ ਜ਼ਰੂਰੀ ਹੈ, ਇਹ ਦੋਨੋਂ ਰੋਗ ਵੀ ਅੱਖਾਂ ਦੀ ਰੋਸ਼ਨੀ 'ਤੇ ਮਾੜਾ ਪ੍ਰਭਾਵ ਪਾਉਂਦੇ ਹਨ।ਵਿਟਾਮਿਨ ਏ ਸਾਡੀਆਂ ਅੱਖਾਂ ਦੇ ਲਈ ਇੱਕ ਮਹੱਤਵ ਪੂਰਨ ਪੋਸ਼ਟਿਕ ਤੱਤ ਹੈ। ਸਰੀਰ ਨੂੰ ਲੋੜੀਂਦੀ ਮਾਤਰਾ ਵਿੱਚ ਵਿਟਾਮਿਨ ਏ ਦੀ ਕਮੀ ਨੂੰ ਪੂਰਾ ਕਰਨ ਲਈ ਵਿਟਾਮਿਨ ਏ ਨਾਲ ਭਰਭੂਰ ਗਾਜਰ, ਪਪੀਤਾ, ਅੰਬ, ਕੇਲਾ, ਅਮਰੂਦ, ਦੁੱਧ, ਅੰਡੇ, ਤਾਜ਼ੀਆਂ ਹਰੀਆਂ ਪੱਤੇਦਾਰ ਸਬਜ਼ੀਆਂ ਦੀ ਵਰਤੋਂ ਕਰੋ।ਇਸ ਮੌਕੇ ਨਰਸਿੰਗ ਸਟੂਡੈਂਟ ਵੀ ਹਾਜ਼ਰ ਸਨ।

# ਵੱਖ-ਵੱਖ ਜਥੇਬੰਦੀਆਂ ਵੱਲੋਂ ਮਿਲ ਕੇ ਮਨਾਇਆ ਜਾਵੇਗਾ ਮੋਗਾ 'ਚ ਵਿਸ਼ਵਕਰਮਾ ਦਿਵਸ

**ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਹੋਣਗੇ ਮੁੱਖ**



**ਮੋਗਾ (ਇਕਬਾਲ ਸਿੰਘ ਖਹਿਰਾ)**

ਰਾਮਗੜ੍ਹੀਆ ਵੈੱਲਫੇਅਰ ਸੁਸਾਇਟੀ ਵੱਲੋਂ ਸ੍ਰਿਸ਼ਟੀ ਤੇ ਕਲਾ ਦੇ ਨਿਰਮਾਤਾ ਸ੍ਰੀ ਵਿਸ਼ਵਕਰਮਾ ਜੀ ਦਾ ਜਨਮ ਦਿਨ ਮਨਾਉਣ ਲਈ ਸਮੂਹ ਜਥੇਬੰਦੀਆਂ ਨੂੰ ਸ਼ਾਮਲ ਕੀਤਾ ਜਾਵੇਗਾ। ਪ੍ਰੋਗਰਾਮ ਵਿਸ਼ਵਕਰਮਾ ਭਵਨ ਮੋਗਾ ਵਿਖੇ 2 ਨਵੰਬਰ ਨੂੰ ਮਨਾਇਆ ਜਾਵੇਗਾ। ਇਸ ਸਮਾਗਮ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਮੁੱਖ ਮਹਿਮਾਨ ਹੋਣਗੇ ਤੇ ਵਿਸ਼ੇਸ ਮਹਿਮਾਨਾਂ ਵਿੱਚ ਡਾ. ਐੱਸ ਪੀ ਐੱਸ ਓਬਰਾਏ ਮੈਨੇਜਿੰਗ ਟਰੱਸਟੀ ਸਰਬਤ ਦਾ ਭਲਾ ਚੈਰੀਟੇਬਲ ਟਰੱਸਟ, ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਮੇਅਰ ਨਗਰ ਨਿਗਮ ਸ੍ਰ. ਬਲਜੀਤ ਸਿੰਘ ਚਾਨੀ, ਸਾਬਕਾ ਵਧਾਇਕ ਡਾ. ਹਰਜੋਤ ਕਮਲ ਤੇ ਸੁਰਜੀਤ ਸਿੰਘ (ਕਾਕ ਲੋਹਗੜ੍ਹ, ਸੰਜੀਤ ਸਿੰਘ ਸੰਨੀ ਗਿੱਲ) ਤੇ ਮਾਲਵਿਕਾ ਸੂਦ ਸੱਚਰ ਸ਼ਾਮਲ ਹਨ। ਵਿਸ਼ਵਕਰਮਾ ਭਵਨ ਵਿਖੇ ਇਸ ਸੰਬੰਧੀ ਰਾਮਗੜ੍ਹੀਆ ਵੈੱਲਫੇਅਰ ਸੁਸਾਇਟੀ ਤੇ ਵੱਖ ਵੱਖ ਜਥੇਬੰਦੀਆਂ ਦੀ ਵਿਸ਼ੇਸ਼ ਮੀਟਿੰਗ ਹਰਮੇਲ ਸਿੰਘ ਡਰੋਲੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੋਹਣ ਸਿੰਘ ਸੱਗੂ, ਪ੍ਰਿਤਪਾਲ ਸਿੰਘ ਓਂਕਾਰ ਵਾਲੇ, ਮਾਸਟਰ ਇੰਦਰਜੀਤ ਸਿੰਘ, ਚਮਕੌਰ ਸਿੰਘ ਝੰਡੇਆਣਾ ਤੇ ਵੱਖ ਵੱਖ ਜਥੇਬੰਦੀਆਂ ਦੇ ਪ੍ਰਧਾਨ ਤੇ ਮੈਂਬਰ ਸ਼ਾਮਲ ਸਨ। ਮੀਟਿੰਗ ਵਿੱਚ ਗੁਰਪ੍ਰੀਤਮ ਸਿੰਘ ਚੀਮਾ, ਚਰਨਜੀਤ ਸਿੰਘ ਝੰਡੇਅਣਾ, ਕੁਲਵੰਤ ਸਿੰਘ ਰਾਮਗੜੀ, ਗੁਰਭਜਨ ਸਿੰਘ ਸੰਨਿਆਸੀ, ਗੁਰਨਾਮ ਸਿੰਘ ਲਵਲੀ ਤੋਂ ਇਲਾਵਾ ਸੁਸਾਇਟੀ ਤੇ ਜਥੇਬੰਦੀਆਂ ਦੇ ਮੈਂਬਰਾਂ ਨੇ ਵਿਸ਼ਕਰਮਾ ਦਿਵਸ ਮਨਾਉਣ ਸਬੰਧੀ ਸੁਝਾਅ ਦਿੱਤੇ। ਵਿਸ਼ਵਕਰਮਾ ਦਿਵਸ ਮਨਾਉਣ ਸਬੰਧੀ ਦੁਬਾਰਾ 16 ਅਕਤੂਬਰ ਨੂੰ ਮੀਟਿੰਗ ਬੁਲਾਈ ਗਈ ਹੈ ਤੇ ਵੱਖ ਵੱਖ ਮੈਂਬਰਾਂ ਦੀਆਂ ਡਿਊਟੀਆਂ ਲਗਾਈਆਂ ਜਾਣਗੀਆਂ। ਮੀਟਿੰਗ ਵਿੱਚ ਜੋਗਿੰਦਰ ਸਿੰਘ ਕੋਕਰੀ, ਗਿਆਨ ਸਿੰਘ ਸਾਬਕਾ ਡੀ ਪੀ ਆਰ ਓ, ਮਹਿੰਦਰ ਸਿੰਘ ਕਲਸੀ, ਹਾਕਮ ਸਿੰਘ ਖੋਸਾ, ਬਚਿੱਤਰ ਸਿੰਘ ਕਲਸੀ, ਗੁਰਲਾਲ ਸਿੰਘ ਜੰਡੂ, ਸ਼ਰਨਜੀਤ ਸਿੰਘ ਜੰਡੂ, ਦਿਆਲ ਸਿੰਘ ਠੇਕੇਦਾਰ, ਬਚਿੱਤਰ ਸਿੰਘ ਕਲਸੀ, ਮਨਜੀਤ ਸਿੰਘ ਮਿੰਦੀ, ਹਰਤੇਜ ਸਿੰਘ, ਜਸਪਾਲ ਸਿੰਘ, ਹਰਮੀਤ ਸਿੰਘ ਖਾਲਸਾ, ਅਵਤਾਰ ਸਿੰਘ ਵਿਰਦੀ, ਜਸਵੰਤ ਸਿੰਘ ਸੈਂਭੀ, ਹਰਦੀਪ ਸਿੰਘ ਜੰਡੂ ਆਦਿ ਸ਼ਾਮਲ ਸਨ।

# ਪੈਨਸ਼ਨਰਾਂ ਵੱਲੋਂ ਡੱਲੇਵਾਲ ਦੇ ਬਿਆਨ ਦੀ ਜ਼ੋਰਦਾਰ ਨਿਖੇਧੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ, ਚਾਵਲਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਾਸਿਕ ਮੀਟਿੰਗ ਸਥਾਨਕ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਹੋਈ।ਜ਼ਿਲ੍ਹਾ ਪ੍ਰਧਾਨ ਕਰਮਜੀਤ ਸ਼ਰਮਾ ਦੀ ਗੈਰ-ਮੌਜੂਦਗੀ ਵਿੱਚ ਐਸੋਸੀਏਸ਼ਨ ਦੇ ਵਾਇਸ ਚੇਅਰਮੈਨ ਹਰਦੇਵ ਸਿੰਘ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਸਰਪ੍ਰਸਤ ਚੌ. ਦੌਲਤ ਰਾਮ ਸਿੰਘ, ਮੇਜਰ ਸਿੰਘ ਚੌਂਤਰਾ, ਇੰਜ. ਅਸ਼ੋਕ ਕੁਮਾਰ ਭਾਰਤੀ, ਚੌ. ਬਲਬੀਰ ਸਿੰਘ ਤੇ ਜਸਵੰਤ ਸਿੰਘ ਬਰਾੜ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਹੋਏ।ਸਟੇਜ ਸਕੱਤਰ ਦੀ ਡਿਊਟੀ ਐਸੋਸੀਏਸ਼ਨ ਦੇ ਜ਼ਿਲ੍ਹਾ ਜਨਰਲ ਸਕੱਤਰ ਬਲਵੰਤ ਸਿੰਘ ਅਟਵਾਲ ਨੇ ਬਾਖੂਬੀ ਨਿਭਾਈ।ਮੀਟਿੰਗ ਦੇ ਸ਼ੁਰੂ ਵਿੱਚ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਦੇਸ਼ ਦੇ ਪ੍ਰਸਿੱਧ ਉਦਯੋਗਪਤੀ ਤੇ ਸਭ ਤੋਂ ਵੱਡੇ ਦਾਨੀ ਪੁਰਸ਼ ਰਤਨ ਟਾਟਾ ਤੇ ਸਥਾਨਕ ਸ਼ਹਿਰ ਨਿਵਾਸੀ ਸਾਬਕਾ ਬੀ.ਪੀ.ਈ.ਓ. ਸੁਰਿੰਦਰ ਕੌਰ ਦਾਬੜਾ ਦੀ ਮੌਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਗਿਆ ਅਤੇ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਦੌਰਾਨ ਗੁਰਟੇਕ ਸਿੰਘ ਬਰਾੜ, ਓਮ ਪ੍ਰਕਾਸ਼ ਸ਼ਰਮਾ, ਕਰਨੈਲ ਸਿੰਘ ਲੈਕਚਰਾਰ, ਬੋਹੜ ਸਿੰਘ ਥਾਂਦੇਵਾਲਾ, ਸੁਖਬੰਸ ਸਿੰਘ ਚਹਿਲ ਤੇ ਬਖਸ਼ੀਸ਼ ਸਿੰਘ ਲਾਹੌਰੀਆ ਸਮੇਤ ਸਮੂਹ ਬੁਲਾਰਿਆਂ ਨੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨਾ ਮੰਨੇ ਜਾਣ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿੰਦਾ ਕੀਤੀ।ਮੀਟਿੰਗ ਦੌਰਾਨ ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੀ ਸਟੇਟ ਬਾਡੀ ਵੱਲੋਂ ਆਉਂਦੀ 22 ਅਕਤੂਬਰ ਨੂੰ ਮੁਹਾਲੀ ਵਿਖੇ ਕੀਤੀ ਜਾਣ ਵਾਲੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਭਾਗ ਲੈਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਦੌਰਾਨ ਇਸ ਮਹੀਨੇ ਆਪਣਾ ਜਨਮ ਦਿਨ ਮਨਾਉਣ ਵਾਲੇ ਪੈਨਸ਼ਨਰ ਸਾਥੀ ਮਦਨ ਲਾਲ ਨੂੰ ਵਧਾਈ ਦਿੱਤੀ ਗਈ ਤੇ ਹਾਰ ਪਾ ਕੇ ਲੰਮੀ ਉਮਰ ਦੀ ਕਾਮਨਾ ਕੀਤੀ।ਪਿਛਲੇ ਦਿਨੀਂ ਸੇਵਾ ਮੁਕਤ ਹੋਏ ਹਰਬੰਸ ਲਾਲ ਤੇ ਸ਼ਿੰਗਾਰਾ ਸਿੰਘ ਨੂੰ ਐਸੋਸੀਏਸ਼ਨ ਵਿੱਚ ਸ਼ਾਮਲ ਕੀਤਾ ਗਿਆ ਤੇ ਹਾਰ ਪਾ ਕੇ ਸਵਾਗਤ ਕੀਤਾ ਗਿਆ। ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਗਦੀਸ਼ ਰਾਏ ਢੋਸੀਵਾਲ ਨੇ ਉਕਤ ਜਾਣਕਾਰੀ ਪ੍ਰੈੱਸ ਨਾਲ ਸਾਂਝੀ ਕਰਦਿਆਂ ਦੱਸਿਆ ਕਿ ਮੀਟਿੰਗ ਦੌਰਾਨ ਭਾਰਤੀ ਕਿਸਾਨ ਯੂਨੀਅਨ ਦੇ ਧੜੇ ਦੇ ਇੱਕ ਆਗੂ ਜਗਜੀਤ ਸਿੰਘ ਡੱਲੇਵਾਲ ਵੱਲੋਂ ਦਿੱਤੇ ਗਏ ਪੈਨਸ਼ਨਰ ਵਿਰੋਧੀ ਬਿਆਨ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਮੀਟਿੰਗ ਦੌਰਾਨ ਗੁਰਜੰਟ ਸਿੰਘ ਬੱਲਮਗੜ੍ਹ, ਦਰਸ਼ਨ ਸਿੰਘ ਕਾਨੂੰਗੋ, ਸਾਧੂ ਸਿੰਘ, ਸੁਰਿੰਦਰ ਜੀਤ, ਕੁਲਬੀਰ ਸਿੰਘ, ਸ਼ਾਮ ਲਾਲ, ਕਰਨੈਲ ਸਿੰਘ, ਇੰਦਰਪਾਲ ਸਿੰਘ, ਨਛੱਤਰ ਸਿੰਘ ਸੰਧੂ, ਸਰਬਜੀਤ ਸਿੰਘ ਦਰਦੀ, ਬਲਜੀਤ ਸਿੰਘ, ਮਲਕੀਅਤ ਸਿੰਘ, ਸ਼ਾਮ ਲਾਲ ਡਰਾਈਵਰ, ਤਰਸੇਮ ਸਿੰਘ, ਅਮਰਜੀਤ ਦਾਬੜਾ ਤੇ ਜੋਗਾ ਸਿੰਘ ਆਦਿ ਸਮੇਤ ਹੋਰ ਕਈ ਪੈਨਸ਼ਨਰ ਮੌਜੂਦ ਸਨ।

## ਨਵ ਭਾਰਤ ਕਲਾ ਮੰਚ ਨੇ ਦੁਸਹਿਰਾ ਧੂਮਧਾਮ ਨਾਲ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਨਵ ਭਾਰਤ ਕਲਾ ਮੰਚ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੁਸਹਿਰੇ ਦਾ ਤਿਉਹਾਰ ਸਥਾਨਕ ਦੁਸਹਿਰਾ ਗਰਾਊਂਡ ਵਿਖੇ ਮੰਚ ਦੇ ਚੇਅਰਮੈਨ ਜਸਕਰਨ ਬਾਂਸਲ ਤੇ ਪ੍ਰਧਾਨ ਸੁਰਿੰਦਰ ਧੀਰ ਦੀ ਅਗਵਾਈ ਵਿੱਚ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਦੁਸਹਿਰੇ ਦੀ ਪ੍ਰਧਾਨਗੀ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪ੍ਰਿੰਸ ਨੰਦਾ ਨੇ ਕੀਤੀ।ਇਸ ਮੌਕੇ ਸ਼ਹਿਰ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਤੇ ਮੰਚ ਵੱਲੋਂ 55 ਫੁੱਟ ਉੱਚਾ ਰਾਵਣ ਦਾ ਬੁੱਤ ਬਣਾਇਆ ਗਿਆ, ਜਿਸ ਨੂੰ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਅਗਨੀ ਭੇਟ ਕੀਤਾ।ਮੰਚ ਵੱਲੋਂ ਹਲਕਾ ਵਿਧਾਇਕ ਬਲਕਾਰ ਸਿੱਧੂ ਸਮੇਤ ਆਮ ਆਦਮੀ ਪਾਰਟੀ ਦੇ ਆਗੂ ਨਰੇਸ਼ ਕੁਮਾਰ ਬਿੱਟੂ, ਗੁਰਭਜਨ ਢਿੱਲੋਂ, ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਲੇਖ ਰਾਜ ਸਿੰਗਲਾ, ਵਪਾਰ ਮੰਡਲ ਦੇ ਪ੍ਰਧਾਨ ਅਮਰ ਨਾਥ ਬਾਂਸਲ, ਸ਼ੇਰ ਬਹਾਦਰ ਧਾਲੀਵਾਲ, ਸੁੱਖੀ ਮੱਲੂਆਣਾ ਆਦਿ ਸ਼ਾਮਲ ਸਨ।

# ਬਲਾਕ ਪੱਧਰੀ ਟੂਰਨਾਮੈਂਟ 'ਚ ਲਾਲ ਸਿੰਘ ਬਸਤੀ ਸਕੂਲ ਦੇ ਬੱਚਿਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਲਾਲ ਸਿੰਘ ਬਸਤੀ ਬ੍ਰਾਂਚ ਲਹਿਰਾ ਮੁਹੱਬਤ ਦੇ ਬੱਚਿਆਂ ਨੇ ਬਲਾਕ ਪੱਧਰੀ ਟੂਰਨਾਮੈਂਟ ਬਲਾਕ ਰਾਮਪੁਰਾ ਦੀਆਂ ਖੇਡਾਂ ਵਿੱਚ ਵਧ-ਚੜ੍ਹ ਕੇ ਭਾਗ ਲਿਆ। ਟੂਰਨਾਮੈਂਟ ਦੌਰਾਨ ਕਬੱਡੀ ਨੈਸ਼ਨਲ, ਕੁਸ਼ਤੀ, ਯੋਗਾ, ਜਿਮਨਾਸਟਿਕ, ਲੰਬੀ ਛਾਲ, ਗੋਲਾ ਸੁੱਟਣਾ, ਅਥਲੈਟਿਕਸ 100 ਮੀ:, 200 ਮੀ:, 400 ਮੀ:, 600 ਮੀ: ਦੌੜ ਤੇ ਰਿਲੇਅ ਰੇਸ ਆਦਿ ਦੇ ਮੁਕਾਬਲੇ ਕਰਾਏ ਗਏ। ਜੇਤੂਆਂ 'ਚੋਂ ਇਸ ਸਕੂਲ ਦੇ ਬੱਚਿਆਂ ਨੇ ਕਬੱਡੀ ਨੈਸ਼ਨਲ (ਲੜਕੇ) 'ਚ ਦੂਜਾ, ਦੌੜ 600 ਮੀਟਰ (ਲੜਕੀਆਂ) ਵਿੱਚ ਸੁਖਮਨ ਕੌਰ ਨੇ ਪਹਿਲਾ ਤੇ 100 ਮੀ: ਵਿੱਚ ਸੁਖਮਨ ਕੌਰ ਨੇ ਦੂਜਾ, 600 ਮੀ: (ਲੜਕੇ) ਵਿੱਚ ਗੁਰਨੂਰ ਸਿੰਘ ਨੇ ਪਹਿਲਾ ਤੇ ਕੁਲਵਿੰਦਰ ਸਿੰਘ ਨੇ ਦੂਜਾ, ਰਿਲੇਅ ਰੇਸ (ਲੜਕੀਆਂ) ਵਿੱਚ ਸੁਖਮਨ ਕੌਰ, ਪ੍ਰਭਜੋਤ ਕੌਰ, ਹਰਮਨਨੂਰ ਕੌਰ ਤੇ ਸੁਹਾਨਾ ਨੇ ਪਹਿਲਾ, ਰਿਲੇਅ ਰੇਸ (ਲੜਕੇ) ਵਿੱਚ ਕੁਲਵਿੰਦਰ ਸਿੰਘ, ਬਿਕਰਮਜੋਤ ਸਿੰਘ, ਰਾਜਵੀਰ ਸਿੰਘ ਤੇ ਧਰੁਵ ਗਰਗ ਨੇ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਮੁਖੀ ਕਿਰਪਾਲ ਸਿੰਘ ਅਤੇ ਸਮੂਹ ਸਟਾਫ ਨੇ ਜੇਤੂ ਬੱਚਿਆਂ ਨੂੰ ਵਧਾਈ ਦਿੱਤੀ ਤੇ ਹੌਸਲਾ ਅਫ਼ਜ਼ਾਈ ਵਜੋਂ ਸਨਮਾਨਤ ਕੀਤਾ। ਨਸ਼ਿਆਂ ਦੇ ਛੇਵੇਂ ਦਰਿਆ ਤੋਂ ਬਚਣ ਲਈ ਸਾਰੇ ਬੱਚਿਆਂ ਨੂੰ ਵੱਧ ਤੋਂ ਵੱਧ ਖੇਡਾਂ ਅਤੇ ਪੜ੍ਹਾਈ ਵਿੱਚ ਰੁਚੀ ਰੱਖਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਸਟਾਫ ਮੈਂਬਰਜ਼ ਐਸੋਸੀਏਟ ਟੀਚਰ ਗੁਰਪ੍ਰੀਤ ਕੌਰ, ਐਸੋਸੀਏਟ ਟੀਚਰ ਕੁਲਦੀਪ ਕੌਰ, ਗੁਰਪ੍ਰੀਤ ਕੌਰ, ਹਰਵਿੰਦਰ ਸਿੰਘ ਬਾਠ, ਮਨਜੀਤ ਕੌਰ ਤੇ ਸਿਖਿਆਰਥੀ ਅਧਿਆਪਕਾ ਬਲਜਿੰਦਰ ਕੌਰ ਆਦਿ ਸ਼ਾਮਲ ਸਨ।

# ਮਾਸਟਰ ਜਗਸੀਰ ਸਿੰਘ ਭਗਤਾ ਨੂੰ ਸਦਮਾ, ਪਿਤਾ ਦਾ ਦੇਹਾਂਤ

**ਬਠਿੰਡਾ (ਰਾਜੀਵ ਗੋਇਲ)**-ਕਸਬਾ ਭਗਤਾ ਭਾਈ ਕਾ ਦੇ ਗੀਤਾ ਭਵਨ ਰੋਡ 'ਤੇ ਰਹਿਣ ਵਾਲੇ ਐਲੀਮੈਂਟਰੀ ਮਾਸਟਰ ਜਗਸੀਰ ਸਿੰਘ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਪਿਤਾ ਜੈਲਾ ਸਿੰਘ ਸੰਖੇਪ ਬਿਮਾਰੀ ਦੇ ਚੱਲਦਿਆਂ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗੁਰੂ ਚਰਨਾਂ ਵਿੱਚ ਜਾ ਬਿਰਾਜੇ।

ਇਸ ਦੁੱਖ ਦੀ ਘੜੀ ਵਿੱਚ ਸਮੂਹ ਪਰਵਾਰ ਸਵਰਨ ਸਿੰਘ, ਮਾਇਕਲ ਨਾਲ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ, ਇੰਦਰਜੀਤ ਸਿੰਘ ਮਾਨ ਪੰਜਾਬ ਖਾਦੀ ਤੇ ਗ੍ਰਾਮ ਉਦਯੋਗ ਬੋਰਡ ਚੇਅਰਮੈਨ, ਹਲਕਾ ਰਾਮਪੁਰਾ ਫੂਲ ਦੇ ਅਕਾਲੀਦਲ (ਬ) ਦੇ ਮੁੱਖ ਸੇਵਾਦਾਰ ਹਰਿੰਦਰ ਸਿੰਘ ਮਹਿਰਾਜ, ਬੂਟਾ ਸਿੰਘ ਸਿੱਧੂ ਪ੍ਰਧਾਨ ਨਗਰ ਪੰਚਾਇਤ ਭਗਤਾ, ਹਰਦੇਵ ਸਿੰਘ ਗੋਗੀ ਬਰਾੜ, ਰਾਮਪਾਲ ਗਰਗ ਪ੍ਰਧਾਨ ਕਰਿਆਨਾ ਯੂਨੀਅਨ, ਜੀਤੂ ਰਾਮ, ਗਗਨਦੀਪ ਸਿੰਘ ਗਰੇਵਾਲ ਸਾ. ਚੇਅਰਮੈਨ, ਲਖਵੀਰ ਸਿੰਘ ਸਿੱਧੂ ਸੂਬਾ ਸੈਕਟਰੀ ਕਿਸਾਨ ਵਿੰਗ ਕਾਂਗਰਸ, ਹਰਿੰਦਰ ਬਰਾੜ, ਜਸਮੀਤ ਬਰਾੜ, ਮਨੋਜ ਕੁਮਾਰ, ਸੁਖਜਿੰਦਰ ਸਿੰਘ ਕੌਂਸਲਰ, ਰਾਕੇਸ਼ ਕੁਮਾਰ ਸਾ. ਪ੍ਰਧਾਨ, ਪਰਵੀਨ ਕੁਮਾਰ ਮਹੇਸ਼ਵਰੀ, ਇੰਦਰਜੀਤ ਨਾਗਪਾਲ, ਪਰਮਜੀਤ ਬਿੰਦਰ, ਜਗਸੀਰ ਸਿੰਘ ਪੰਮਾ ਮਾਸਟਰ, ਮਨਦੀਪ ਸਿੰਘ ਪ੍ਰਿੰਸੀਪਲ, ਸਵਰਨਜੀਤ ਸਿੰਘ, ਪ੍ਰਦੀਪ ਸਿੰਘ, ਰਾਕੇਸ਼ ਕੁਮਾਰ, ਮਹਿੰਦਰ ਕਮਰਾ, ਸੰਜੀਵ ਕੁਮਾਰ ਬੰਟੀ, ਰਾਜਿੰਦਰ ਸਿੰਘ, ਦਰਸ਼ਨ ਸਿੰਘ ਮਾਸਟਰ, ਜਗਸੀਰ ਸਿੰਘ ਪੰਨੂ, ਵਿਜੈ ਕੁਮਾਰ ਪੱਪੂ, ਸੁਰਿੰਦਰ ਕੁਮਾਰ, ਬਹਾਦਰ ਸਿੰਘ ਬਰਾੜ, ਦਰਸ਼ਨ ਸਿੰਘ ਕਾਕਾ ਖਾਨਦਾਨ, ਚਰਨ ਪੁਰੀ, ਬੂਟਾ ਸਿੰਘ ਜਲਾਲ, ਗੁਰਬਿੰਦਰ ਸਿੱਧੂ ਭਾਜਪਾ ਆਗੂ, ਪਵਨ ਗਰਗ, ਬਬਲੇਸ਼ ਕੁਮਾਰ ਬੌਬੀ ਸਿੰਗਲਾ, ਡੁਮਣ ਸਿੰਘ ਸਾਬਕਾ ਸਰਪੰਚ, ਕੁਲਵੰਤ ਸਿੰਘ ਮਲੂਕਾ ਚੇਅਰਮੈਨ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ, ਹਰਬੰਸ ਬਰਾੜ ਕੇਸਰਵਾਲੀਆ, ਰਾਮ ਕੁਮਾਰ ਬੁਰਜ ਵਾਲੇ, ਜਗਸੀਰ ਸਿੰਘ ਪੱਪੂ, ਬੱਬੂ ਅਰੋੜਾ, ਭੂਸ਼ਣ ਮਿੱਤਲ, ਦਵਿੰਦਰ ਪੁਰੀ, ਰਾਮ ਜਿਊਲਰ, ਰਵੀ ਵਰਮਾ, ਗਗਨਦੀਪ ਅਰੋੜਾ, ਰਾਜ ਕੁਮਾਰ ਮਲੂਕੇ ਵਾਲੇ, ਅਰਵਿੰਦ ਕੁਮਾਰ, ਤਰਸੇਮ ਸ਼ਰਮਾ, ਅਚੱਲ ਕੁਮਾਰ, ਰਾਜਿੰਦਰ ਕੁਮਾਰ,ਜਗਮੋਹਨ ਲਾਲ ਕੌਂਸਲਰ, ਸੁਮੀਤ ਜਿਊਲਰ, ਬੂਟਾ ਸਿੰਘ ਆੜ੍ਹਤੀਆ ਸਮੇਤ ਸਮੂਹ ਅਧਿਆਪਕ ਯੂਨੀਅਨ ਤੇ ਦੁਕਾਨਦਾਰਾਂ ਵੱਲੋਂ ਪਰਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ ਹੈ।

## ਆਕਸਫੋਰਡ ਸਕੂਲ ਦੇ ਵਿਹੜੇ 'ਚ ਮਨਾਇਆ ਦੁਸਹਿਰਾ



**ਬਠਿੰਡਾ (ਰਾਜੀਵ ਗੋਇਲ)**-ਦਿ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਵਿਖੇ ਬਦੀ ਉੱਤੇ ਨੇਕੀ ਦੀ ਜਿੱਤ ਦਾ ਪ੍ਰਤੀਕ ਦੁਸਹਿਰਾ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਨਰਸਰੀ ਤੋਂ ਪਹਿਲੀ ਜਮਾਤ ਦੇ ਵਿਦਿਆਰਥੀਆਂ ਵੱਲੋਂ ਬੜਾ ਹੀ ਦਿਲਕਸ਼ "ਡਾਂਸ ਐਕਟ" ਪੇਸ਼ ਕੀਤਾ ਗਿਆ। ਦੂਸਰੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਰਾਮ ਸੀਆ ਰਾਮ ਉੱਤੇ ਡਾਂਸ ਕੀਤਾ। ਇਸ ਦੌਰਾਨ ਛੇਵੀਂ ਜਮਾਤ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਵੱਲੋਂ ਇੱਕ ਗੀਤ ਤੇ ਕੋਰੀਓਗ੍ਰਾਫੀ ਪੇਸ਼ ਕੀਤੀ ਗਈ। ਸਵੇਰ ਦੀ ਸਭਾ ਦੌਰਾਨ ਪੇਸ਼ ਕੀਤੇ ਗਏ ਇਸ ਪ੍ਰੋਗਰਾਮ ਦੇ ਅੰਤ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਨੇ ਕਿਹਾ ਕਿ ਹਰ ਤਿਉਹਾਰ ਸਾਡੇ ਲਈ ਵੱਖ-ਵੱਖ ਸੁਨੇਹੇ ਲੈ ਕੇ ਆਉਂਦੇ ਹਨ। ਉਨ੍ਹਾ ਕਿਹਾ ਕਿ ਜਿੱਥੇ ਤਿਉਹਾਰ ਸਾਂਝੀਵਾਲਤਾ ਦਾ ਪ੍ਰਤੀਕ ਹਨ, ਉੱਥੇ ਇਹ ਸਾਨੂੰ ਆਪਣੀ ਸੰਸਕ੍ਰਿਤੀ ਤੇ ਸੱਭਿਆਚਾਰ ਨਾਲ ਜੋੜਨ ਵਿੱਚ ਵੀ ਸਹਾਈ ਹੁੰਦੇ ਹਨ। ਸਾਨੂੰ ਸਾਰੇ ਤਿਉਹਾਰ ਖੁਸ਼ੀ ਤੇ ਪਵਿੱਤਰਤਾ ਨਾਲ ਮਨਾਉਣੇ ਚਾਹੀਦੇ ਹਨ। ਜ਼ਿਕਰਯੋਗ ਹੈ ਕਿ ਦੁਸਹਿਰੇ ਦੇ ਤਿਉਹਾਰ ਨੂੰ ਸਮਰਪਤ ਆਨ-ਲਾਈਨ ਐਕਟੀਵਿਟੀ ਵੀ ਕਰਵਾਈ ਗਈ, ਜਿਸ ਵਿੱਚ ਰਾਵਣ ਮਸਕ ਮੇਕਿੰਗ, ਧਨੁਸ਼ ਬਣਾਉਣ, ਰਾਵਣ ਦਾ ਪੁਤਲਾ ਬਣਾਉਣ, ਪੇਪਰ ਫੁੱਲ ਬਣਾਉਣ ਤੇ ਕਲਸ਼ ਸਜਾਉਣ ਦੀਆਂ ਗਤੀਵਿਧੀਆਂ ਸ਼ਾਮਲ ਸਨ। ਇਨ੍ਹਾਂ ਕਿਰਿਆਤਮਕ ਕਿਰਿਆਵਾਂ ਵਿੱਚ ਦੂਸਰੀ ਜਮਾਤ ਤੋਂ ਲੈ ਕੇ ਨੌਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ।

# ਮਾਲਵਾ ਸਾਹਿਤ ਸਭਾ ਵੱਲੋਂ ਆਈ ਟੀ ਆਈ ਵਿਖੇ ਸਾਹਿਤਕ ਸਮਾਗਮ

**ਰਾਜਵਿੰਦਰ ਸਿੰਘ ਮੱਲੀ ਦੇ ਕਵੀਸ਼ਰੀ ਜਥੇ ਨੂੰ ਬੇਬੇ ਗੁਰਦਿਆਲ ਕੌਰ ਤੇ ਬਾਪੂ ਹਰਚੰਦ ਸਿੰਘ ਟੱਲੇਵਾਲੀਆ ਯਾਦਗਾਰੀ ਪੁਸਕਾਰ**



**ਬਰਨਾਲਾ (ਰਾਜਿੰਦਰ ਬਰਾੜ)**-ਮਾਲਵਾ ਸਾਹਿਤ ਸਭਾ ਬਰਨਾਲਾ ਵੱਲੋਂ ਸਥਾਨਕ ਪੰਜਾਬ ਆਈ ਟੀ ਆਈ ਵਿਖੇ ਸਾਹਿਤਕ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਸਭਾ ਦੇ ਪ੍ਰਧਾਨ ਡਾ. ਸੰਪੂਰਨ ਸਿੰਘ ਟੱਲੇਵਾਲੀਆ ਤੇ ਪਰਵਾਰ ਵੱਲੋਂ ਬੇਬੇ ਗੁਰਦਿਆਲ ਕੌਰ ਤੇ ਬਾਪੂ ਹਰਚੰਦ ਸਿੰਘ ਟੱਲੇਵਾਲੀਆ ਦੀ ਨਿੱਘੀ ਯਾਦ ਨੂੰ ਸਮਰਪਤ ਅੱਠਵਾਂ ਪੁਰਸਕਾਰ ਰਾਜਵਿੰਦਰ ਸਿੰਘ ਮੱਲੀ ਦੇ ਕਵੀਸ਼ਰੀ ਜਥੇ ਨੂੰ ਦਿੱਤਾ ਗਿਆ। ਸਨਮਾਨ ਸਮਾਰੋਹ ਬਾਰੇ ਬੋਲਦਿਆਂ ਭੋਲਾ ਸਿੰਘ ਸੰਘੇੜਾ ਨੇ ਕਿਹਾ ਕਿ ਅੱਜ ਜਦੋਂ ਲੋਕੀ ਆਪਣੇ ਮਾਤਾ-ਪਿਤਾ ਨੂੰ ਬਿਰਧ ਆਸ਼ਰਮਾਂ ਵਿੱਚ ਛੱਡ ਰਹੇ ਹਨ ਤਾਂ ਇਸ ਮੌਕੇ ਸਾਹਿਤਕਾਰਾਂ ਦਾ ਫਰਜ਼ ਬਣਦਾ ਹੈ ਕਿ ਉਹ ਸਮਾਜ ਦੇ ਰਾਹ-ਦਸੇਰੇ ਬਣਨ। ਉਹ ਅਜਿਹੀਆਂ ਰਵਾਇਤਾਂ ਸਮਾਜ ਵਿੱਚ ਪਾਉਣ ਕਿ ਜਿਉਂਦੇ ਜੀਅ ਮਾਪਿਆਂ ਦੀ ਘਰਾਂ ਵਿੱਚ ਹੀ ਦੇਖਭਾਲ ਕੀਤੀ ਜਾਵੇ ਅਤੇ ਮਾਪਿਆਂ ਦੇ ਤੁਰ ਜਾਣ ਤੋਂ ਬਾਅਦ ਉਨ੍ਹਾਂ ਦੀਆਂ ਯਾਦਾਂ ਨੂੰ ਉਸਾਰੂ ਢੰਗ ਨਾਲ ਮਨਾਇਆ ਜਾਵੇ। ਇਸ ਮੌਕੇ ਡਾ. ਅਮਨ ਅਚਰਵਾਲ ਦੇ ਗੀਤ ਸੰਗ੍ਰਹਿ ਪਰਦੇਸੀ ਕੂੰਜਾਂ ਉੱਪਰ ਗੋਸ਼ਟੀ ਕਰਵਾਈ ਗਈ, ਜਿਸ ਉੱਪਰ ਪਰਚਾ ਪੜ੍ਹਦਿਆਂ ਡਾ. ਰਾਮਪਾਲ ਸਿੰਘ ਨੇ ਕਿਹਾ ਕਿ ਅਮਨ ਅੱਚਰਵਾਲ ਦੇ ਗੀਤ ਪਾਠਕਾਂ ਨੂੰ ਇਸ ਰੁੱਖੀ ਤੇ ਨਿਰਦਈ ਜ਼ਿੰਦਗੀ ਵਿੱਚ ਨਵੇਂ ਬੀਜਾਂ ਦੇ ਪੁੰਗਰਨ ਦਾ ਅਹਿਸਾਸ ਕਰਵਾਉਂਦੇ ਹਨ।ਭਾਰਤੀ ਸਾਹਿਤ ਅਕੈਡਮੀ ਦੀ ਗਵਰਨਿੰਗ ਕੌਂਸਲ ਦੇ ਮੈਂਬਰ ਬੂਟਾ ਸਿੰਘ ਚੌਹਾਨ ਨੇ ਕਿਹਾ ਕਿ ਅਮਨ ਅੱਚਰਵਾਲ ਦੇ ਗੀਤ ਮਨੁੱਖੀ ਮਨ ਦਾ ਜਜ਼ਬਾਤੀ ਤੇ ਸਰੋਦੀ ਬੋਲੀ ਵਿੱਚ ਕਲਾਮਈ ਪ੍ਰਗਟਾਅ ਹਨ, ਜੋ ਪਾਠਕਾਂ ਨੂੰ ਸੁਹਜਾਤਮਕ ਆਨੰਦ ਪ੍ਰਦਾਨ ਕਰਦੇ ਹਨ।ਲੋਕ ਗਾਇਕ ਜੁਗਰਾਜ ਧੌਲਾ ਨੇ ਕਿਹਾ ਕਿ ਅਮਨ ਅਚਰਵਾਲ ਦੇ ਗੀਤ ਜਿੱਥੇ ਵਿਰਸੇ ਤੇ ਸੱਭਿਆਚਾਰ ਦੀ ਬਾਤ ਪਾਉਂਦੇ ਹਨ, ਉਥੇ ਇਨ੍ਹਾਂ ਗੀਤਾਂ ਵਿੱਚ ਇਨਕਲਾਬੀ ਰੰਗ ਵੀ ਝਲਕਦਾ ਹੈ। ਇਨ੍ਹਾਂ ਤੋਂ ਇਲਾਵਾ ਹਰਚਰਨ ਸਿੰਘ ਸੰਧੂ, ਨਾਵਲਕਾਰ ਦਰਸ਼ਨ ਸਿੰਘ ਗੁਰੂ, ਜਗਤਾਰ ਜਜ਼ੀਰਾ, ਕਹਾਣੀਕਾਰ ਪਵਨ ਪਰਿੰਦਾ, ਹਾਕਮ ਸਿੰਘ ਰੂੜੇਕੇ, ਡਾ. ਅਮਨਦੀਪ ਸਿੰਘ ਟੱਲੇਵਾਲੀਆ ਤੇ ਜਸਵਿੰਦਰ ਸਿੰਘ ਛਿੰਦਾ ਦੇਹੜਕੇ ਨੇ ਵੀ ਪੁਸਤਕ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਜਸਵਿੰਦਰ ਸਿੰਘ ਛਿੰਦਾ ਦਾ ਕਹਾਣੀ ਸੰਗ੍ਰਹਿ ਤੇ ਦਿਲ ਫਿਰ ਉਦਾਸ ਹੋ ਗਿਆ ਵੀ ਲੋਕ ਅਰਪਣ ਕੀਤਾ ਗਿਆ।ਉਪਰੰਤ ਹੋਏ ਕਵੀ ਦਰਬਾਰ ਵਿੱਚ ਸਾਗਰ ਸਿੰਘ ਸਾਗਰ, ਡਾ. ਉਜਾਗਰ ਸਿੰਘ ਮਾਨ, ਰਾਜਿੰਦਰ ਸ਼ੌਂਕੀ, ਜਗਤਾਰ ਬੈਂਸ, ਅਜੀਤ ਅਚਰਵਾਲ, ਮੱਖਣ ਧਨੇਰ, ਦਲਵਾਰ ਸਿੰਘ ਧਨੌਲਾ, ਅਜਾਇਬ ਸਿੰਘ ਕੋਟਲੀ ਕਲਾਂ, ਗੁਰਤੇਜ ਸਿੰਘ ਮੱਖਣ, ਲਖਵਿੰਦਰ ਸਿੰਘ ਠੀਕਰੀਵਾਲ, ਸਿੰਦਰ ਧੌਲਾ, ਸੁਰਜੀਤ ਸਿੰਘ ਦੇਹੜ, ਮਲਕੀਤ ਸਿੰਘ ਗਿੱਲ, ਰਜਨੀਸ਼ ਕੌਰ ਬਬਲੀ, ਸੁਖਵਿੰਦਰ ਸਿੰਘ ਸਨੇਹ, ਮਨਜੀਤ ਸਿੰਘ ਸਾਗਰ, ਤੇਜਿੰਦਰ ਚੰਡਿਹੋਕ, ਰਾਮ ਸਿੰਘ ਬੀਹਲਾ ਤੇ ਰਘਵੀਰ ਸਿੰਘ ਗਿੱਲ ਕੱਟੂ ਨੇ ਆਪਣੇ ਗੀਤ ਤੇ ਕਵਿਤਾਵਾਂ ਪੇਸ਼ ਕੀਤੀਆਂ। ਸਭਾ ਦੀ ਰਿਵਾਇਤ ਮੁਤਾਬਕ ਡਾਕਟਰ ਅਮਨ ਅਚਰਵਾਲ ਦਾ ਇਸ ਮੌਕੇ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੇਜਰ ਸਿੰਘ ਗਿੱਲ, ਗਿਆਨੀ ਕਰਮ ਸਿੰਘ ਭੰਡਾਰੀ, ਹਰਚਰਨ ਸਿੰਘ ਚਹਿਲ, ਕੈਪਟਨ ਦਰਬਾਰਾ ਸਿੰਘ ਪੱਖੋਕੇ, ਹੈੱਡ ਮਾਸਟਰ ਰਣਜੀਤ ਸਿੰਘ ਟੱਲੇਵਾਲ, ਗੁਰਸੇਵਕ ਸਿੰਘ ਧੌਲਾ, ਪ੍ਰਭਜੀਤ ਸਿੰਘ ਅਚਰਵਾਲ, ਲਾਲ ਸਿੰਘ ਮਾਨੂਕੇ ਤੇ ਪਰਮਜੀਤ ਸਿੰਘ ਅੱਚਰਵਾਲ, ਹਰਬੰਸ ਸਿੰਘ ਟੱਲੇਵਾਲ ਤੇ ਮਾਸਟਰ ਮਨਜੀਤ ਸਿੰਘ ਠੀਕਰੀਵਾਲ ਹਾਜ਼ਰ ਸਨ।

## ਗੀਵਿਊ ਕਮੇਟੀ ਪਿੰਡ ਗੜੋਲੀਆਂ 'ਚ ਹੋਈਆਂ ਮੌਤਾਂ ਦੇ ਕਾਰਨਾਂ ਦੀ ਕਰੇਗੀ ਜਾਂਚ : ਸਿਵਲ ਸਰਜਨ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਪਿੰਡ ਗੜੋਲੀਆਂ ਵਿਖੇ ਹੋਈਆਂ ਮੌਤਾਂ ਬਾਰੇ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਮਾਰਚ 2023 ਤੋਂ ਲੈ ਕੇ ਹੁਣ ਤੱਕ ਡੇਂਗੂ ਦੇ 32 ਕੇਸ ਕਨਫਰਮ ਹੋਏ ਸਨ, ਜਿਨ੍ਹਾਂ ਵਿੱਚੋਂ 27 ਮਰੀਜ਼ ਠੀਕ ਹੋ ਗਏ ਹਨ ਤੇ ਕੇਵਲ ਪੰਜ ਐਕਟਿਵ ਮਰੀਜ਼ ਹਨ।ਉਨ੍ਹਾਂ ਦੱਸਿਆ ਕਿ ਪਿੰਡ ਗੜੋਲੀਆਂ ਵਿਖੇ ਅਲੱਗ-ਅਲੱਗ ਸਮੇਂ 'ਤੇ ਹੋਈਆਂ ਮੌਤਾਂ ਦੇ ਕਾਰਨਾਂ ਦਾ ਪਤਾ ਲਾਉਣ ਲਈ ਕੇਸ ਪਹਿਲਾਂ ਜ਼ਿਲ੍ਹਾ ਪੱਧਰੀ ਅਤੇ ਫਿਰ ਸੂਬਾ ਪੱਧਰੀ ਗੀਵਿਊ ਕਮੇਟੀ ਅੱਗੇ ਰੱਖਿਆ ਜਾਵੇਗਾ ਤੇ ਗੀਵਿਊ ਕਮੇਟੀ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਦੱਸਿਆ ਜਾ ਸਕਦਾ ਹੈ ਕਿ ਇਹ ਮੌਤਾਂ ਕਿਸ ਕਾਰਨ ਹੋਈਆਂ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਅਜੇ ਤੱਕ ਡੇਂਗੂ ਨਾਲ ਅਧਿਕਾਰਤ ਤੌਰ 'ਤੇ ਕੋਈ ਮੌਤ ਨਹੀਂ ਹੋਈ, ਜਿਸ ਦੀ ਪੁਸ਼ਟੀ ਕੀਤੀ ਜਾ ਸਕੇ।ਸਿਵਲ ਸਰਜਨ ਨੇ ਦੱਸਿਆ ਕਿ ਸਾਰੇ ਪਿੰਡ ਦਾ ਫੀਵਰ ਸਰਵੇਅ ਕੀਤਾ ਗਿਆ ਹੈ ਅਤੇ ਬੁਖਾਰ ਦੇ ਸ਼ੱਕੀ ਮਰੀਜ਼ਾਂ ਦੀਆਂ 62 ਬਲੱਡ ਸਲਾਈਡਾਂ ਬਣਵਾ ਕੇ ਟੈਸਟ ਲਈ ਭੇਜੀਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਕੀਤੇ ਗਏ ਡੇਂਗੂ ਦੇ ਟੈਸਟਾਂ ਵਿੱਚੋਂ ਸਿਰਫ 02 ਵਿਅਕਤੀ ਹੀ ਡੇਂਗੂ ਪਾਜ਼ੇਟਿਵ ਨਿਕਲੇ ਸਨ, ਜੋ ਹੁਣ ਬਿਲਕੁਲ ਠੀਕ ਹੋ ਚੁੱਕੇ ਹਨ।ਡਾ. ਦਵਿੰਦਰਜੀਤ ਕੌਰ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਘਰਾਂ ਦੀ ਚੈਕਿੰਗ ਦੌਰਾਨ ਕੂਲਰਾਂ, ਫਰਿੱਜਾਂ ਦੀਆਂ ਟਰੇਆਂ, ਗਮਲਿਆਂ, ਸਟੋਰ ਕੀਤੇ ਪਾਣੀ, ਪਾਣੀ ਦੇ ਕੰਟੇਨਰਾਂ ਅਤੇ ਹੋਰ ਥਾਵਾਂ 'ਤੇ ਮੱਛਰ ਦਾ ਲਾਰਵਾ ਮਿਲਿਆ ਸੀ, ਜਿਸ ਨੂੰ ਮੌਕੇ 'ਤੇ ਹੀ ਨਸ਼ਟ ਕਰਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਟੀਮਾਂ ਵੱਲੋਂ ਪਿੰਡ ਵਾਸੀਆਂ ਨੂੰ ਆਪਣੇ ਆਲੇ-ਦੁਆਲੇ ਦੀ ਸਾਫ ਸਫਾਈ ਰੱਖਣ ਲਈ ਪ੍ਰੇਰਤ ਕੀਤਾ ਗਿਆ ਹੈ ਅਤੇ ਨਾਲ ਹੀ ਡੇਂਗੂ, ਮਲੇਰੀਆ ਤੇ ਹੋਰ ਬਿਮਾਰੀਆਂ ਦੀਆਂ ਨਿਸ਼ਾਨੀਆਂ ਦੱਸ ਕੇ ਉਨ੍ਹਾਂ ਤੋਂ ਬਚਣ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ।

15-Oct-PAGE-11-Majha.qxd 10/14/2024 11:03 PM Page 1



## ਟਰੈਕਟਰ ਨਾਲ ਜ਼ਖ਼ਮੀ ਕਰਨ ਵਾਲੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਕਲਾਨੌਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਰਤਨ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਗੋਸਲ ਨੇ ਦੱਸਿਆ ਕਿ 12 ਅਕਤੂਬਰ ਨੂੰ ਮੈਂ ਆਪਣੀ ਸਕੂਟਰੀ 'ਤੇ ਸਵਾਰ ਹੋ ਕੇ ਮੇਨ ਰੋਡ ਉਤੇ ਕਰਿਆਨੇ ਦੀ ਦੁਕਾਨ ਉਪਰ ਸਮਾਨ ਲੈਣ ਲਈ ਆਇਆ ਕਿ ਸਮਾਂ ਕਰੀਬ 6:40 ਸ਼ਾਮ ਦੁਕਾਨ ਦੇ ਸਾਹਮਣੇ ਦੂਸਰੇ ਪਾਸੇ ਗੋਸਲ ਪੈਟਰੋਲ ਪੰਪ 'ਤੇ ਬਲਵਿੰਦਰ ਸਿੰਘ, ਕੁਲਵਿੰਦਰ ਸਿੰਘ, ਹਰਜਿੰਦਰ ਸਿੰਘ, ਸੁਖਵਿੰਦਰ ਸਿੰਘ ਪੁਤਰਾਨ ਰਘਬੀਰ ਸਿੰਘ, ਜਸਨਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ, ਕਰਨਪ੍ਰੀਤ ਸਿੰਘ ਪੁੱਤਰ ਹਰਜਿੰਦਰ ਸਿੰਘ, ਲਵਪ੍ਰੀਤ ਸਿੰਘ ਪੁੱਤਰ ਕੁਲਵਿੰਦਰ ਸਿੰਘ ਵਾਸੀਅ ਗੋਸਲ ਖੜ੍ਹੇ ਸਨ। ਇਸ ਮੌਕੇ ਉਕਤ ਵਿਅਕਤੀਆਂ ਨੇ ਕੁਲਵਿੰਦਰ ਸਿੰਘ ਨੂੰ ਲਲਕਾਰਾ ਮਾਰ ਕੇ ਕਿਹਾ ਕਿ ਤੂੰ ਟਰੈਕਟਰ ਚਲਾ ਕੇ ਇਸ ਨੂੰ ਟਰੈਕਟਰ ਦੇ ਥੱਲੇ ਦੇ ਕੇ ਮਾਰ ਦੇ। ਉਸੇ ਵਕਤ ਕੁਲਵਿੰਦਰ ਸਿੰਘ ਨੇ ਪੈਟਰੋਲ ਪੰਪ 'ਤੇ ਖੜ੍ਹੇ ਟਰੈਕਟਰ ਨੂੰ ਸਟਾਰਟ ਕਰਕੇ ਚਲਾ ਕੇ ਮੈਨੂੰ ਮਾਰ ਦੇਣ ਦੀ ਨੀਅਤ ਨਾਲ ਟਰੈਕਟਰ ਉਪਰ ਚੜ੍ਹਾ ਦਿੱਤਾ। ਟਰੈਕਟਰ ਵੱਜਣ ਕਰਕੇ ਮੈਂ ਜ਼ਮੀਨ 'ਤੇ ਡਿਗ ਪਿਆ, ਜਿਸ ਕਰਕੇ ਕਾਫੀ ਸੱਟਾਂ ਲੱਗ ਗਈਆਂ। ਪੀੜਤ ਸਿਵਲ ਹਸਪਤਾਲ ਵਿਖੇ ਜ਼ੇਰੇ ਇਲਾਜ ਹੈ। ਪੁਲਸ ਨੇ ਉਕਤ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਕਾਇਆ ਕਲਪ ਟੀਮ ਨੇ ਸੀ ਐੱਚ ਸੀ ਸਰਹਾਲੀ ਤੇ ਬ੍ਰਹਮਪੁਰਾ ਦੀ ਕੀਤੀ ਚੈਕਿੰਗ



ਚੋਹਲਾ ਸਾਹਿਬ (ਰਮਨ ਚੱਡਾ)-ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਦੁਆਰਾ ਕਾਇਆ ਕਲਪ ਮੁਹਿੰਮ ਰਾਹੀਂ ਵਧੀਆ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸੇ ਮੁਹਿੰਮ ਤਹਿਤ ਅੱਜ ਡਾਕਟਰ ਰਾਜੀਵ ਭਗਤ ਅਤੇ ਦੀਪੀਕਾ ਸ਼ਰਮਾ ਕਾਇਆ ਕਲਪ ਟੀਮ ਕਪੂਰਥਲਾ ਵੱਲੋਂ ਕਮਿਊਨਿਟੀ ਹੈਲਥ ਸੈਂਟਰ ਬ੍ਰਹਮਪੁਰਾ ਅਤੇ ਸਰਹਾਲੀ ਦੀ ਚੈਕਿੰਗ ਕੀਤੀ ਗਈ। ਇਸ ਸਮੇਂ ਡਾਕਟਰ ਰਾਜੀਵ ਭਗਤ ਨੇ ਦੱਸਿਆ ਕਿ ਅੱਜ ਉਹਨਾਂ ਦੀ ਟੀਮ ਵੱਲੋਂ ਸੀ ਐਚ ਸੀ ਸਰਹਾਲੀ ਅਤੇ ਸੀ ਐਚ ਸੀ ਬ੍ਰਹਮਪੁਰਾ ਦੀ ਸਾਫ ਸਫਾਈ ਅਤੇ ਦਵਾਈਆਂ ਦੇ ਰੱਖ ਰਖਾਵ ਬਾਰੇ ਚੈਕਿੰਗ ਕੀਤੀ ਗਈ। ਉਹਨਾਂ ਦੱਸਿਆ ਕਿ ਸੀ ਐਚ ਸਰਹਾਲੀ ਵਿਖੇ ਅੱਜ ਓ ਪੀ ਡੀ, ਟੀ ਵੀ ਵਿਭਾਗ, ਅੱਖਾਂ ਦਾ ਵਿਭਾਗ, ਦੰਦਾਂ ਦਾ ਵਿਭਾਗ, ਲੈਬਾਰਟਰੀ, ਫਾਰਮੇਸੀ ਰੂਮ, ਡਰੱਗ ਸਟੋਰ ਅਤੇ ਐਮਰਜੈਂਸੀ ਸੇਵਾਵਾਂ ਦੀ ਅਤੇ ਸਾਫ ਸਫਾਈ ਦੀ ਚੈਕਿੰਗ ਕੀਤੀ ਅਤੇ ਮਰੀਜ਼ਾਂ ਤੋਂ ਪੁੱਛਗਿੱਛ ਕੀਤੀ ਕਿ ਉਹਨਾਂ ਨੂੰ ਦਵਾਈ ਲੈਣ ਜਾਂ ਚੈਕਅੱਪ ਕਰਵਾਉਣ ਦੌਰਾਨ ਕੋਈ ਮੁਸ਼ਕਲ ਪੇਸ਼ ਤਾਂ ਨਹੀਂ ਆਉਂਦੀ। ਉਹਨਾਂ ਦੱਸਿਆ ਕਿ ਸਰਹਾਲੀ ਹਸਪਤਾਲ ਦੀ ਸਾਫ ਸਫਾਈ ਬਹੁਤ ਵਧੀਆ ਹੋਣ ਕਰਕੇ ਉਹਨਾਂ ਦੀ ਟੀਮ ਵੱਲੋਂ ਡਾਕਟਰ ਕਰਨਵੀਰ ਸਿੰਘ ਸੀਨੀਅਰ ਮੈਡੀਕਲ ਅਫਸਰ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ। ਇਸ ਸਮੇਂ ਮੈਡਮ ਦੀਪੀਕਾ ਸ਼ਰਮਾ ਨੇ ਦੱਸਿਆ ਕਿ ਇਲਾਜ ਕਰਵਾਉਣ ਆਏ ਮਰੀਜ਼ ਮਿਲ ਰਹੀਆਂ ਸਹੂਲਤਾਂ ਤੋਂ ਖੁਸ਼ ਨਜ਼ਰ ਆ ਰਹੇ ਸਨ। ਉਹਨਾਂ ਦੱਸਿਆ ਕਿ ਇਸੇ ਤਰ੍ਹਾਂ ਸੀ ਐਚ ਸੀ ਬ੍ਰਹਮਪੁਰਾ ਵਿਖੇ ਵੀ ਸਾਫ ਸਫਾਈ ਵਧੀਆ ਹੋਣ ਕਾਰਨ ਟੀਮ ਵੱਲੋਂ ਉਹਨਾਂ ਨੂੰ ਵਧਾਈ ਦਿੱਤੀ ਗਈ ਹੈ ਅਤੇ ਆਸ ਕੀਤੀ ਕਿ ਅੱਗੇ ਤੋਂ ਵੀ ਸੀ ਐਚ ਸੀ ਸਰਹਾਲੀ ਅਤੇ ਬ੍ਰਹਮਪੁਰਾ ਵਿਖੇ ਇਸੇ ਤਰਾਂ ਸਿਹਤ ਸਹੂਲਤਾਂ ਜਾਰੀ ਰਹਿਣਗੀਆਂ। ਇਸ ਸਮੇਂ ਡਾਕਟਰ ਕਰਨਵੀਰ ਸਿੰਘ ਨੇ ਦੱਸਿਆ ਕਿ ਸਿਵਲ ਸਰਜਨ ਤਰਨ ਤਾਰਨ ਡਾਕਟਰ ਗੁਰਪ੍ਰੀਤ ਸਿੰਘ ਰਾਏ ਅਤੇ ਸਹਾਇਕ ਸਿਵਲ ਸਰਜਨ ਤਰਨ ਤਾਰਨ ਡਾਕਟਰ ਜਤਿੰਦਰ ਸਿੰਘ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੀ ਐਚ ਸੀ ਸਰਹਾਲੀ ਅਤੇ ਸੀ ਐਚ ਸੀ ਬ੍ਰਹਮਪੁਰਾ 'ਚ ਮਰੀਜ਼ਾਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਸਮੇਂ ਡਾਕਟਰ ਸੰਦੀਪ ਕੌਰ ਮੈਡੀਕਲ ਅਫਸਰ, ਨਰਸਿੰਗ ਸਿਸਟਰ ਤਰਜੀਤ ਕੌਰ, ਜਤਿੰਦਰ ਕੌਰ ਐਲ ਟੀ, ਪਰਮਜੀਤ ਕੌਰ ਐਲ ਟੀ, ਰੁਪਿੰਦਰ ਕੌਰ ਸਟਾਫ ਨਰਸ, ਸੁਖਵਿੰਦਰ ਕੌਰ ਐਲ ਟੀ, ਕਸ਼ਮੀਰ ਕੌਰ ਐਲ ਟੀ, ਫਾਰਮੇਸੀ ਅਫਸਰ ਸਰਬਜੀਤ ਕੌਰ, ਸ਼ਬਨਮ ਬੱਲ, ਸੰਦੀਪ ਕੌਰ ਪੰਨੂ, ਨਰਿੰਦਰ ਕੌਰ, ਅਰਸ਼ਮੀਤ ਕੌਰ ਫਾਰਮੇਸੀ ਅਫਸਰ, ਜਸਵਿੰਦਰ ਕੌਰ ਕੰਪਿਊਟਰ ਆਪ੍ਰੇਟਰ, ਵਿਸ਼ਾਲ ਕੁਮਾਰ, ਜਸਕੀਰਤ ਸਿੰਘ, ਲਖਵਿੰਦਰ ਸਿੰਘ ਲੱਖਾ ਆਦਿ ਹਾਜ਼ਰ ਸਨ।

## ਦੀਵਾਲੀ ਮੌਕੇ ਰਾਤ 8 ਤੋਂ 10 ਵਜੇ ਤੱਕ ਚਲਾਏ ਜਾ ਸਕਣਗੇ ਪਟਾਕੇ

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟ੍ਰੇਟ ਸਾਕਸ਼ੀ ਸਾਹਨੀ ਨੇ ਮਾਣਯੋਗ ਸੁਪਰੀਮ ਕੋਰਟ ਵੱਲੋਂ ਜਾਰੀ ਹੁਕਮਾਂ ਤਹਿਤ ਤਿਉਹਾਰਾਂ ਦੇ ਦਿਨਾਂ ਵਿੱਚ ਪਟਾਕੇ ਚਲਾਉਣ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਹਨ। ਇਸ ਤਹਿਤ ਦੀਵਾਲੀ ਤੇ ਗੁਰਪੁਰਬ ਦੇ ਮੌਕੇ ਪਟਾਕਿਆਂ ਦੀ ਵਿਕਰੀ ਲਈ ਜ਼ਿਲ੍ਹੇ ਅੰਦਰ ਜਾਰੀ ਕੀਤੇ ਜਾਣ ਵਾਲੇ ਆਰਜ਼ੀ ਲਾਇਸੰਸ ਅਤੇ ਇਸ ਤੋਂ ਬਿਨਾਂ ਮਾਣਯੋਗ ਹਾਈ ਕੋਰਟ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਅੰਦਰ ਦੀਵਾਲੀ, ਗੁਰਪੁਰਬ, ਕ੍ਰਿਸਮਿਸ ਤੇ ਨਵੇਂ ਸਾਲ ਵਾਲੇ ਦਿਨ ਪਟਾਕੇ ਚਲਾਉਣ ਲਈ ਸਮਾਂ ਵੀ ਨਿਰਧਾਰਤ ਕੀਤਾ ਗਿਆ ਹੈ।ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਪਾਸ ਕੀਤੇ ਹੁਕਮਾਂ ਤਹਿਤ ਜ਼ਿਲ੍ਹੇ ਦੀ ਹਦੂਦ ਅੰਦਰ ਪਟਾਕਿਆਂ ਦੀ ਵਿਕਰੀ ਲਈ ਜ਼ਿਲ੍ਹੇ ਅੰਦਰ ਆਰਜ਼ੀ ਲਾਇਸੰਸ ਜਾਰੀ ਕੀਤਾ ਜਾਵੇਗਾ। ਪਾਬੰਦੀਸ਼ੁਦਾ ਪਟਾਕਿਆਂ ਦੀ ਵਿਕਰੀ ਦੀ ਮਨਾਹੀ ਹੈ, ਕੇਵਲ ਗਰੀਨ ਪਟਾਕੇ ਜੋ ਕਿ ਲੀਥੀਅਮ, ਮਰਕਰੀ, ਆਰਸੈਨਿਕ, ਸਿੱਕਾ, ਬੇਰੀਅਮ ਸਾਲਟ ਆਦਿ ਤੋਂ ਬਿਨਾਂ ਬਣੇ ਹੋਣਗੇ, ਉਹ ਹੀ ਵੇਚੇ ਅਤੇ ਚਲਾਏ ਜਾ ਸਕਣਗੇ। ਉਨ੍ਹਾਂ ਦੱਸਿਆ ਕਿ ਮਾਣਯੋਗ ਸੁਪਰੀਮ ਕੋਰਟ ਵਲੋਂ ਦੀਵਾਲੀ, ਗੁਪਰਪੁਰਬ, ਕ੍ਰਿਸਮਿਸ ਅਤੇ ਨਵੇਂ ਸਾਲ ਦੇ ਮੌਕੇ ਪਟਾਕੇ ਚਲਾਉਣ ਲਈ ਦਿੱਤੀ ਗਈ ਛੋਟ ਤਹਿਤ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਹੀ ਪਟਾਕੇ ਚਲਾਏ ਜਾਣ।ਉਨ੍ਹਾਂ ਦੱਸਿਆ ਕਿ ਦੀਵਾਲੀ ਵਾਲੇ ਦਿਨ ਪਟਾਕੇ ਰਾਤ 8 ਵਜੇ ਤੋਂ ਰਾਤ 10 ਵਜੇ ਤੱਕ, ਗੁਰੁਪੁਰਬ ਵਾਲੇ ਦਿਨ ਸਵੇਰੇ 4 ਵਜੇ ਤੋਂ 5 ਵਜੇ ਤੱਕ ਅਤੇ ਰਾਤ ਨੂੰ 9 ਵਜੇ ਤੋਂ 10 ਵਜੇ ਤੱਕ ਪਟਾਕੇ ਚਲਾਏ ਜਾ ਸਕਦੇ ਹਨ।ਇਸੇ ਤਰ੍ਹਾਂ ਕ੍ਰਿਸਮਿਸ ਦੀ ਪੂਰਵ ਸੰਧਿਆ 'ਤੇ ਰਾਤ 11.55 ਤੋਂ ਅਗਲੀ ਸਵੇਰ 12.30 ਵਜੇ ਤੱਕ ਅਤੇ ਨਵੇਂ ਸਾਲ ਦੀ ਪੂਰਵ ਸੰਧਿਆ 'ਤੇ ਰਾਤ 11.55 ਤੋਂ ਅਗਲੀ ਸਵੇਰ 12.30 ਵਜੇ ਤੱਕ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਤ ਕੀਤਾ ਗਿਆ ਹੈ। ਇਸ ਸਮੇਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਕਿਸੇ ਵੀ ਤਰ੍ਹਾਂ ਦੇ ਪਟਾਕੇ ਚਲਾਉਣ 'ਤੇ ਪਾਬੰਦੀ ਹੋਵੇਗੀ ਅਤੇ ਉਲੰਘਣਾ ਕਰਨ ਵਾਲਿਆਂ ਵਿਰੁਧ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਕੋਈ ਵੈਬਸਾਈਟ, ਈ ਕਾਮਰਸ ਸਾਈਟ ਆਦਿ ਪਟਾਕੇ ਨਹੀਂ ਵੇਚ ਸਕਣਗੇ।ਜ਼ਿਲ੍ਹਾ ਮੈਜਿਸਟ੍ਰੇਟ ਨੇ ਹੋਰ ਕਿਹਾ ਕਿ ਵਿਆਹ ਸ਼ਾਦੀਆਂ ਦੇ ਸਮਾਗਮਾਂ ਸਮੇਂ ਪਟਾਕੇ ਆਦਿ ਚਲਾਉਣ ਲਈ ਮੈਰਿਜ ਪੈਲੇਸ ਮਾਲਕ ਵੱਲੋਂ ਇਸ ਸਬੰਧੀ ਲਾਇਸੈਂਸ ਲੈਣਾ ਲਾਜ਼ਮੀ ਹੋਵੇਗਾ ਤੇ ਸੁਰੱਖਿਆ ਨੇਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ। ਇਸ ਤੋਂ ਬਿਨਾਂ ਸ਼ੋਭਾ ਯਾਤਰਾ, ਨਗਰ ਕੀਰਤਨ, ਪ੍ਰਭਾਤ ਫੇਰੀ ਅਤੇ ਹੋਰ ਸਮਾਗਮਾਂ ਮੌਕੇ ਪਟਾਕਿਆਂ ਨੂੰ ਚਲਾਉਣ ਲਈ ਵੀ ਲਾਇਸੈਂਸ ਲੈਣਾ ਲਾਜ਼ਮੀ ਹੈ। ਇਸ ਦੌਰਾਨ ਸੰਘਣੀ ਵੱਸੋਂ ਵਾਲੇ ਇਲਾਕਿਆਂ ਅਤੇ ਅੱਗ ਲੱਗਣ ਵਾਲੇ ਸੰਭਾਵਤ ਖੇਤਰਾਂ 'ਚ ਪਟਾਕੇ ਚਲਾਉਣ ਦੀ ਸੰਪੂਰਨ ਮਨਾਹੀ ਹੋਵੇਗੀ।ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਉਨ੍ਹਾਂ ਨੇ ਨਗਰ ਨਿਗਮ ਕਮਿਸ਼ਨਰ, ਐਸ.ਐਸ.ਪੀ., ਸਾਰੇ ਐਸ.ਡੀ.ਐਮਜ਼, ਕਾਰਜਕਾਰੀ ਇੰਜਨੀਅਰ ਪੰਜਾਬ ਪ੍ਰਦੂਸ਼ਨ ਰੋਕਥਾਮ ਬੋਰਡ ਨੂੰ ਹਦਾਇਤਾਂ ਜਾਰੀ ਕਰਦਿਆਂ ਲੋੜੀਂਦੀ ਕਾਰਵਾਈ ਕਰਨ ਦੇ ਆਦੇਸ਼ ਜਾਰੀ ਕੀਤੇ ਗਏ ਹਨ।

## ਅੱਜ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ ਵੋਟਾਂ : ਡਿਪਟੀ ਕਮਿਸ਼ਨਰ



ਗੁਰਦਾਸਪੁਰ (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਚੋਣਾਂ ਲਈ ਅੱਜ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਵੋਟਾਂ ਪੈਣਗੀਆਂ। ਇਸ ਤੋਂ ਬਾਅਦ ਵੋਟਾਂ ਦੀ ਗਿਣਤੀ ਸ਼ੁਰੂ ਹੋਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੋਲਿੰਗ ਸਟੇਸ਼ਨ ਵਿਖੇ ਪਛਾਣ ਦੇ ਪ੍ਰਮਾਣ ਵਜੋਂ ਨਾਗਰਿਕ ਆਪਣਾ ਵੋਟਰ ਕਾਰਡ, ਆਧਾਰ ਕਾਰਡ, ਪੈਨ ਕਾਰਡ, ਪਾਸਪੋਰਟ, ਮਨਰੇਗਾ ਨੌਕਰੀ ਕਾਰਡ, ਡਰਾਈਵਿੰਗ ਲਾਈਸੈਂਸ, ਰਾਸ਼ਨ ਕਾਰਡ ਅਤੇ ਨੀਲਾ ਕਾਰਡ ਦਿਖਾ ਕੇ ਆਪਣੀ ਵੋਟ ਦਾ ਇਸਤੇਮਾਲ ਕਰ ਸਕਦਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਤੋਂ ਇਲਾਵਾ ਨਾਗਰਿਕ ਪਾਸਬੁੱਕ ਬੈਂਕ/ਡਾਕਖਾਨੇ ਵਲੋਂ ਜਾਰੀ ਹੋਈ (ਤਸਵੀਰਾਂ ਦੇ ਨਾਲ), ਸਿਹਤ ਬੀਮਾ ਸਮਾਰਟ ਕਾਰਡ ਕਿਰਤ ਮੰਤਰਾਲੇ ਵਲੋਂ ਜਾਰੀ, ਸਰਵਿਸ ਪਛਾਣ ਪੱਤਰ (ਤਸਵੀਰ ਦੇ ਨਾਲ) ਕੇਂਦਰ/ਸੂਬਾ ਸਰਕਾਰ/ਪੀ.ਐਸ.ਯੂ/ ਜਨਤਕ ਲਿਮਿਟਡ ਕੰਪਨੀਆਂ ਵਲੋਂ ਕਰਮਚਾਰੀਆਂ ਨੂੰ ਜਾਰੀ, ਸਮਾਰਟ ਕਾਰਡ ਆਰ.ਜੀ.ਆਈ ਦੁਆਰਾ ਐਨ.ਪੀ.ਆਰ ਤਹਿਤ ਜਾਰੀ, ਪੈਨਸ਼ਨ ਦਸਤਾਵੇਜ਼ (ਤਸਵੀਰ ਦੇ ਨਾਲ), ਅਧਿਕਾਰਤ ਪਛਾਣ ਪੱਤਰ ਐਮ.ਪੀ/ਐਮ.ਐਲ.ਏ ਨੂੰ ਜਾਰੀ, ਯੂਨੀਕ ਅਪਾਹਜਤਾ ਆਈ ਕਾਰਡ (ਯੂ.ਡੀ.ਆਈ.ਡੀ) ਸਮਾਜਿਕ ਨਿਆਂ ਅਤੇ ਅਧਿਕਾਰਤ ਮੰਤਰਾਲਾ ਵਿਭਾਗ, ਭਾਰਤ ਸਰਕਾਰ ਦੁਆਰਾ ਜਾਰੀ ਕਾਰਡ ਦਿਖਾ ਕੇ ਆਪਣੀ ਵੋਟ ਦਾ ਇਸਤੇਮਾਲ ਕਰ ਸਕਦਾ ਹੈ।

## ਪਿੰਡ ਬੂਹ ਹਵੇਲੀਆਂ 'ਚ ਕਿਸਾਨ ਸਿਖਲਾਈ ਕੈਂਪ ਲਗਾਇਆ



ਪੱਟੀ (ਸ਼ਮਸ਼ੇਰ ਸਿੰਘ ਯੋਧਾ)-ਡਿਪਟੀ ਕਮਿਸ਼ਨਰ ਤਰਨ ਤਾਰਨ ਪਰਮਵੀਰ ਸਿੰਘ ਦੇ ਦਿਸ਼ਾ ਨਿਰਦੇਸ਼ ਤਹਿਤ ਸੂਚਨਾ, ਸਿੱਖਿਆ ਅਤੇ ਪਸਾਰ ਗਤੀਵਿਧੀਆਂ ਅਨੁਸਾਰ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਨਾਲ ਹੁੰਦੇ ਨੁਕਸਾਨ, ਇਸ ਦੀ ਸੁਚੱਜੀ ਸਾਂਭ ਸੰਭਾਲ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮਨਾਏ ਜਾ ਰਹੇ ਆਫ਼ਤ ਘਟਾਉਣ ਦਿਵਸ ਸਬੰਧੀ ਜਾਣਕਾਰੀ ਦੇਣ ਹਿੱਤ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਬਲਾਕ ਪੱਟੀ ਨੇ ਪਿੰਡ ਬੂਹ ਹਵੇਲੀਆਂ ਵਿਖੇ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਦਾ ਆਯੋਜਨ ਕੀਤਾ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਤਰਨ ਤਰਨ ਡਾ. ਹਰਪਾਲ ਸਿੰਘ ਪੰਨੂ, ਐਨ ਜੀ ਟੀ ਦੇ ਅਬਜ਼ਰਵਰ ਅਨੁਰਾਗ ਤ੍ਰਿਪਾਠੀ, ਡਾ. ਭੁਪਿੰਦਰ ਸਿੰਘ ਬਲਾਕ ਖੇਤੀਬਾੜੀ ਅਫਸਰ, ਪੱਟੀ ਨੇ ਸ ਕਿਹਾ ਕਿ ਕੁਦਰਤੀ ਆਫਤਾਂ ਭੁਚਾਲ, ਜਲਵਾਯੂ ਤਬਦੀਲੀ ਆਦਿ ਨਾਲ ਹੁੰਦੇ ਨੁਕਸਾਨਾਂ ਨੂੰ ਤਾਂ ਹੀ ਘਟਾਇਆ ਜਾ ਸਕਦਾ ਹੈ ਜੇਕਰ ਅਸੀਂ ਇਸ ਸਬੰਧੀ ਸਿੱਖਿਅਤ ਹੋ ਕੇ ਕੁਦਰਤ ਨਾਲ ਇਕਮਿਕ ਹੋਈਏ। ਉਨ੍ਹਾਂ ਕਿਹਾ ਕਿ ਫਸਲਾਂ ਦੀ ਰਹਿੰਦ ਖੂੰਹਦ ਨੂੰ ਸਾੜਨ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ, ਪੈਦਾ ਹੋਈਆਂ ਜ਼ਹਿਰੀਲੀਆਂ ਗੈਸਾਂ ਸਾਹ ਦੀਆਂ ਬਿਮਾਰੀਆਂ ਵਿੱਚ ਵਾਧਾ ਕਰਦੀਆਂ ਹਨ। ਜਦਕਿ ਰਹਿੰਦ ਖੂੰਹਦ ਨੂੰ ਖੇਤ ਵਿੱਚ ਹੀ ਮਿਲਾ ਦੇਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਧਦੀ ਹੈ ਅਤੇ ਸਮਾਂ ਪਾ ਕੇ ਫਸਲ ਦੇ ਝਾੜ ਵਿੱਚ ਵੀ ਚੰਗੇ ਨਤੀਜੇ ਮਿਲਦੇ ਹਨ। ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਤੋਂ ਡਾ. ਨਵਜੋਤ ਸਿੰਘ ਬਰਾੜ ਨੇ ਫਸਲੀ ਵਿਭਿੰਨਤਾ ਅਤੇ ਘਰੇਲੂ ਖਪਤ ਲਈ ਕਨੋਲਾ ਸਰ੍ਹੋਂ ਦੀ ਕਾਸ਼ਤ ਬਾਰੇ ਜਾਣੂ ਕਰਾਇਆ ਅਤੇ ਡਾ. ਪ੍ਰਭਜਿੰਦਰ ਸਿੰਘ ਮਾਨ ਨੇ ਪਰਾਲੀ ਨੂੰ ਸੋਧ ਕੇ ਪਸ਼ੂ ਚਾਰੇ ਵਜੋਂ ਵਰਤਣ ਦੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਗੁਰਬਿੰਦਰ ਸਿੰਘ ਸਿੰਘ ਏ ਡੀ ਓ ਨੇ ਪਰਾਲੀ ਪ੍ਰਬੰਧਨ ਦੀਆਂ ਵੱਖ-ਵੱਖ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਸੂਝਵਾਨ ਕਿਸਾਨ ਗੁਰਬਚਨ ਸਿੰਘ ਨੇ ਸਰਫੇਸ ਸੀਡਿੰਗ ਤਕਨੀਕ ਬਾਰੇ ਕਿਸਾਨਾਂ ਨਾਲ ਵਿਚਾਰ ਵਟਾਂਦਰਾ ਕੀਤਾ। ਇਸ ਦੌਰਾਨ ਦਇਆਪ੍ਰੀਤ ਸਿੰਘ ਏ ਈ ਓ, ਰਜਿੰਦਰ ਕੁਮਾਰ ਏ ਈ ਓ , ਮਨਮੋਹਨ ਸਿੰਘ ਏ ਈ ਓ, ਅਮਨਦੀਪ ਸਿੰਘ ਏ ਈ ਓ, ਨਿਸ਼ਾਨ ਸਿੰਘ ਖੇਤੀ ਉਪ ਨਿਰੀਖਕ, ਗੁਰਲਾਲ ਸਿੰਘ ਫੀਲਡ ਵਰਕਰ, ਸਰਪੰਚ ਜਗਦੇਵ ਸਿੰਘ, ਗੁਰਬੇਜ ਸਿੰਘ, ਬਲਜਿੰਦਰ ਸਿੰਘ, ਜਸਵਿੰਦਰ ਸਿੰਘ, ਮੇਜਰ ਸਿੰਘ, ਅਜੀਤ ਸਿੰਘ, ਰਣਧੀਰ ਸਿੰਘ, ਕਰਤਾਰ ਸਿੰਘ, ਤਰਸੇਮ ਸਿੰਘ, ਠੇਕੇਦਾਰ ਸਤਨਾਮ ਸਿੰਘ ਸਭਰਾ ਨੇ ਅਨੁਭਵ ਸਾਂਝਾ ਕੀਤਾ ਕਿ ਪਰਾਲੀ ਪ੍ਰਬੰਧਨ ਕਰਨਾ ਸਾਡੇ ਲਈ ਲਾਹੇਵੰਦਾ ਹੀ ਸਾਬਤ ਹੋਇਆ ਹੈ ਇਸ ਲਈ ਦੂਜੇ ਕਿਸਾਨ ਵੀ ਵੱਧ ਚੜ੍ਹ ਕੇ ਇਸ ਮੁਹਿੰਮ ਦਾ ਹਿੱਸਾ ਬਨਣ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਦਾ ਚੰਗਾ ਭਵਿੱਖ ਬਣ ਸਕੇ। ਇਸ ਮੌਕੇ ਪਰਾਲੀ ਪ੍ਰਬੰਧਨ ਕਰ ਰਹੇ ਕਿਸਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਨਿਵਾਜਿਆ ਗਿਆ। ਇਸ ਮੌਕੇ ਲੋਕ ਕਲਾ ਮੰਚ ਦੀ ਟੀਮ ਨੇ ਕਿਸਾਨਾਂ ਨੂੰ ਮਿੱਟੀ, ਪਾਣੀ ਅਤੇ ਹਵਾ ਦੀ ਹਿਫਾਜ਼ਤ ਲਈ ਨੁੱਕੜ ਨਾਟਕ ਰਾਹੀਂ ਵੀ ਪ੍ਰੇਰਿਤ ਕੀਤਾ।

## ਅਸ਼ੋਕ ਕੁਮਾਰ ਤੇ ਹਰਕੀਰਤ ਸਿੰਘ ਦਾ ਨਾਇਬ ਤਹਿਸੀਲਦਾਰ ਬਣਨ 'ਤੇ ਵਿਸ਼ੇਸ਼ ਸਨਮਾਨ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)- ਕਾਨੂੰਗੋ ਐਸੋਸੀਏਸ਼ਨ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਕਾਨੂੰਗੋ ਸ੍ਰੀ ਅਸ਼ੋਕ ਕੁਮਾਰ ਪਨਿਆੜ ਅਤੇ ਹਰਕੀਰਤ ਸਿੰਘ ਨੂੰ ਕਾਨੂੰਗੋ ਨੂੰ ਪਦ-ਉਨਤ ਹੋ ਕੇ ਨਾਇਬ ਤਹਸੀਲਦਾਰ ਬਣਨਫ 'ਤੇ ਵਿਸ਼ੇਸ਼ ਤੌਰ 'ਤੇ ਯਾਦਗਾਰੀ ਚਿੰਨ੍ਹਾਂ ਨਾਲ ਸਨਮਾਨਤ ਕੀਤਾ ਗਿਆ।

ਇਸ ਮੌਕੇ ਕਾਨੂੰਗੋ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਜਿੰਦਰ ਸਿੰਘ ਨੱਤ, ਜਨਰਲ ਸਕੱਤਰ ਸੁਰਜੀਤ ਸਿੰਘ ਸੈਣੀ ਨੁਮਾਇੰਦਾ ਪੰਜਾਬ, ਬਲਜੀਤ ਸਿੰਘ ਗੁਰਾਇਆ ਖਜ਼ਾਨਚੀ, ਸਤਵਿੰਦਰ ਸਿੰਘ, ਬਲਦੇਵ ਰਾਜ ਬੱਬੇਹਾਲੀ, ਸੁਦਰਸ਼ਨ ਕੁਮਾਰ, ਜਰਨੈਲ ਸਿੰਘ, ਕਮਲਜੀਤ, ਰਮਨ ਮਹਾਜਨ, ਕੇਸ਼ੋਵ ਪਾਲ, ਹਰਪ੍ਰੀਤ ਸਿੰਘ, ਅੰਮ੍ਰਿਤਵੀਰ ਸਿੰਘ ਆਦਿ ਕਾਨੂੰਗੋਆਂ ਨੇ ਕਿਹਾ ਕਿ ਕਾਨੂੰਗੋ ਤੋਂ ਨਾਇਬ ਤਹਿਸੀਲਦਾਰ ਬਣੇ ਆਪਣੇ ਇਹਨਾਂ ਸਾਥੀਆਂ 'ਤੇ ਸਾਨੂੰ ਬਹੁਤ ਮਾਣ ਹੈ ਅਤੇ ਐਸੋਸੀਏਸ਼ਨ ਇਹਨਾਂ ਸਾਥੀਆਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੀ ਹੈ। ਇਸ ਸਮੇਂ ਕਾਨੂੰਗੋ ਐਸੋਸੀਏਸ਼ਨ ਦੇ ਜਨਰਲ ਸਕੱਤਰ ਸੁਰਜੀਤ ਸਿੰਘ ਸੈਣੀ ਨੇ ਦੱਸਿਆ ਕਿ ਅਸ਼ੋਕ ਕੁਮਾਰ ਅਤੇ ਹਰਕੀਰਤ ਸਿੰਘ ਇਹ ਦੋਵੇਂ ਸਾਥੀ 1990 ਵਿੱਚ ਬਤੌਰ ਮਾਲ ਪਟਵਾਰੀ ਸਰਵਿਸ ਵਿੱਚ ਆਏ ਅਤੇ ਫਿਰ ਪਦ-ਉਨਤ ਹੋ ਕੇ ਲਗਭਗ ਪੰਜ ਸਾਲ ਬਤੌਰ ਕਾਨੂੰਗੋ ਰਹੇ। ਮਾਲ ਵਿਭਾਗ ਪੰਜਾਬ ਵੱਲੋਂ ਇਹਨਾਂ ਦੀਆਂ ਬੇਦਾਗ ਅਤੇ ਇਮਾਨਦਾਰੀ ਨਾਲ ਨਿਭਾਈਆਂ ਸੇਵਾਵਾਂ ਨੂੰ ਦੇਖਦੇ ਹੋਏ ਇਨ੍ਹਾਂ ਦੋਵਾਂ ਨੂੰ ਕਾਨੂੰਗੋ ਤੋਂ ਪਦ-ਉਨਤ ਕਰਕੇ ਨਾਇਬ ਤਹਿਸੀਲਦਾਰ ਬਣਾਇਆ ਗਿਆ ਹੈ।

## 'ਵਾਤਾਵਰਣ ਬਚਾਓ ਪਰਾਲੀ ਨੂੰ ਅੱਗ ਨਾ ਲਗਾਓ' ਅਨਾਊਂਸਮੈਂਟਾਂ ਰਾਹੀਂ ਕੀਤਾ ਜਾ ਰਿਹਾ ਜਾਗਰੂਕ



ਗੁਰਦਾਸਪੁਰ (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਜ਼ਿਲ੍ਹੇ ਦੇ ਪਿੰਡਾਂ ਵਿੱਚ ਲੋਕਾਂ ਨੂੰ ਜਾਗਰੂਕਤਾ ਕੈਂਪ ਲਗਾ ਕੇ, ਮੀਟਿੰਗਾਂ ਕਰਕੇ, ਪੈਂਫਲਿਟ ਵੰਡ, ਪ੍ਰਚਾਰ ਵੈਨਾਂ ਰਾਹੀਂ, ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਪਰਾਲੀ ਦੇ ਮਾੜੇ ਪ੍ਰਭਾਵ ਦੱਸ ਕੇ ਅਤੇ ਅਨਾਊਂਸਮੈਂਟਾਂ ਸਮੇਤ ਵੱਖ ਵੱਖ ਤਰੀਕਿਆਂ ਨਾਲ ਪਰਾਲੀ ਨਾ ਸਾੜਨ ਤੇ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਵਰਤਣ ਦੀ ਅਪੀਲ ਕੀਤੀ ਜਾ ਰਹੀ ਹੈ।

ਇਸ ਸਬੰਧੀ ਗੱਲ ਕਰਦਿਆਂ ਜਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨਰ (ਜ) ਸੁਰਿੰਦਰ ਸਿੰਘ ਨੇ ਦੱਸਿਆ ਕਿ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਪਿੰਡ-ਪਿੰਡ ਜਾ ਕੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾ ਕੇ ਖੇਤਾਂ ਵਿੱਚ ਵਾਹੁਣ ਦੀ ਅਪੀਲ ਕੀਤੀ ਜਾ ਰਹੀ ਹੈ, ਤਾਂ ਜੋ ਵਾਤਾਵਰਣ ਨੂੰ ਬਚਾਉਣ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਇਆ ਜਾ ਸਕੇ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੱਖ-ਵੱਖ ਪਿੰਡਾਂ ਵਿੱਚ ਅਗਾਂਹਵਧੂ ਕਿਸਾਨ, ਜਿਨ੍ਹਾਂ ਵਲੋਂ ਪਿਛਲੇ ਸਾਲਾਂ ਤੋਂ ਪਰਾਲੀ ਨੂੰ ਅੱਗ ਨਹੀਂ ਲਗਾਈ ਗਈ, ਉਨ੍ਹਾਂ ਨੂੰ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਲੋਂ 'ਵਾਤਾਵਰਣ ਦੇ ਰਖਵਾਲੇ' ਪ੍ਰਸ਼ੰਸਾ ਪੱਤਰ ਨਾਲ ਸਨਮਾਨਤ ਕੀਤਾ ਜਾ ਰਿਹਾ ਹੈ।

ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਦੇ ਵੱਖ-ਵੱਖ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ ਹੈ ਅਤੇ ਦੱਸਿਆ ਕਿ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਕੇ ਬੜੀ ਅਸਾਨੀ ਨਾਲ ਝੋਨੇ ਦੀ ਪਰਾਲੀ ਦਾ ਪ੍ਰਬੰਧ ਕੀਤਾ ਜਾ ਸਕਦਾ ਹੈ।

## ਮੁੱਖ ਸਕੱਤਰ ਸਿਨਹਾ ਦਰਬਾਰ ਸਾਹਿਬ ਤੇ ਦੁਰਗਿਆਣਾ ਮੰਦਰ ਵਿਖੇ ਹੋਏ ਨਤਮਸਤਕ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਅੱਜ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ ਤੇ ਦੁਰਗਿਆਣਾ ਮੰਦਰ ਵਿਖੇ ਮੱਥਾ ਟੇਕਿਆ। ਸ੍ਰੀ ਦਰਬਾਰ ਸਾਹਿਬ ਵਿਖੇ ਅਕੀਦਤ ਭੇਟ ਕਰਨ ਉਪਰੰਤ ਮੁੱਖ ਸਕੱਤਰ ਸਿਨਹਾ ਨੇ ਪਵਿੱਤਰ ਅਸਥਾਨ ਦੁਆਲੇ ਪਰਿਕਰਮਾ ਕੀਤੀ ਅਤੇ ਰੱਬੀ ਬਾਣੀ ਦਾ ਇਲਾਹੀ ਕੀਰਤਨ ਸਰਵਣ ਕੀਤਾ। ਇਸ ਉਪਰੰਤ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸੂਚਨਾ ਦਫ਼ਤਰ ਵਿਖੇ ਸਨਮਾਨਤ ਕੀਤਾ ਗਿਆ।ਦੁਰਗਿਆਣਾ ਮੰਦਰ ਵਿਖੇ ਨਤਮਸਤਕ ਹੋਣ ਉਪਰੰਤ ਮੰਦਰ ਕਮੇਟੀ ਵੱਲੋਂ ਵੀ ਮੁੱਖ ਸਕੱਤਰ ਨੂੰ ਸਨਮਾਨਤ ਕੀਤਾ ਗਿਆ।ਮੁੱਖ ਸਕੱਤਰ ਨੇ ਕਿਹਾ ਕਿ ਨਵੇਂ ਅਹੁਦੇ ਦੀ ਜ਼ਿੰਮੇਵਾਰੀ ਸੰਭਾਲਣ ਤੋਂ ਬਾਅਦ ਉਹ ਸ਼ੁਕਰਾਨੇ ਅਤੇ ਸੂਬਾ ਵਾਸੀਆਂ ਦੀ ਸੇਵਾਵਾਂ ਕਰਨ ਲਈ ਗੁਰੂ ਘਰ ਤੋਂ ਆਸ਼ੀਰਵਾਦ ਲੈਣ ਆਏ ਹਨ। ਇਸ ਮੌਕੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ, ਐਸ.ਡੀ.ਐਮ. ਮਨਕੰਵਲ ਸਿੰਘ ਚਹਿਲ ਤੇ ਡੀ.ਸੀ.ਪੀ. ਹਰਪ੍ਰੀਤ ਸਿੰਘ ਮੰਡੇਰ ਵੀ ਹਾਜ਼ਰ ਸਨ।

## ਤਹਿਸੀਲਦਾਰ ਤੇ ਕਾਨੂੰਗੋ ਨੇ ਕਿਸਾਨਾਂ ਤੇ ਆੜ੍ਹਤੀਆਂ ਦੀਆਂ ਮੁਸ਼ਕਲਾਂ ਨੂੰ ਸੁਣਿਆ

ਗੁਰਦਾਸਪੁਰ (ਜਨਕ ਮਹਾਜਨ)-ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਦੀਆਂ ਹਦਾਇਤਾਂ ਮੁਤਾਬਕ ਤਹਿਸੀਲਦਾਰ ਗੁਰਦਾਸਪੁਰ ਰਤਨਜੀਤ ਖੁੱਲਰ, ਕਾਨੂੰਗੋ ਹਲਕਾ ਸੁਰਜੀਤ ਸਿੰਘ ਸੈਣੀ ਪਟਵਾਰੀ ਤਰਲੋਕ ਸਿੰਘ ਨੇ ਝੋਨੇ ਦੀ ਖਰੀਦ ਸਬੰਧੀ ਅਨਾਜ ਮੰਡੀ ਸਿੱਧਵਾਂ ਵਿੱਚ ਮੁਆਇਨਾ ਕੀਤਾ ਗਿਆ। ਤਹਿਸੀਲਦਾਰ ਗੁਰਦਾਸਪੁਰ ਨੇ ਦੱਸਿਆ ਕਿ ਇਸ ਮੌਕੇ ਕਿਸਾਨਾਂ ਅਤੇ ਆੜਤੀਆਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਸੁਣਿਆ ਗਿਆ।ਕਿਸਾਨਾਂ ਨੇ ਦੱਸਿਆ ਕਿ ਝੋਨੇ ਦੀ ਖਰੀਦ ਵਿੱਚ ਕੋਈ ਵੀ ਮੁਸ਼ਕਲ ਨਹੀਂ ਹੈ। ਆੜਤੀਆਂ ਦੱਸਿਆ ਕਿ ਖਰੀਦ ਦਾ ਕੰਮ ਨਿਰਵਿਘਨ ਚੱਲ ਰਿਹਾ ਹੈ ਅਤੇ ਮੰਡੀ ਵਿੱਚ ਫਸਲ ਆਉਣ 'ਤੇ ਨਾਲ ਦੀ ਨਾਲ ਖਰੀਦ ਕੀਤੀ ਜਾ ਰਹੀ ਹੈ। ਇਸ ਮੌਕੇ ਤਹਿਸੀਲਦਾਰ ਵੱਲੋਂ ਆਪਣੀ ਟੀਮ ਨਾਲ ਲੱਗਦੇ ਪਿੰਡ ਮਾਨ ਵਿੱਚ ਝੋਨੇ ਦੀ ਕਟਾਈ ਕਰ ਰਹੀ ਕੰਬਾਈਨ ਦਾ ਮੁਆਇਨਾ ਕੀਤਾ ਅਤੇ ਕੰਬਾਈਨ ਦੇ ਆਪਰੇਟਰ ਨੂੰ ਹਦਾਇਤ ਕੀਤੀ ਕਿ ਸੁਪਰ ਐਸ.ਐਮ.ਐਸ ਲਗਾ ਕੇ ਹੀ ਝੋਨੇ ਦੀ ਕਟਾਈ ਕੀਤੀ ਜਾਵੇ ਅਤੇ ਰਾਤ ਸਮੇਂ ਝੋਨੇ ਦੀ ਫਸਲ ਨਾ ਵੱਢੀ ਜਾਵੇ। ਉਨ੍ਹਾਂ ਪਿੰਡਾਂ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਨਾ ਲਾਉਣ। ਪਰਾਲੀ ਦੇ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ।

## ਵਿਦਿਆਰਥੀਆਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਕੀਤਾ ਜਾਗਰੂਕ

ਗੁਰਦਾਸਪੁਰ (ਜਨਕ ਮਹਾਜਨ)- ਉਮਾ ਸ਼ੰਕਰ ਗੁਪਤਾ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜਿੱਥੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿਚ ਜਾ ਕੇ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ, ਉੱਥੇ ਸਕੂਲਾਂ ਅੰਦਰ ਵੀ ਵਿਦਿਆਰਥੀਆਂ ਨੂੰ ਪਰਾਲੀ ਸਾੜਨ ਦੇ ਨੁਕਸਾਨਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਸਬੰਧ ਵਿੱਚ ਪਰਮਜੀਤ ਕੌਰ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਤੇ ਐਲੀਮੈਂਟਰੀ ਗੁਰਦਾਸਪੁਰ ਅਤੇ ਪਰਮਿੰਦਰ ਸਿੰਘ ਸੈਣੀ ਜ਼ਿਲ੍ਹਾ ਗਾਈਡੈਂਸ ਕੌਂਸਲਰ ਕਮ-ਨੋਡਲ ਅਫਸਰ ਵਲੋਂ ਲਿਟਲ ਫਲਾਵਰ ਕਾਨਵੈਂਟ ਸਕੂਲ ਗੁਰਦਾਸਪੁਰ, ਸਰਕਾਰੀ ਹਾਈ ਸਕੂਲ ਬੱਬਰੀ ਅਤੇ ਸਰਕਾਰੀ ਹਾਈ ਸਕੂਲ ਹਯਾਤਨਗਰ ਦੇ ਕਰੀਬ 1630 ਵਿਦਿਆਰਥੀਆਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥੀਆਂ ਵੱਲੋਂ ਪ੍ਰਣ ਵੀ ਲਿਆ ਗਿਆ ਕਿ ਉਹ ਆਪਣੇ ਘਰਾਂ ਵਿੱਚ ਅਤੇ ਆਸ-ਪਾਸ ਪਰਾਲੀ ਨਾ ਸਾੜਨ ਲਈ ਲੋਕਾਂ ਨੂੰ ਜਾਗਰੂਕ ਕਰਨਗੇ। ਇਸ ਮੌਕੇ ਪਰਾਲੀ ਨਾ ਸਾੜਨ ਦੇ ਸਬੰਧ ਵਿੱਚ ਸਵੈ-ਘੋਸ਼ਣਾ ਵੀ ਦਿੱਤਾ ਗਿਆ। ਇਸ ਮੌਕੇ ਪਰਮਜੀਤ ਕੌਰ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਤੇ ਐਲੀਮੈਂਟਰੀ ਗੁਰਦਾਸਪੁਰ ਨੇ ਵਿਦਿਆਰਥੀਆਂ ਨੂੰ ਜਾਗਰੂਕ ਕਰਦਿਆ ਕਿਹਾ ਕਿ ਪਰਾਲੀ ਸਾੜਨ ਨਾਲ ਵਾਤਾਵਰਣ ਦੂਸ਼ਿਤ ਹੁੰਦਾ ਹੈ। ਸਿਹਤ ਤੇ ਮਾੜਾ ਪ੍ਰਭਾਵ ਪੈਂਦਾ ਹੈ। ਪਰਾਲੀ ਦੇ ਧੂੰਏ ਨਾਲ ਸੜਕੀ ਹਾਦਸੇ ਵਾਪਰਦੇ ਹਨ, ਜਿਨ੍ਹਾਂ ਵਿੱਚ ਕੀਮਤੀ ਜਾਨਾਂ ਚਲੀਆਂ ਜਾਂਦੀਆਂ ਹਨ। ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ ਅਤੇ ਜ਼ਮੀਨ ਵਿਚਲੇ ਮਿੱਤਰ ਕੀੜੇ ਵੀ ਮਰ ਜਾਂਦੇ ਹਨ।

## ਡਾ. ਹਰਜੋਤ ਮੱਕੜ ਨੇ ਸ਼ਰਾਬ ਤੋਂ ਛੁਟਕਾਰਾ ਪਾਉਣ ਲਈ ਸੁਝਾਅ ਦਿੱਤੇ

ਅੰਮ੍ਰਿਤਸਰ : ਸ਼ਰਾਬ ਪੀਣਾ ਸਿਹਤ ਲਈ ਹਾਨੀਕਾਰਕ ਹੈ। ਇਹ ਇੱਕ ਕਾਨੂੰਨੀ ਚੇਤਾਵਨੀ ਹੈ ਅਤੇ ਪੀਣ ਵਾਲੇ ਚੰਗੀ ਤਰ੍ਹਾਂ ਜਾਣਦੇ ਹਨ ਕਿ ਸ਼ਰਾਬ ਅਸਲ ਵਿੱਚ ਉਨ੍ਹਾਂ ਦੀ ਸਿਹਤ ਨੂੰ ਨੁਕਸਾਨ ਪਹੁੰਚਾ ਸਕਦੀ ਹੈ। ਸ਼ਰਾਬ ਨਾ ਸਿਰਫ਼ ਮਨੁੱਖੀ ਸਿਹਤ ਨੂੰ ਖ਼ਰਾਬ ਕਰਦੀ ਹੈ ਸਗੋਂ ਪਰਵਾਰਾਂ ਨੂੰ ਵੀ ਵਿਗਾੜਦੀ ਹੈ। ਜ਼ਿਆਦਾ ਸ਼ਰਾਬ ਪੀਣ ਵਾਲੇ ਸ਼ਰਾਬ ਦੀ ਵਰਤੋਂ ਵਿਕਾਰ ਦਾ ਸ਼ਿਕਾਰ ਹੋ ਜਾਂਦੇ ਹਨ। ਇਹ ਸਥਿਤੀ ਬਹੁਤ ਚਿੰਤਾਜਨਕ ਹੈ। ਇਹ ਵਿਚਾਰ ਵਿਸ਼ਵ ਪ੍ਰਸਿੱਧ ਮਨੋਰੋਗ ਮਾਹਰ ਡਾ. ਹਰਜੋਤ ਸਿੰਘ ਮੱਕੜ ਨੇ ਰਣਜੀਤ ਐਵੀਨਿਊ ਸਥਿਤ ਡਾ. ਹਰਜੋਤ ਨਿਊਰੋਸਾਈਕਿਆਟ੍ਰਿਕ ਸੈਂਟਰ ਵਿਖੇ ਲੋਕਾਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਸ਼ਰਾਬ ਦਾ ਜ਼ਿਆਦਾ ਸੇਵਨ ਤੁਹਾਡੇ ਰੋਜ਼ਾਨਾ ਦੇ ਕੰਮਾਂ ਨੂੰ ਪ੍ਰਭਾਵਿਤ ਕਰਦਾ ਹੈ। ਮਨੁੱਖ ਨੂੰ ਕੋਈ ਕੰਮ ਕਰਨ ਵਿੱਚ ਮਨ ਨਹੀਂ ਲੱਗਦਾ। ਵਪਾਰ ਵੀ ਖਤਮ ਹੋ ਜਾਂਦਾ ਹੈ, ਨੌਕਰੀ ਵੀ ਜਾਂਦੀ ਹੈ, ਇਸ ਲਈ ਇਸ ਬੁਰਾਈ ਤੋਂ ਹਮੇਸ਼ਾ ਦੂਰ ਰਹੋ।

## ਪਰਾਲੀ ਨਾ ਸਾੜਨ ਸੰਬੰਧੀ ਮਨਸੂਰ ਕੇ ਤੇ ਹੋਰ ਪਿੰਡਾਂ ਦੇ ਲੋਕਾਂ ਨੂੰ ਕੀਤਾ ਜਾਗਰੂਕ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਉਮਾ ਸ਼ੰਕਰ ਗੁਪਤਾ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਰਾਲੀ ਨਾ ਸਾੜਨ ਅਤੇ ਪਰਾਲੀ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਨ ਦੇ ਮੰਤਵ ਨਾਲ ਜਾਗਰੂਕਤਾ ਵੈਨਾਂ ਚਲਾਈਆਂ ਗਈਆਂ ਹਨ, ਜੋ ਅੱਜ ਬਲਾਕ ਕਾਦੀਆਂ ਦੇ ਪਿੰਡਾਂ ਮਨਸੂਰ ਕੇ, ਨਾਥਪੁਰ , ਰਾਮਪੁਰ, ਚੀਮਾ, ਭਿੱਟੇਵੱਡ, ਥਿੰਦ, ਧਾਰੀਵਾਲ, ਦੁਨੀਆ ਸੰਧੂ ਅਤੇ ਗਰੰਥਗੜ੍ਹ ਪਹੁੰਚੀਆਂ ਤੇ ਲੋਕਾਂ/ਕਿਸਾਨਾਂ ਨੂੰ ਜਾਗਰੂਕ ਕੀਤਾ। ਇਸ ਸਬੰਧੀ ਜਾਣਕਾਰੀ ਐਸ ਡੀ ਐਮ ਬਟਾਲਾ ਵਿਕਰਮਜੀਤ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਤਿੰਨ ਪ੍ਰਚਾਰ ਵੈਨਾਂ ਰਵਾਨਾ ਚੱਲ ਰਹੀਆਂ ਹਨ ਅਤੇ ਜਾਗਰੂਕਤਾ ਵੈਨਾਂ ਰਾਹੀਂ ਝੋਨੇ ਦੀ ਪਰਾਲੀ ਨਾ ਸਾੜਨ ਦੇ ਨਾਲ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਵੈਨਾਂ ਲੋਕਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰ ਰਹੀਆਂ ਹਨ, ਜਿਨ੍ਹਾਂ ਵਿੱਚ ਆਡੀਓ ਸੰਦੇਸ਼ ਚਲਾਏ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਖੇਤਾਂ 'ਚ ਪਰਾਲੀ ਨੂੰ ਅੱਗ ਲਾਉਣ ਨੂੰ ਸਖ਼ਤੀ ਨਾਲ ਨਜਿੱਠਿਆ ਜਾਵੇਗਾ, ਕਿਉਂਕਿ ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਲਈ ਅਤਿ-ਆਧੁਨਿਕ ਮਸ਼ੀਨਰੀ ਦੇ ਪੂਰੇ ਪੁਖ਼ਤਾ ਇੰਤਜ਼ਾਮ ਹਨ, ਇਸ ਦੇ ਬਾਵਜੂਦ ਜੇਕਰ ਕਿਸੇ ਕਿਸਾਨ ਨੇ ਖੇਤਾਂ ਵਿੱਚ ਅੱਗ ਲਗਾਈ ਤਾਂ ਉਸ ਵਿਰੁੱਧ ਮਾਣਯੋਗ ਸੁਪਰੀਮ ਕੋਰਟ ਅਤੇ ਮਾਣਯੋਗ ਨੈਸ਼ਨਲ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਅਨੁਸਾਰ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## 450 ਸਾਲਾ ਸ਼ਤਾਬਦੀ ਨੂੰ ਸਮਰਪਤ ਭਲਾਈ ਕੇਂਦਰ ਵਿਖੇ 2225 ਸਹਿਜ ਪਾਠਾਂ ਦੇ ਭੋਗ ਪਾਏ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਤਾਗੱਦੀ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ ਜੋਤ ਸ਼ਤਾਬਦੀ ਨੂੰ ਸਮਰਪਤ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਭਾਈ ਗੁਰਇਕਬਾਲ ਸਿੰਘ ਦੀ ਪ੍ਰੇਰਨਾ ਸਰੋਤ ਬਾਬਾ ਦੀਪ ਸਿੰਘ ਜੀ ਸੇਵਾ ਸੁਸਾਇਟੀ (ਚੈਰੀਟੇਬਲ) ਵੱਲੋਂ ਸਤਿਨਾਮ ਟਰੱਸਟ ਅਤੇ ਸ੍ਰੀ ਸਹਿਜ ਪਾਠ ਸੰਸਥਾ ਦੇ ਸਹਿਯੋਗ ਨਾਲ ਧੰਨ ਬਾਬਾ ਦੀਪ ਸਿੰਘ ਜੀ ਸੇਵਾ ਸੁਸਾਇਟੀ (ਚੈਰੀਟੇਬਲ) ਦਾ 17 ਵਾਂ ਸਾਲਾਨਾ ਸਮਾਗਮ ਨੂੰ ਸਮਰਪਿਤ 2225 ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਹਿਜ ਪਾਠਾਂ ਦੇ ਭੋਗ ਭਲਾਈ ਕੇਂਦਰ ਵਿਖੇ ਪਾਏ ਗਏ। ਇਸ ਮੌਕੇ ਭਾਈ ਗੁਰਇਕਬਾਲ ਸਿੰਘ ਨੇ ਨੌਵੇਂ ਮਹੱਲੇ ਦੇ ਸਲੋਕ ਅਤੇ ਰਾਗਮਾਲਾ ਦੀ ਬਾਣੀ ਪੜ੍ਹ ਕੇ 2225 ਸਹਿਜ ਪਾਠਾਂ ਦੇ ਸੰਪੂਰਨਤਾ ਦੇ ਭੋਗ ਪਾਏ ਗਏ। ਇਸ ਮੌਕੇ ਭਾਈ ਸਾਹਿਬ ਨੇ ਦੱਸਿਆ ਕਿ ਬਾਬਾ ਦੀਪ ਸਿੰਘ ਸੇਵਾ ਸੁਸਾਇਟੀ (ਚੈਰੀਟੇਬਲ) ਵੱਲੋਂ ਹਰ ਸਾਲ ਸਤਿਨਾਮ ਟਰੱਸਟ ਅਤੇ ਸ੍ਰੀ ਸਹਿਜ ਪਾਠ ਸੰਸਥਾ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠਾਂ ਦੀਆਂ ਲੜੀਆਂ ਅੰਮ੍ਰਿਤਸਰ ਦੇ ਵੱਖ ਵੱਖ ਇਲਾਕਿਆਂ ਅਤੇ ਸਕੂਲਾ ਵਿੱਚ ਆਰੰਭਤਾ ਕੀਤੀ ਜਾਂਦੀ ਹੈ। ਇਹ ਸਾਰੀਆਂ ਸੇਵਾਵਾਂ ਦੀ ਦੇਖ-ਰੇਖ ਤਕਰੀਬਨ 60 ਦੇ ਕਰੀਬ ਟੀਚਰਾਂ ਸੇਵਾ ਨਿਭਾਉਂਦੀਆਂ ਹਨ ਜਿਨ੍ਹਾਂ ਦੇ ਸੰਪੂਰਨਤਾ ਦੇ ਭੋਗ ਭਲਾਈ ਕੇਂਦਰ ਵਿਖੇ ਪਾਏ ਜਾਂਦੇ ਹਨ। ਇਹ ਸਹਿਜ ਪਾਠਾਂ ਦਾ ਯੱਗ ਪੂਰਾ ਇਕ ਸਾਲ ਚਲਦਾ ਹੈ। ਇਸ ਮੌਕੇ ਜਿਨ੍ਹਾਂ ਬੱਚਿਆਂ ਨੇ ਜਾਂ ਜਿਨ੍ਹਾਂ ਪਰਵਾਰਾਂ ਨੇ 2225 ਸਹਿਜ ਪਾਠਾਂ ਵਿੱਚ ਹਾਜ਼ਰੀਆਂ ਲਗਾਈਆਂ ਹਨ ਉਨ੍ਹਾਂ ਨੂੰ ਭਾਈ ਗੁਰਇਕਬਾਲ ਸਿੰਘ ਅਤੇ ਬਾਬਾ ਦੀਪ ਸਿੰਘ ਜੀ ਸੇਵਾ ਸੁਸਾਇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ।

## ਆਦਰਸ਼ ਬਿਰਧ ਆਸ਼ਰਮ 'ਚ ਮਨਾਇਆ ਦੋ ਬੇਟੀਆਂ ਨੇ ਆਪਣਾ ਜਨਮ ਦਿਨ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-13 ਅਕਤੂਬਰ ਨੂੰ ਬਜ਼ੁਰਗਾਂ ਦਾ ਵਿਹੜਾ ਆਦਰਸ਼ ਬ੍ਰਿਧ ਆਸ਼ਰਮ ਝਾਖੋਲਾੜੀ ਵਿੱਚ ਰਹਿ ਰਹੇ ਬਜ਼ੁਰਗਾਂ ਦੇ ਨਾਲ ਪੋਤੀ ਸ਼ਾਨਵੀ ਸਿੰਘ ਤੇ ਦੋਹਤੀ ਤਾਰਾ ਡੋਗਰਾ ਦਾ ਜਨਮ ਦਿਨ ਮਨਇਆ ਗਿਆ।ਇਸ ਮੌਕੇ ਸ਼ਨਵੀ ਦੇ ਦਾਦਕਾ ਪਰਵਾਰ ਅਤੇ ਤਾਰਾ ਦੇ ਨਾਨਕਾ ਪਰਵਾਰ ਮੌਜੂਦ ਸਨ। ਉਹਨਾਂ ਨੇ ਬਜ਼ੁਰਗਾਂ ਨੂੰ ਰਾਤ ਦਾ ਭੋਜਨ ਕਰਵਾਇਆ ਅਤੇ ਬਿਰਧ ਘਰ ਵਿੱਚ ਰਹਿ ਰਹੇ ਬਜ਼ੁਰਗਾਂ ਦਾ ਹਾਲ ਚਾਲ ਪੁੱਛਿਆ। ਇਸ ਦੇ ਨਾਲ ਹੀ ਉਹਨਾਂ ਨੇ ਕੇਕ ਕੱਟਣ ਦੀ ਰਸਮ ਪੂਰੀ ਕੀਤੀ ਅਤੇ ਬਜ਼ੁਰਗਾਂ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ। ਉਹਨਾਂ ਨੇ ਆਰਥਿਕ ਪੱਖੋਂ ਵੀ ਆਸ਼ਰਮ ਦੀ ਸਹਾਇਤਾ ਕੀਤੀ।ਇਸ ਮੌਕੇ ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਤੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ ਨੇ ਆਏ ਹੋਏ ਪਰਵਾਰਕ ਮੈਂਬਰਾਂ ਨੂੰ ਜਨਮ ਦਿਨ ਦੀ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਅਸੀਂ ਪ੍ਰਮਾਤਮਾ ਅੱਗੇ ਪ੍ਰਾਰਥਨਾ ਕਰਦੇ ਹਾਂ ਕਿ ਇਹਨਾਂ ਬੱਚੀਆਂ ਦੀ ਪਰਮਾਤਮਾ ਉਮਰ ਲੰਬੀ ਕਰੇ ਅਤੇ ਇਹ ਵੀ ਪੜ੍ਹ ਲਿਖ ਕੇ ਉੱਚੇ ਅਹੁਦਿਆਂ 'ਤੇ ਪਹੁੰਚਣ। ਇਸ ਦੇ ਨਾਲ ਹੀ ਪਰਵਾਰਕ ਮੈਂਬਰਾਂ ਨੇ ਆਸ਼ਰਮ ਪ੍ਰਬੰਧਕਾਂ ਨੂੰ ਕਿਹਾ ਤੁਸੀਂ ਜੋ ਮਾਨਵਤਾ ਦੀ ਸੇਵਾ ਕਰ ਰਹੇ ਹੋ ਇਹ ਸਭ ਤੋਂ ਉੱਤਮ ਸੇਵਾ ਹੈ।

ਇਸ ਮੌਕੇ ਪਰਵਾਰਕ ਮੈਂਬਰ ਸੰਗਰਾਮ ਸਿੰਘ , ਨੀਲਮ, ਬੇਟੀ ਰੋਹਨੀ ਸਿੰਘ, ਜਵਾਈ ਨਵੀਨ ਡੋਗਰਾ, ਬੇਟਾ ਰੋਹਿਤ ਸਿੰਘ ਅਤੇ ਨੂੰਹ ਨੇਹਾ ਸਿੰਘ ਅਤੇ ਸ਼ਾਨਵੀ ਤੇ ਤਾਰਾ ਉਪਸਥਿਤ ਸਨ।

## ਡੇਹਰੀਵਾਲ ਦਰੋਗਾ 'ਚ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਡ੍ਰਾਮੈਟਿਕ ਕਲੱਬ ਪਿੰਡ ਡੇਹਰੀਵਾਲ ਦਰੋਗਾ ਵੱਲੋਂ ਸਮੂਹ ਨਗਰ ਵਾਸੀਆਂ ਦੇ ਸਹਿਯੋਗ ਨਾਲ ਰਾਮਲੀਲ੍ਹਾ ਸਟੇਡੀਅਮ ਵਿਖੇ ਦੁਸਹਿਰੇ ਦੇ ਤਿਉਹਾਰ ਨੂੰ ਸਮਰਪਤ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦੌਰਾਨ ਗਾਇਕ ਜੋੜੀ ਲਵੀ ਮਾਨ ਤੇ ਰੋਜ਼ੀ ਮਾਨ ਨੇ ਆਪਣੇ ਚਰਚਿਤ ਗੀਤਾਂ ਦੁਆਰਾ ਲੋਕਾਂ ਦਾ ਖੂਬ ਮਨੋਰੰਜਨ ਕੀਤਾ। ਪ੍ਰਸਿੱਧ ਗਾਇਕ ਪੰਮਾ ਡੂਮੇਵਾਲੀਆ ਨੇ ਆਪਣੇ ਚਰਚਿਤ ਗੀਤ ਪੇਸ਼ ਕਰਕੇ ਖੂਬ ਰੰਗ ਬੰਨ੍ਹਿਆ ਅਤੇ ਲੋਕ ਤੱਥ ਅਤੇ ਪਰਵਾਰਕ ਗੀਤਾਂ ਦੁਆਰਾ ਸਰੋਤਿਆਂ ਨੂੰ ਸੋਚਣ 'ਤੇ ਮਜਬੂਰ ਕਰ ਦਿੱਤਾ। ਇਸ ਮੌਕੇ ਕਲੱਬ ਦੇ ਪ੍ਰਧਾਨ ਸ਼ਾਮ ਲਾਲ, ਖਜ਼ਾਨਚੀ ਮਾਸਟਰ ਸੰਭੂ ਨਾਥ, ਸਹਾਇਕ ਖਜ਼ਾਨਚੀ ਤਰਲੋਕ, ਮੋਹਨ ਲਾਲ, ਰਾਜੂ ਖੈਹਿਰਾ, ਕੁਲਵਿੰਦਰ ਸਿੰਘ ਕਿੰਦਾ, ਬਾਬਾ ਅਜੈਬ ਸਿੰਘ ਧਾਰੀਵਾਲ ਕਲਾਂ, ਐਮੀ ਗਿੱਲ, ਕਸ਼ਮੀਰ ਸਿੰਘ ਆਦਿ ਸਮੇਤ ਕਲੱਬ ਮੈਂਬਰਾਂ ਅਤੇ ਪ੍ਰਬੰਧਕਾਂ ਤੋਂ ਇਲਾਵਾ ਸਮੂਹ ਨਗਰ ਵਾਸੀ ਅਤੇ ਇਲਾਕਾ ਦੇ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਅੰਮ੍ਰਿਤਸਰੀਏ ਦਿਲ ਖੋਲ੍ਹ ਕੇ ਦੇ ਰਹੇ ਹਨ ਦਾਨ ਉਤਸਵ ਮੌਕੇ ਦਾਨ

### ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣ ਦੀ ਕੀਤੀ ਅਪੀਲ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ) - ਜ਼ਿਲ੍ਹਾ ਪ੍ਰਸ਼ਾਸਨ, ਅੰਮ੍ਰਿਤਸਰ ਵੱਲੋਂ 14 ਤੋਂ 18 ਅਕਤੂਬਰ ਤੱਕ ਇਕ ਹਫਤਾ ਚੱਲਣ ਵਾਲਾ ਸਿਟੀ ਨੀਡਜ਼ ਦਾਨ ਉਤਸਵ ਕਮਿਊਨਿਟੀ ਸੈਂਟਰ ਈ ਬਲਾਕ ਰਣਜੀਤ ਐਵੀਨਿਊ ਅੰਮ੍ਰਿਤਸਰ ਵਿਖੇ ਅੱਜ ਸ਼ੁਰੂ ਹੋ ਗਿਆ ਅਤੇ ਇਸ ਮੌਕੇ ਅੱਜ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ, ਸਕੂਲੀ ਬੱਚਿਆਂ ਨੇ ਆਪਣੇ ਘਰਾਂ ਵਿੱਚ ਪਏ ਹੋਏ ਅਣਵਰਤੇ ਸਾਮਾਨ ਨੂੰ ਲੋੜਵੰਦਾਂ ਲਈ ਦਾਨ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਮੈਡਮ ਸ਼ਾਕਸੀ ਸਾਹਨੀ ਨੇ ਦੱਸਿਆ ਕਿ ਲੋੜਵੰਦਾਂ ਦੀ ਸੇਵਾ ਕਰਨਾ ਸਭ ਤੋਂ ਵੱਡਾ ਦਾਨ ਹੈ ਅਤੇ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਲੋੜਵੰਦਾਂ ਦੀ ਸਹਾਇਤਾ ਲਈ ਅੱਗੇ ਆਈਏ। ਉਨ੍ਹਾਂ ਖੁਸ਼ੀ ਦਾ ਇਜ਼ਹਾਰ ਕਰਦਿਆਂ ਦੱਸਿਆ ਕਿ ਅੱਜ ਦਾਨ ਉਤਸਵ ਦੇ ਪਹਿਲੇ ਦਿਨ 10 ਤੋਂ ਵੱਧ ਸਕੂਲਾਂ ਦੇ ਬੱਚਿਆਂ ਨੇ ਭਾਗ ਲਿਆ ਅਤੇ ਵੱਡੀ ਤਾਦਾਦ ਵਿੱਚ ਉਪਯੋਗੀ ਵਸਤੂਆਂ ਲੋੜਵੰਦਾਂ ਦੀ ਮਦਦ ਲਈ ਦਾਨ ਕੀਤੀਆਂ। ਉਨ੍ਹਾਂ ਦੱਸਿਆ ਕਿ ਇਸ ਦਾਨ ਉਤਸਵ ਵਿੱਚ ਕਈ ਗੈਰ ਸਰਕਾਰੀ ਸੰਸਥਾਵਾਂ ਜਿਵੇਂ ਕਿ ਵਾਈਸ ਆਫ਼ ਅੰਮ੍ਰਿਤਸਰ, ਮਿਸ਼ਨ ਆਗਾਜ਼, ਫਿੱਕੀ ਫਲੋਅ ਆਦਿ ਹੋਰ ਵੀ ਸੰਸਥਾਵਾਂ ਵੱਡੀ ਗਿਣਤੀ ਵਿੱਚ ਭਾਗ ਲੈ ਰਹੀਆਂ ਹਨ। ਇਸ ਦਾਨ ਉਤਸਵ ਵਿੱਚ ਡਿਪਟੀ ਕਮਿਸ਼ਨਰ ਦੀ ਲੜਕੀ ਨੇ ਵੀ ਆਪਣੀਆਂ ਕਈ ਵਸਤੂਆਂ ਦਾਨ ਕੀਤੀਆਂ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਨਾਂ ਦਾਨ ਕੀਤੀਆਂ ਗਈਆਂ ਵਸਤੂਆਂ ਨੂੰ ਵੱਖ-ਵੱਖ ਭਾਗਾਂ ਵਿੱਚ ਵੰਡ ਕੇ ਲੋੜਵੰਦਾਂ ਤੱਕ ਪਹੁੰਚਾਇਆ ਜਾਵੇਗਾ।ਇਹ ਦਾਨ ਉਤਸਵ ਦਾਨ ਦੀ ਭਾਵਨਾ ਨੂੰ ਅੱਗੇ ਵਧਾਏਗਾ ਤੇ ਸਮਾਜ ਦੇ ਲੋੜਵੰਦ ਵਿਅਕਤੀਆਂ ਦੇ ਜੀਵਨ ਵਿੱਚ ਸਾਕਾਰਾਤਮਕ ਭੂਮਿਕਾ ਲਿਆਉਣ ਲਈ ਇਕ ਮਹੱਤਵਪੂਰਨ ਕਦਮ ਹੋਵੇਗਾ। ਉਨ੍ਹਾਂ ਦੱਸਿਆ ਕਿ ਅੱਜ ਦੇ ਇਸ ਦਾਨ ਉਤਸਵ ਵਿੱਚ ਲੋੜਵੰਦਾਂ ਨੂੰ ਵੰਡਣ ਲਈ ਵਰਤੇ ਹੋਏ ਕੱਪੜੇ, ਜੁੱਤੀਆਂ, ਖਿਡੌਣੇ, ਕਿਤਾਬਾਂ, ਇਲੈਕਟ੍ਰੌਨਿਕਸ ਅਤੇ ਹੋਰ ਮੁੜ ਵਰਤੋਂ ਯੋਗ ਵਸਤੂਆਂ ਵੱਡੀ ਗਿਣਤੀ ਵਿੱਚ ਇਕੱਠੀਆਂ ਹੋਈਆਂ।ਡਿਪਟੀ ਕਮਿਸ਼ਨਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਲੋੜਵੰਦਾਂ ਨੂੰ ਦਾਨ ਦੇਣ ਲਈ ਮੋਬਾਇਲ ਨੰ: 7877778803 'ਤੇ ਮਿਸ ਕਾਲ ਦੇ ਕੇ ਆਪਣੇ ਨਜ਼ਦੀਕੀ ਕੁਲੈਕਸ਼ਨ ਸੈਂਟਰ ਦੀ ਸੂਚੀ ਪ੍ਰਾਪਤ ਕਰ ਸਕਦੇ ਹਨ ਅਤੇ ਵਧੇਰੇ ਜਾਣਕਾਰੀ ਲਈ http://www.cityneeds.info ਤੇ ਜਾ ਕੇ ਸਿਟੀਨੀਡਜ਼ ਦਾਨ ਉਤਸਵ 'ਤੇ ਕਲਿੱਕ ਕਰਕੇ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ।ਇਸ ਮੀਟਿੰਗ ਵਿੱਚ ਸਕੱਤਰ ਰੈਡ ਕਰਾਸ ਸੈਮਸਨ ਮਸੀਹ, ਜ਼ਿਲ੍ਹਾ ਸਮਾਜ ਭਲਾਈ ਅਫਸਰ ਮੈਡਮ ਮੀਨਾ ਦੇਵੀ, ਮਿਸ਼ਨ ਅਗਾਜ਼ ਤੋਂ ਦੀਪਕ ਬੱਬਰ, ਚੇਤਨਯ ਕੁਮਾਰ, ਮੈਡਮ ਮਹਿਮੀਤ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਐਨ ਜੀ ਓਜ਼ ਦੇ ਮੈਂਬਰ ਹਾਜ਼ਰ ਸਨ।

## ਕੁੱਟਮਾਰ ਕਰਨ ਵਾਲੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਦੀਨਾਨਗਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਹਰਮਨਦੀਪ ਕੁਮਾਰ ਪੁੱਤਰ ਸ਼ਕੰਨੀ ਕੁਮਾਰ ਵਾਸੀ ਘੇਸਲ ਨੇ ਦੱਸਿਆ ਕਿ 23 ਸਤੰਬਰ ਨੂੰ ਮੇਰੇ ਵੱਡੇ ਭਰਾ ਸੁਖਦੇਵ ਰਾਜ ਨਾਲ ਲਵ ਕੁਮਾਰ ਪੁੱਤਰ ਵਿਜੇ ਕੁਮਾਰ ਨੇ ਝਗੜਾ ਕੀਤਾ ਸੀ।

ਇਸ ਝਗੜੇ ਦੇ ਫੈਸਲੇ ਸਬੰਧੀ ਪਿੰਡ ਦੇ ਮੋਹਤਬਰ ਵਿਅਕਤੀਆਂ ਨੇ ਦੋਨਾਂ ਪਾਰਟੀਆਂ ਨੂੰ ਰਾਜ਼ੀਨਾਮਾ ਕਰਨ ਲਈ 25 ਸਤੰਬਰ ਨੂੰ ਭਗਤ ਸਿੰਘ ਵਾਸੀ ਘੇਸਲ ਦੇ ਘਰ ਗਏ ਸੀ ਪਰ ਰਾਜ਼ੀਨਾਮਾ ਸਿਰੇ ਨਹੀਂ ਚੜ੍ਹ ਸਕਿਆ, ਜਿਸ 'ਤੇ ਮੈਂ ਆਪਣੇ ਪਰਵਾਰ ਸਮੇਤ ਘਰ ਵਾਪਸ ਆ ਗਿਆ। ਜਿਸ ਤੋਂ ਬਾਅਦ ਉਕਤ ਵਿਅਕਤੀਆਂ ਨੇ ਮੇਰੇ ਘਰ ਅੰਦਰ ਦਾਖ਼ਲ ਹੋ ਕੇ ਮੇਰੀ ਅਤੇ ਮੇਰੀ ਮਾਤਾ ਨੂੰ ਸੱਟਾਂ ਮਾਰ ਕੇ ਜ਼ਖ਼ਮੀ ਕਰ ਦਿੱਤਾ ਅਤੇ ਘਰ ਵਿੱਚ ਵਾਸ਼ਬੇਸਨ ਅਤੇ ਟੱਬ ਦੀ ਭੰਨ-ਤੋੜ ਕੀਤੀ ਅਤੇ ਮੌਕੇ ਤੋਂ ਫਰਾਰ ਹੋ ਗਏ। ਥਾਣਾ ਦੀਨਾਨਗਰ ਪੁਲਸ ਨੇ ਉਕਤ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਆਰ ਐੱਮ ਪੀ ਡਾਕਟਰਾਂ ਵੱਲੋਂ ਲਗਾਇਆ ਜਾਵੇਗਾ ਮੁਫ਼ਤ ਮੈਡੀਕਲ ਕੈਂਪ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਆਰ.ਐਮ.ਪੀ ਡਾਕਟਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾ. ਚਮਨ ਲਾਲ ਅਤੇ ਜਨਰਲ ਸਕੱਤਰ ਡਾ. ਅਸ਼ੋਕ ਕੁਮਾਰ ਦੀ ਅਗਵਾਈ ਹੇਠ ਪਿੰਡ ਨਿੱਕੇ ਘੁੰਮਣਾਂ ਵਿਖੇ ਗੁਰਮਤਿ ਸਮਾਗਮ ਦੌਰਾਨ ਮੁਫ਼ਤ ਮੈਡੀਕਲ ਚੈਕਅੱਪ ਕੈਂਪ ਲਗਾਉਣ ਦਾ ਫ਼ੈਸਲਾ ਕੀਤਾ ਗਿਆ। ਪ੍ਰੈਸ ਸਕੱਤਰ ਡਾ. ਲਖਵਿੰਦਰ ਸਿੰਘ ਸੰਧੂ ਔਲਖ ਅਤੇ ਹੋਰਨਾਂ ਨੇ ਦੱਸਿਆ ਕਿ ਬ੍ਰਹਮ ਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਦੀ ਸਾਲਾਨਾ ਬਰਸੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 23 ਤੋਂ 25 ਅਕਤੂਬਰ ਤੱਕ ਗੁਰਦੁਆਰਾ ਤਪ ਅਸਥਾਨ ਸਾਹਿਬ ਨਿੱਕੇ ਘੁੰਮਣ ਵਿਖੇ ਕਰਵਾਇਆ ਜਾ ਰਿਹਾ ਹੈ।ਮੀਟਿੰਗ ਵਿੱਚ ਸਮੂਹ ਆਰ.ਐਮ.ਪੀ ਡਾਕਟਰਾਂ ਨੇ ਸਰਬਸੰਮਤੀ ਨਾਲ ਫੈਸਲਾ ਲੈਂਦਿਆਂ 24 ਅਤੇ 25 ਅਕਤੂਬਰ ਨੂੰ ਇਸ ਇਕੱਤਰਤਾ ਵਿੱਚ ਆਈਆਂ ਸੰਗਤਾਂ ਲਈ ਮੁਫ਼ਤ ਮੈਡੀਕਲ ਚੈਕਅੱਪ ਕੈਂਪ ਲਗਾਉਣ ਦਾ ਪ੍ਰਸਤਾਵ ਪਾਸ ਕੀਤਾ। ਡਾ. ਲਖਵਿੰਦਰ ਸਿੰਘ ਸੰਧੂ ਅਤੇ ਡਾ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਲਗਾਏ ਜਾਣ ਵਾਲੇ ਇਸ ਕੈਂਪ ਵਿਚ ਮਰੀਜ਼ਾਂ ਦਾ ਮੁਫ਼ਤ ਚੈਕਅੱਪ ਕੀਤਾ ਜਾਵੇਗਾ ਅਤੇ ਲੋੜ ਅਨੁਸਾਰ ਮੁਫ਼ਤ ਦਵਾਈਆਂ ਵੀ ਵੰਡੀਆਂ ਜਾਣਗੀਆਂ। ਉਨ੍ਹਾਂ ਸਮੂਹ ਆਰ.ਐਮ.ਪੀ ਡਾਕਟਰਾਂ ਨੂੰ ਇਸ ਕੈਂਪ ਵਿੱਚ ਸ਼ਾਮਲ ਹੋ ਕੇ ਸਹਿਯੋਗ ਕਰਨ ਦੀ ਅਪੀਲ ਕੀਤੀ ਹੈ।

ਇੱਥੇ ਸੂਬਾ ਕਮੇਟੀ ਮੈਂਬਰ ਡਾ. ਸੁਖਵਿੰਦਰ ਸਿੰਘ, ਡਾ. ਬਲਦੇਵ ਸਿੰਘ, ਡਾ. ਲਖਵਿੰਦਰ ਸਿੰਘ ਸੰਧੂ, ਡਾ. ਵਿਨੋਦ ਸ਼ਰਮਾ, ਡਾ. ਜੋਗਿੰਦਰ ਸਿੰਘ ਸੰਧੂ, ਡਾ. ਜਸਬੀਰ ਸਿੰਘ, ਡਾ. ਬਾਊ ਰਾਮ, ਡਾ. ਸਤਨਾਮ ਸਿੰਘ, ਡਾ. ਸੁਖਵਿੰਦਰ ਮਸੀਹ, ਡਾ: ਦਿਲਬਾਗ ਸਿੰਘ, ਡਾ: ਗੁਰਦੇਵ ਸਿੰਘ, ਡਾ. ਦਵਿੰਦਰ ਸਿੰਘ, ਡਾ. ਮਨਜੀਤ ਸਿੰਘ, ਡਾ. ਜਸਪਾਲ ਸਿੰਘ, ਡਾ. ਹੀਰਾ ਸਿੰਘ, ਡਾ. ਸੰਦੀਪ ਕੁਮਾਰ, ਡਾ. ਦਲੀਪ ਸਿੰਘ, ਡਾ. ਰਾਜਪਾਲ, ਡਾ. ਰਾਜ ਕੁਮਾਰ, ਡਾ. ਸੋਸਨ, ਡਾ. ਸੁਮਨ, ਡਾ. ਰਾਜੇਸ਼ ਕੁਮਾਰ, ਡਾ. ਸੁਖਜਿੰਦਰ ਸਿੰਘ, ਡਾ. ਰਮਨ ਸ਼ਰਮਾ, ਡਾ. ਹਰਪ੍ਰੀਤ ਸਿੰਘ, ਡਾ. ਨਿਰਮਲ ਸਿੰਘ ਅਤੇ ਹੋਰ ਹਾਜ਼ਰ ਸਨ।

## ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਪੁਰਬ ਮੌਕੇ ਦੀਵਾਨ ਅਦਾਰਿਆਂ ਨੂੰ ਰੁਸ਼ਨਾਇਆ ਜਾਵੇਗਾ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਚੀਫ਼ ਖ਼ਾਲਸਾ ਦੀਵਾਨ ਅਹੁਦੇਦਾਰਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਸੰਬੰਧੀ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਵਿਚ ਸ਼ਾਮਲ ਹੋਣ ਲਈ ਸੱਦਾ ਪੱਤਰ ਭੇਜਿਆ ਗਿਆ ਜਿਸ ਨੂੰ ਲੈ ਕੇ ਸ੍ਰੀ ਦਰਬਾਰ ਸਾਹਿਬ ਦੇ ਐਡੀ. ਮੈਨੇਜਰ ਰਜਿੰਦਰ ਸਿੰਘ ਰੂਬੀ ਵਿਸ਼ੇਸ਼ ਤੌਰ 'ਤੇ ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਪੁੱਜੇ। ਉਹਨਾਂ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਐਡੀ.ਸਕੱਤਰ ਸ੍ਰ.ਸੁਖਜਿੰਦਰ ਸਿੰਘ ਪ੍ਰਿੰਸ, ਐਡੀ. ਸਕੱਤਰ ਜਸਪਾਲ ਸਿੰਘ ਢਿੱਲੋਂ ਨੂੰ ਸੱਦਾ ਪੱਤਰ ਸੌਂਪਦਿਆਂ ਐਸ.ਜੀ.ਪੀ.ਸੀ ਵੱਲੋਂ ਗੁਰਪੁਰਬ ਮੌਕੇ ਸ਼ਹਿਰ ਦੇ ਵੱਖ—ਵੱਖ ਧਾਰਮਿਕ ਅਸਥਾਨਾਂ 'ਤੇ ਕਰਵਾਏ ਜਾ ਰਹੇ ਪ੍ਰੋਗਰਾਮਾਂ, ਧਾਰਮਿਕ ਮੁਕਾਬਲਿਆਂ, 18 ਅਕਤੂਬਰ ਨੂੰ ਸਜਾਏ ਜਾ ਰਹੇ ਵਿਸ਼ਾਲ ਨਗਰ—ਕੀਰਤਨ ਅਤੇ ਰਾਗ ਦਰਬਾਰ/ਪੜਤਾਲ ਸ਼ਬਦ ਗਾਇਨ ਕੀਰਤਨ ਦਰਬਾਰ ਅਤੇ ਗੁਰਪੁਰਬ ਦੇ ਪਾਵਨ ਦਿਵਸ 19 ਅਕਤੂਬਰ ਨੂੰ ਆਯੋਜਿਤ ਪ੍ਰਭਾਤ ਫੇਰੀਆਂ, ਆਲੌਕਿਕ ਜਲੌਂ, ਵਿਸ਼ਾਲ ਦੀਵਾਨ, ਕਵੀ ਦਰਬਾਰ, ਅੰਮ੍ਰਿਤ ਸੰਚਾਰ ਅਤੇ ਰੈਣ ਸਬਾਈ ਕੀਰਤਨ ਬਾਬਤ ਜਾਣਕਾਰੀ ਸਾਂਝੀ ਕੀਤੀ। ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰਪੁਰਬ ਸੰਬੰਧੀ ਕਰਵਾਏ ਜਾ ਰਹੇ ਗੁਰਮਤਿ ਪ੍ਰੋਗਰਾਮਾਂ ਵਿਚ ਦੀਵਾਨ ਵੱਲੋਂ ਵੱਧ ਤੋਂ ਵੱਧ ਸ਼ਮੂਲੀਅਤ ਦਾ ਭਰੋਸਾ ਦਿੱਤਾ। ਉਹਨਾਂ ਕਿਹਾ ਕਿ ਅਸੀਂ ਬਹੁਤ ਵੱਡਭਾਗੀ ਹਾਂ ਕਿ ਸਾਨੂੰ ਗੁਰੂ ਰਾਮਦਾਸ ਜੀ ਦੀ ਵਰਸੋਈ ਨਗਰੀ ਦੇ ਵਸਨੀਕ ਹੋਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਹਨਾਂ ਨੇ ਕਿਹਾ ਕਿ ਦੀਵਾਨ ਵੱਲੋਂ ਗੁਰਪੁਰਬ ਮੌਕੇ ਸਮੂਹ ਚੀਫ਼ ਖ਼ਾਲਸਾ ਦੀਵਾਨ ਅਦਾਰਿਆਂ ਨੂੰ ਰੰਗ—ਬਿਰੰਗੀਆਂ ਲਾਈਟਾਂ ਨਾਲ ਰੁਸ਼ਨਾਇਆ ਜਾਵੇਗਾ ਅਤੇ 18 ਅਕਤੂਬਰ ਨੂੰ ਐਸ.ਜੀ.ਪੀ.ਸੀ ਵੱਲੋਂ ਗੁਰਪੁਰਬ ਮੌਕੇ ਸਜਾਏ ਜਾ ਰਹੇ ਨਗਰ ਕੀਰਤਨ ਦੇ ਦੀਵਾਨ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਭਗਤਾਂ ਵਾਲਾ ਵਿਖੇ ਪੁੱਜਣ ਤੇ ਸ਼ਾਨਦਾਰ ਸੁਆਗਤ ਕੀਤਾ ਜਾਵੇਗਾ।

## ਹੱਲਾ ਤੋਂ ਬਥਵਾਲਾ ਨੂੰ ਜਾਣ ਵਾਲੇ ਸੇਮ ਨਾਲੇ ਦੀ ਹਾਲਤ ਖਸਤਾ



ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ-ਦੋਰਾਂਗਲਾ ਸੜਕ ਵਿਚਕਾਰ ਪੈਂਦੇ ਪਿੰਡ ਹੱਲਾ ਤੋਂ ਬਥਵਾਲਾ ਵੱਲ ਨੂੰ ਜਾਣ ਵਾਲੇ ਸੇਮ ਨਾਲੇ ਦੀ ਸਾਫ਼ ਸਫ਼ਾਈ ਨਾ ਹੋਣ ਕਾਰਨ ਇਸ ਵਿਚ ਕਾਫ਼ੀ ਜੰਗਲੀ ਘਾਹ ਬੂਟੀ ਉਗੀ ਪਈ ਹੈ ਜਿਸ ਨਾਲ ਵਰਖਾ ਦੇ ਦਿਨਾਂ ਵਿਚ ਪਾਣੀ ਦਾ ਫਲੋ ਚੰਗੀ ਤਰ੍ਹਾਂ ਨਾ ਹੋਣ ਕਾਰਨ ਗੰਦਾ ਪਾਣੀ ਬਦਬੂ ਮਾਰਦਾ ਰਹਿੰਦਾ ਹੈ। ਇਲਾਕਾ ਵਾਸੀਆਂ ਨੇ ਦੱਸਿਆ ਕਿ ਇਹ ਸੇਮ ਨਾਲਾ ਪਿੰਡ ਹੱਲਾ ਚਾਹੀਆ ਵਲੋਂ ਆਉਂਦਾ ਹੈ ਅਤੇ ਸੜਕ ਥੱਲਿਓਂ ਲੰਘਦੇ ਹੋਏ ਪਿੰਡ ਬਥਵਾਲਾ ਵੱਲ ਨੂੰ ਜਾਂਦਾ ਹੈ। ਲੋਕਾਂ ਨੇ ਦੱਸਿਆ ਕਿ ਨਾਲੇ ਦੇ ਨਜ਼ਦੀਕ ਕਾਫ਼ੀ ਘਰ ਬਣੇ ਹੋਏ ਹਨ ਜਿਨ੍ਹਾਂ ਵਿਚ ਰਹਿਣ ਵਾਲੇ ਲੋਕਾਂ ਦੀ ਕਾਫ਼ੀ ਆਬਾਦੀ ਹੈ ਪਰ ਡਰੇਨੇਜ ਵਿਭਾਗ ਵਲੋਂ ਪਿਛਲੇ ਸਮੇਂ ਤੋਂ ਇਸ ਦੀ ਸਾਫ਼ ਸਫ਼ਾਈ ਨਾ ਹੋਣ ਕਾਰਨ ਇਸ ਵਿਚ ਕਾਫ਼ੀ ਮਾਤਰਾ ਵਿਚ ਜੜ੍ਹੀ ਬੂਟੀ ਉਗੀ ਪਈ ਹੈ। ਲੋਕਾਂ ਨੇ ਦੱਸਿਆ ਕਿ ਇਸ ਨਾਲੇ ਕੰਢੇ ਵਸਦੇ ਲੋਕਾਂ ਨੂੰ ਕਾਫ਼ੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਰਖਾ ਦੇ ਦਿਨਾਂ ਵਿਚ ਪਾਣੀ ਦਾ ਵਹਾਅ ਚੰਗੀ ਤਰ੍ਹਾਂ ਨਹੀਂ ਹੁੰਦਾ। ਇਸ ਲਈ ਡਰੇਨੇਜ ਵਿਭਾਗ ਗੁਰਦਾਸਪੁਰ ਨੂੰ ਇਸ ਨਾਲੇ ਦੀ ਸਾਫ਼ ਸਫ਼ਾਈ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ ਤਾਂ ਜੋ ਲੋਕ ਕੁਝ ਰਾਹਤ ਮਹਿਸੂਸ ਕਰ ਸਕਣ।

## ਬੇਲਰਾਂ ਦੀ ਵਰਤੋਂ ਨਾਲ ਪਰਾਲੀ ਸਾੜਨ ਦੇ ਰੁਝਾਨ 'ਚ ਆਈ ਕਮੀ



ਗੁਰਦਾਸਪੁਰ (ਜਨਕ ਮਹਾਜਨ)- ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ ਰੁਝਾਨ ਨੂੰ ਰੋਕਣ ਲਈ ਪਰਾਲੀ ਦੀਆਂ ਗੱਠਾਂ ਬੰਨ੍ਹਣ ਵਾਲੇ ਬੇਲਰ ਅਹਿਮ ਭੂਮਿਕਾ ਨਿਭਾਅ ਰਹੇ ਹਨ। ਗੁਰਦਾਸਪੁਰ ਜ਼ਿਲ੍ਹੇ ਵਿਚ ਇਸ ਸਮੇਂ ਲਗਭਗ 60 ਬੇਲਰ ਚੱਲ ਰਹੇ ਹਨ ਜੋ ਕਿ ਝੋਨੇ ਦੀ ਕਟਾਈ ਪਿੱਛੋਂ ਬਚੀ ਪਰਾਲੀ ਨੂੰ ਇਕੱਠਾ ਕਰਕੇ ਗੱਠਾਂ ਬੰਨ੍ਹ ਦਿੰਦਾ ਹੈ, ਜਿਸ ਨੂੰ ਅਸਾਨੀ ਨਾਲ ਖੇਤਾਂ ਵਿਚੋਂ ਬਾਹਰ ਲਿਜਾ ਕੇ ਡੰਪ ਕੀਤਾ ਜਾਂਦਾ ਹੈ। ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸਬਸਿਡੀ ਉੱਪਰ ਬੇਲਰ ਵੀ ਦਿੱਤੇ ਗਏ ਸਨ ਤਾਂ ਜੋ ਕਿਸਾਨਾਂ ਨੂੰ ਪਰਾਲੀ ਦੇ ਯੋਗ ਨਿਪਟਾਰੇ ਵਿਚ ਸਹਾਇਤਾ ਮਿਲ ਸਕੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਬੇਲਰ ਯੂਨਿਟਾਂ ਨੂੰ ਡੰਪ ਵਾਸਤੇ ਅਨੇਕਾਂ ਪਿੰਡਾਂ ਵਿਚ ਥਾਂ ਮੁਹੱਈਆ ਕਰਵਾਈ ਗਈ ਹੈ ਤਾਂ ਜੋ ਉਹ ਪਰਾਲੀ ਨੂੰ ਖੇਤਾਂ ਵਿਚੋਂ ਇਕੱਠਾ ਕਰਕੇ ਡੰਪ ਕਰ ਸਕਣ। ਉਨ੍ਹਾਂ ਦੱਸਿਆ ਕਿ ਡੰਪ ਕੀਤੀ ਪਰਾਲੀ ਦੀ ਬੁਆਇਲਰ ਯੂਨਿਟਾਂ, ਗੱਤਾ ਫੈਕਟਰੀਆਂ ਵਿਚ ਵਰਤੋਂ ਕੀਤੀ ਜਾ ਰਹੀ ਹੈ, ਜਿਸ ਲਈ ਗੁਰਦਾਸਪੁਰ ਜ਼ਿਲ੍ਹੇ ਵਿਚੋਂ ਪਠਾਨਕੋਟ ਤੇ ਹੋਰ ਨੇੜਲੇ ਇਲਾਕਿਆਂ ਵਿਚ ਕੰਪਰੈਸ ਕਰਕੇ ਗੱਠਾਂ ਦੇ ਰੂਪ ਵਿਚ ਬੰਨ੍ਹੀ ਪਰਾਲੀ ਨੂੰ ਬਾਲਣ ਲਈ ਭੇਜਿਆ ਜਾ ਰਿਹਾ ਹੈ। ਖੇਤੀਬਾੜੀ ਵਿਭਾਗ ਦੇ ਮੁਖੀ ਡਾ. ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਵੱਡੇ ਬੇਲਰ ਇਕ ਏਕੜ ਦੀਆਂ ਗੱਠਾਂ ਬੰਨ੍ਹਣ ਲਈ ਕੇਵਲ 20-25 ਮਿੰਟ ਤੇ ਛੋਟੇ ਬੇਲਰ 30-35 ਮਿੰਟ ਲਗਾਉਂਦੇ ਹਨ ਜਿਸ ਨਾਲ ਕਿਸਾਨ ਦਾ ਖੇਤ ਬਹੁਤ ਜਲਦੀ ਵਿਹਲਾ ਹੋ ਜਾਂਦਾ ਹੈ ਅਤੇ ਉਹ ਅਗਲੀ ਫਸਲ ਲਈ ਤੁਰੰਤ ਤਿਆਰ ਕਰ ਸਕਦਾ ਹੈ।

ਪਰਾਲੀ ਦੀਆਂ ਗੱਠਾਂ ਬਣਵਾਉਣ ਵਾਲੇ ਕਿਸਾਨਾਂ ਨੇ ਦੱਸਿਆ ਕਿ ਬੇਲਰ ਨਾਲ ਗੱਠਾਂ ਬਣਵਾ ਕੇ ਉਹ ਜਿੱਥੇ ਖੇਤ ਤੁਰੰਤ ਖਾਲੀ ਕਰ ਸਕੇ ਉੱਥੇ ਹੀ ਉਹ ਪਰਾਲੀ ਨੂੰ ਅੱਗ ਨਾ ਲਾ ਕੇ ਵਾਤਾਵਰਣ ਸੰਭਾਲ ਵਿਚ ਯੋਗਦਾਨ ਦੇ ਕੇ ਖ਼ੁਸ਼ੀ ਮਹਿਸੂਸ ਕਰ ਰਹੇ ਹਨ।

15-Oct-PAGE-12.qxd 10/14/2024 10:57 PM Page 1



# ਜਮਹੂਰੀ ਹੱਕਾਂ ਦੀ ਲੜਾਈ 'ਚ ਪ੍ਰੋਫੈਸਰ ਸਾਈਬਾਬਾ ਦੇ ਯੋਗਦਾਨ ਨੂੰ ਸਲਾਮ

**ਜਲੰਧਰ: (ਕੇਸਰ)** ਭਾਰਤੀ ਹਕੂਮਤ ਦੀਆਂ ਘੋਰ ਅਣਮਨੁੱਖੀ ਕਾਰਵਾਈਆਂ ਦੀ ਬਦੌਲਤ 90 ਫੀਸਦੀ ਅਪਾਹਜ ਦਿਲੀ ਯੂਨੀਵਰਸਟੀ ਦੇ ਵਿਦਿਆਰਥੀਆਂ ਦੇ ਮਹਿਬੂਬ ਪ੍ਰੋ. ਸਾਈਬਾਬਾ ਜੇਲ੍ਹ ਵਿਚ ਸਰੀਰ ਨੂੰ ਚੁੰਬੜੀਆਂ ਅਲਾਮਤਾਂ ਦੀ ਤਾਬ ਨਾ ਝੱਲਦਿਆਂ ਸਦਾ ਦੀ ਨੀਦ ਸੌਂ ਗਏ। ਜਮਹੂਰੀ ਅਧਿਕਾਰ ਸਭਾ ਦੇ ਸੂਬਾ ਪ੍ਰਧਾਨ ਪ੍ਰੋਫੈਸਰ ਜਗਮੋਹਨ ਸਿੰਘ, ਜਰਨਲ ਸਕੱਤਰ ਪ੍ਰਿਤਪਾਲ ਸਿੰਘ ਅਤੇ ਪ੍ਰੈਸ ਸਕੱਤਰ ਅਮਰਜੀਤ ਸ਼ਾਸ਼ਤਰੀ ਨੇ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਪ੍ਰੋ. ਸਾਈਬਾਬਾ ਆਪਣੀਆਂ ਲਿਖਤਾਂ ਅਤੇ ਭਾਸ਼ਣਾ ਰਾਹੀਂ ਸੁਰੱਖਿਆ ਦਸਤਿਆਂ ਪੁਲਸ ਆਦਿ ਵੱਲੋਂ ਕਬਾਇਲੀਆਂ ਦੇ ਉਜਾੜੇ, ਕਤਲੇਆਮ ਅਤੇ ਔਰਤਾਂ ਦੇ ਬਲਾਤਕਾਰ ਦੀਆਂ ਮਨੁੱਖੀ ਅਧਿਕਾਰਾ ਦੀਆਂ ਉਲਿੰਘਣਾਵਾਂ ਉਪਰ ਲਗਾਤਾਰ ਅਵਾਜ ਬੁਲੰਦ ਕਰਦੇ ਰਹੇ ਸਨ। ਉਹ ਕਹਿੰਦੇ ਸਨ ਕਿ ਮੱਧ ਭਾਰਤ ਦੇ ਕਬਾਇਲੀ ਇਲਾਕਿਆ ਵਿੱਚ ਨਿਵੇਸ਼ ਦੇ ਸਮਝੌਤੇ ਕਬਾਇਲੀਆਂ ਦੇ ਹੱਕ ਵਿੱਚ ਨਹੀਂ ਸਗੋਂ ਉਹਨਾ ਦਾ ਉਜਾੜਾ ਕਰਕੇ ਧਰਤੀ ਅੰਦਰਲੇ ਬੇਸ਼ਕੀਮਤੀ ਕੁਦਰਤੀ ਖਣਿਜਾਂ ਦੀ ਲੁੱਟ ਕਰਨਾ ਹੈ। ਪਰ ਅਜਿਹੀ ਸੋਝੀ ਹਕੂਮਤ ਦੇ ਕੁਦਰਤੀ ਸ੍ਰੋਤਾਂ ਦੀ ਲੁੱਟ ਦੇ ਰਾਹ ਵਿੱਚ ਰੋੜਾ ਬਣਦੀ ਹੈ, ਇਸ ਕਰਕੇ ਪ੍ਰੋ ਸਾਈਬਾਬਾ ਨੂੰ 2014 ਵਿੱਚ ਮਾਓਵਾਦੀਆਂ ਨਾਲ ਸੰਬੰਧਾਂ ਦੇ ਦੋਸ਼ ਵਿੱਚ ਗ੍ਰਿਫਤਾਰ ਕਰਕੇ 2017 ਵਿੱਚ ਪੰਜ ਹੋਰ ਸਾਥੀਆਂ ਨਾਲ ਬਗੈਰ ਕਿਸੇ ਪੁਖਤਾ ਸਬੂਤ ਦੇ ਉਮਰ ਕੈਦ ਦੀ ਸਜਾ ਸੁਣਾਈ ਗਈ। ਸਜਾ ਸੁਣਾਉਣ ਵਾਲੇ ਸ਼ੈਸਨ ਜੱਜ ਤਾਂ ਉਸ ਨੂੰ ਫਾਂਸੀ ਦੀ ਸਜਾ ਦੇਣੀ ਚਾਹੁੰਦਾ ਸੀ ਪਰ ਅਦਾਲਤ ਕਾਨੂੰਨਣ ਅਜਿਹਾ ਨਹੀਂ ਕਰ ਸਕਦੀ ਕਿਉਂਕਿ ਉਹ ਕਿਸੇ ਸਿੱਧੇ ਕਤਲ ਜਾਂ ਹੋਰ ਸੰਗੀਨ ਜੁਰਮ ਵਿੱਚ ਸ਼ਾਮਲ ਨਹੀਂ ਹੈ। ਇਸ ਲਈ ਅਦਾਲਤ ਵੱਲੋਂ ਟਿੱਕੇ ਉਸਦੀ ਜੁਰਮ ਦੀ ਸਜਾ ਦੇ ਜਿੰਦਗੀ ਖੋਹਣ ਦਾ ਅਧੂਰੇ ਕੰਮ ਨੂੰ ਜੇਲ੍ਹ ਪ੍ਰਸ਼ਾਸ਼ਨ ਨੇ ਉਸ ਉਪਰ ਜਬਰ ਕਰਕੇ ਸਿਰੇ ਚਾੜ੍ਹਿਆ ਹੈ। ਜਿਵੇਂ ਵੀਅਲ ਚੇਅਰ ਨਾ ਦੇ ਕੇ ਉਸਨੂੰ ਬਾਥਰੂਮਾਂ ਤੱਕ ਘਸੀਟਕੇ ਲਿਜਾਣ ਦਾ ਜਬਰ, ਉਸਦੀਆਂ ਪਸਲੀਆਂ ਟੁੱਟ ਕੇ ਹਿੱਕ ਵਿੱਚ ਖੁੱਬ ਜਾਣਾ, ਮੈਡੀਕਲ ਸੇਵਾਵਾਂ ਨਾ ਦੇਣੀਆਂ, ਮੈਡੀਕਲ ਇਲਾਜ ਲਈ ਉਸ ਦੀ ਜਮਾਨਤ ਪਰੋਲ ਆਦਿ ਨਾ ਦੇਣਾ, ਐਥੋਂ ਤੱਕ ਕੇ ਦਸੰਬਰ 2022 ਵਿੱਚ ਬੰਬੇ ਹਾਈਕੋਰਟ ਵੱਲੋਂ ਉਨਾਂ ਨੂੰ ਬਰੀ ਕਰ ਦੇਣ ਦੇ ਹਾਈਕੋਰਟ ਫੈਸਲੇ ਉਪਰ ਸਰਕਾਰ ਦੀ ਅਰਜੀ ਉੱਤੇ ਸ਼ਨੀਵਾਰ (ਛੁੱਟੀ ਵਾਲੇ ਦਿਨ) ਸੁਪਰੀਮ ਕੋਰਟ ਵੱਲੋਂ ਰੋਕ ਲਾਉਣਾ ਅਤੇ ਟਿੱਪਣੀ ਕਰਨਾ ਕਿ ਸਾਈਬਾਬਾ ਦੇ ਅਪਾਜਹ ਹੋਣ ਨਾਲੋ? ਉਸਦੇ ਦਿਮਾਗ ਤੋਂ ਦੇਸ਼ ਲਈ ਖਤਰਨਾਕ ਹੈ ਅਤੇ ਅੰਤ ਅਪ੍ਰੈਲ 24 ਵਿੱਚ ਬੰਬੇ ਹਾਈਕੋਰਟ ਵਲੋਂ ਦੁਬਾਰਾ ਬੇਕਸੂਰ ਕਹਿਣ 'ਤੇ ਉਸ ਵਕਤ ਜਦੋਂ ਉਸ ਦੇ ਸਰੀਰ ਦੇ ਕਈ ਹੋਰ ਅੰਗ ਨਕਾਰਾ ਹੋਣ ਵੱਲ ਵਧ ਰਹੇ ਸਨ ਉਸ ਨੂੰ ਜੇਲ੍ਹ ਵਿਚੋਂ ਬਾਹਰ ਆਉਣ ਦਿਤਾ ਗਿਆ। ਇਸ ਲਈ ਇਹ ਬਿਮਾਰੀ ਕਾਰਨ ਹੋਈ ਮੌਤ ਨਹੀਂ ਸਗੋਂ ਹਕੂਮਤ ਵੱਲੋਂ ਕੀਤਾ ਕਤਲ ਹੈ ਜਿਸ ਲਈ ਸਰਕਾਰ, ਅਦਾਲਤਾਂ ਅਤੇ ਜੇਲ੍ਹ ਪ੍ਰਸ਼ਾਸ਼ਨ ਦਾ ਗੱਠਜੋੜ ਜ਼ੁੰਮੇਵਾਰ ਹੈ। ਇਵੇ ਹੀ ਪਹਿਲਾਂ ਜ਼ੇਲ੍ਹ ਵਿੱਚ ਫਾਦਰ ਸਟੇਨ ਸਵਾਮੀ, ਪਾਂਡੂ ਨਰੋਟੇ ਮਾਰੂਤੀ ਸਾਯੂਕੀ ਦੇ ਕਾਮਿਆਂ ਦੀ ਮੌਤ ਲੋਕ ਵਿਰੋਧੀ ਪੱਖਪਾਤੀ ਜਾਬਰ ਪ੍ਰਬੰਧਾਂ ਕਾਰਨ ਹੋਈ ਹੈ। ਜਮਹੂਰੀ ਅਧਿਕਾਰ ਸਭਾ ਪੰਜਾਬ ਇਨਸਾਫ ਪਸੰਦ ਲੋਕਾਂ, ਬੁਧੀਜੀਵੀਆ ਅਤੇ ਜਨਤਕ ਜਥੇਬੰਦੀਆਂ ਨੂੰ ਸੱਦਾ ਦਿੰਦੀ ਹੈ ਕਿ ਸਰਕਾਰਾਂ ਦੀਆ ਲੋਕ ਵਿਰੋਧੀ ਨੀਤੀਆਂ ਅਤੇ ਜਬਰ ਦਾ ਲੋਕਾਂ ਵਿੱਚ ਜ਼ੋਰ ਸ਼ੋਰ ਨਾਲ ਪਰਦਾਫਾਸ਼ ਕੀਤਾ ਜਾਵੇ। ਇਹ ਹੀ ਪ੍ਰੋ. ਸਾਈਬਾਬਾ ਦੀ ਜ਼ਿੰਦਗੀ ਲਗਾ ਕਿ ਕੀਤੀ ਜਮਹੂਰੀ ਹੱਕਾਂ ਦੀ ਰਾਖੀ ਵਿਚ ਕੁਰਬਾਨੀ ਨੂੰ ਸੱਚੀ ਸ਼ਰਧਾਂਜਲੀ ਹੈ।

## ਤੇਜ਼ ਹਵਾ ਚੱਲਣ ਨਾਲ ਝੋਨੇ ਦੀ ਫਸਲ ਜ਼ਮੀਨ 'ਤੇ ਵਿਛੀ, ਕਿਸਾਨਾਂ ਦਾ ਹੋਇਆ ਭਾਰੀ ਨੁਕਸਾਨ



**ਗੁਰਦਾਸਪੁਰ (ਜਨਕ ਮਹਾਜਨ)**- ਬੀਤੇ ਦਿਨੀਂ ਵਰਖਾ ਅਤੇ ਤੇਜ਼ ਹਵਾਵਾਂ ਚੱਲਣ ਕਾਰਨ ਝੋਨੇ ਦੀ ਫ਼ਸਲ ਧਰਤੀ 'ਤੇ ਵਿਛਣ ਕਾਰਨ ਕਿਸਾਨਾਂ ਨੂੰ ਭਾਰੀ ਨੁਕਸਾਨ ਹੋਣ ਦਾ ਅਨੁਮਾਨ ਹੈ। ਇਸ ਸੰਬੰਧੀ ਗੱਲਬਾਤ ਕਰਦਿਆਂ ਬੇਟ ਏਰੀਏ ਦੇ ਪਿੰਡ ਡਾਲਾ, ਖ਼ੁਦਾਦਪੁਰ, ਸੁਲਤਾਨੀ, ਬਊਪੁਰ, ਮਿਆਨੀ, ਪਸਿਆਲ, ਕੋਠੇ, ਮਜੀਠੀ, ਕੇਸ਼ੋਪੁਰ, ਬਰਨਾਲਾ, ਨੰਗਲ ਦੇ ਕਿਸਾਨਾਂ ਨੇ ਦੱਸਿਆ ਕਿ ਵਰਖਾ ਅਤੇ ਤੇਜ਼ ਹਵਾ ਚੱਲਣ ਕਾਰਨ ਸੈਂਕੜੇ ਏਕੜ ਦੇ ਕਰੀਬ ਝੋਨੇ ਦੀ ਫ਼ਸਲ ਧਰਤੀ 'ਤੇ ਵਿਛ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਝੋਨੇ ਦੇ ਹੇਠਾਂ ਡਿਗਣ ਕਾਰਨ ਝਾੜ ਵਿਚ ਕਾਫ਼ੀ ਫ਼ਰਕ ਪਵੇਗਾ। ਉਨ੍ਹਾਂ ਦੱਸਿਆ ਕਿ ਬਹੁਤ ਜ਼ਿਆਦਾ ਮਿਹਨਤ ਅਤੇ ਕਾਫ਼ੀ ਖਰਚਾ ਕਰਕੇ ਉਨ੍ਹਾਂ ਨੇ ਝੋਨੇ ਦੀ ਫ਼ਸਲ ਦੀ ਬਿਜਾਈ ਕੀਤੀ ਸੀ ਪਰ ਹੁਣ ਕੁਦਰਤੀ ਮਾਰ ਨੇ ਉਨ੍ਹਾਂ ਦਾ ਭਾਰੀ ਨੁਕਸਾਨ ਕੀਤਾ ਹੈ। ਉਨ੍ਹਾਂ ਕਿਹਾ ਜੇਕਰ ਆਉਣ ਵਾਲੇ ਦਿਨਾਂ ਵਿਚ ਹੋਰ ਵਰਖਾ ਹੋਈ ਤਾਂ ਹੋਰ ਵੀ ਜ਼ਿਆਦਾ ਝੋਨੇ ਦੀ ਫ਼ਸਲ ਖ਼ਰਾਬ ਹੋਵੇਗੀ। ਕਿਸਾਨਾਂ ਦਾ ਕਹਿਣਾ ਹੈ ਕਿ ਬੈਂਕਾਂ ਦੀਆਂ ਕਿਸ਼ਤਾਂ ਤੋਂ ਇਲਾਵਾ ਹੋਰ ਕਈ ਘਰਾਂ ਦੇ ਖਰਚੇ ਜੋ ਝੋਨੇ ਦੀ ਫ਼ਸਲ 'ਤੇ ਨਿਰਭਰ ਕਰਦੇ ਹਨ। ਉਨ੍ਹਾਂ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਪੀੜਤ ਕਿਸਾਨਾਂ ਨੂੰ ਤੁਰੰਤ ਮੁਆਵਜ਼ਾ ਦਿੱਤਾ ਜਾਵੇ।

ਪੰਚਾਇਤੀ ਚੋਣਾਂ-2024

# ਅੱਜ ਪੈਣਗੀਆਂ ਵੋਟਾਂ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** ਜ਼ਿਲ੍ਹੇ ਵਿਚ ਮੰਗਲਵਾਰ ਨੂੰ 1683 ਪੋਲਿੰਗ ਬੂਥਾਂ 'ਤੇ ਪੰਚਾਇਤੀ ਚੋਣਾਂ ਸਬੰਧੀ ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਤਿਆਰੀਆਂ ਅਤੇ ਸਮੁੱਚੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਅਤੇ ਐਸ.ਐਸ.ਪੀ ਸੁਰੇਂਦਰ ਲਾਂਬਾ ਨੇ ਸਾਂਝੇ ਤੌਰ 'ਤੇ ਅੱਜ ਸਥਾਨਕ ਪੰਡਿਤ ਜੇ.ਆਰ. ਬਹੁਤਕਨੀਕੀ ਕਾਲਜ ਤੋਂ ਇਲਾਵਾ ਜ਼ਿਲ੍ਹੇ ਦੀਆਂ ਵੱਖ-ਵੱਖ ਥਾਵਾਂ 'ਤੇ ਪੋਲਿੰਗ ਪਾਰਟੀਆਂ ਅਤੇ ਸੁਰੱਖਿਆ ਬਲਾਂ ਨੂੰ ਰਵਾਨਾ ਕਰਨ ਤੋਂ ਪਹਿਲਾ ਡਿਸਪੈਚ ਬਰੀਫਿੰਗ ਕੀਤੀ।ਉਨ੍ਹਾਂ ਨੇ ਚੋਣ ਅਮਲੇ ਨੂੰ ਤਿਆਰੀਆਂ, ਸੁਰੱਖਿਆ ਵਿਵਸਥਾ ਅਤੇ ਵੋਟ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਕੀਤੇ ਗਏ ਪ੍ਰਬੰਧਾਂ ਦੀ ਜਾਣਕਾਰੀ ਦਿੱਤੀ।ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਪੰਚਾਇਤੀ ਚੋਣਾਂ ਲਈ ਵੋਟਾਂ 15 ਅਕਤੂਬਰ 2024 ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਕੁੱਲ 10 ਬਲਾਕ ਹਨ ਅਤੇ ਵੋਟਰ ਬੂਥਾਂ ਦੀ ਗਿਣਤੀ 1683 ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਕੁੱਲ 1405 ਗ੍ਰਾਮ ਪੰਚਾਇਤਾਂ ਅਤੇ ਵਾਰਡਾਂ ਦੀ ਗਿਣਤੀ 8041 ਹੈ। ਕੁੱਲ ਵੋਟਰਾਂ ਦੀ ਗਿਣਤੀ (ਪੂਰਕ ਸੂਚੀ ਤੋਂ ਪਹਿਲਾਂ) 989093 ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਸਰਪੰਚ ਦੇ ਅਹੁਦੇ ਲਈ ਕੁੱਲ 2730 ਅਤੇ ਪੰਚ ਦੇ ਅਹੁਦੇ ਲਈ 6751 ਉਮੀਦਵਾਰ ਚੋਣ ਲੜ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ 265 ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਹਨ ਅਤੇ ਇਸ ਤੋਂ ਇਲਾਵਾ ਕਈ ਥਾਵਾਂ 'ਤੇ ਸਰਪੰਚ ਅਤੇ ਪੰਚ ਦੀ ਸਰਬਸੰਮਤੀ ਬਣ ਗਈ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ 10 ਹਜ਼ਾਰ ਤੋਂ ਵੱਧ ਪੋਲਿੰਗ ਸਟਾਫ ਇਨ੍ਹਾਂ ਚੋਣਾਂ ਵਿਚ ਆਪਣੀ ਡਿਊਟੀ ਨਿਭਾਅ ਰਿਹਾ ਹੈ।

ਇਸੇ ਤਰ੍ਹਾਂ ਸੁਰੱਖਿਆ ਵਿਵਸਥਾ ਸਬੰਧੀ ਐਸ.ਐਸ.ਪੀ ਸੁਰੇਂਦਰ ਲਾਂਬਾ ਨੇ ਦੱਸਿਆ ਕਿ ਵੋਟਾਂ ਦੌਰਾਨ ਕਾਨੂੰਨ ਅਤੇ ਵਿਵਸਥਾ ਬਣਾਈ ਰੱਖਣ ਲਈ ਵਿਸ਼ੇਸ਼ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਜ਼ਿਲ੍ਹੇ ਵਿਚ 3500 ਤੋਂ ਵੱਧ ਪੁਲਿਸ ਕਰਮਚਾਰੀਆਂ ਨੂੰ ਤਾਇਨਾਤ ਕੀਤਾ ਗਿਆ ਹੈ, ਤਾਂ ਜੋ ਕਿਸੇ ਵੀ ਪ੍ਰਕਾਰ ਦੀ ਗੜਬੜੀ ਨੂੰ ਰੋਕਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਪੰਚਾਇਤ ਚੋਣਾਂ ਨੂੰ ਲੈ ਕੇ 65 ਪੈਟਰੋਲਿੰਗ ਪਾਰਟੀਆ ਬਣਾਈਆਂ ਗਈਆਂ ਹਨ, 14 ਡੀ.ਐਸ.ਪੀਜ਼ ਤੋਂ ਇਲਾਵਾ 4 ਐਸ.ਪੀ ਸੁਪਰਵਾਈਜ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੰਵੇਦਨਸ਼ੀਲ ਅਤੇ ਅਤਿਸੰਵੇਦਨਸ਼ੀਲ ਪੋਲਿੰਗ ਕੇਂਦਰਾਂ 'ਤੇ ਵਿਸ਼ੇਸ਼ ਤੌਰ 'ਤੇ ਸੁਰੱਖਿਆ ਬਲ ਤਾਇਤਾਨ ਕੀਤੇ ਗਏ ਹਨ।

## ਪੰਚਾਇਤੀ ਵੋਟਾਂ ਪੁਆਉਣ ਲਈ ਚੋਣ ਮਾਮਲਾ ਸਮੱਗਰੀ ਨਾਲ ਰਵਾਨਾ



**ਬਲਾਚੌਰ (ਜਸਵਿੰਦਰ ਬੈਂਸ)** ਸਥਾਨਕ ਸ਼ਹਿਰ ਬਲਾਚੌਰ ਦੇ ਭੱਦੀ ਰੋਡ ਸਥਿਤ ਬਾਬਾ ਬਲਰਾਜ ਕਾਲਜ ਵਿਖੇ ਸਬ ਡਵੀਜਨ ਬਲਾਚੌਰ ਦੀਆਂ ਕੁੱਲ 215 ਪੰਚਾਇਤਾਂ 'ਚੋਂ 132 ਪਿੰਡਾਂ ਵਿੱਚ ਲਗਾਏ 147 ਬੂਥਾਂ ਉਪਰ ਪੰਚਾਇਤੀ ਚੋਣ ਕਰਾਏ ਜਾਣ ਲਈ ਉਪ ਮੰਡਲ ਮੈਜਿਸਟ੍ਰੇਟ ਕਮ ਸਹਾਇਕ ਚੋਣਕਾਰ ਅਫਸਰ ਬਲਾਚੌਰ, ਡੀ ਐਸ ਪੀ ਬਲਾਚੌਰ ਸ਼ਾਮ ਸੁੰਦਰ ਸ਼ਰਮਾ ਦੀ ਨਿਗਰਾਨੀ ਹੇਠ ਪ੍ਰੋਜਾਈਡਿੰਗ ਅਫਸਰ ਸਮੇਤ ਚੋਣ ਅਮਲੇ ਨੂੰ ਪੁਲਸ ਪਾਰਟੀਆਂ ਨਾਲ ਬੂਥਾਂ ਉਪਰ ਰਵਾਨਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀਐਸਪੀ ਬਲਾਚੌਰ ਸ਼ਾਮ ਸੁੰਦਰ ਸ਼ਰਮਾਂ ਵਲੋਂ ਦੱਸਿਆ ਕੁੱਲ 215 ਪੰਚਾਇਤਾ ਦੀ ਚੋਣ ਵਿੱਚੋ 83 ਪੰਚਾਇਤਾਂ ਦੀ ਚੋਣ ਪਿੰਡ ਪੱਧਰ ਉਪਰ ਸਰਬਸੰਮਤੀ ਨਾਲ ਹੋ ਚੁੱਕੀ ਹੈ।ਜਦਕਿ ਬਲਾਚੌਰ ਤੋਂ 144 ਪੰਚਾਇਤਾ ਅਤੇ ਬਲਾਕ ਸੜੋਆ ਤੋਂ 71 ਪੰਚਾਇਤੀ ਚੋਣਾਂ ਮੰਗਲਵਾਰ ਹੋਣਗੀਆਂ।ਇਸ ਮੌਕੇ ਮੁੱਖ ਅਫਸਰ ਥਾਣਾ ਸਿਟੀ ਬਲਾਚੌਰ ਸਤਨਾਮ ਸਿੰਘ ਵੱਲੋਂ ਆਪਣੇ ਸੀਨੀਅਰ ਅਫਸਰਾਂ ਦੀਆਂ ਹਦਾਇਤਾ ਅਨੁਸਾਰ ਵੋਟਾਂ ਸੰਬੰਧੀ ਸਮੱਗਰੀ ਵੰਡਣ ਵਾਲੇ ਕੇਂਦਰ ਵਿਖੇ ਸੁਰੱਖਿਆ ਦੇ ਕਰੜੇ ਪ੍ਰਬੰਧ ਕੀਤੇ ਹੋਏ ਸਨ ਅਤੇ ਹਰ ਪਲ ਦੀ ਨਿਗਰਾਨੀ ਰੱਖੀ ਜਾ ਰਹੀ ਸੀ ।

## ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਦੀ ਬੀ ਐੱਸ ਸੀ ਨਰਸਿੰਗ ਦਾ ਨਤੀਜਾ 100 ਫੀਸਦੀ



**ਬੰਗਾ (ਅਵਤਾਰ ਕਲੇਰ)** ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਦੀ ਕਲਾਸ ਬੀ ਐਸ ਸੀ ਦੇ ਪੰਜਵੇਂ ਸਮੈਸਟਰ ਦਾ ਸ਼ਾਨਦਾਰ 100% ਨਤੀਜਾ ਆਇਆ ਹੈ। ਡਾ. ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਵਿਦਿਆਰਥੀਆਂ ਦੀ ਹੌਂਸਲਾ ਅਫਜ਼ਾਈ ਕਰਨ ਮੌਕੇ ਦੱਸਿਆ ਕਿ ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਦੀ ਕਲਾਸ ਬੀ ਐਸ ਸੀ ਨਰਸਿੰਗ ਪੰਜਵੇਂ ਸਮੈਸਟਰ ਦਾ ਸ਼ਾਨਦਾਰ 100% ਨਤੀਜਾ ਆਇਆ ਹੈ।ਬੀ ਐਸ ਸੀ (ਪੰਜਵੇਂ ਸਮੈਸਟਰ) ਵਿਚੋਂ ਹਰਨੀਤ ਕੌਰ ਪੁੱਤਰੀ ਰਾਜਵਿੰਦਰ ਸਿੰਘ-ਸੁਨੀਤਾ ਚੱਕ ਬਿਲਗਾ ਨੇ ਪਹਿਲਾ ਸਥਾਨ ਅਤੇ ਤਰਨਪ੍ਰੀਤ ਕੌਰ ਪੁੱਤਰੀ ਮੱਖਣ ਸਿੰਘ-ਬਲਵਿੰਦਰ ਕੌਰ ਮੰਢਾਲੀ ਨੇ ਸ਼ਾਨਦਾਰ ਗਰੇਡ ਅੰਕਾਂ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ ਹੈ।ਜਦਕਿ ਤੀਜਾ ਸਥਾਨ ਚਾਰ ਵਿਦਿਆਰਥੀਆਂ ਅਨੁਦੀਪ ਕੌਰ ਪੁੱਤਰੀ ਅਮਰਜੀਤ ਸਿੰਘ-ਕਿਰਨਜੀਤ ਕੌਰ ਗੜ੍ਹੀ ਮਹਾਂ ਸਿੰਘ, ਅੰਜਲੀ ਕੁਮਾਰੀ ਪੁੱਤਰੀ ਮਨੋਜ ਸਾਹਨੀ ਸੁਨੀਤਾ ਖੌਮਾਚੋਂ, ਅੰਮ੍ਰਿਤਾ ਕੌਰ ਪੁੱਤਰੀ ਮਨਜੀਤ ਸਿੰਘ-ਹਰਮੀਤ ਕੌਰ ਟੋਹਾਨਾ, ਫਤਿਆਬਾਦ ਅਤੇ ਹਰਪ੍ਰੀਤ ਕੌਰ ਪੁੱਤਰੀ ਕੁਲਦੀਪ ਸਿੰਘ-ਕੁਲਵਿੰਦਰ ਕੌਰ ਦਿਹਾਨਾ ਨੇ ਇੱਕੋ ਜਿਹੇ ਗਰੇਡ ਅੰਕ ਪ੍ਰਾਪਤ ਕਰਕੇ ਹਾਸਲ ਕੀਤਾ ਹੈ। ਢਾਹਾਂ ਨੇ ਸਮੂਹ ਟਰੱਸਟ ਮੈਂਬਰਾਂ ਵੱਲੋਂ ਸ਼ਾਨਦਾਰ ਨਤੀਜੇ ਲਈ ਬੀ ਐਸ ਸੀ (ਪੰਜਵੇਂ ਸਮੈਸਟਰ) ਦੇ ਸਮੂਹ ਵਿਦਿਆਰਥੀਆਂ ਨੂੰ, ਉਹਨਾਂ ਦੇ ਮਾਪਿਆਂ, ਅਧਿਆਪਕਾਂ ਅਤੇ ਕਾਲਜ ਦੇ ਪ੍ਰਿੰਸੀਪਲ ਡਾ. ਸੁਰਿੰਦਰ ਜਸਪਾਲ ਨੂੰ ਵਧਾਈਆਂ ਦਿੱਤੀਆਂ ਹਨ।ਇਸ ਮੌਕੇ ਡਾ. ਸੁਰਿੰਦਰ ਜਸਪਾਲ ਪ੍ਰਿੰਸੀਪਲ ਗੁਰੂ ਕਾਲਜ ਆਫ ਨਰਸਿੰਗ, ਰਮਨਦੀਪ ਕੌਰ ਕੰਗ ਵਾਈਸ ਪ੍ਰਿੰਸੀਪਲ , ਮੈਡਮ ਰੁਪਿੰਦਰ ਸ਼ਰਮਾ, ਮੈਡਮ ਨਵਜੋਤ ਕੌਰ ਸਹੋਤਾ, ਮੈਡਮ ਸ਼ਿਵਾਨੀ ਭਰਦਵਾਜ, ਮੈਡਮ ਜਸਵੀਰ ਕੌਰ, ਮੈਡਮ ਰੋਜ਼ਾ ਗਰੇਵਾਲ, ਗੁਰਮੀਤ ਸਿੰਘ, ਮੈਡਮ ਕਿਰਨ ਬੇਦੀ ਤੇ ਵਿਦਿਆਰਥੀ ਹਾਜ਼ਰ ਸਨ।

# ਇਕੋਤਰੀ ਸਮਾਗਮ ਦੇ ਅਲੌਕਿਕ ਨਗਰ ਕੀਰਤਨ ਭਲਕੇ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਮਹਾਨ ਸਾਲਾਨਾ ਇਕੋਤਰੀ ਸਮਾਗਮ ਦੇ ਚਲਦਿਆਂ ਜਿੱਥੇ ਦੇਸ਼ ਵਿਦੇਸ਼ ਦੀ ਸੰਗਤ ਅੰਦਰ ਇਸ ਸਮਾਗਮ ਨੂੰ ਲੈ ਕੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਉੱਥੇ ਇਸ ਮੌਕੇ ਪੁੱਜੇ ਸਿੰਘ ਸਾਹਿਬਾਨ, ਸੰਤ ਮਹਾਂਪੁਰਸ਼, ਪੰਥਕ ਅਤੇ ਰਾਜਸੀ ਸ਼ਖ਼ਸ਼ੀਅਤਾਂ ਨੇ ਇਸ ਅੰਮ੍ਰਿਤ ਰੂਪੀ ਮਹਾਕੁੰਭ ਵਿੱਚ ਆਪਣੀ ਹਾਜ਼ਰੀ ਲਗਵਾਈ। ਇਸ ਸਮਾਗਮ ਮੌਕੇ ਸਜਾਏ ਗਏ ਵਿਸ਼ਾਲ ਕੀਰਤਨ ਦਰਬਾਰ ਦੌਰਾਨ ਜਿੱਥੇ ਸੰਤ ਬਾਬਾ ਗੁਰਦਿਆਲ ਸਿੰਘ ਨੇ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਜੋੜਿਆ ਉੱਥੇ ਇਸ ਮੌਕੇ ਪੁੱਜੇ ਸੰਤ ਬਾਬਾ ਗੁਰਦੀਪ ਸਿੰਘ ਚੰਦ ਪੁਰਾਣੇ ਵਾਲੇ, ਸੰਤ ਅਮਰੀਕ ਸਿੰਘ ਪੰਜ ਭੈਣੀਆਂ, ਸੰਤ ਬਾਬਾ ਜੋਗਾ ਸਿੰਘ ਰਾਮੂ ਥਿਆੜਾ ਅਤੇ ਸੰਤ ਮਨਵੀਰ ਸਿੰਘ ਨਾਨਕਸਰ ਵਾਲਿਆਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਬਾਣੀ ਅਤੇ ਬਾਣੇ ਨਾਲ ਜੋੜਿਆ। ਇਸ ਮੌਕੇ ਸੰਤ ਬਾਬਾ ਗੁਰਦਿਆਲ ਸਿੰਘ ਨੇ ਜਿੱਥੇ ਇਸ ਸਮਾਗਮ ਅੰਦਰ ਨਤਮਸਤਕ ਹੋਣ ਲਈ ਪੁੱਜੇ ਸੰਤ ਮਹਾਂਪੁਰਸ਼ਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ।

ਧਾਰਮਿਕ ਸ਼ਖ਼ਸੀਅਤਾਂ ਦੇ ਨਾਲ ਨਾਲ ਰਾਜਸੀ ਸ਼ਖ਼ਸੀਅਤਾਂ ਵਿੱਚ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਐਮ ਪੀ ਸ. ਸੁਖਜਿੰਦਰ ਸਿੰਘ ਰੰਧਾਵਾ, ਕਰਮਵੀਰ ਸਿੰਘ ਘੁੰਮਣ, ਜਸਵੀਰ ਸਿੰਘ ਰਾਜਾ, (ਦੋਵੇਂ ਵਿਧਾਇਕ) ਲਖਵਿੰਦਰ ਸਿੰਘ ਲੱਖੀ ਜਿਲ੍ਹਾ ਪ੍ਰਧਾਨ, ਹਰਮੀਤ ਸਿੰਘ ਔਲਖ ਚੇਅਰਮੈਨ , ਬਿਕਰਮ ਸਿੰਘ ਲਾਲੀ ਸਾਬਕਾ ਚੇਅਰਮੈਨ, ਸਰਬਜੀਤ ਸਿੰਘ ਗੋਲਡੀ ਗਰੇਟ ਪੰਜਾਬ, ਸੁਖਵਿੰਦਰ ਸਿੰਘ ਮੂਨਕ ਤੋਂ ਇਲਾਵਾ ਹੋਰ ਕਈ ਰਾਜਸੀ ਸ਼ਖ਼ਸ਼ੀਅਤਾਂ ਨਤਮਸਤਕ ਹੋਈਆਂ ਜਿਸ ਮਗਰੋਂ ਸੰਤ ਬਾਬਾ ਗੁਰਦਿਆਲ ਸਿੰਘ ਨੇ ਸਿਰੋਪਾਓ ਭੇਟ ਕੀਤੇ ਵਰਨਣ ਯੋਗ ਹੈ ਕਿ ਇਹ ਸਮਾਗਮ ਦੇ ਮੁੱਖ ਆਕਰਸ਼ਣ ਵਜੋਂ ਜਾਣੇ ਜਾਂਦੇ ਆਲੌਕਿਕ ਨਗਰ ਕੀਰਤਨ 16 ਅਕਤੂਬਰ ਨੂੰ ਸਜਾਏ ਜਾਣਗੇ ਇਸ ਨਗਰ ਕੀਰਤਨ ਦੇ ਦਰਸ਼ਨਾਂ ਲਈ ਜਿੱਥੇ ਸੰਗਤਾਂ ਵਿੱਚ ਭਾਰੀ ਉਤਸਾਹ ਪਾਇਆ ਜਾ ਰਿਹਾ ਹੈ ਉੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦਰਸ਼ਨਾਂ ਲਈ ਸੁੰਦਰ ਏਅਰ ਕੰਡੀਸ਼ਨਰ ਪਾਲਕੀ ਸਾਹਿਬ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਨਗਰ ਕੀਰਤਨ ਸੰਬੰਧੀ ਪ੍ਰਬੰਧਕਾਂ ਵੱਲੋਂ ਸਾਰੀਆਂ ਤਿਆਰੀਆਂ ਮੁਕੰਮਲ ਕਰਨ ਲਈਆਂ ਗਈਆਂ ਹਨ ਜ਼ਿਕਰਯੋਗ ਹੈ ਕਿ ਇਸ ਸਮਾਗਮ ਮੌਕੇ 101 ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਸੰਪੂਰਨਤਾ ਸਮਾਗਮ 17 ਅਕਤੂਬਰ ਨੂੰ ਹੋਣਗੇ। ਇਸ ਮੌਕੇ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ਾਲ ਕੀਰਤਨ ਦਰਬਾਰ ਕਰਵਾਏ ਜਾਣਗੇ, ਜਿਸ ਵਿੱਚ ਪੰਥ ਪ੍ਰਸਿੱਧ ਕੀਰਤਨੀਏ, ਸਿੰਘ ਸਾਹਿਬਾਨ ਤੇ ਹੋਰ ਪੰਥਕ ਸ਼ਖ਼ਸੀਅਤਾਂ ਹਿੱਸਾ ਲੈਣਗੀਆਂ। ਇਸ ਮੌਕੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾਵੇਗਾ।

## ਆਰ ਬੀ ਯੂ ਵਿਖੇ ਨਰਸਰੀ ਉਗਾਉਣ ਵਿਸ਼ੇ 'ਤੇ ਵਰਕਸ਼ਾਪ



**ਮੋਹਾਲੀ, ਕੁਰਾਲੀ (ਗੁਰਜੀਤ ਬਿੱਲਾ, ਮੋਹਨ ਅਗਰਵਾਲ)**-ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਯੂਨੀਵਰਸਿਟੀ ਸਕੂਲ ਆਫ਼ ਐਗਰੀਕਲਚਰ ਸਾਇੰਸਿਜ਼ ਵੱਲੋਂ 'ਨਰਸਰੀ ਗਰੋਇੰਗ ਐਂਡ ਮੈਨੇਜਮੈਂਟ' ਵਿਸ਼ੇ 'ਤੇ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਫੈਕਲਟੀ ਮੈਂਬਰਾਂ ਸਮੇਤ ਵਿਦਿਆਰਥੀਆਂ ਨੇ ਭਾਗ ਲਿਆ।ਯੂਨੀਵਰਸਿਟੀ ਸਕੂਲ ਆਫ਼ ਐਗਰੀਕਲਚਰ ਸਾਇੰਸਿਜ਼ ਦੀ ਮੁਖੀ ਡਾ. ਅਮਿਤਾ ਮਹਾਜਨ ਨੇ ਦੱਸਿਆ ਕਿ ਡਾ.ਐਮ.ਐਸ.ਲਾਥਰ, ਤਕਨੀਕੀ ਨਿਰਦੇਸ਼ਕ (ਖੇਤੀਬਾੜੀ), ਐਗਰੀਕਲਚਰ ਰਿਸੋਰਸ ਮੈਨੇਜਮੈਂਟ ਇਸ ਵਰਕਸ਼ਾਪ ਵਿੱਚ ਮੁੱਖ ਬੁਲਾਰੇ ਸਨ। ਡਾ. ਐਮ ਐਸ ਲਾਥਰ ਨੇ ਨਰਸਰੀ ਗਰੋਇੰਗ ਐਂਡ ਮੈਨੇਜਮੈਂਟ ਵਿਸ਼ੇ 'ਤੇ ਭਾਸ਼ਣ ਦਿੱਤਾ।ਉਹਨਾਂ ਵਿਦਿਆਰਥੀਆਂ ਨੂੰ ਖੇਤਾਂ ਅਤੇ ਬਾਗਬਾਨੀ ਫਸਲਾਂ ਦੇ ਉਗਾਉਣ ਵਿੱਚ ਵਿਹਾਰਕ ਐਕਸਪੋਜਰ ਬਾਰੇ ਵੀ ਜਾਗਰੂਕ ਕੀਤਾ। ਯੂਨੀਵਰਸਿਟੀ ਸਕੂਲ ਆਫ ਐਗਰੀਕਲਚਰ ਸਾਇੰਸਜ਼ ਦੇ ਪ੍ਰਯੋਗਸ਼ਾਲਾ ਖੇਤਰਾਂ ਵਿੱਚ, ਉਸਨੇ ਵੱਖ-ਵੱਖ ਫਸਲਾਂ ਦੀ ਨਰਸਰੀ ਉਗਾਉਣ ਦਾ ਪ੍ਰਦਰਸ਼ਨ ਕੀਤਾ।ਅਤੇ ਇਸ ਦੀ ਸੰਭਾਲ ਦੇ ਨਾਲ-ਨਾਲ ਖੇਤ ਵਿੱਚ ਮਿੱਟੀ ਦੀ ਅਨੁਕੂਲ ਨਮੀ ਨੂੰ ਮਾਪਣ ਦੀ ਤਕਨੀਕ ਅਤੇ ਮਿਆਰੀ ਆਕਾਰ ਦੇ ਨਰਸਰੀ ਬੈਡ ਦੀ ਤਿਆਰੀ ਬਾਰੇ ਵੀ ਜਾਣਕਾਰੀ ਦਿੱਤੀ।ਆਰਬੀਯੂ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ ਚਾਂਸਲਰ ਡਾ: ਪਰਵਿੰਦਰ ਸਿੰਘ ਨੇ ਵਰਕਸ਼ਾਪ ਦੇ ਆਯੋਜਨ ਵਿੱਚ ਸਕੂਲ ਆਫ਼ ਐਗਰੀਕਲਚਰਲ ਸਾਇੰਸਿਜ਼ ਦੇ ਉੱਦਮ ਦੀ ਸ਼ਲਾਘਾ ਕੀਤੀ।

## ਸੀ ਐੱਮ ਦੀ ਯੋਗਸ਼ਾਲਾ ਲੋਕਾਂ ਨੂੰ ਸਰੀਰਕ ਤੇ ਮਾਨਸਿਕ ਮੁਸ਼ਕਲਾਂ ਤੋਂ ਦੇ ਰਹੀ ਹੈ ਰਾਹਤ



**ਮੋਹਾਲੀ (ਗੁਰਜੀਤ ਬਿੱਲਾ)** ਸੀ ਐਮ ਦੀ ਯੋਗਸ਼ਾਲਾ ਤਹਿਤ ਸੂਬਾ ਸਰਕਾਰ ਵੱਲੋਂ ਰਾਜ ਦੇ ਲੋਕਾਂ ਨੂੰ ਆਪਣੀ ਜੀਵਨ ਸ਼ੈਲੀ 'ਚ ਸਿਹਤਮੰਦ ਤਬਦੀਲੀਆਂ ਲਿਆਉਣ ਲਈ ਆਰੰਭੇ ਉਪਰਾਲੇ ਆਮ ਲੋਕਾਂ ਲਈ ਨਿੱਤ ਦਿਨ ਦੀਆਂ ਮੁਸ਼ਕਲਾਂ ਤੋਂ ਯੋਗ ਰਾਹੀਂ ਰਾਹਤ ਪਾਉਣ 'ਚ ਮੱਦਦਗਾਰ ਹੋ ਰਹੇ ਹਨ।ਮੋਹਾਲੀ 'ਚ ਸੈਕਟਰ 80 ਦੇ ਐਕਸਟੈਨਸ਼ਨ ਪਾਰਕ ਵਿਖੇ ਸਵੇਰ ਅਤੇ ਸ਼ਾਮ, ਸੈਕਟਰ 99 ਦੀ ਵਨ ਰਾਈਜ਼ ਸੁਸਾਇਟੀ, ਸੈਕਟਰ 105 ਦੀ ਐਮ ਆਰ ਸੁਸਾਇਟੀ, ਸੈਕਟਰ 85 ਦੀ ਵੇਵ ਐਸਟੇਟ ਅਤੇ ਸੈਕਟਰ 80 ਦੇ ਗੋਲਡਨ ਟੋਨ ਸੁਸਾਇਟੀ 'ਚ ਰੋਜ਼ਾਨਾ ਇੱਕ-ਇੱਕ ਕਲਾਸ ਲਗਾ ਰਿਹਾ ਯੋਗਾ ਇੰਸਟ੍ਰੱਕਟਰ ਕਪਿਲ ਚੌਧਰੀ ਦੱਸਦਾ ਹੈ ਕਿ ਉਹ ਕੋਲ 150 ਤੋਂ 200 ਲੋਕ ਰੋਜ਼ਾਨਾ ਯੋਗ ਸਿੱਖਣ ਆਉਂਦੇ ਹਨ।ਉਸ ਦਾ ਕਹਿਣਾ ਹੈ ਕਿ ਅੱਜ ਕਲ੍ਹ ਦੀ ਰੁਝੇਵਿਆਂ ਭਰੀ ਜ਼ਿੰਦਗੀ 'ਚ ਲੋਕ ਵੱਖ-ਵੱਖ ਤਰ੍ਹਾਂ ਦੀਆਂ ਸਰੀਰਕ ਤੇ ਮਾਨਸਿਕ ਬਿਮਾਰੀਆਂ ਤੋਂ ਪੀੜਤ ਹੋਣ ਕਾਰਨ ਯੋਗ ਨੂੰ ਇਨ੍ਹਾਂ ਤੋਂ ਰਾਹਤ ਲਈ ਬੇਹਤਰੀਨ ਉਪਾਅ ਸਮਝਦੇ ਹਨ। ਕਪਿਲ ਅਨੁਸਾਰ ਉਸ ਕੋਲ ਯੋਗਾ ਕਲਾਸ 'ਚ ਆਉਣ ਵਾਲੀ ਸ਼ਿਖਾ ਮਿਸ਼ਰਾ ਥਾਈਰਾਇਡ ਦੀ ਸਮੱਸਿਆ ਤੋਂ ਪੀੜਿਤ ਸੀ ਪਰ ਹੁਣ ਯੋਗਾ ਕਲਾਸਾਂ ਲਾਉਣ ਬਾਅਦ ਉਹ ਰਾਹਤ ਮਹਿਸੂਸ ਕਰਨ ਲੱਗੀ ਹੈ। ਇਸੇ ਤਰ੍ਹਾਂ ਬਹੁਤ ਸਾਰੇ ਲੋਕ ਜੋ ਜੋੜਾਂ ਦੇ ਦਰਦ, ਫਰੋਜ਼ਨ ਸ਼ੋਲਡਰ ਜਿਹੀਆਂ ਸਮੱਸਿਆਵਾਂ ਤੋਂ ਪੀੜਿਤ ਹੁੰਦੇ ਹਨ, ਉਹ ਵੀ ਹੁਣ ਵੱਡੀ ਰਾਹਤ ਮਹਿਸੂਸ ਕਰ ਰਹੇ ਹਨ। ਕਪਿਲ ਨੇ ਦੱਸਿਆ ਕਿ ਯੋਗਾ ਨੂੰ ਜੀਵਨ ਦਾ ਅੰਗ ਬਣਾਉਣ ਨਾਲ ਅਸੀਂ ਬਹੁਤ ਸਾਰੀਆਂ ਅਜਿਹੀਆਂ ਸਮੱਸਿਆਵਾਂ ਜੋ ਸਾਨੂੰ ਸਰੀਰਕ ਜਾਂ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰਦੀਆਂ ਹਨ, ਤੋਂ ਵੱਖ-ਵੱਖ ਆਸਣਾਂ ਦੀ ਮੱਦਦ ਨਾਲ ਹੀ ਛੁਟਕਾਰਾ ਪਾ ਸਕਦੇ ਹਾਂ।ਜ਼ਿਲ੍ਹਾ ਯੋਗਾ ਸੁਪਰਵਾਈਜ਼ਰ ਪ੍ਰਤਿਮਾ ਡਾਵਰ ਅਨੁਸਾਰ ਸੀ ਐਮ ਦੀ ਯੋਗਸ਼ਾਲਾ ਉਨ੍ਹਾਂ ਹਜ਼ਾਰਾਂ ਲੋਕਾਂ ਲਈ ਆਸ ਦੀ ਕਿਰਨ ਬਣ ਕੇ ਆਈ ਹੈ ਜੋ ਆਪਣੀਆਂ ਸਰੀਰਕ ਤੇ ਮਾਨਸਿਕ ਸਮੱਸਿਆਵਾਂ ਦਾ ਇਲਾਜ ਕਰਵਾਉਣ ਤੋਂ ਬਾਅਦ ਨਿਰਾਸ਼ ਹੋ ਕੇ ਬੈਠ ਗਏ ਸਨ। ਉਨ੍ਹਾਂ ਕਿਹਾ ਕਿ ਯੋਗਾ ਕਲਾਸ ਲਈ ਕੋਈ ਫ਼ੀਸ ਨਹੀਂ ਵਸੂਲੀ ਜਾਂਦੀ ਅਤੇ ਕੋਈ ਵੀ ਵਿਅਕਤੀ ਇਸ ਲਈ ਸੀ ਐਮ ਦੀ ਯੋਗਸ਼ਾਲਾ ਪੋਰਟਲ 'ਤੇ ਜਾ ਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦਾ ਹੈ।

## ਪ੍ਰਕਾਸ਼ ਪੁਰਬ ਨੂੰ ਸਮਰਪਿਤ 23ਵਾਂ ਗੁਰਮਤਿ ਸਮਾਗਮ



**ਬਲਾਚੌਰ (ਜਸਵਿੰਦਰ ਬੈਂਸ)** ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨਵਾਂ ਸ਼ਹਿਰ ਵੱਲੋਂ ਚਾਰ ਪੰਜ ਅਤੇ ਛੇ ਨਵੰਬਰ ਨੂੰ ਕਰਵਾਏ ਜਾ ਰਹੇ ਮਹਾਨ ਕੀਰਤਨ ਦਰਬਾਰ ਨੂੰ ਸਮਰਪਿਤ 24 ਗੁਰਮਤਿ ਸਮਾਗਮਾਂ ਦੀ ਲੜੀ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਪ੍ਰੇਮ ਅਤੇ ਉਤਸ਼ਾਹ ਨਾਲ ਚਲਾਈ ਜਾ ਰਹੀ ਹੈ।ਇਸ ਲੜੀ ਦੌਰਾਨ ਜਿਲ੍ਹਾ ਭਰ ਵਿਚ ਅਤੇ ਜਿਲ੍ਹੇ ਤੋਂ ਬਾਹਰ ਵੱਖ ਵੱਖ ਪਿੰਡਾਂ ਅਤੇ ਸ਼ਹਿਰਾਂ ਵਿੱਚ ਰੋਜ਼ਾਨਾ ਹੀ ਗੁਰਮਤਿ ਦੇ ਪ੍ਰਚਾਰ ਅਤੇ ਪ੍ਰਸਾਰ ਤੋਂ ਇਲਾਵਾ ਇਲਾਕੇ ਦੀਆਂ ਦੀਆਂ ਸੰਗਤਾਂ ਨੂੰ ਮਹਾਨ ਕੀਰਤਨ ਦਰਬਾਰ ਵਿੱਚ ਹਾਜ਼ਰੀਆਂ ਭਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ।ਇਸੇ ਲੜੀ ਤਹਿਤ ਪਿੰਡ ਅਟਾਲ ਮਜਾਰਾ ਵਿਖੇ ਪਿੰਡ ਵਾਸੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ 23ਵਾਂ ਗੁਰਮਤਿ ਸਮਾਗਮ ਬੜੀ ਚੜ੍ਹਦੀ ਕਲ੍ਹਾ ਨਾਲ ਕਰਵਾਇਆ ਗਿਆ।

ਪੰਚਾਇਤ ਚੋਣਾਂ ਦੇ ਬਾਵਜੂਦ ਵੀ ਸਮਾਗਮ ਦੌਰਾਨ ਵੱਡੀ ਗਿਣਤੀ 'ਚ ਸੰਗਤਾਂ ਨੇ ਹਾਜ਼ਰੀ ਭਰੀ। ਸਮਾਗਮ ਦੀ ਅਰੰਭਤਾ ਸ਼ਾਮ ਨੂੰ ਸ੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਨਾਲ ਹੋਈ।ਉਸ ਤੋਂ ਬਾਅਦ ਗੁਰਬਾਣੀ ਕੀਰਤਨ ਤੇ ਕਥਾ ਵਿਚਾਰਾਂ ਦਾ ਪ੍ਰਵਾਹ ਚੱਲਿਆ ਜਿਸ ਵਿਚ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਰਿੰਦਰ ਸਿੰਘ ਨਛੱਤਰ ਸਿੰਘ ਦੇ ਜਥੇ ਨੇ ਅੰਮ੍ਰਿਤਮਈ ਬਾਣੀ ਦਾ ਰਸਭਿੰਨਾ ਕੀਰਤਨ ਸਰਵਣ ਕਰਵਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਉਪਰੰਤ ਪੰਥ ਪ੍ਰਸਿੱਧ ਕਥਾ ਵਾਚਕ ਗਿਆਨੀ ਹਰਵਿੰਦਰ ਸਿੰਘ ਸ੍ਰੀ ਗੰਗਾਨਗਰ ਵਾਲਿਆਂ ਨੇ ਸ੍ਰੀ ਗੁਰੂ ਨਾਨਕ ਜੀ ਦੇ ਜੀਵਨ ਇਤਿਹਾਸ ਅਤੇ ਉਨ੍ਹਾਂ ਵੱਲੋਂ ਬਖਸ਼ੇ ਗਏ ਉਪਦੇਸ਼ਾਂ ਬਾਰੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।ਸਟੇਜ ਸਕੱਤਰ ਦੀ ਸੇਵਾ ਗਿਆਨੀ ਤਰਲੋਚਨ ਸਿੰਘ ਖਟਕੜ ਕਲਾਂ ਵਾਲਿਆਂ ਵਲੋਂ ਨਿਭਾਈ ਗਈ। ਇਸ ਮੌਕੇ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਅਟਾਲ ਮਜਾਰਾ ਪਿੰਡ ਅਤੇ ਦੂਰ ਦੁਰਾਡੇ ਤੋਂ ਆਈਆਂ ਸਮੁੱਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਇਲਾਕੇ ਦੀ ਸੰਗਤਾਂ ਨੂੰ ਨਵਾਂਸ਼ਹਿਰ ਵਿਖੇ 4, 5 ਅਤੇ 6 ਨਵੰਬਰ ਹੋ ਰਹੇ ਮਹਾਨ ਕੀਰਤਨ ਦਰਬਾਰ ਅਤੇ 15 ਅਕਤੂਬਰ ਸ਼ਾਮ ਨੂੰ ਪਿੰਡ ਦੁਰਗਾਪੁਰ ਵਿਖੇ ਹੋਣ ਵਾਲੇ ਸੰਪੂਰਨਤਾ ਸਮਾਗਮ ਵਿੱਚ ਹਾਜ਼ਰੀ ਭਰਨ ਲਈ ਬੇਨਤੀ ਕੀਤੀ। ਗੁਰਮਤਿ ਸਮਾਗਮਾਂ ਦੇ ਸਰਪ੍ਰਸਤ ਜਥੇਦਾਰ ਬਰਜਿੰਦਰ ਸਿੰਘ ਹੁਸੈਨਪੁਰ, ਉੱਤਮ ਸਿੰਘ ਸੇਠੀ ਅਤੇ ਜਗਜੀਤ ਸਿੰਘ ਵਲੋਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ।

## ਭਾਸ਼ਾ ਵਿਭਾਗ ਵੱਲੋਂ ਲੇਖਕ ਡਾਇਰੈਕਟਰੀ ਦਾ ਕਾਰਜ ਅੰਤਮ ਪੜਾਅ 'ਤੇ-ਡਾ. ਜਸਵੰਤ ਰਾਏ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)** ਡਾਇਰੈਕਟਰ ਭਾਸ਼ਾ ਵਿਭਾਗ ਜਸਵੰਤ ਸਿੰਘ ਜ਼ਫ਼ਰ ਦੀਆਂ ਹਦਾਇਤਾਂ ਅਨੁਸਾਰ ਲੇਖਕਾਂ ਦੀ ਤਿਆਰ ਕੀਤੀ ਜਾ ਰਹੀ ਡਾਇਰੈਕਟਰੀ ਦਾ ਕਾਰਜ ਅੰਤਿਮ ਪੜਾਅ 'ਤੇ ਹੈ ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਲੇਖਕਾਂ ਦੀ ਤਿਆਰ ਕੀਤੀ ਜਾ ਰਹੀ ਡਾਇਰੈਕਟਰੀ ਪੰਜਾਬੀ ਸਾਹਿਤ ਅਤੇ ਸਭਿਆਚਾਰ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਇੱਕ ਅਹਿਮ ਭੂਮਿਕਾ ਨਿਭਾਵੇਗੀ ।ਇਸ ਦੀ ਸਹਾਇਤਾ ਰਾਹੀਂ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਬੈਠਾ ਪੰਜਾਬੀ ਸਿਰਫ਼ ਪੰਜਾਬੀ ਲੇਖਕਾਂ ਨਾਲ ਰਾਬਤਾ ਹੀ ਕਾਇਮ ਨਹੀਂ ਕਰੇਗਾ, ਸਗੋਂ ਲੇਖਕ ਦੀ ਲਿਖਣ ਵਿਧਾ ਦੇ ਨਾਲ-ਨਾਲ ਉਸ ਦੀਆਂ ਰਚਨਾਵਾਂ ਬਾਰੇ ਵੀ ਅਹਿਮ ਜਾਣਕਾਰੀ ਨਾਲ ਸਾਂਝ ਪਾ ਲਵੇਗਾ । ਡਾਇਰੈਕਟਰ ਭਾਸ਼ਾ ਵਿਭਾਗ ਨੇ ਇਸ ਸਬੰਧੀ ਜ਼ਿਲ੍ਹਾ ਪੱਧਰ 'ਤੇ ਲੇਖਕ ਡਾਇਰੈਕਟਰੀ ਵਿੱਚ ਦਰਜ ਹੋਣੋ ਰਹਿ ਗਏ ਲੇਖਕਾਂ ਤੋਂ ਦੁਬਾਰਾ ਵੇਰਵੇ ਮੰਗੇ ਹਨ । ਉਨ੍ਹਾਂ ਕਿਹਾ ਕਿ ਜ਼ਿਲ੍ਹਾ ਹੁਸ਼ਿਆਰਪੁਰ ਦੇ ਕਾਫ਼ੀ ਲੇਖਕਾਂ ਨੇ ਪਹਿਲਾਂ ਹੀ ਇਸ ਡਾਇਰੈਕਟਰੀ ਵਿੱਚ ਆਪਣੇ ਨਾਂਅ ਦਰਜ ਕਰਵਾ ਲਏ ਹਨ ।ਜਿਹੜੇ ਲੇਖਕ ਹੁਣ ਵੀ ਇਸ ਡਾਇਰੈਕਟਰੀ ਵਿੱਚ ਨਾਂਅ ਦਰਜ ਕਰਾਉਣ ਤੋਂ ਵਿਰਵੇ ਰਹਿ ਗਏ ਹਨ , ਉਹ ਸਮੇਤ ਆਪਣੀਆਂ ਰਚਨਾਵਾਂ ਦੇ ਵੇਰਵਿਆਂ ਦੇ ਮਿਤੀ 16 ਅਕਤੂਬਰ ਦੁਪਹਿਰ 12.30 ਵਜੇ ਤੱਕ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ, ਪ੍ਰਬੰਧਕੀ ਕੰਪਲੈਕਸ, ਤੀਜੀ ਮੰਜ਼ਿਲ, ਕਮਰਾ ਨੰਬਰ 308 ਵਿੱਚ ਆ ਕੇ ਨਾਂਅ ਦਰਜ ਕਰਵਾ ਸਕਦੇ ਹਨ ।ਜ਼ਿਲ੍ਹਾ ਹੁਸ਼ਿਆਰਪੁਰ ਦੇ ਲੇਖਕਾਂ ਦਾ ਪੰਜਾਬੀ ਸਾਹਿਤ ਅਤੇ ਸਭਿਆਚਾਰ ਵਿੱਚ ਵੱਡਾ ਨਾਂਅ ਹੈ ।ਲੇਖਕ ਡਾਇਰੈਕਟਰੀ ਵਿੱਚ ਆਪਣੀ ਨਾਮਜ਼ਦਗੀ ਰਾਹੀਂ ਉਨ੍ਹਾਂ ਦਾ ਪੰਜਾਬੀ ਸਾਹਿਤ ਵਿੱਚ ਹੋਰ ਅਹਿਮ ਯੋਗਦਾਨ ਪਵੇਗਾ ।

# ਦੁਸਹਿਰੇ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਕਾਲਾ ਸੰਘਿਆਂ (ਮਨਜੀਤ ਮਾਨ)** ਬਦੀ 'ਤੇ ਨੇਕੀ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਤਿਉਹਾਰ ਕਾਲਾ ਸੰਘਿਆਂ ਦੇ ਖੇਡ ਮੈਦਾਨ ਵਿਖੇ ਦੁਸਹਿਰਾ ਪ੍ਰਬੰਧਕ ਕਮੇਟੀ ਦੀ ਦੇਖ-ਰੇਖ ਹੇਠ ਪਿੰਡ ਅਤੇ ਇਲਾਕੇ ਦੇ ਲੋਕਾਂ ਦੇ ਸਹਿਯੋਗ ਨਾਲ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ।ਕਸਬੇ ਦੇ ਨੌਜਵਾਨਾਂ ਵੱਲੋਂ ਨਿਭਾਏ ਰਾਜਾ ਰਾਮ, ਲਕਸ਼ਮਣ, ਰਾਵਣ, ਮੇਘਨਾਥ ਤੇ ਕੁੰਭਕਰਨ ਸਮੇਤ ਹੋਰ ਕਿਰਦਾਰ ਲੋਕਾਂ ਦੀ ਖਿੱਚ ਦਾ ਕੇਂਦਰ ਬਣੇ।ਨੌਜਵਾਨਾਂ ਵੱਲੋਂ ਵਿਦੇਸ਼ ਜਾ ਰਹੇ ਪੰਜਾਬੀਆਂ ਤੇ ਤਨਜ ਕਰਦੀ ਝਾਕੀ ਸਰਪੰਚੀ ਵੀ ਵੱਖਰੀ ਛਾਪ ਛੱਡ ਗਈ। ਰਾਵਣ, ਕੁੰਭਕਰਨ, ਮੇਘਨਾਥ ਦੇ ਬਣਾਏ ਵੱਡੇ ਪੁਤਲੇ ਵੇਖਣਯੋਗ ਸਨ।ਸ਼ਾਮ ਕਰੀਬ 6:15 ਵਜੇ ਰਾਵਣ ਕੁੰਭਕਰਨ ਤੇ ਮੇਘਨਾਥ ਦੇ ਬਣਾਏ ਪੁਤਲਿਆਂ ਨੂੰ ਸਾੜਿਆ ਗਿਆ। ਇਸ ਮੌਕੇ ਹਾਜ਼ਰਾਂ ਵਿੱਚ ਦੁਸਹਿਰਾ ਕਮੇਟੀ ਦੇ ਪ੍ਰਧਾਨ ਸ਼ਾਮ ਲਾਲ ਨਾਰਵੇ, ਪ੍ਰੋ. ਜਗਤਾਰ ਸਿੰਘ ਸੰਘਾ, ਮੇਹਰਵਾਨ ਸਿੰਘ ਸੰਘਾ, ਹਰਵਿੰਦਰ ਸਿੰਘ ਕਾਲਾ ਮਨੀਲਾ, ਗੁਰਦੁਆਰਾ ਬਾਬਾ ਕਾਹਨ ਦਾਸ ਕਮੇਟੀ ਦੇ ਪ੍ਰਧਾਨ ਪਰਮਜੀਤ ਸਿੰਘ ਬੱਸਣ, ਡਾ ਵੇਦ ਪ੍ਰਕਾਸ਼, ਰਿੱਕੀ ਸਰਨਾ, ਰਾਜਨ ਮੜੀਆ, ਗੁਰਪ੍ਰੀਤ ਸਿੰਘ ਫੁੱਲ, ਸਤੀਸ਼ ਕੁਮਾਰ ਘੋਨਾ, ਆਮ ਆਦਮੀ ਪਾਰਟੀ ਦੇ ਆਗੂ ਸੁਖਵੰਤ ਸਿੰਘ ਪੱਡਾ, ਦੁਸਹਿਰਾ ਕਮੇਟੀ ਦੇ ਸਾਬਕਾ ਪ੍ਰਧਾਨ ਡਾ ਬਲਰਾਮ ਸ਼ਰਮਾ, ਹੈਪੀ ਵਾਲੀਆ, ਕੁਲਦੀਪ ਲੁੰਬਾ, ਸਰਬਣ ਸਿੰਘ ਸੰਘਾ, ਗੱਤਕਾ ਕੋਚ ਰਣਜੋਧ ਸਿੰਘ, ਆਪ ਦੇ ਸੋਸ਼ਲ ਮੀਡੀਆ ਇੰਚਾਰਜ਼ ਨਰਿੰਦਰ ਸਿੰਘ ਸੰਘਾ, ਮੁਖਤਿਆਰ ਸਿੰਘ ਖਾਲਸਾ, ਆਪ ਦੇ ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ, ਬਲਾਕ ਪ੍ਰਧਾਨ ਦਲਵੀਰ ਸਿੰਘ ਰਾਣਾ ਸੁੰਨੜਵਾਲ, ਵਿਮੁਕਤ ਜਾਤੀ ਵਿੰਗ ਦੇ ਸਕੱਤਰ ਡਾ ਭਗਵਾਨ ਦਾਸ ਲਾਲਕਾ, ਕਿਸਾਨ ਵਿੰਗ ਦੇ ਸਕੱਤਰ ਗੁਰਦਾਵਰ ਸਿੰਘ ਜੱਲੋਵਾਲ, ਮੁਲਾਜ਼ਮ ਆਗੂ ਸੰਜੀਵ ਕੌਂਡਲ, ਸੰਦੀਪ ਮਾਨ, ਜਸਪਾਲ ਚੌਂਕੜੀਆਂ, ਰਾਕੇਸ਼ ਖੰਨਾ ਚੇਅਰਮੈਨ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ,ਥਾਣਾ ਸਦਰ ਮੁਖੀ ਸੋਨਮਦੀਪ ਕੌਰ, ਸਥਾਨਕ ਪੁਲਸ ਚੌਕੀ ਦੇ ਇੰਚਾਰਜ਼ ਅਮਰਜੀਤ ਸਿੰਘ, ਮਨਿੰਦਰਪਾਲ ਸਿੰਘ ਮੰਨਾ, ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ,ਪੰਡਿਤ ਰਾਜੂ, ਪ੍ਰਧਾਨ ਸਾਬੀ ਰਸੂਲਪੁਰੀ, ਸਰਬਣ ਸਿੰਘ ਸੰਘਾ, ਸਮੇਤ ਆਗੂ ਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

## ਭਗਵਾਨ ਵਾਲਮੀਕਿ ਜੈਯੰਤੀ ਨੂੰ ਸਮਰਪਿਤ ਸ਼ੋਭਾ ਯਾਤਰਾ ਸੰਬੰਧੀ ਮੀਟਿੰਗ




**ਹੁਸ਼ਿਆਰਪੁਰ, (ਓ ਪੀ ਰਾਣਾ)** ਭਗਵਾਨ ਵਾਲਮੀਕਿ ਜੈਯੰਤੀ ਨੂੰ ਸਮਰਪਿਤ 16 ਅਕਤੂਬਰ ਨੂੰ ਕੱਢੀ ਜਾਣ ਵਾਲੀ ਸ਼ੋਭਾ ਯਾਤਰਾ ਦੌਰਾਨ ਲੋੜੀਂਦੇ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਯਕੀਨੀ ਬਣਾਉਣ ਲਈ ਇਥੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਹੁਲ ਚਾਬਾ ਦੀ ਪ੍ਰਧਾਨਗੀ ਹੇਠ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਸ਼ੋਭਾ ਯਾਤਰਾ ਦੇ ਰੂਟ 'ਤੇ ਲੋੜੀਂਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ।ਇਸ ਮੌਕੇ ਸ਼ੋਭਾ ਯਾਤਰਾ ਦੇ ਵੱਖ-ਵੱਖ ਪ੍ਰਬੰਧਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ, ਜਿਸ ਵਿੱਚ ਸਾਫ਼-ਸਫ਼ਾਈ, ਪਾਣੀ ਦਾ ਛਿੜਕਾਅ, ਪੀਣ ਵਾਲੇ ਪਾਣੀ, ਚੌਕਾਂ ਦੀ ਸਜਾਵਟ, ਸੁਰੱਖਿਆ, ਨਿਰਵਿਘਨ ਆਵਾਜਾਈ, ਨਿਰਵਿਘਨ ਬਿਜਲੀ ਸਪਲਾਈ, ਮੈਡੀਕਲ ਟੀਮਾਂ, ਫਾਇਰ ਟੈਂਡਰ ਆਦਿ ਦੇ ਪ੍ਰਬੰਧ ਸ਼ਾਮਲ ਹਨ।ਮੀਟਿੰਗ ਦੌਰਾਨ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਵਧੀਕ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ 16 ਅਕਤੂਬਰ ਨੂੰ ਸ਼ਹੀਦ ਊਧਮ ਸਿੰਘ ਪਾਰਕ ਤੋਂ ਸ਼ੋਭਾ ਯਾਤਰਾ, ਬੱਸ ਸਟੈਂਡ ਚੌਕ, ਭਗਵਾਨ ਵਾਲਮੀਕਿ ਚੌਕ ਤੋਂ ਨਰਾਇਣ ਬੇਕਰੀ ਮੋੜ ਤੋਂ ਗਊਸ਼ਾਲਾ ਬਾਜ਼ਾਰ, ਅਫਗਾਨ ਰੋਡ, ਕਣਕ ਮੰਡੀ, ਕਸ਼ਮੀਰੀ ਬਜ਼ਾਰ ਤੋਂ ਹੁੰਦੀ ਹੋਈ ਘੰਟਾ ਘਰ ਚੌਂਕ ਵਿਖੇ ਸਮਾਪਤ ਹੋਵੇਗੀ।ਵਧੀਕ ਡਿਪਟੀ ਕਮਿਸ਼ਨਰ ਨੇ ਨਿਗਮ ਅਧਿਕਾਰੀਆਂ ਨੂੰ ਸ਼ੋਭਾ ਯਾਤਰਾ ਦੌਰਾਨ ਸੁਚਾਰੂ ਪ੍ਰਬੰਧਾਂ ਸਬੰਧੀ ਜ਼ਰੂਰੀ ਨਿਰਦੇਸ਼ ਦਿੱਤੇ ਅਤੇ ਦੱਸਿਆ ਕਿ ਪੁਲਿਸ ਵੱਲੋਂ ਟ੍ਰੈਫਿਕ ਕੰਟਰੋਲ ਲਈ ਰੂਟ ਡਾਇਵਰਸ਼ਨ ਕੀਤਾ ਜਾਵੇਗਾ, ਤਾਂ ਜੋ ਸ਼ੋਭਾ ਯਾਤਰਾ ਦੇ ਰੂਟ 'ਤੇ ਟ੍ਰੈਫਿਕ ਜਾਮ ਨਾ ਹੋਵੇ।ਐਸ ਪੀ ਸਰਬਜੀਤ ਸਿੰਘ ਬਾਹੀਆ ਨੇ ਦੱਸਿਆ ਕਿ ਸ਼ੋਭਾ ਯਾਤਰਾ ਦੌਰਾਨ ਆਵਾਜਾਈ ਦੇ ਸੁਚਾਰੂ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਟ੍ਰੈਫਿਕ ਰੂਟਾਂ ਦੇ ਬਦਲਵੇਂ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਵਲੰਟੀਅਰਾਂ ਦੇ ਸਹਿਯੋਗ ਨਾਲ ਸ਼ੋਭਾ ਯਾਤਰਾ ਦੇ ਸੁਚਾਰੂ ਪ੍ਰਬੰਧ ਕੀਤੇ ਜਾਣਗੇ।ਇਸ ਮੌਕੇ ਡੀ ਐਸ ਪੀ ਆਤਿਸ਼ ਭਾਟੀਆ, ਸੰਯੁਕਤ ਕਮਿਸ਼ਨਰ ਨਗਰ ਨਿਗਮ ਸੰਦੀਪ ਤਿਵਾੜੀ, ਐਕਸੀਅਨ ਨਗਰ ਨਿਗਮ ਕੁਲਦੀਪ ਸਿੰਘ ਤੋਂ ਇਲਾਵਾ ਵੱਖ-ਵੱਖ ਜਥੇਬੰਦੀਆਂ ਤੋਂ ਦਰਸ਼ਨ ਲਾਲ, ਕਮਲ ਭੱਟੀ, ਤਰਸੇਮ ਲਾਲ, ਚੰਦਨ ਹੈਰੀ, ਕ੍ਰਿਸ਼ਨ ਲਾਲ, ਰਿਸ਼ੂ ਆਦੀਆ, ਮਨੀ ਫਰਵਾਹਾ, ਵਿਕਾਸ ਹੰਸ, ਵਿਨੋਦ ਹੰਸ, ਗੱਬਰ, ਜਤਿੰਦਰ ਕੁਮਾਰ, ਰਵੀ ਕੁਮਾਰ, ਰਮੇਸ਼ ਹੰਸ, ਗੋਲਡੀ, ਜੈਪਾਲ ਹੰਸ, ਜਤਿੰਦਰ ਕੁਮਾਰ, ਅਸ਼ਵਨੀ ਕੁਮਾਰ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।



ਸਨੇਹਾ, ਅੰਮ੍ਰਿਤਸਰ

**ਜਨਮ ਦਿਨ ਮੁਬਾਰਕ**



ਕਰਨਜੋਤ ਮਾਨ, ਕਪੂਰਥਲਾ

## ਪੁਲਸ ਨੇ ਰਾਜਸਥਾਨ ਅਧਾਰਤ ਸੁਭਾਸ਼ ਸੋਹੂ ਦੇ ਕਤਲ ਦੀ ਗੁੱਥੀ ਸੁਲਝਾਈ

**ਚੰਡੀਗੜ੍ਹ (ਗੁਰਜੀਤ ਬਿੱਲਾ)** ਐਂਟੀ ਗੈਂਗਸਟਰ ਟਾਸਕ ਫੋਰਸ (ਏ ਜੀ ਟੀ ਐਫ) ਪੰਜਾਬ ਨੇ ਐਸ ਏ ਐਸ ਨਗਰ ਪੁਲਸ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਸੁਭਾਸ਼ ਉਰਫ਼ ਸੋਹੂ ਦੇ ਦਿਨ-ਦਿਹਾੜੇ ਸਨਸਨੀਖੇਜ਼ ਕਤਲ ਕੇਸ 'ਚ ਰਾਜਸਥਾਨ ਆਧਾਰਤ ਹਥਿਆਰ ਸਪਲਾਇਰ ਨੂੰ ਗ੍ਰਿਫ਼ਤਾਰ ਕਰਕੇ ਇਸ ਗੁੱਥੀ ਨੂੰ ਸੁਲਝਾ ਲਿਆ ਹੈ।ਜ਼ਿਕਰਯੋਗ ਹੈ ਕਿ ਇਸ ਸਾਲ 8 ਅਕਤੂਬਰ ਨੂੰ ਜੋਧਪੁਰ ਦੇ ਸੰਗਰੀਆ 'ਚ ਦੋ ਅਣਪਛਾਤੇ ਵਿਅਕਤੀਆਂ ਵੱਲੋਂ ਸਿਰ 'ਚ ਪੰਜ ਗੋਲੀਆਂ ਮਾਰ ਕੇ ਉਸ ਦਾ ਬੇਰਹਿਮੀ ਕਤਲ ਕਰ ਦਿੱਤਾ ਗਿਆ ਸੀ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਉਨ੍ਹਾਂ ਕਿਹਾ ਕਿ ਇਹ ਸਫ਼ਲਤਾ ਰਾਜਸਥਾਨ ਦੇ ਜ਼ਿਲ੍ਹਾ ਬਲੋਤਰਾ ਦੇ ਰਹਿਣ ਵਾਲੇ ਤਿੰਨ ਹਥਿਆਰ ਸਪਲਾਇਰਾਂ ਭਾਨੂ ਸਿਸੋਦੀਆ, ਮੁਹੰਮਦ ਆਸਿਫ਼ ਅਤੇ ਅਨਿਲ ਕੁਮਾਰ ਦੀ ਗ੍ਰਿਫਤਾਰੀ ਸਬੰਧੀ ਬਾਰੀਕੀ ਨਾਲ ਕੀਤੀ ਗਈ ਜਾਂਚ ਅਤੇ ਅਗਲੇ-ਪਿਛਲੇ ਸਬੰਧਾਂ ਦੀ ਘੋਖ ਉਪਰੰਤ ਮਿਲੀ ਹੈ।ਉਕਤ ਹਥਿਆਰ ਸਪਲਾਇਰਾਂ ਨੂੰ ਮੁਲਜ਼ਮ ਨਵਜੋਤ ਸਿੰਘ ਉਰਫ਼ ਜੋਤਾ ਸਮੇਤ ਸ਼ੁੱਕਰਵਾਰ ਨੂੰ ਏ ਜੀ ਟੀ ਐਫ ਅਤੇ ਐਸ ਏ ਐਸ ਨਗਰ ਪੁਲਸ ਦੀਆਂ ਟੀਮਾਂ ਵੱਲੋਂ ਉਦੋਂ ਗ੍ਰਿਫ਼ਤਾਰ ਕੀਤਾ ਗਿਆ ਜਦੋਂ ਉਹ ਡੇਰਾਬੱਸੀ ਵਿੱਚ ਉਸ ਨੂੰ ਦੋ ਪਿਸਤੌਲਾਂ ਅਤੇ ਅੱਠ ਜਿੰਦਾ ਕਾਰਤੂਸਾਂ ਵਾਲੀ ਖੇਪ ਸਪਲਾਈ ਕਰਨ ਜਾ ਰਹੇ ਸਨ।ਮੁਲਜ਼ਮ ਨਵਜੋਤ ਉਰਫ਼ ਜੋਤਾ ਵਿਦੇਸ਼ ਅਧਾਰਤ ਹੈਂਡਲਰ ਪਵਿਤਰ ਯੂ ਐਸ ਏ ਅਤੇ ਮਨਜਿੰਦਰ ਫਰਾਂਸ ਦਾ ਮੁੱਖ ਸੰਚਾਲਕ ਹੈ ਅਤੇ ਉਸ ਵਿਰੁੱਧ 21 ਤੋਂ ਵੱਧ ਘਿਨਾਉਣੇ ਅਪਰਾਧਿਕ ਕੇਸ ਦਰਜ ਹਨ।ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਚਾਰੇ ਮੁਲਜ਼ਮ ਇਸ ਸਮੇਂ ਥਾਣਾ ਡੇਰਾਬੱਸੀ ਵਿਖੇ ਪੁਲਸ ਰਿਮਾਂਡ 'ਤੇ ਹਨ ਅਤੇ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਮਾਸਟਰਮਾਈਂਡ ਭਾਨੂ ਸਿਸੋਦੀਆ ਨੇ ਫਰਵਰੀ 2024 ਵਿੱਚ ਆਪਣੇ ਸਾਥੀ ਅਨਿਲ ਲੇਗਾ ਦੀ ਹੱਤਿਆ ਦਾ ਬਦਲਾ ਲੈਣ ਲਈ ਕਤਲ ਦੀ ਯੋਜਨਾ ਬਣਾਉਣ ਸਬੰਧੀ ਖੁਲਾਸਾ ਕੀਤਾ ਹੈ।ਉਨ੍ਹਾਂ ਅੱਗੇ ਦੱਸਿਆ ਕਿ ਦੋਸ਼ੀ ਮੁਹੰਮਦ ਆਸਿਫ ਅਤੇ ਅਨਿਲ ਕੁਮਾਰ ਨੇ ਇਸ ਅਪਰਾਧ ਨੂੰ ਅੰਜਾਮ ਦੇਣ ਵਿਚ ਮੁੱਖ ਭੂਮਿਕਾ ਨਿਭਾਈ।ਡੀ ਜੀ ਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਖੁਲਾਸੇ ਹੋਣ ਦੀ ਉਮੀਦ ਹੈ।ਮੁੱਢਲੀ ਜਾਂਚ ਬਾਰੇ ਹੋਰ ਵੇਰਵੇ ਸਾਂਝੇ ਕਰਦਿਆਂ ਐਸ ਐਸ ਪੀ ਦੀਪਕ ਪਾਰੀਕ ਨੇ ਦੱਸਿਆ ਕਿ ਰਾਜਸਥਾਨ ਦੇ ਤਿੰਨਾਂ ਮੁਲਜ਼ਮਾਂ ਨੇ ਖੁਲਾਸਾ ਕੀਤਾ ਹੈ ਕਿ ਉਨ੍ਹਾਂ ਨੇ ਨਵਜੋਤ ਸਿੰਘ ਜੋਤਾ ਨਾਲ ਅਪਰਾਧ ਵਿੱਚ ਵਰਤੇ ਗਏ ਹਥਿਆਰਾਂ ਦੇ ਬਦਲੇ 1 ਲੱਖ ਰੁਪਏ ਜਾਂ ਪੰਜਾਬ 'ਚ ਉਨ੍ਹਾਂ ਲਈ ਸੁਰੱਖਿਅਤ ਛੁਪਣਗਾਹ ਪ੍ਰਦਾਨ ਕਰਨ ਸੰਬੰਧੀ ਸੌਦਾ ਕੀਤਾ ਸੀ।ਉਨ੍ਹਾਂ ਦੱਸਿਆ ਕਿ ਇਹ ਹਥਿਆਰ ਉਨ੍ਹਾਂ ਨੇ ਮੱਧ ਪ੍ਰਦੇਸ਼ ਤੋਂ ਖ਼ਰੀਦੇ ਸਨ।ਉਨ੍ਹਾਂ ਦੱਸਿਆ ਕਿ ਇਸ ਕਤਲ ਨੂੰ ਅੰਜਾਮ ਦੇਣ ਵਿੱਚ ਕੁਝ ਹੋਰ ਵਿਅਕਤੀਆਂ ਦੀ ਭੂਮਿਕਾ ਸਾਹਮਣੇ ਆ ਰਹੀ ਹੈ ਅਤੇ ਇਸ ਕੇਸ ਵਿੱਚ ਸ਼ਾਮਲ ਬਾਕੀ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਰਾਜਸਥਾਨ ਪੁਲਸ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ।ਇਸ ਸਬੰਧੀ ਐਫ ਆਈ ਆਰ ਨੰਬਰ 313 ਤਹਿਤ ਥਾਣਾ ਡੇਰਾਬੱਸੀ ਵਿਖੇ ਅਸਲਾ ਐਕਟ ਦੀਆਂ ਧਾਰਾਵਾਂ 25(6) ਅਤੇ 25(7) ਅਧੀਨ ਮਾਮਲਾ ਦਰਜ ਕੀਤਾ ਗਿਆ ਹੈ।

# ਐੱਲ ਪੀ ਯੂ ਸਕੂਲ ਆਫ਼ ਐਗਰੀਕਲਚਰ 'ਚ ਗਲੋਬਲ ਕਾਨਫਰੰਸ



**ਜਲੰਧਰ (ਸ਼ੈਲੀ ਐਲਬਰਟ):** ਸਕੂਲ ਆਫ ਐਗਰੀਕਲਚਰ, ਐਲਪੀਯੂ ਨੇ ਖੁਰਾਕ ਅਤੇ ਪੋਸ਼ਣ ਸੁਰੱਖਿਆ-2024 ਲਈ ਸਮਾਰਟ ਐਂਡ ਸਸਟੇਨੇਬਲ ਐਗਰੀਕਲਚਰ ਵਿੱਚ ਟਰੈਂਡੀ ਟਰੈਂਡਸ ਵਿਸ਼ੇ 'ਤੇ ਇੱਕ ਅੰਤਰਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ, ਜਿਸਦਾ ਉਦੇਸ਼ ਟਿਕਾਊ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਿਤ ਕਰਕੇ ਗਲੋਬਲ ਫੂਡ ਸਿਸਟਮ ਵਿੱਚ ਗੰਭੀਰ ਚੁਣੌਤੀਆਂ ਨਾਲ ਨਜਿੱਠਣਾ ਸੀ । ਇਸ ਨੇ ਖੇਤੀ ਉਤਪਾਦਕਤਾ, ਲਚਕੀਲਾਪਣ ਅਤੇ ਸਥਿਰਤਾ ਨੂੰ ਵਧਾਉਣ ਲਈ ਗਿਆਨ, ਨਵੀਨਤਾ ਅਤੇ ਵਧੀਆ ਅਭਿਆਸਾਂ ਨੂੰ ਸਾਂਝਾ ਕਰਨ ਲਈ ਮਾਹਿਰਾਂ, ਨੀਤੀ ਨਿਰਮਾਤਾਵਾਂ, ਖੋਜਕਰਤਾਵਾਂ ਅਤੇ ਅਭਿਆਸਕਾਂ ਨੂੰ ਇਕੱਠਾ ਕੀਤਾ ਹੈ । ਡਾ: ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਨੇ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਹੋਰ ਹਾਜ਼ਰ ਮਹਿਮਾਨਾਂ ਵਿੱਚ ਐਲਪੀਯੂ ਦੇ ਪ੍ਰੋ. ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਅਤੇ ਵਿਸ਼ੇਸ਼ ਮਹਿਮਾਨ ਐਮਐਚਯੂ ਕਰਨਾਲ ਦੇ ਵੀਸੀ ਡਾ: ਐੱਸ.ਕੇ. ਮਲਹੋਤਰਾ, ਆਈਸੀਏਆਰ ਦੇ ਸਾਬਕਾ ਡੀਡੀਜੀ (ਫਸਲ ਵਿਗਿਆਨ) ਡਾ: ਜੇ.ਐਸ. ਸੰਧੂ, ਧਨੁਕਾ ਐਗਰੀਟੇਕ ਲਿਮਟਿਡ ਦੇ ਚੇਅਰਮੈਨ ਡਾ.ਆਰ.ਜੀ. ਅਗਰਵਾਲ ਸ਼ਾਮਲ ਸਨ।ਹੋਰ ਵਿਸ਼ੇਸ਼ ਬੁਲਾਰਿਆਂ ਵਿੱਚ ਉਜ਼ਬੇਕਿਸਤਾਨ ਤੋਂ ਡਾ: ਨਵੀਨ ਸ਼ਿਵਾਨਾ, ਡਾ: ਦਿਲਫੁਜ਼ਾ ਜੇ. ਪੁਸ਼ਕਿਨੋਵਾ, ਥਾਈਲੈਂਡ ਤੋਂ ਡਾ: ਅਨਿਲ ਕੁਮਾਰ ਅਨਲ ਅਤੇ ਓਮਾਨ ਤੋਂ ਡਾ: ਪੰਕਜ ਬੀ. ਪਠਾਰੇ ਨੇ ਵੀ ਟਿਕਾਊ ਖੇਤੀ ਬਾਰੇ ਆਪਣੇ ਵਿਚਾਰ ਅਤੇ ਤਜ਼ਰਬੇ ਪੇਸ਼ ਕੀਤੇ । ਡਾ: ਅਸ਼ੋਕ ਕੁਮਾਰ ਮਿੱਤਲ ਨੇ ਨੌਜਵਾਨ ਪੀੜ੍ਹੀ ਵਿਚ ਖੇਤੀਬਾੜੀ ਪ੍ਰਤੀ ਧਾਰਨਾ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਵਿਸ਼ਵ ਦੇ ਪਹਿਲੇ ਕਿੱਤੇ ਵਜੋਂ ਇਸ ਦੀ ਇਤਿਹਾਸਕ ਮਹੱਤਤਾ ਹੋਣ ਦੇ ਬਾਵਜੂਦ ਬਹੁਤ ਸਾਰੇ ਲੋਕ ਇਸ ਨੂੰ ਘੱਟ ਪ੍ਰੋਫਾਈਲ ਸਮਝਦੇ ਹਨ । ਡਾ: ਮਿੱਤਲ ਨੇ ਕਿਸੇ ਵੀ ਦੇਸ਼ ਦੀ ਰੀੜ੍ਹ ਦੀ ਹੱਡੀ ਵਜੋਂ ਕਿਸਾਨਾਂ ਦੀ ਜ਼ਰੂਰੀ ਭੂਮਿਕਾ 'ਤੇ ਜ਼ੋਰ ਦਿੱਤਾ ਅਤੇ ਉਨ੍ਹਾਂ ਨੂੰ ਬਿਹਤਰ ਸਮਰਥਨ ਦੇਣ ਲਈ ਨੀਤੀਗਤ ਸੁਧਾਰਾਂ ਦੀ ਮੰਗ ਕੀਤੀ । ਡਾ: ਐਸ.ਕੇ. ਮਲਹੋਤਰਾ ਨੇ ਕਿਹਾ ਕਿ ਸਸਟੇਨੇਬਲ ਐਗਰੀਕਲਚਰ 'ਤੇ ਨੈਸ਼ਨਲ ਮਿਸ਼ਨ ਅਤੇ ਨੈਸ਼ਨਲ ਇਨੋਵੇਸ਼ਨ ਇਨ ਕਲਾਈਮੇਟ ਰੈਜ਼ੀਲੈਂਟ ਐਗਰੀਕਲਚਰ ਪ੍ਰੋਜੈਕਟ ਖੋਜ ਅਤੇ ਵਿਕਾਸ ਰਾਹੀਂ ਖੇਤੀਬਾੜੀ ਵਿੱਚ ਜਲਵਾਯੂ ਪਰਿਵਰਤਨ ਦੀਆਂ ਚੁਣੌਤੀਆਂ ਦਾ ਹੱਲ ਕਰਦੇ ਹਨ । ਜਲਵਾਯੂ ਅਨੁਕੂਲ ਖੇਤੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ, ਰਾਜ ਸਰਕਾਰਾਂ ਨੂੰ ਪਿੰਡ ਪੱਧਰ 'ਤੇ ਸਮਾਰਟ ਅਤੇ ਟਿਕਾਊ ਅਭਿਆਸਾਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ । ਇਸ ਏਕੀਕ੍ਰਿਤ ਪਹੁੰਚ ਵਿੱਚ ਸਹਿਣਸ਼ੀਲ ਫਸਲਾਂ ਦੀਆਂ ਕਿਸਮਾਂ ਨੂੰ ਵਿਕਸਤ ਕਰਨਾ, ਸੁਰੱਖਿਅਤ ਖੇਤੀ ਨੂੰ ਉਤਸ਼ਾਹਿਤ ਕਰਨਾ, ਵਾਤਾਵਰਣ-ਅਨੁਕੂਲ ਮਿੱਟੀ ਅਤੇ ਪੌਦਿਆਂ ਦੀ ਸਿਹਤ ਪ੍ਰਬੰਧਨ ਦੀ ਵਰਤੋਂ ਕਰਨਾ ਅਤੇ ਏਆਈ-ਅਧਾਰਤ ਹੱਲ ਅਤੇ ਕੁਸ਼ਲ ਪਾਣੀ ਅਤੇ ਪੌਸ਼ਟਿਕ ਤਕਨਾਲੋਜੀਆਂ ਨੂੰ ਰੁਜ਼ਗਾਰ ਦੇਣਾ ਸ਼ਾਮਲ ਹੈ।

ਡਾ. ਜੇ.ਐਸ. ਸੰਧੂ ਨੇ ਡਾ: ਐਮ.ਐਸ. ਸਵਾਮੀਨਾਥਨ ਬਾਰੇ ਲੈਕਚਰ ਦਿੱਤਾ। ਉਨ੍ਹਾਂ ਨੇ ਡਾ: ਸਵਾਮੀਨਾਥਨ ਨੂੰ ਭਾਰਤ ਦੀ ਹਰੀ ਕ੍ਰਾਂਤੀ ਦਾ ਦੂਰਅੰਦੇਸ਼ੀ ਪਿਤਾ ਦੱਸਿਆ ਅਤੇ ਕਿਹਾ ਕਿ ਉਨ੍ਹਾਂ ਦੇ ਮਹੱਤਵਪੂਰਨ ਕੰਮ ਨੇ ਨਾ ਸਿਰਫ਼ ਭਾਰਤ ਦੇ ਖੇਤੀਬਾੜੀ ਲੈਂਡਸਕੇਪ ਨੂੰ ਬਦਲਿਆ ਬਲਕਿ ਵਿਸ਼ਵ ਖੁਰਾਕ ਸੁਰੱਖਿਆ ਦੀ ਨੀਂਹ ਵੀ ਰੱਖੀ, ਜਿਸ ਨਾਲ ਲੱਖਾਂ ਲੋਕਾਂ ਦੇ ਜੀਵਨ ਨੂੰ ਪ੍ਰਭਾਵਿਤ ਕੀਤਾ ਗਿਆ ।ਡਾ: ਆਰ.ਜੀ. ਅਗਰਵਾਲ ਨੇ ਭਾਰਤੀ ਖੇਤੀ ਵਿੱਚ ਨਵੀਨਤਾ ਦੀ ਪਰਿਵਰਤਨਸ਼ੀਲ ਸ਼ਕਤੀ ਬਾਰੇ ਗੱਲ ਕੀਤੀ । ਭਾਰਤੀ ਖੇਤੀ ਸਕਾਰਾਤਮਕ ਵਿਕਾਸ ਦਾ ਅਨੁਭਵ ਕਰ ਰਹੀ ਹੈ, ਉੱਥੇ ਕਈ ਫ਼ਸਲੀ ਖੇਤਰਾਂ ਵਿੱਚ ਉਤਪਾਦਕਤਾ ਵਿਸ਼ਵ ਪੱਧਰ ਤੋਂ ਪੱਛੜ ਗਈ ਹੈ । ਉਨ੍ਹਾਂ ਨੇ ਇਸ ਦੇ ਮੁੱਖ ਕਾਰਨ ਕਿਸਾਨਾਂ ਵੱਲੋਂ ਆਧੁਨਿਕ ਤਕਨਾਲੋਜੀ ਨੂੰ ਸੀਮਤ ਅਪਨਾਉਣ, ਫ਼ਸਲਾਂ ਦੀਆਂ ਬੇਲੋੜੀਆਂ ਕੀਮਤਾਂ ਅਤੇ ਮਿਆਰੀ ਖੇਤੀ ਲਾਗਤਾਂ ਦੀ ਲੋੜ ਦੱਸਿਆ । ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਇਹਨਾਂ ਕਾਰਕਾਂ ਨੂੰ ਵਧਾਉਣ ਨਾਲ ਕਿਸਾਨਾਂ ਦੀ ਆਮਦਨ ਅਤੇ ਸਮੁੱਚੀ ਖੁਸ਼ਹਾਲੀ ਵਿੱਚ ਮਹੱਤਵਪੂਰਨ ਸੁਧਾਰ ਹੋ ਸਕਦਾ ਹੈ । ਕਾਨਫਰੰਸ ਨੇ ਵਿਦਿਆਰਥੀਆਂ ਨੂੰ ਨਵੀਆਂ ਕਾਢਾਂ, ਟਿਕਾਊ ਅਭਿਆਸਾਂ ਅਤੇ ਗਲੋਬਲ ਖੇਤੀਬਾੜੀ ਅਤੇ ਭੋਜਨ ਸੁਰੱਖਿਆ ਨੂੰ ਆਕਾਰ ਦੇਣ ਵਾਲੇ ਉਭਰ ਰਹੇ ਰੁਝਾਨਾਂ ਬਾਰੇ ਜਾਣਨ ਲਈ ਇੱਕ ਅਨਮੋਲ ਪਲੇਟਫਾਰਮ ਪ੍ਰਦਾਨ ਕੀਤਾ ।